ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 83
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Thursday, 26 March, 2026) ਵੀਰਵਾਰ, 26 ਮਾਰਚ, 2026, 13 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਪੰਜਾਬ 'ਚ ਅੱਜ ਛੁੱਟੀ ਦਾ ਐਲਾਨ

ਚੰਡੀਗੜ੍ਹ, 25 ਮਾਰਚ (ਚ.ਨ.ਸ.):ਪੰਜਾਬ 'ਚ ਭਲਕੇ ਯਾਨੀ ਕਿ 26 ਮਾਰਚ ਵੀਰਵਾਰ ਨੂੰ ਸਰਕਾਰੀ ਛੁੱਟੀ ਰਹੇਗੀ। 26 ਮਾਰਚ ਨੂੰ ਦੇਸ਼ ਭਰ ਵਿਚ ਸ਼੍ਰੀ ਰਾਮ ਨੌਮੀ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸੇ ਦੇ ਚਲਦਿਆਂ ਛੁੱਟੀਆਂ ਦੇ ਕਲੰਡਰ ਵਿਚ ਇਸ ਦਿਨ ਸਰਕਾਰੀ ਛੁੱਟੀ ਐਲਾਨੀ ਗਈ ਹੈ। ਇਸ ਦੌਰਾਨ ਵੀਰਵਾਰ ਨੂੰ ਸਕੂਲ, ਕਾਲਜ ਅਤੇ ਸਰਕਾਰੀ ਅਦਾਰੇ ਬੰਦ ਰਹਿਣਗੇ। ਇਥੇ ਇਹ ਵੀ ਦੱਸ ਦੇਈਏ ਕਿ ਇਸ ਦੇ ਬਾਅਦ 31 ਮਾਰਚ ਨੂੰ ਵੀ ਛੁੱਟੀ ਦਾ ਐਲਾਨ ਕੀਤਾ ਗਿਆ ਹੈ। 31 ਮਾਰਚ ਦਿਨ ਮੰਗਲਵਾਰ ਨੂੰ ਮਹਾਵੀਰ ਜੈਯੰਤੀ ਮਨਾਈ ਜਾ ਰਹੀ ਹੈ। ਇਸ ਦਿਨ ਵੀ ਸੂਬੇ ਵਿਚ ਸਰਕਾਰੀ ਛੁੱਟੀ ਰਹੇਗੀ ਤੇ ਸਾਰੇ ਸਕੂਲ ਕਾਲਜ ਅਤੇ ਸਰਕਾਰੀ ਅਦਾਰੇ ਬੰਦ ਰਹਿਣਗੇ।




# ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੂੰ ਪਟਿਆਲਾ ਅਦਾਲਤ ਨੇ ਚਾਰ ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜਿਆ

ਚੜ੍ਹਦੀਕਲਾ ਬਿਊਰੋ
================



ਪਟਿਆਲਾ, 25 ਮਾਰਚ:ਹਲਕਾ ਸਨੌਰ ਤੋਂ 'ਆਪ' ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੂੰ ਜਬਰ-ਜ਼ਿਨਾਹ, ਧੋਖਾਧੜੀ ਅਤੇ ਅਪਰਾਧਿਕ ਧਮਕੀ ਦੇ ਇਲਜ਼ਾਮਾਂ ਹੇਠ ਅੱਜ ਸਵੇਰੇ ਪਟਿਆਲਾ ਪੁਲਿਸ ਨੇ ਮੱਧ ਪ੍ਰਦੇਸ਼ ਤੋਂ ਗ੍ਰਿਫ਼ਤਾਰ ਕੀਤਾ ਸੀ। ਪਠਾਣਮਾਜਰਾ ਨੂੰ ਪਟਿਆਲਾ ਪੁਲਿਸ ਦੁਪਹਿਰ ਬਾਅਦ ਅਦਾਲਤ 'ਚ ਪੇਸ਼ੀ ਲਈ ਲੈ ਕੇ ਪੁੱਜੀ। ਇੱਥੇ ਅਦਾਲਤ ਨੇ ਹਰਮੀਤ ਸਿੰਘ ਪਠਾਣਮਾਜਰਾ ਨੂੰ 4 ਦਿਨਾਂ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਹੈ। ਰਿਮਾਂਡ ਦੌਰਾਨ ਉਸ ਕੋਲੋਂ ਪੁੱਛ-ਗਿੱਛ ਦੌਰਾਨ ਕਈ ਅਹਿਮ ਖ਼ੁਲਾਸੇ ਹੋਣ ਦੀ ਉਮੀਦ ਹੈ। ਪੁਲਿਸ ਪਠਾਣਮਾਜਰਾ ਨੂੰ ਮੱਧ ਪ੍ਰਦੇਸ਼ ਤੋਂ ਗ੍ਰਿਫ਼ਤਾਰ ਕਰਕੇ ਪਟਿਆਲਾ ਲੈ ਕੇ ਆਈ ਸੀ, ਜਿੱਥੇ ਉਸ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਪਠਾਣਮਾਜਰਾ ਦੀ ਗ੍ਰਿਫਤਾਰੀ ਲਈ ਪਟਿਆਲਾ ਪੁਲਿਸ ਨੇ 6 ਤੋਂ 7 ਟੀਮਾਂ ਤਿਆਰ ਕਰਕੇ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਸੀ। ਕਈ ਵਾਰ ਉਸ ਦੀ ਲੋਕੇਸ਼ਨ ਸਾਹਮਣੇ ਆਈ ਪਰ ਹਰ ਵਾਰ ਉਹ ਪੁਲਿਸ ਦੇ ਹੱਥੋਂ ਨਿਕਲਣ ਵਿੱਚ ਕਾਮਯਾਬ ਰਿਹਾ। ਆਖ਼ਰਕਾਰ ਪੁਲਿਸ ਨੇ ਪਠਾਣਮਾਜਰਾ ਨੂੰ ਅੱਜ ਸਵੇਰੇ ਗ੍ਰਿਫ਼ਤਾਰ ਕਰ ਹੀ ਲਿਆ। ਗ੍ਰਿਫ਼ਤਾਰੀ ਮਗਰੋਂ ਪਠਾਣਮਾਜਰਾ ਦੀ ਪਹਿਲੀ ਤਸਵੀਰ ਸਾਹਮਣੇ ਆਈ ਹੈ, ਜਦੋਂ ਪੁਲਿਸ ਉਸ ਨੂੰ ਪੇਸ਼ੀ ਲਈ ਅਦਾਲਤ 'ਚ ਲਿਜਾ ਰਹੀ ਸੀ। ਆਮ ਆਦਮੀ ਪਾਰਟੀ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਖ਼ਿਲਾਫ਼ 1 ਸਤੰਬਰ, 2025 ਨੂੰ ਜਬਰ-ਜ਼ਿਨਾਹ, ਧੋਖਾਧੜੀ ਅਤੇ ਅਪਰਾਧਿਕ ਧਮਕੀ ਦੇ ਇਲਜ਼ਾਮਾਂ ਹੇਠ ਭਾਰਤੀ ਦੰਡ ਸੰਹਿਤਾ ਦੀਆਂ ਧਾਰਾਵਾਂ 376, 420 ਅਤੇ 506 ਤਹਿਤ ਐੱਫ.ਆਈ.ਆਰ. ਦਰਜ ਕੀਤੀ ਗਈ। ਪਠਾਣਮਾਜਰਾ 'ਤੇ ਜਬਰ-ਜ਼ਿਨਾਹ ਅਤੇ ਧੋਖਾਧੜੀ ਦੇ ਇਲਜ਼ਾਮ ਲੱਗੇ ਹਨ। ਅਪਰਾਧਿਕ ਧਮਕੀਆਂ ਦੇ ਇਲਜ਼ਾਮਾਂ 'ਤੇ ਉਨ੍ਹਾਂ ਖ਼ਿਲਾਫ਼ ਐੱਫ.ਆਈ.ਆਰ. ਦਰਜ ਕੀਤੀ ਗਈ ਹੈ। ਪਠਾਣਮਾਜਰਾ ਸਤੰਬਰ, 2025 ਤੋਂ ਰੇਪ ਮਾਮਲੇ ਵਿਚ ਫ਼ਰਾਰ ਚੱਲ ਰਹੇ ਸਨ। ਉਸ ਸਮੇਂ ਤੋਂ ਹੀ ਪੁਲਿਸ ਵਲੋਂ ਉਨ੍ਹਾਂ ਦੀ ਭਾਲ ਕੀਤੀ ਜਾ ਰਹੀ ਸੀ। ਐੱਫ.ਆਈ.ਆਰ. ਵਿੱਚ ਦਿੱਤੀ ਜਾਣਕਾਰੀ ਮੁਤਾਬਕ ਇੱਕ ਔਰਤ, ਜੋ ਸਾਲ 2013-14 ਵਿੱਚ ਪਠਾਣਮਾਜਰਾ ਦੇ ਸੰਪਰਕ ਵਿੱਚ ਆਈ ਸੀ, ਉਸ ਨੇ ਪਠਾਣਮਾਜਰਾ 'ਤੇ ਗੁੰਮਰਾਹ ਕਰਕੇ ਵਿਆਹ ਕਰਵਾਉਣ ਅਤੇ ਸਰੀਰਕ ਸ਼ੋਸ਼ਣ ਕਰਨ ਦੇ ਇਲਜ਼ਾਮ ਲਗਾਏ ਹਨ। ਇਸ ਮਾਮਲੇ ਦੇ ਸਬੰਧ ਵਿਚ ਉਸ ਨੇ ਕਾਰਵਾਈ ਦੀ ਮੰਗ ਕੀਤੀ ਸੀ।

## ਸੋਨੀਆ ਗਾਂਧੀ ਨੂੰ ਸਿਹਤ ਵਿਗੜਨ ਕਾਰਨ ਹਸਪਤਾਲ ਦਾਖ਼ਲ ਕਰਵਾਇਆ



ਨਵੀਂ ਦਿੱਲੀ , 25 ਮਾਰਚ (ਚ.ਨ.ਸ.): ਕਾਂਗਰਸ ਦੀ ਸਾਬਕਾ ਪ੍ਰਧਾਨ ਅਤੇ ਰਾਜ ਸਭਾ ਮੈਂਬਰ ਸੋਨੀਆ ਗਾਂਧੀ ਦੀ ਸਿਹਤ ਅਚਾਨਕ ਖ਼ਰਾਬ ਹੋਣ ਕਾਰਨ ਉਨ੍ਹਾਂ ਨੂੰ ਦਿੱਲੀ ਦੇ ਸਰ ਗੰਗਾ ਰਾਮ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਜਾਣਕਾਰੀ ਅਨੁਸਾਰ ਉਨ੍ਹਾਂ ਨੂੰ ਮੰਗਲਵਾਰ ਦੇਰ ਰਾਤ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਦੀ ਇੱਕ ਵਿਸ਼ੇਸ਼ ਟੀਮ ਉਨ੍ਹਾਂ ਦੀ ਦੇਖਭਾਲ ਕਰ ਰਹੀ ਹੈ। ਸੋਨੀਆ ਗਾਂਧੀ ਨੂੰ ਛਾਤੀ ਵਿੱਚ ਸਮੱਸਿਆ ਹੋਣ ਕਾਰਨ ਹਸਪਤਾਲ ਵਿੱਚ ਦਾਖਲ ਕੀਤਾ ਗਿਆ ਹੈ। ਹਸਪਤਾਲ ਸੂਤਰਾਂ ਅਨੁਸਾਰ, ਜਦੋਂ ਉਨ੍ਹਾਂ ਨੂੰ ਦਾਖਲ ਕਰਵਾਇਆ ਗਿਆ ਤਾਂ ਰਾਹੁਲ ਗਾਂਧੀ ਅਤੇ ਪ੍ਰਿਯੰਕਾ ਗਾਂਧੀ ਦੋਵੇਂ ਉਨ੍ਹਾਂ ਦੇ ਨਾਲ ਮੌਜੂਦ ਸਨ। ਰਾਹੁਲ ਗਾਂਧੀ ਕੁਝ ਸਮੇਂ ਬਾਅਦ ਉੱਥੋਂ ਚਲੇ ਗਏ ਪਰ ਪ੍ਰਿਯੰਕਾ ਗਾਂਧੀ ਅਜੇ ਵੀ ਹਸਪਤਾਲ ਵਿੱਚ ਹੀ ਮੌਜੂਦ ਹੈ। ਡਾਕਟਰਾਂ ਦਾ ਕਹਿਣਾ ਹੈ ਕਿ ਫਿਲਹਾਲ ਉਨ੍ਹਾਂ ਦੀ ਸਿਹਤ ਸਥਿਰ ਹੈ। ਦੱਸ ਦੇਈਏ ਕਿ ਸੋਨੀਆ ਗਾਂਧੀ ਨੂੰ ਪਿਛਲੇ ਕੁਝ ਸਮੇਂ ਤੋਂ ਖਾਂਸੀ ਦੀ ਪੁਰਾਣੀ ਸ਼ਿਕਾਇਤ ਹੈ। ਇਸ ਤੋਂ ਪਹਿਲਾਂ (ਬਾਕੀ ਸਫ਼ਾ 2 'ਤੇ)

## ਸਰਬ ਪਾਰਟੀ ਮੀਟਿੰਗ 'ਚ ਸਰਕਾਰ ਵੱਲੋਂ ਦਾਅਵਾ

# 'ਤੇਲ ਤੇ ਗੈਸ ਦੀ ਦੇਸ਼ 'ਚ ਕੋਈ ਕਮੀ ਨਹੀਂ'

ਚੜ੍ਹਦੀਕਲਾ ਬਿਊਰੋ
================




ਨਵੀਂ ਦਿੱਲੀ, 25 ਮਾਰਚ: ਪੱਛਮੀ ਏਸ਼ੀਆ ਵਿੱਚ ਜਾਰੀ ਤਣਾਅ ਅਤੇ ਯੁੱਧ ਦੇ ਹਾਲਾਤ ਦਰਮਿਆਨ ਕੇਂਦਰ ਸਰਕਾਰ ਨੇ ਅੱਜ ਇੱਕ ਅਹਿਮ ਸਰਬ ਪਾਰਟੀ ਮੀਟਿੰਗ ਬੁਲਾਈ। ਰੱਖਿਆ ਮੰਤਰੀ ਰਾਜਨਾਥ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਇਸ ਬੈਠਕ ਵਿੱਚ ਸਰਕਾਰ ਨੇ ਵਿਰੋਧੀ ਧਿਰ ਨੂੰ ਭਰੋਸਾ ਦਿੱਤਾ ਕਿ ਦੇਸ਼ ਵਿੱਚ ਪੈਟਰੋਲੀਅਮ ਪਦਾਰਥਾਂ ਦੀ ਕੋਈ ਕਮੀ ਨਹੀਂ ਹੈ ਅਤੇ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ।

ਸਰਕਾਰ ਨੇ ਦੱਸਿਆ ਕਿ ਪੈਟਰੋਲੀਅਮ ਅਤੇ ਰਸੋਈ ਗੈਸ (ਐਲ.ਪੀ.ਜੀ.) ਦੀ ਅਗਾਊਂ ਬੁਕਿੰਗ ਕਰ ਲਈ ਗਈ ਹੈ ਅਤੇ ਕੱਚੇ ਤੇਲ ਦੀ ਸਪਲਾਈ ਨਿਰੰਤਰ ਜਾਰੀ ਹੈ। ਰਿਪੋਰਟਾਂ ਅਨੁਸਾਰ, ਦੋ ਐਲ.ਪੀ.ਜੀ. ਜਹਾਜ਼ ਜਲਦ ਹੀ ਭਾਰਤ ਦੇ ਪੱਛਮੀ ਤੱਟ 'ਤੇ ਪਹੁੰਚਣਗੇ, ਜਿਨ੍ਹਾਂ ਵਿੱਚ 92,000 ਟਨ ਗੈਸ ਲੋਡ ਹੈ। ਇਸ ਤੋਂ ਇਲਾਵਾ, ਸਰਕਾਰ ਨੇ ਸਪੱਸ਼ਟ ਕੀਤਾ ਕਿ ਘਰੇਲੂ ਗੈਸ ਦੀਆਂ ਕੀਮਤਾਂ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਜਹਾਜ਼ ਬੈਠਕ ਦੌਰਾਨ ਵਿਦੇਸ਼ ਸਕੱਤਰ ਨੇ ਦੱਸਿਆ ਕਿ ਜੰਗ ਦੇ ਹਾਲਾਤ ਦੇ ਬਾਵਜੂਦ ਸਟ੍ਰੇਟ ਆਫ ਹੋਰਮੁਜ਼ ਰਾਹੀਂ ਭਾਰਤ ਦੇ ਚਾਰ ਜਹਾਜ਼ ਸੁਰੱਖਿਅਤ ਬਾਹਰ ਨਿਕਲ ਆਏ ਹਨ, ਜਦਕਿ ਕਈ ਹੋਰ ਦੇਸ਼ਾਂ ਦੇ ਜਹਾਜ਼ ਅਜੇ ਵੀ ਉੱਥੇ ਫਸੇ ਹੋਏ ਹਨ।

ਸਰਕਾਰ ਨੇ ਵਿਰੋਧੀ ਧਿਰ ਨੂੰ ਜਾਣਕਾਰੀ ਦਿੱਤੀ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਗੱਲਬਾਤ ਕੀਤੀ ਹੈ। ਪੀਐਮ ਮੋਦੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਹੈ ਕਿ ਭਾਰਤ ਜੰਗ ਨਹੀਂ ਚਾਹੁੰਦਾ ਅਤੇ ਦੇਸ਼ ਦੇ ਹਿੱਤ ਸਭ ਤੋਂ ਉੱਪਰ ਹਨ। ਪ੍ਰਧਾਨ ਮੰਤਰੀ ਨੇ ਸਥਿਤੀ 'ਤੇ ਨਜ਼ਰ ਰੱਖਣ ਲਈ 7 ਨਵੇਂ ਅਧਿਕਾਰ ਪ੍ਰਾਪਤ ਸਮੂਹਾਂ ਦਾ ਗਠਨ ਵੀ ਕੀਤਾ ਹੈ ਜੋ ਜ਼ਰੂਰੀ ਸੇਵਾਵਾਂ ਦੀ ਨਿਗਰਾਨੀ ਕਰਨਗੇ।

ਇਸ ਮਹੱਤਵਪੂਰਨ ਬੈਠਕ ਵਿੱਚ ਤ੍ਰਿਣਮੂਲ ਕਾਂਗਰਸ ਦਾ ਕੋਈ ਵੀ ਸਾਂਸਦ ਸ਼ਾਮਲ ਨਹੀਂ ਹੋਇਆ। ਦੂਜੇ ਪਾਸੇ, ਅਸਦੁਦੀਨ ਓਵੈਸੀ ਨੇ ਈਰਾਨ ਦੇ ਸੁਪਰੀਮ ਲੀਡਰ ਖਾਮੇਨੇਈ ਦੀ ਮੌਤ 'ਤੇ ਸੋਗ ਸੰਦੇਸ਼ ਵਿੱਚ ਦੇਰੀ ਨੂੰ ਲੈ ਕੇ ਸਵਾਲ ਚੁੱਕੇ, ਜਿਸ 'ਤੇ ਸਰਕਾਰ ਨੇ ਦੱਸਿਆ ਕਿ ਈਰਾਨੀ ਦੂਤਾਵਾਸ ਦੇਰੀ ਨਾਲ ਖੁੱਲ੍ਹਣ ਕਾਰਨ ਅਜਿਹਾ ਹੋਇਆ।

ਬੈਠਕ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ, ਵਿਦੇਸ਼ ਮੰਤਰੀ ਐਸ. ਜੈਸ਼ੰਕਰ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅਤੇ ਪੈਟਰੋਲੀਅਮ ਮੰਤਰੀ ਹਰਦੀਪ ਪੁਰੀ ਸਮੇਤ ਕਾਂਗਰਸ, ਸਪਾ, ਆਪ ਅਤੇ ਹੋਰ ਪਾਰਟੀਆਂ ਦੇ ਆਗੂ ਮੌਜੂਦ ਸਨ। ਸਰਕਾਰ ਨੇ ਵਿਰੋਧੀ ਧਿਰ ਨੂੰ ਭਰੋਸਾ ਦਿੱਤਾ ਕਿ ਉਹ ਕਿਸੇ ਵੀ ਸਮੇਂ ਜਾਣਕਾਰੀ ਲੈਣ ਲਈ ਆ ਸਕਦੇ ਹਨ।

## ਕੇਂਦਰ ਸਰਕਾਰ ਨੇ ਕੀਤਾ ਐਲਾਨ

# ਦੇਸ਼ ਨੂੰ ਮਿਲਣਗੇ 100 ਨਵੇਂ ਹਵਾਈ ਅੱਡੇ: ਵੈਸ਼ਨਵ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 25 ਮਾਰਚ: ਕੇਂਦਰੀ ਕੈਬਨਿਟ ਦੀ ਬੈਠਕ ਵਿੱਚ ਅੱਜ ਹਵਾਬਾਜ਼ੀ ਖੇਤਰ ਨੂੰ ਲੈ ਕੇ ਕਈ ਇਤਿਹਾਸਕ ਫੈਸਲੇ ਲਏ ਗਏ ਹਨ। ਸਰਕਾਰ ਨੇ ਦੇਸ਼ ਭਰ ਵਿੱਚ 100 ਨਵੇਂ ਹਵਾਈ ਅੱਡਿਆਂ ਦੇ ਨਿਰਮਾਣ ਨੂੰ ਹਰੀ ਝੰਡੀ ਦੇ ਦਿੱਤੀ ਹੈ। ਇਸ ਦੇ ਨਾਲ ਹੀ 'ਉਡਾਨ 2.0' ਯੋਜਨਾ ਨੂੰ ਵੀ ਮਨਜ਼ੂਰੀ ਦਿੱਤੀ ਗਈ ਹੈ, ਜਿਸ ਨਾਲ ਆਮ ਲੋਕਾਂ ਲਈ ਹਵਾਈ ਸਫ਼ਰ ਹੋਰ ਵੀ ਸੁਖਾਲਾ ਹੋ ਜਾਵੇਗਾ।ਕੇਂਦਰੀ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਡਾਨ ਯੋਜਨਾ ਲਈ 28,840 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਜੇਕਰ 100 ਨਵੇਂ ਹਵਾਈ ਅੱਡਿਆਂ ਦੀ ਗੱਲ ਕਰੀਏ, ਤਾਂ ਪ੍ਰਤੀ ਏਅਰਪੋਰਟ ਔਸਤਨ 100 ਕਰੋੜ ਰੁਪਏ ਦਾ ਖਰਚਾ ਆਵੇਗਾ। ਸਰਕਾਰ ਵੱਲੋਂ ਇਸ ਲਈ 12,159 ਕਰੋੜ ਰੁਪਏ ਦੀ ਬਜਟ ਸਹਾਇਤਾ ਦਿੱਤੀ ਗਈ ਹੈ ਅਤੇ ਇਨ੍ਹਾਂ ਦਾ ਵਿਕਾਸ 'ਚੈਲੇਂਜ ਮੋਡ' ਵਿੱਚ ਕੀਤਾ ਜਾਵੇਗਾ।

**200 ਨਵੇਂ ਹੈਲੀਪੈਡਾਂ ਨਾਲ ਜੁੜਨਗੇ ਪਹਾੜੀ ਇਲਾਕੇ**

ਸਰਕਾਰ ਨੇ ਪਹਾੜੀ ਖੇਤਰਾਂ, ਪੂਰਬੀ-ਉੱਤਰੀ ਰਾਜਾਂ ਅਤੇ ਟਾਪੂਆਂ 'ਤੇ ਸੰਪਰਕ ਵਧਾਉਣ ਲਈ 200 ਨਵੇਂ ਅਤੇ ਆਧੁਨਿਕ (ਬਾਕੀ ਸਫ਼ਾ 2 'ਤੇ)

# ਪੰਜਾਬ ਵਿੱਚ ਕੁਝ ਥਾਵਾਂ 'ਤੇ ਮੀਂਹ ਦੀ ਸੰਭਾਵਨਾ

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ, 25 ਮਾਰਚ:ਪੰਜਾਬ ਤੇ ਚੰਡੀਗੜ੍ਹ ਵਿਚ ਅੱਜ ਸ਼ਾਮ ਤੋਂ ਮੌਸਮ ਵਿਚ ਬਦਲਾਅ ਦੇਖਣ ਨੂੰ ਮਿਲੇਗਾ। ਬੀਤੇ ਦਿਨ ਯਾਨੀ ਵੀਰਵਾਰ ਨੂੰ ਪੂਰਾ ਦਿਨ ਹਨ੍ਹੇਰੀ ਤੇ ਤੇਜ਼ ਹਵਾਵਾਂ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਪਿਛਲੇ 24 ਘੰਟਿਆਂ ਵਿਚ ਅਧਿਕਤਮ ਤਾਪਮਾਨ ਵਿਚ 0.4 ਡਿਗਰੀ ਦਾ ਵਾਧਾ ਹੋਇਆ ਹੈ। ਇਹ ਹੁਣ ਸਾਧਾਰਨ ਦੇ ਨੇੜੇ ਪਹੁੰਚ ਗਿਆ ਹੈ। ਸੂਬੇ ਵਿਚ ਸਭ ਤੋਂ ਵਧ ਤਾਪਮਾਨ 31.5 ਡਿਗਰੀ ਗੁਰਦਾਸਪੁਰ ਵਿਚ ਦਰਜ ਕੀਤਾ ਗਿਆ ਹੈ। ਮੌਸਮ ਵਿਭਾਗ ਮੁਤਾਬਕ ਨਵਾਂ ਵੈਸਟਰਨ ਡਿਸਟਰਬੈਂਸ ਪਹਾੜਾਂ ਵਲ ਆ ਰਿਹਾ ਹੈ। ਇਹ ਅੱਗੇ ਵਧ ਰਿਹਾ ਹੈ। ਇਸ ਵਜ੍ਹਾ ਤੋਂ ਅੱਜ ਸ਼ਾਮ ਨੂੰ ਮੌਸਮ ਬਦਲੇਗਾ। ਇਸ ਦੌਰਾਨ ਕੁਝ ਥਾਵਾਂ ਪਠਾਨਕੋਟ, ਫਾਜ਼ਿਲਕਾ, ਮੁਕਤਸਰ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਬਠਿੰਡਾ, ਮਾਨਸਾ ਵਿਚ ਕੁਝ ਥਾਵਾਂ 'ਤੇ ਹਲਕਾ ਤੋਂ ਮੱਧਮ ਮੀਂਹ ਪੈਣ ਦੀ ਸੰਭਾਵਨਾ ਹੈ। ਸੂਬੇ ਵਿਚ ਸਾਰੇ ਜ਼ਿਲ੍ਹਿਆਂ ਦਾ ਅਧਿਕਤਮ ਤਾਪਮਾਨ 25 ਡਿਗਰੀ ਤੋਂ ਉਪਰ ਦਰਜ ਕੀਤਾ ਗਿਆ ਹੈ ਤੇ ਜ਼ਿਆਦਾਤਰ ਥਾਵਾਂ 'ਤੇ ਤਾਪਮਾਨ 27 ਡਿਗਰੀ ਤੋਂ 31 ਡਿਗਰੀ ਦੇ ਵਿਚ ਬਣਿਆ ਹੋਇਆ ਹੈ ਜਿਸ ਵਿਚ ਸਭ ਤੋਂ ਵਧ ਤਾਪਮਾਨ 31.5 ਗੁਰਦਾਸਪੁਰ ਵਿਚ ਰਿਕਾਰਡ ਕੀਤਾ ਗਿਆ। ਚੰਡੀਗੜ੍ਹ ਵਿਚ 29.4 ਡਿਗਰੀ, ਅੰਮ੍ਰਿਤਸਰ 28.1, ਲੁਧਿਆਣਾ 29.6, ਪਟਿਆਲਾ 30.2, ਫਰੀਦਕੋਟ 30.0, ਐੱਸ.ਬੀ.ਐੱਸ. ਨਗਰ 27.2, ਫਾਜ਼ਿਲਕਾ 30.6, ਫਿਰੋਜ਼ਪੁਰ 30.7, ਹੁਸ਼ਿਆਰਪੁਰ 27.7, ਮੋਹਾਲੀ 29.3, ਪਠਾਨਕੋਟ 28.9 ਤੇ ਰੋਪੜ ਵਿਚ 28.4 ਡਿਗਰੀ (ਬਾਕੀ ਸਫ਼ਾ 2 'ਤੇ)

## ਸਵਾਮੀ ਅਵੀਮੁਕਤੇਸ਼ਵਰਾਨੰਦ ਦੀ ਅਗਾਊਂ ਜ਼ਮਾਨਤ ਪਟੀਸ਼ਨ ਮਨਜ਼ੂਰ

ਲਖਨਊ, 25 ਮਾਰਚ (ਚ.ਨ.ਸ.): ਇਲਾਹਾਬਾਦ ਹਾਈ ਕੋਰਟ ਨੇ ਜਿਨਸੀ ਸ਼ੋਸ਼ਣ ਦੇ ਇੱਕ ਮਾਮਲੇ ਵਿੱਚ ਫਸੇ ਸਵਾਮੀ ਅਵੀਮੁਕਤੇਸ਼ਵਰਾਨੰਦ ਸਰਸਵਤੀ ਅਤੇ ਉਨ੍ਹਾਂ ਦੇ ਚੇਲੇ ਸਵਾਮੀ ਮੁਕੁੰਦਾਨੰਦ ਗਿਰੀ ਨੂੰ ਵੱਡੀ ਰਾਹਤ ਦਿੱਤੀ ਹੈ। ਅਦਾਲਤ ਨੇ ਦੋਵਾਂ ਦੀ ਅਗਾਊਂ ਜ਼ਮਾਨਤ ਪਟੀਸ਼ਨ ਸਵੀਕਾਰ ਕਰ ਲਈ ਹੈ, ਜਿਸ ਨਾਲ ਹੁਣ ਉਨ੍ਹਾਂ ਦੀ ਗ੍ਰਿਫਤਾਰੀ 'ਤੇ ਰੋਕ ਲੱਗ ਗਈ ਹੈ।

ਇਹ ਅਹਿਮ ਫੈਸਲਾ ਜਸਟਿਸ ਜਿਤੇਂਦਰ ਕੁਮਾਰ ਸਿਨਹਾ ਦੀ ਸਿੰਗਲ ਬੈਂਚ ਵੱਲੋਂ ਸੁਣਾਇਆ ਗਿਆ ਹੈ। ਜ਼ਿਕਰਯੋਗ ਹੈ ਕਿ ਅਦਾਲਤ ਨੇ 27 ਫਰਵਰੀ ਨੂੰ ਸੁਣਵਾਈ ਪੂਰੀ ਕਰਨ ਤੋਂ ਬਾਅਦ ਫੈਸਲਾ ਸੁਰੱਖਿਅਤ ਰੱਖ ਲਿਆ ਸੀ ਅਤੇ ਉਦੋਂ ਤੱਕ ਗ੍ਰਿਫਤਾਰੀ 'ਤੇ ਵੀ ਰੋਕ ਲਗਾਈ ਸੀ,। ਸਵਾਮੀ ਅਵੀਮੁਕਤੇਸ਼ਵਰਾਨੰਦ ਅਤੇ ਉਨ੍ਹਾਂ ਦੇ ਚੇਲੇ ਨੇ ਗ੍ਰਿਫਤਾਰੀ ਤੋਂ ਬਚਣ ਲਈ ਹਾਈ ਕੋਰਟ (ਬਾਕੀ ਸਫ਼ਾ 2 'ਤੇ)

# ਟਰੰਪ ਦੇ ਕਹਿਣ 'ਤੇ ਈਰਾਨ ਨੂੰ ਮਨਾਉਣ 'ਚ ਜੁਟੇ ਤੁਰਕੀ ਤੇ ਪਾਕਿਸਤਾਨ



ਚੜ੍ਹਦੀਕਲਾ ਬਿਊਰੋ
================

ਨਿਊਯਾਰਕ/ਇਸਲਾਮਾਬਾਦ, 25 ਮਾਰਚ:ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਚੱਲ ਰਹੀ ਜੰਗ ਨੂੰ ਹੁਣ ਚਾਰ ਹਫ਼ਤੇ ਹੋ ਗਏ ਹਨ ਅਤੇ ਇਨ੍ਹਾਂ ਚਾਰ ਹਫ਼ਤਿਆਂ ਵਿੱਚ, ਜੰਗ ਨੇ ਨਾ ਸਿਰਫ਼ ਮੱਧ ਪੂਰਬ ਸਗੋਂ ਪੂਰੀ ਦੁਨੀਆਂ ਨੂੰ ਪ੍ਰਭਾਵਿਤ ਕੀਤਾ ਹੈ। ਅਮਰੀਕਾ ਹੁਣ ਇਸ ਜੰਗ ਨੂੰ ਰੋਕਣ ਦੀ ਕੋਸ਼ਿਸ਼ ਕਰ ਰਿਹਾ ਹੈ ਅਤੇ ਉਸ ਨੇ ਪਾਕਿਸਤਾਨ ਅਤੇ ਤੁਰਕੀ ਨੂੰ ਆਪਣੇ ਦੂਤ ਬਣਾਇਆ ਹੈ, ਜੋ ਈਰਾਨ ਅਤੇ ਅਮਰੀਕਾ ਵਿਚਕਾਰ ਕੜੀ ਵਜੋਂ ਕੰਮ ਕਰ ਰਹੇ ਹਨ। ਇੱਕ ਰਿਪੋਰਟ ਦੇ ਅਨੁਸਾਰ, ਇੱਕ ਸੀਨੀਅਰ ਈਰਾਨੀ ਅਧਿਕਾਰੀ ਨੇ ਕਿਹਾ ਕਿ ਪਾਕਿਸਤਾਨ ਨੇ ਅਮਰੀਕਾ ਵੱਲੋਂ ਈਰਾਨ ਨੂੰ ਇੱਕ ਪ੍ਰਸਤਾਵ ਸੌਂਪਿਆ ਹੈ, ਜਿਸ ਵਿੱਚ ਸੁਝਾਅ ਦਿੱਤਾ ਗਿਆ ਹੈ ਕਿ ਚੱਲ ਰਹੇ ਖਾੜੀ ਯੁੱਧ ਨੂੰ ਘੱਟ ਕਰਨ ਦੇ ਉਦੇਸ਼ ਨਾਲ ਗੱਲਬਾਤ ਲਈ ਪਾਕਿਸਤਾਨ ਜਾਂ ਤੁਰਕੀ ਸ਼ਾਮਲ ਹੋਵੇ। ਸੀਨੀਅਰ ਈਰਾਨੀ ਅਧਿਕਾਰੀ ਨੇ (ਬਾਕੀ ਸਫ਼ਾ 2 'ਤੇ)

## ਈਰਾਨ ਨੇ ਅਮਰੀਕਾ ਦੇ ਏਅਰਕ੍ਰਾਫ਼ਟ ਕੈਰੀਅਰ ਅਬਰਾਹਿਮ ਲਿੰਕਨ 'ਤੇ ਦਾਗੀਆਂ ਮਿਜ਼ਾਈਲਾਂ

ਤਹਿਰਾਨ, 25 ਮਾਰਚ (ਚ.ਨ.ਸ.):ਈਰਾਨ ਨੇ ਅਮਰੀਕਾ ਦੇ ਜਹਾਜ਼ ਵਾਹਕ ਅਬਰਾਹਿਮ ਲਿੰਕਨ 'ਤੇ ਸ਼ਕਤੀਸ਼ਾਲੀ ਹਮਲਾ ਕੀਤਾ ਹੈ। ਈਰਾਨ ਨੇ ਯੂ.ਐਸ.ਐਸ. ਅਬਰਾਹਿਮ ਲਿੰਕਨ 'ਤੇ ਕਰੂਜ਼ ਮਿਜ਼ਾਈਲਾਂ ਦਾਗੀਆਂ ਹਨ। ਈਰਾਨ ਦੇ ਇਸ ਹਮਲੇ ਦੇ ਨਾਲ ਹੀ ਅਮਰੀਕਾ ਨੂੰ ਇਹ ਵੀ ਚਿਤਾਵਨੀ ਦਿੱਤੀ ਗਈ ਹੈ ਕਿ ਜੇਕਰ ਇਹ ਜਹਾਜ਼ ਵਾਹਕ ਭਵਿੱਖ ਵਿੱਚ ਕਦੇ ਵੀ ਈਰਾਨੀ ਸਰਹੱਦ ਵਿੱਚ ਦਾਖਲ ਹੁੰਦਾ ਹੈ, ਤਾਂ ਇਸ 'ਤੇ ਹੋਰ ਹਮਲੇ ਕੀਤੇ ਜਾਣਗੇ। ਰਿਪੋਰਟ ਦੇ ਅਨੁਸਾਰ, ਸਰਕਾਰੀ ਟੈਲੀਵਿਜ਼ਨ 'ਤੇ ਪ੍ਰਸਾਰਿਤ ਇੱਕ ਫੌਜੀ ਬਿਆਨ ਵਿੱਚ ਕਿਹਾ ਗਿਆ ਹੈ,'ਈਰਾਨੀ ਨੇਵੀ ਕਾਦਰ ਕਰੂਜ਼ ਮਿਜ਼ਾਈਲਾਂ ਨੇ ਅਮਰੀਕੀ ਜਹਾਜ਼ ਵਾਹਕ (ਬਾਕੀ ਸਫ਼ਾ 2 'ਤੇ)



# ਮਾਨ ਸਰਕਾਰ ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਛੇਤੀ ਹੱਲ ਕਰਨ ਲਈ ਵਚਨਬੱਧ: ਚੀਮਾ



ਚੰਡੀਗੜ੍ਹ, 25 ਮਾਰਚ (ਚ.ਨ.ਸ.): ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਜੋਂ ਅੱਜ ਪੰਜਾਬ ਭਰ ਦੇ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਦੇ ਨੁਮਾਇੰਦਿਆਂ ਦੀਆਂ ਲੰਬਿਤ ਮੰਗਾਂ ਅਤੇ ਚਿੰਤਾਵਾਂ ਨੂੰ ਹੱਲ ਕਰਨ ਲਈ ਆਪਣੇ ਦਫ਼ਤਰ ਵਿਖੇ ਅਹਿਮ ਮੀਟਿੰਗਾਂ ਕੀਤੀਆਂ।

ਇਨ੍ਹਾਂ ਮੀਟਿੰਗਾਂ ਦੌਰਾਨ, ਵਿੱਤ ਮੰਤਰੀ ਨੇ ਮੈਰੀਟੋਰੀਅਸ ਸਕੂਲ ਟੀਚਰਜ਼ ਯੂਨੀਅਨ, ਅਧਿਆਪਕ ਇਨਸਾਫ਼ ਕਮੇਟੀ, ਫਾਇਰ ਬ੍ਰਿਗੇਡ ਆਊਟਸੋਰਸ ਇੰਪਲਾਈਜ਼ ਯੂਨੀਅਨ, ਫਾਇਰ ਬ੍ਰਿਗੇਡ ਕੰਟਰੈਕਟ ਇੰਪਲਾਈਜ਼ ਯੂਨੀਅਨ ਅਤੇ ਜੰਗਲਾਤ ਵਰਕਰਜ਼ ਯੂਨੀਅਨ ਸਮੇਤ ਕਈ ਯੂਨੀਅਨਾਂ ਦੇ ਵਫ਼ਦਾਂ ਨਾਲ ਸਿੱਧੀ ਗੱਲਬਾਤ ਕੀਤੀ। ਵਿੱਤ ਮੰਤਰੀ ਨੇ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਉਨ੍ਹਾਂ ਦੇ ਮਸਲਿਆਂ 'ਤੇ ਵਿਸਤ੍ਰਿਤ ਚਰਚਾ ਕੀਤੀ ਅਤੇ ਇਹ ਯਕੀਨੀ ਬਣਾਉਣ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਕਿ ਯੂਨੀਅਨਾਂ ਵੱਲੋਂ ਉਠਾਈਆਂ ਗਈਆਂ ਸਾਰੀਆਂ ਜਾਇਜ਼ ਮੰਗਾਂ ਨੂੰ ਜਲਦ ਤੋਂ ਜਲਦ ਵਿਚਾਰਿਆ ਅਤੇ ਹੱਲ ਕੀਤਾ ਜਾਵੇ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮੁਲਾਜ਼ਮਾਂ ਦੀ ਭਲਾਈ ਨੂੰ ਸੁਰੱਖਿਅਤ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਸਮਾਂਬੱਧ ਤਰੀਕੇ ਨਾਲ ਹੱਲ ਕੀਤਾ ਜਾਵੇ।'

ਭਗਵੰਤ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੈਬਨਿਟ ਸਬ-ਕਮੇਟੀ ਮੁਲਾਜ਼ਮ ਨੁਮਾਇੰਦਿਆਂ ਨਾਲ ਸਰਗਰਮੀ ਨਾਲ ਤਾਲਮੇਲ ਕਰ ਰਹੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇੱਕ ਪਾਰਦਰਸ਼ੀ ਅਤੇ ਜਵਾਬਦੇਹ ਵਿਧੀ ਰਾਹੀਂ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਸੁਣਿਆ ਅਤੇ ਹੱਲ ਕੀਤਾ ਜਾਵੇ।

ਇਨ੍ਹਾਂ ਮੀਟਿੰਗਾਂ ਦੌਰਾਨ ਮੈਰੀਟੋਰੀਅਸ ਸਕੂਲ ਟੀਚਰਜ਼ ਯੂਨੀਅਨ ਤੋਂ ਡਾ. ਟੀਨਾ ਅਤੇ ਅਜੈ ਕੁਮਾਰ, ਅਧਿਆਪਕ ਇਨਸਾਫ਼ ਕਮੇਟੀ ਤੋਂ ਵਿਕਰਮ ਦੇਵ ਸਿੰਘ, ਦਿਗਵਿਜੇ ਪਾਲ ਸ਼ਰਮਾ, ਸੁਖਵਿੰਦਰ ਸਿੰਘ ਚਾਹਲ ਅਤੇ ਬਾਜ਼ ਸਿੰਘ, ਫਾਇਰ ਬ੍ਰਿਗੇਡ ਆਊਟਸੋਰਸ ਇੰਪਲਾਈਜ਼ ਯੂਨੀਅਨ ਤੋਂ ਸਾਹਿਬ ਸਿੰਘ, ਗੁਰਵਿਰਯਮ ਸਿੰਘ ਅਤੇ ਸੁਖਜੀਤ ਸਿੰਘ, ਫਾਇਰ ਬ੍ਰਿਗੇਡ ਕੰਟਰੈਕਟ ਇੰਪਲਾਈਜ਼ ਯੂਨੀਅਨ ਤੋਂ ਸੋਭਾ ਸਿੰਘ, ਅਤੇ ਜੰਗਲਾਤ ਵਰਕਰਜ਼ ਯੂਨੀਅਨ ਤੋਂ ਮੱਖਣ ਸਿੰਘ ਵਾਹਿਦਪੁਰੀ, ਅਮਰੀਕ ਸਿੰਘ, ਜਸਵਿੰਦਰ ਸਿੰਘ, ਸਤਨਾਮ ਸਿੰਘ, ਰਵੀ ਕੁਮਾਰ ਅਤੇ ਸ਼ਿੰਦਰਪਾਲ ਸਿੰਘ ਨੇ ਆਪਣੀਆਂ ਯੂਨੀਅਨਾਂ ਦੇ ਮੁੱਦਿਆਂ ਨੂੰ ਪੇਸ਼ ਕੀਤਾ।

# ਏਆਈ ਹੈਕਾਥੌਨ ਦੌਰਾਨ 1000 ਤੋਂ ਵੱਧ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਅਤਿ-ਆਧੁਨਿਕ ਤਕਨਾਲੌਜੀ ਦੀ ਦਿੱਤੀ ਸਿਖਲਾਈ

ਚੰਡੀਗੜ੍ਹ/ਐਸ.ਏ.ਐਸ. ਨਗਰ, 25 ਮਾਰਚ (ਚ.ਨ.ਸ.) : ਸਕੂਲੀ ਸਿੱਖਿਆ ਵਿੱਚ ਨਿਵੇਕਲੀਆਂ ਤਕਨੀਕਾਂ ਨੂੰ ਸ਼ਾਮਲ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਏਆਈ ਹੈਕਾਥੌਨ ਕਰਵਾਈ ਗਈ, ਜੋ ਆਪਣੀ ਕਿਸਮ ਦੇ ਪਹਿਲੇ ਪਾਇਲਟ ਪ੍ਰੋਜੈਕਟ ਦਾ ਗ੍ਰੈਂਡ ਫਿਨਾਲੇ ਹੋ ਨਿੱਬੜੀ। ਇਸ ਪ੍ਰਾਜੈਕਟ ਦਾ ਉਦੇਸ਼ ਵਿਦਿਆਰਥੀਆਂ ਦਰਮਿਆਨ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਹੁਨਰਾਂ ਨੂੰ ਉਤਸ਼ਾਹਿਤ ਕਰਨਾ ਹੈ। ਇਹ ਪ੍ਰੋਜੈਕਟ ਫਸਟ ਅਕੈਡਮੀ ਆਫ ਆਰਟੀਫੀਸ਼ੀਅਲ ਇੰਟੈਲੀਜੈਂਸ (ਐਫਏਏਆਈ) ਅਤੇ ਸਕਿੱਲੀਅਰੀਅਮ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ, ਜਿਸ ਤਹਿਤ ਪੰਜਾਬ ਭਰ ਦੇ 22 ਸਕੂਲਾਂ ਦੇ 1,000 ਤੋਂ ਵੱਧ ਵਿਦਿਆਰਥੀ ਅਤੇ 22 ਅਧਿਆਪਕ ਨੇ ਸਿਖਲਾਈ ਪ੍ਰਾਪਤ ਕੀਤੀ।




ਪੀਐਸਈਬੀ ਅਤੇ ਇਸ ਪ੍ਰੋਗਰਾਮ ਵਿੱਚ ਜੇਤੂ ਰਹਿਣ ਵਾਲਿਆਂ ਨੂੰ ਵਧਾਈ ਦਿੰਦਿਆਂ ਸਕੂਲ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ, "ਨੌਜਵਾਨ ਸਿਖਿਆਰਥੀਆਂ ਵਿੱਚ ਨਵੀਨਤਾ, ਤਕਨੀਕੀ ਹੁਨਰ, ਰਚਨਾਤਮਕਤਾ ਅਤੇ ਲੀਡਰਸ਼ਿਪ ਗੁਣਾਂ ਨੂੰ ਉਤਸ਼ਾਹਿਤ ਕਰਨ ਲਈ ਤਿਆਰ ਕੀਤੇ ਗਏ ਇਸ ਪ੍ਰਾਜੈਕਟ ਤਹਿਤ ਵਿਦਿਆਰਥੀਆਂ ਨੂੰ ਭਵਿੱਖ ਦੇ ਉੱਦਮੀ ਬਣਨ ਲਈ ਉਤਸ਼ਾਹਿਤ ਕੀਤਾ ਗਿਆ। ਇਹ ਪਹਿਲ ਏਆਈ ਆਧਾਰਤ ਐਪਲੀਕੇਸ਼ਨਾਂ ਦੀ ਪ੍ਰਭਾਵਸ਼ਾਲੀ ਵਰਤੋਂ ਲਈ ਤਕਨੀਕੀ ਹੁਨਰ ਪ੍ਰਦਾਨ ਕਰਨ 'ਤੇ ਕੇਂਦ੍ਰਿਤ ਰਹੀ, ਜਿਸ ਤਹਿਤ ਏਆਈ ਮਾਹਰਾਂ ਵੱਲੋਂ ਵਿਦਿਆਰਥੀਆਂ ਲਈ 12 ਹਫ਼ਤਿਆਂ ਦੀਆਂ ਲਾਈਵ, ਇੰਟਰਐਕਟਿਵ ਆਨਲਾਈਨ ਕਲਾਸਾਂ ਲਗਾਈਆਂ ਗਈਆਂ।'

ਮੰਤਰੀ ਨੇ ਦੱਸਿਆ ਕਿ "ਸਿੱਖਿਆ ਵਿਭਾਗ ਵੱਲੋਂ ਆਉਣ ਵਾਲੇ ਅਕਾਦਮਿਕ ਸੈਸ਼ਨ ਵਿੱਚ ਏਆਈ ਹੁਨਰ ਵਿਕਾਸ ਪ੍ਰੋਗਰਾਮ ਤਹਿਤ ਸੂਬੇ ਭਰ ਦੇ ਹੋਰ ਸਕੂਲਾਂ ਨੂੰ ਸ਼ਾਮਲ ਕਰਨ ਦੀ ਯੋਜਨਾ ਹੈ। ਇਹ ਸਿਰਫ਼ ਇੱਕ ਮੁਕਾਬਲਾ ਨਹੀਂ ਸਗੋਂ ਸਾਡੇ ਬੱਚਿਆਂ ਨੂੰ ਭਵਿੱਖ ਲਈ ਤਿਆਰ ਦਾ ਤਹੱਈਆ ਹੈ। ਏਆਈ ਹੁਣ ਕੋਈ ਭਵਿੱਖੀ ਵਿਸ਼ਾ ਨਹੀਂ ਹੈ। ਇਹ ਅਜੋਕੀ ਭਾਸ਼ਾ ਹੈ। ਇਸ ਪਾਇਲਟ ਪ੍ਰੋਜੈਕਟ ਅਤੇ ਹੈਕਾਥੌਨ ਰਾਹੀਂ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਤਕਨੀਕੀ ਕ੍ਰਾਂਤੀ ਵਿੱਚ ਕਿਸੇ ਪੱਖੋਂ ਵੀ ਪਿੱਛੇ ਨਾ ਰਹਿਣ।

ਉਨ੍ਹਾਂ ਕਿਹਾ ਕਿ ਏਆਈ ਹੈਕਾਥੌਨ ਵਿਦਿਆਰਥੀਆਂ ਦੇ ਤਕਨੀਕੀ ਹੁਨਰ ਵਿੱਚ ਵਾਧਾ ਕਰੇਗੀ ਅਤੇ ਨਵੀਨਤਾ ਦੇ ਰੁਝਾਨ ਨੂੰ ਉਤਸ਼ਾਹਿਤ ਕਰੇਗੀ। ਅੱਜ ਅਸੀਂ ਜਿਸ ਉਤਸ਼ਾਹ ਅਤੇ ਗੁਣਵੱਤਾ ਵਾਲੇ ਪ੍ਰੋਜੈਕਟ ਨੂੰ ਦੇਖਿਆ ਹੈ, ਉਸ ਨਾਲ ਇਹ ਸਾਬਤ ਹੁੰਦਾ ਹੈ ਕਿ ਜਦੋਂ ਵਿਦਿਆਰਥੀਆਂ ਨੂੰ ਯੋਗ ਅਗਵਾਈ ਅਤੇ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ ਤਾਂ ਉਹ ਉੱਚ ਪੱਧਰ 'ਤੇ ਬਿਹਤਰ ਢੰਗ ਨਾਲ ਮੁਕਾਬਲਾ ਕਰਨ ਦੇ ਯੋਗ ਹਨ। ਇਹ ਸਿਰਫ਼ ਸ਼ੁਰੂਆਤ ਹੈ। ਇਸ ਸਮਾਗਮ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਤਕਨੀਕੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ ਹੈ।

ਪੀਐਸਈਬੀ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਕਿਹਾ, "ਏਆਈ ਹੈਕਾਥੌਨ ਵਿੱਚ 20 ਸਕੂਲਾਂ ਦੇ ਵਿਦਿਆਰਥੀ ਸ਼ਾਮਲ ਹੋਏ, ਜਿਸ ਵਿੱਚ 60 ਵਿਦਿਆਰਥੀਆਂ (ਹਰੇਕ ਸਕੂਲ ਤੋਂ ਤਿੰਨ) ਨੇ ਮੁਕਾਬਲੇ ਵਿੱਚ ਹਿੱਸਾ ਲਿਆ। ਹਰੇਕ ਟੀਮ ਨੂੰ ਆਪਣੇ ਨਵੀਨਤਾਕਾਰੀ ਪ੍ਰੋਜੈਕਟ ਪੇਸ਼ ਕਰਨ ਲਈ ਇੱਕ ਘੰਟੇ ਦਾ ਸਮਾਂ ਦਿੱਤਾ ਗਿਆ, ਜਿਸਦਾ ਮੁਲਾਂਕਣ ਏਆਈ ਮਾਹਿਰਾਂ ਦੇ ਇੱਕ ਪੈਨਲ ਵੱਲੋਂ ਕੀਤਾ ਗਿਆ। ਭਾਗ ਲੈਣ ਵਾਲੀਆਂ ਟੀਮਾਂ ਨੇ ਤਕਨੀਕੀ ਨਵੀਨਤਾ, ਵੀਡੀਓ ਬਣਾਉਣ, ਕਾਰੋਬਾਰੀ ਯੋਜਨਾਬੰਦੀ ਅਤੇ ਵੈੱਬ ਡਿਵੈਲਪਮੈਂਟ ਵਰਗੇ ਖੇਤਰਾਂ ਵਿੱਚ ਆਪਣੀ ਮੁਹਾਰਤ ਦਾ ਪ੍ਰਦਰਸ਼ਨ ਕੀਤਾ ਅਤੇ ਆਧੁਨਿਕ ਇਨ੍ਹਾਂ ਖੇਤਰਾਂ ਲਈ ਏਆਈ ਟੂਲਸ ਦੀ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਕੀਤੀ।"

ਉਨ੍ਹਾਂ ਕਿਹਾ ਕਿ ਚੋਟੀ ਦੀਆਂ ਤਿੰਨ ਟੀਮਾਂ ਨੂੰ ਸਰਟੀਫਿਕੇਟਾਂ ਸਮੇਤ ਨਕਦ ਇਨਾਮ ਦਿੱਤੇ ਗਏ। 11,000 ਰੁਪਏ ਦਾ ਪਹਿਲਾ ਇਨਾਮ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਦਰਸ਼ ਸੀਨੀਅਰ ਸੈਕੰਡਰੀ ਸਕੂਲ, ਖਟਕੜ ਕਲਾਂ (ਐਸ.ਬੀ.ਐਸ. ਨਗਰ) ਨੇ ਜਿੱਤਿਆ ਜਦਕਿ 5,100 ਰੁਪਏ ਦਾ ਦੂਜਾ ਇਨਾਮ ਰਵਿੰਦਰ ਖੁੱਲਰ ਮੈਮੋਰੀਅਲ ਜੀ.ਐਮ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਾਡਲ ਟਾਊਨ (ਜਲੰਧਰ) ਨੇ ਹਾਸਲ ਕੀਤਾ ਅਤੇ 3,100 ਰੁਪਏ ਦਾ ਤੀਜਾ ਇਨਾਮ ਸ਼ਹੀਦ ਊਧਮ ਸਿੰਘ ਵਾਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਸੁਨਾਮ ਊਧਮ ਸਿੰਘ ਵਾਲਾ (ਸੰਗਰੂਰ) ਨੇ ਜਿੱਤਿਆ।

ਚੇਅਰਮੈਨ ਨੇ ਦੱਸਿਆ ਕਿ ਜੀ.ਟੀ.ਬੀ. ਖ਼ਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਦਸੂਹਾ (ਹੁਸ਼ਿਆਰਪੁਰ) ਨੂੰ 3,100 ਰੁਪਏ ਦਾ ਹੌਸਲਾ-ਵਧਾਊ ਇਨਾਮ ਦਿੱਤਾ ਗਿਆ। ਕੁੜੀਆਂ ਦੀ ਸ਼੍ਰੇਣੀ ਵਿੱਚ, ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਮੰਡੀ ਗੋਬਿੰਦਗੜ੍ਹ (ਫ਼ਤਹਿਗੜ੍ਹ ਸਾਹਿਬ) ਨੂੰ ਵੀ 3,100 ਰੁਪਏ ਦਾ ਹੌਸਲਾ-ਵਧਾਊ ਇਨਾਮ ਦਿੱਤਾ ਗਿਆ।

## ਰਵਨੀਤ ਸਿੰਘ ਬਿੱਟੂ ਨੇ ਰਾਜਾ ਵੜਿੰਗ 'ਤੇ ਚੁੱਕੇ ਸਵਾਲ

ਨਵੀਂ ਦਿੱਲੀ, 25 ਮਾਰਚ (ਚ.ਨ.ਸ.) : ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਗੁਦਾਮ ਅਧਿਕਾਰੀ ਖੁਦਕੁਸ਼ੀ ਮਾਮਲੇ ਵਿਚ ਸੀ.ਬੀ.ਆਈ. ਜਾਂਚ ਦਾ ਵਿਰੋਧ ਕਰਨ ਵਾਲੇ ਪ੍ਰਦੇਸ਼ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਦੇ ਬਿਆਨ 'ਤੇ ਗੰਭੀਰ ਸਵਾਲ ਉਠਾਏ ਹਨ।



ਬਿੱਟੂ ਨੇ ਦੋਸ਼ ਲਗਾਇਆ ਹੈ ਕਿ ਵੜਿੰਗ ਦਾ ਰੁਖ਼ ਉਸ ਦੀ ਆਪਣੀ ਜਾਂਚ ਦੇ ਡਰ ਤੋਂ ਆਇਆ ਹੈ ਅਤੇ ਉਸ 'ਤੇ 'ਆਪ' ਸਰਕਾਰ ਦਾ ਪੱਖ ਲੈਣ ਦਾ ਦੋਸ਼ ਲਗਾਇਆ ਹੈ। ਕਾਂਗਰਸ ਦਾ ਪ੍ਰਧਾਨ ਵੜਿੰਗ ਅੱਜ ਕੇਜਰੀਵਾਲ ਅਤੇ ਭਗਵੰਤ ਮਾਨ ਦਾ ਪਿੱਠੂ ਬਣ ਕੇ ਰਹਿ ਗਿਆ ਹੈ।ਉਨ੍ਹਾਂ ਕਿਹਾ ਕਿ ਜਿਥੇ ਪੰਜਾਬ ਦੇ ਬਾਕੀ ਸਾਂਸਦਾਂ ਨੇ ਇਕਜੁੱਟ ਹੋ ਕੇ ਕੇਂਦਰੀ ਗ੍ਰਹਿ ਮੰਤਰੀ ਨੂੰ ਚਿੱਠੀ ਲਿਖ ਕੇ ਸੀ.ਬੀ.ਆਈ. ਜਾਂਚ ਦੀ ਮੰਗ ਕੀਤੀ, ਉੱਥੇ ਹੀ ਰਾਜਾ ਵੜਿੰਗ ਨੇ ਆਪਣੇ ਹਸਤਾਖਰ ਕਰਨ ਤੋਂ ਵੀ ਨਾਂਹ ਕਰ ਦਿੱਤੀ ਹੈ।

# ਅੱਜ ਵੋਟ ਪਾਉਣ ਦਾ ਅਧਿਕਾਰ ਖੋਹਿਆ ਜਾ ਰਿਹੈ ਅਤੇ ਅਗਲੀ ਵਾਰ ਨਾਗਰਿਕਤਾ ਖੋਹ ਲੈਣਗੇ: ਮਮਤਾ

ਮੈਨਾਗੁਰੀ , 25 ਮਾਰਚ (ਚ.ਨ.ਸ.): ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਬੁੱਧਵਾਰ ਨੂੰ ਭਾਰਤੀ ਜਨਤਾ ਪਾਰਟੀ (ਭਾਜਪਾ), ਕੇਂਦਰ ਸਰਕਾਰ ਅਤੇ ਚੋਣ ਕਮਿਸ਼ਨ 'ਤੇ ਤਿੱਖਾ ਹਮਲਾ ਕਰਦੇ ਹੋਏ ਉਨ੍ਹਾਂ 'ਤੇ ਸੰਵਿਧਾਨਕ ਸੰਸਥਾਵਾਂ ਦੀ ਦੁਰਵਰਤੋਂ ਕਰਕੇ ਲੋਕਤੰਤਰ ਨੂੰ ਕਮਜ਼ੋਰ ਕਰਨ ਦਾ ਦੋਸ਼ ਲਗਾਇਆ। ਉੱਤਰੀ ਬੰਗਾਲ ਦੇ ਮੈਨਾਗੁਰੀ ਵਿੱਚ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਬੈਨਰਜੀ ਨੇ ਦੋਸ਼ ਲਾਇਆ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਅਤੇ ਚੋਣ ਕਮਿਸ਼ਨ 'ਵੋਟ ਪਾਉਣ ਦਾ ਅਧਿਕਾਰ ਖੋਹ ਰਹੇ ਹਨ।'



ਉਨ੍ਹਾਂ ਚੇਤਾਵਨੀ ਦਿੱਤੀ ਕਿ ਅਗਲਾ ਕਦਮ ਰਾਸ਼ਟਰੀ ਨਾਗਰਿਕ ਰਜਿਸਟਰ (ਐਨਆਰਸੀ) ਲਾਗੂ ਕਰਕੇ ਨਾਗਰਿਕਤਾ ਖੋਹਣ ਦੀ ਕੋਸ਼ਿਸ਼ ਹੋ ਸਕਦੀ ਹੈ। ਬੈਨਰਜੀ ਨੇ ਇਹ ਵੀ ਦੋਸ਼ ਲਗਾਇਆ ਕਿ ਵੋਟਰ ਸੂਚੀਆਂ ਦੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਰਾਹੀਂ ਕੁਝ ਭਾਈਚਾਰਿਆਂ ਨੂੰ ਚੋਣ ਪ੍ਰਕਿਰਿਆਵਾਂ ਤੋਂ ਬਾਹਰ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ, ਰਾਜਬੰਸ਼ੀਆਂ ਦੇ ਨਾਮ ਐਸਆਈਆਰ ਰਾਹੀਂ ਹਟਾ ਦਿੱਤੇ ਗਏ ਹਨ। ਔਰਤਾਂ ਦੇ ਨਾਮ ਵੀ ਹਟਾਏ ਜਾ ਰਹੇ ਹਨ। ਜੇਕਰ ਐਸਆਈਆਰ ਕਾਰਨ ਮੌਤਾਂ ਹੁੰਦੀਆਂ ਹਨ, ਤਾਂ ਜ਼ਿੰਮੇਵਾਰੀ ਕੌਣ ਲਵੇਗਾ?

ਤ੍ਰਿਣਮੂਲ ਕਾਂਗਰਸ ਮੁਖੀ ਨੇ ਕਿਹਾ, 'ਚੋਣ ਕਮਿਸ਼ਨ, ਭਾਜਪਾ ਅਤੇ ਕੇਂਦਰ ਸਰਕਾਰ ਸੰਵਿਧਾਨ ਦੀ ਪਾਲਣਾ ਨਹੀਂ ਕਰ ਰਹੇ ਹਨ ਅਤੇ ਵੋਟ ਪਾਉਣ ਦੇ ਅਧਿਕਾਰ ਨੂੰ ਖੋਹਣ ਦੀ ਕੋਸ਼ਿਸ਼ ਕਰ ਰਹੇ ਹਨ। ਅੱਜ ਉਹ ਵੋਟ ਪਾਉਣ ਦੇ ਅਧਿਕਾਰ ਨੂੰ ਖੋਹ ਰਹੇ ਹਨ; ਕੱਲ੍ਹ ਉਹ ਰਾਸ਼ਟਰੀ ਨਾਗਰਿਕ ਰਜਿਸਟਰ (ਐਨਆਰਸੀ) ਲਿਆ ਕੇ ਨਾਗਰਿਕਤਾ ਖੋਹ ਲੈਣਗੇ।' ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਨਾਮ ਲਏ ਬਿਨਾਂ ਬੈਨਰਜੀ ਨੇ ਰੈਲੀ ਵਿੱਚ ਮੌਜੂਦ ਲੋਕਾਂ ਨੂੰ ਇੱਥੇ ਮੌਜੂਦ ਸੱਜਣ ਅਤੇ ਦਿੱਲੀ ਦੇ ਦੋ ਸੱਜਣਾਂ ਨੂੰ ਅਲਵਿਦਾ ਕਹਿਣ' ਦੀ ਅਪੀਲ ਕੀਤੀ।

ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਸੱਤਾਧਾਰੀ ਤ੍ਰਿਣਮੂਲ ਕਾਂਗਰਸ ਨੂੰ ਉਸਦੇ ਅਧਿਕਾਰਾਂ ਤੋਂ ਵਾਂਝਾ ਕੀਤਾ ਜਾ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਤ੍ਰਿਣਮੂਲ ਕਾਂਗਰਸ ਦੀ ਸਭ ਤੋਂ ਵੱਡੀ ਤਾਕਤ ਸੂਬੇ ਦੇ ਲੋਕ ਹਨ। ਭਾਜਪਾ ਅਤੇ ਚੋਣ ਕਮਿਸ਼ਨ 'ਤੇ ਮਿਲੀਭੁਗਤ ਦਾ ਦੋਸ਼ ਲਗਾਉਂਦੇ ਹੋਏ, ਉਸਨੇ ਕਿਹਾ, 'ਉਨ੍ਹਾਂ ਨੇ ਸਾਡੇ ਤੋਂ ਸਭ ਕੁਝ ਖੋਹ ਲਿਆ ਹੈ। ਹੁਣ, ਮੇਰੇ ਕੋਲ ਸਿਰਫ਼ ਸਾਡੇ ਲੋਕ ਹਨ।' ਬੈਨਰਜੀ ਨੇ ਛੇ ਸਾਲ ਪੁਰਾਣੇ ਚੋਣ ਕਮਿਸ਼ਨ ਦੇ ਦਸਤਾਵੇਜ਼ ਦਾ ਹਵਾਲਾ ਦਿੰਦੇ ਉੱਤਰੀ ਬੰਗਾਲ ਲਈ ਰਵਾਨਾ ਹੋਣ ਤੋਂ ਪਹਿਲਾਂ ਕੋਲਕਾਤਾ ਹਵਾਈ ਅੱਡੇ 'ਤੇ ਇਸੇ ਤਰ੍ਹਾਂ ਦੇ ਦੋਸ਼ ਲਗਾਏ ਸਨ। ਇਸ ਦਸਤਾਵੇਜ਼ ਵਿੱਚ ਕਥਿਤ ਤੌਰ 'ਤੇ ਭਾਜਪਾ ਦਾ ਕਮਲ ਚਿੰਨ੍ਹ ਦਿਖਾਇਆ ਗਿਆ ਸੀ।

ਉਸਨੇ ਕਿਹਾ, 'ਤੁਸੀਂ ਚੋਰੀ ਕਿਉਂ ਖੇਡ ਰਹੇ ਹੋ? ਖੁੱਲ੍ਹ ਕੇ ਸਾਹਮਣੇ ਆਓ ਅਤੇ ਲੜੋ।' ਬੈਨਰਜੀ ਨੇ ਕਿਹਾ ਕਿ ਉਨ੍ਹਾਂ ਨੇ ਆਪਣੀ ਪਾਰਟੀ ਦੇ ਉਮੀਦਵਾਰਾਂ ਨੂੰ ਨਾਮਜ਼ਦਗੀ ਪੱਤਰ ਦਾਖਲ ਕਰਦੇ ਸਮੇਂ ਵਕੀਲਾਂ ਨੂੰ ਆਪਣੇ ਨਾਲ ਲੈ ਜਾਣ ਲਈ ਕਿਹਾ ਹੈ। ਦੋਸ਼ ਲਾਇਆ ਕਿ ਭਾਜਪਾ ਸ਼ਾਸਿਤ ਅਸਾਮ ਵਿੱਚ ਨਾਮਜ਼ਦਗੀਆਂ ਰੱਦ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਮੈਂ ਆਪਣੇ ਉਮੀਦਵਾਰਾਂ ਨੂੰ ਨਾਮਜ਼ਦਗੀਆਂ ਦਾਖਲ ਕਰਦੇ ਸਮੇਂ ਵਕੀਲਾਂ ਨੂੰ ਆਪਣੇ ਨਾਲ ਲੈ ਜਾਣ ਲਈ ਕਹਾਂਗਾ। ਅਸਾਮ ਵਿੱਚ ਬਹੁਤ ਸਾਰੀਆਂ ਨਾਮਜ਼ਦਗੀਆਂ ਰੱਦ ਕਰ ਦਿੱਤੀਆਂ ਗਈਆਂ ਹਨ। ਮੈਨੂੰ ਭਾਜਪਾ ਅਤੇ ਚੋਣ ਕਮਿਸ਼ਨ 'ਤੇ ਭਰੋਸਾ ਨਹੀਂ ਹੈ।

# 'ਆਪ' ਸਰਕਾਰ ਦੋਸ਼ਾਂ 'ਤੇ ਤੇਜ਼ੀ ਨਾਲ ਕਾਰਵਾਈ ਕਰਦੀ ਹੈ : ਅਮਨ ਅਰੋੜਾ

ਚੰਡੀਗੜ੍ਹ, 25 ਮਾਰਚ (ਚ.ਨ.ਸ.) : ਜਵਾਬਦੇਹੀ ਵਾਲੇ ਸ਼ਾਸਨ ਅਤੇ ਸਿਆਸੀ ਸਰਪ੍ਰਸਤੀ ਦੇ ਸੱਭਿਆਚਾਰ ਵਿਚਕਾਰ ਇੱਕ ਸਪੱਸ਼ਟ ਲਕੀਰ ਖਿੱਚਦਿਆਂ, ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਨੇ ਲਾਲਜੀਤ ਭੁੱਲਰ ਨੂੰ ਤੁਰੰਤ ਹਟਾਉਣ ਅਤੇ ਗ੍ਰਿਫ਼ਤਾਰ ਕਰਨ ਸਮੇਤ ਗਲਤ ਕੰਮਾਂ ਵਿਰੁੱਧ ਤੇਜ਼ੀ ਅਤੇ ਦ੍ਰਿੜਤਾ ਨਾਲ ਕਾਰਵਾਈ ਕਰਕੇ ਇੱਕ ਨਵਾਂ ਮਾਪਦੰਡ ਸਥਾਪਿਤ ਕੀਤਾ ਹੈ।

'ਆਪ' ਪੰਜਾਬ ਦੇ ਸੂਬਾ ਪ੍ਰਧਾਨ ਨੇ ਰੇਖਾਂਕਿਤ ਕੀਤਾ ਕਿ ਜਿੱਥੇ 'ਆਪ' ਸਰਕਾਰ ਵਿੱਚ ਆਪਣੇ ਹੀ ਲੋਕਾਂ ਵਿਰੁੱਧ ਕਾਰਵਾਈ ਕਰਨ ਅਤੇ ਸੱਚਾਈ ਨੂੰ ਬਰਕਰਾਰ ਰੱਖਣ ਦੀ ਹਿੰਮਤ ਹੈ, ਉੱਥੇ ਹੀ ਭਾਜਪਾ ਦੀ ਅਗਵਾਈ ਵਾਲੀ ਹਰਿਆਣਾ ਸਰਕਾਰ ਏਡੀਜੀਪੀ ਦੀ ਦੁਖਦਾਈ ਖੁਦਕੁਸ਼ੀ ਦੇ ਮਾਮਲੇ ਵਿੱਚ ਮੁਲਜ਼ਮਾਂ ਨੂੰ ਬਚਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਕਾਂਗਰਸ ਅਤੇ ਅਕਾਲੀ ਦਲ ਦੀਆਂ ਸਰਕਾਰਾਂ ਰਵਾਇਤੀ ਤੌਰ 'ਤੇ ਬਿਨਾਂ ਕਿਸੇ ਜਾਂਚ ਦੇ ਕਲੀਨ ਚਿੱਟਾਂ ਵੰਡਦੀਆਂ ਸਨ।



ਮੀਡੀਆ ਦੇ ਇੱਕ ਸਵਾਲ ਦਾ ਜਵਾਬ ਦਿੰਦਿਆਂ ਅਮਨ ਅਰੋੜਾ ਨੇ ਪਾਰਦਰਸ਼ਤਾ ਅਤੇ ਜਵਾਬਦੇਹੀ ਪ੍ਰਤੀ 'ਆਪ' ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਕਿਹਾ ਕਿ ਗਲਤ ਕੰਮਾਂ ਵਿਰੁੱਧ ਤੁਰੰਤ ਕਾਰਵਾਈ ਕਰਕੇ ਸਰਕਾਰ ਨੇ ਆਪਣੀ ਨੀਅਤ ਸਪੱਸ਼ਟ ਕਰ ਦਿੱਤੀ ਹੈ।

ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਨੀਅਤ ਦੀ ਸਪੱਸ਼ਟਤਾ ਹਰ ਕੋਈ ਦੇਖ ਸਕਦਾ ਹੈ। ਸਾਡੀ ਸਰਕਾਰ ਦੋਸ਼ਾਂ 'ਤੇ ਤੁਰੰਤ ਕਾਰਵਾਈ ਕਰਦੀ ਹੈ। ਲਾਲਜੀਤ ਭੁੱਲਰ ਨੂੰ ਤੁਰੰਤ ਹਟਾਇਆ ਗਿਆ ਅਤੇ ਗ੍ਰਿਫ਼ਤਾਰ ਕੀਤਾ ਗਿਆ। ਅਸੀਂ ਜਵਾਬਦੇਹੀ ਲਈ ਵਚਨਬੱਧ ਹਾਂ। ਇਸ ਦੇ ਉਲਟ, ਭਾਜਪਾ ਦੀ ਅਗਵਾਈ ਵਾਲੀ ਹਰਿਆਣਾ ਸਰਕਾਰ ਏਡੀਜੀਪੀ ਦੀ ਦੁਖਦਾਈ ਖੁਦਕੁਸ਼ੀ ਦੇ ਮੁਲਜ਼ਮਾਂ ਨੂੰ ਸ਼ਹਿ ਦੇ ਰਹੀ ਹੈ।

ਪਿਛਲੀਆਂ ਸਰਕਾਰਾਂ ਨਾਲ ਤਿੱਖਾ ਵਿਰੋਧ ਪ੍ਰਗਟ ਕਰਦਿਆਂ ਅਮਨ ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ 'ਆਪ' ਸਰਕਾਰ ਸੱਤਾ ਵਿੱਚ ਬੈਠੇ ਲੋਕਾਂ ਨੂੰ ਬਚਾਉਣ ਦੇ ਪੁਰਾਣੇ ਸੱਭਿਆਚਾਰ ਦੀ ਪਾਲਣਾ ਨਹੀਂ ਕਰਦੀ, ਸਗੋਂ ਸੱਚ ਅਤੇ ਜਵਾਬਦੇਹੀ ਨੂੰ ਸਰਵਉੱਚ ਰੱਖਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਤੁਸੀਂ ਕਾਂਗਰਸ ਅਤੇ ਅਕਾਲੀ ਦਲ ਦੇ ਸ਼ਾਸਨ ਨੂੰ ਦੇਖੋ, ਤਾਂ ਉਨ੍ਹਾਂ ਦੇ ਨੇਤਾਵਾਂ ਨੂੰ ਗੰਭੀਰ ਦੋਸ਼ਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਪਰ ਬਿਨਾਂ ਕਿਸੇ ਜਾਂਚ ਦੇ ਮਿੰਟਾਂ ਵਿੱਚ ਹੀ ਕਲੀਨ ਚਿੱਟ ਮਿਲ ਜਾਂਦੀ ਸੀ। 'ਆਪ' ਸਰਕਾਰ ਵੱਖਰੀ ਹੈ। ਸਾਡੇ ਵਿੱਚ ਸੱਚ ਬੋਲਣ, ਗਲਤੀ ਨੂੰ ਸਵੀਕਾਰ ਕਰਨ ਦੀ ਹਿੰਮਤ ਹੈ ਅਤੇ ਅਸੀਂ ਆਪਣੇ ਬੰਦਿਆਂ ਨੂੰ ਵੀ ਨਹੀਂ ਬਚਾਉਂਦੇ।

## ਪਹਿਲੇ ਸਫ਼ੇ ਦੀ ਬਾਕੀ

### ਸੋਨੀਆ ਗਾਂਧੀ ਨੂੰ ਸਿਹਤ ਵਿਗੜਨ ਕਾਰਨ ਹਸਪਤਾਲ

ਜਨਵਰੀ, 2026 ਵਿੱਚ ਵੀ ਉਨ੍ਹਾਂ ਨੂੰ ਲੱਗਭੱਗ 6 ਦਿਨਾਂ ਲਈ ਇਸੇ ਹਸਪਤਾਲ ਵਿੱਚ ਦਾਖਲ ਕਰਵਾਉਣਾ ਪਿਆ ਸੀ। ਉਸ ਸਮੇਂ ਡਾਕਟਰਾਂ ਨੇ ਦੱਸਿਆ ਸੀ ਕਿ ਛਾਤੀ ਵਿੱਚ ਇਨਫੈਕਸ਼ਨ ਕਾਰਨ ਉਨ੍ਹਾਂ ਨੂੰ ਬ੍ਰੌਨਕਿਅਲ ਅਸਥਮਾ ਦੀ ਸਮੱਸਿਆ ਵੱਧ ਗਈ ਸੀ। ਉਹ 6 ਜਨਵਰੀ ਤੋਂ 11 ਜਨਵਰੀ ਤੱਕ ਹਸਪਤਾਲ ਵਿੱਚ ਇਲਾਜ ਅਧੀਨ ਰਹੇ ਸਨ। ਫਿਲਹਾਲ ਡਾਕਟਰਾਂ ਵੱਲੋਂ ਉਨ੍ਹਾਂ ਦੀ ਸਿਹਤ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ।

### ਪੰਜਾਬ ਵਿੱਚ ਕੁਝ ਥਾਵਾਂ 'ਤੇ

ਦਰਜ ਕੀਤਾ ਗਿਆ ਜਿਸ ਤੋਂ ਸਾਫ ਹੈ ਕਿ ਪੂਰੇ ਸੂਬੇ ਵਿਚ ਗਰਮੀ ਦਾ ਅਸਰ ਬਣਿਆ ਹੋਇਆ ਹੈ। 26 ਮਾਰਚ ਨੂੰ ਨਵੀਂ ਪੱਛਮੀ ਗੜਬੜੀ ਭਾਰਤ ਨੂੰ ਪ੍ਰਭਾਵਿਤ ਕਰੇਗੀ ਤੇ ਇਸ ਦੇ ਬਾਅਦ 28 ਮਾਰਚ ਦੀ ਰਾਤ ਤੋਂ ਦੂਜਾ ਸਿਸਟਮ ਸਰਗਰਮ ਹੋ ਜਾਵੇਗਾ। ਇਸ ਕਰਕੇ ਮੀਂਹ ਤੇ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਤਾਪਮਾਨ ਵਿਚ ਵੀ ਥੋੜ੍ਹੀ ਗਿਰਾਵਟ ਦੇਖਣ ਨੂੰ ਮਿਲ ਸਕਦੀ ਹੈ। ਮੌਸਮ ਵਿਭਾਗ ਦੇ ਡਾਇਰੈਕਟਰ ਸੁਰਿੰਦਰ ਪਾਲ ਮੁਤਾਬਕ 25, 26 ਤੇ 28 ਤਰੀਕ ਨੂੰ ਸੂਬੇ ਵਿਚ ਕੁਝ ਥਾਵਾਂ 'ਤੇ ਹਲਕਾ ਮੀਂਹ ਪੈ ਸਕਦਾ ਹੈ। 29 ਤੇ 30 ਤਰੀਕ ਨੂੰ ਵੀ ਕੁਝ ਥਾਵਾਂ 'ਤੇ ਮੀਂਹ ਪਵੇਗਾ। ਜਦੋਂ ਕਿ ਅਗਲੇ 3 ਦਿਨਾਂ ਵਿਚ ਅਧਿਕਤਮ ਤਾਪਮਾਨ ਵਿਚ 3 ਤੋਂ 4 ਡਿਗਰੀ ਸੈਲਸੀਅਸ ਦਾ ਵਾਧਾ ਹੋਵੇਗਾ ਤੇ ਉਸ ਦੇ ਬਾਅਦ ਗਿਰਾਵਟ ਆਏਗੀ।

### ਟਰੰਪ ਦੇ ਕਹਿਣ 'ਤੇ ਈਰਾਨ ਨੂੰ ਮਨਾਉਣ

ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਕਿਹਾ ਕਿ ਤਹਿਰਾਨ ਕੂਟਨੀਤਕ ਕਦਮ ਚੁੱਕਣ 'ਤੇ ਵਿਚਾਰ ਕਰ ਸਕਦਾ ਹੈ, ਹਾਲਾਂਕਿ ਉਸ ਨੇ ਜਨਤਕ ਤੌਰ 'ਤੇ ਜ਼ੋਰ ਦਿੱਤਾ ਹੈ ਕਿ ਕੋਈ ਗੱਲਬਾਤ ਨਹੀਂ ਹੋ ਰਹੀ ਹੈ ਅਤੇ ਉਹ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪ੍ਰਸ਼ਾਸਨ ਨਾਲ ਕੋਈ ਸੌਦਾ ਨਹੀਂ ਕਰੇਗਾ। ਸੂਤਰ ਨੇ ਕਿਹਾ ਕਿ ਤੁਰਕੀ ਨੇ ਵੀ ਯੁੱਧ ਖਤਮ ਕਰਨ ਵਿੱਚ ਮਦਦ ਕੀਤੀ ਹੈ ਅਤੇ ਈਰਾਨ ਨੂੰ ਅਜਿਹੀ ਗੱਲਬਾਤ ਲਈ ਤੁਰਕੀ ਜਾਂ ਪਾਕਿਸਤਾਨ ਵਿੱਚੋਂ ਕਿਸੇ ਇੱਕ ਨੂੰ ਇੱਕ ਸਥਾਨ ਵਜੋਂ ਵਿਚਾਰਨ ਦਾ ਪ੍ਰਸਤਾਵ ਦਿੱਤਾ ਹੈ।

**ਈਰਾਨ ਨੂੰ ਅਮਰੀਕਾ ਦਾ 15-ਨੁਕਾਤੀ ਜੰਗਬੰਦੀ ਪ੍ਰਸਤਾਵ ਮਿਲਿਆ: ਪਾਕਿ ਅਧਿਕਾਰੀ**

ਦੋ ਪਾਕਿਸਤਾਨੀ ਅਧਿਕਾਰੀਆਂ ਨੇ ਬੁੱਧਵਾਰ ਨੂੰ ਕਿਹਾ ਕਿ ਈਰਾਨ ਨੂੰ ਅਮਰੀਕਾ ਤੋਂ 15-ਨੁਕਾਤੀ ਜੰਗਬੰਦੀ ਪ੍ਰਸਤਾਵ ਮਿਲਿਆ ਹੈ। ਪਾਕਿਸਤਾਨੀ ਅਧਿਕਾਰੀਆਂ ਨੇ ਇਸ ਪ੍ਰਸਤਾਵ ਨੂੰ ਵਿਆਪਕ ਦੱਸਿਆ, ਜਿਸ ਵਿੱਚ ਪਾਬੰਦੀਆਂ ਤੋਂ ਰਾਹਤ, ਸਿਵਲੀਅਨ ਪ੍ਰਮਾਣੂ ਸਹਿਯੋਗ, ਈਰਾਨ ਦੇ ਪ੍ਰਮਾਣੂ ਪ੍ਰੋਗਰਾਮ 'ਤੇ ਰੋਕ, ਅੰਤਰਰਾਸ਼ਟਰੀ ਪਰਮਾਣੂ ਊਰਜਾ ਏਜੰਸੀ ਦੁਆਰਾ ਨਿਗਰਾਨੀ, ਅਤੇ ਫਾਰਸ ਦੀ ਖਾੜੀ ਦੇ ਇੱਕ ਤੰਗ ਮੂੰਹ, ਹੋਰਮੁਜ਼ ਜਲਡਮਰੂ ਵਿੱਚੋਂ ਜਹਾਜ਼ਾਂ ਦਾ ਲੰਘਣਾ ਸ਼ਾਮਲ ਹੈ। ਅਧਿਕਾਰੀਆਂ ਨੇ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਗੱਲ ਕੀਤੀ ਕਿਉਂਕਿ ਉਨ੍ਹਾਂ ਨੂੰ ਇਨ੍ਹਾਂ ਵੇਰਵਿਆਂ ਦਾ ਖੁਲਾਸਾ ਕਰਨ ਦਾ ਅਧਿਕਾਰ ਨਹੀਂ ਸੀ। ਈਰਾਨ ਦਾ ਕਹਿਣਾ ਹੈ ਕਿ ਉਹ ਸੰਯੁਕਤ ਰਾਜ ਅਮਰੀਕਾ ਨਾਲ ਕਿਸੇ ਵੀ ਗੱਲਬਾਤ ਵਿੱਚ ਸ਼ਾਮਲ ਨਹੀਂ ਹੈ, ਅਤੇ ਬੁੱਧਵਾਰ ਨੂੰ ਇੱਕ ਫੌਜੀ ਬੁਲਾਰੇ ਨੇ ਅਮਰੀਕੀ ਕੂਟਨੀਤਕ ਯਤਨਾਂ ਦਾ ਮਜ਼ਾਕ ਉਡਾਇਆ।

### ਈਰਾਨ ਨੇ ਅਮਰੀਕਾ ਦੇ ਏਅਰਕ੍ਰਾਫ਼ਟ ਕੈਰੀਅਰ ਅਬਰਾਹਿਮ

ਯੂ.ਐਸ.ਐਸ. ਅਬ੍ਰਾਹਮ ਲਿੰਕਨ ਨੂੰ ਨਿਸ਼ਾਨਾ ਬਣਾਇਆ ਅਤੇ ਇਸ ਨੂੰ ਆਪਣੀ ਸਥਿਤੀ ਬਦਲਣ ਲਈ ਮਜਬੂਰ ਕੀਤਾ।' ਇਸ ਬਿਆਨ ਵਿੱਚ, ਜਲ ਸੈਨਾ ਮੁਖੀ ਸ਼ਾਹਰਾਮ ਈਰਾਨੀ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਇਸ ਜਹਾਜ਼ ਵਾਹਕ ਦੀਆਂ ਗਤੀਵਿਧੀਆਂ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਅਤੇ ਜਿਵੇਂ ਹੀ ਇਹ ਦੁਸ਼ਮਣ ਬੇੜਾ ਸਾਡੇ ਮਿਜ਼ਾਈਲ ਸਿਸਟਮ ਦੀ ਰੇਂਜ ਵਿੱਚ ਆਵੇਗਾ, ਈਰਾਨੀ ਜਲ ਸੈਨਾ ਵੱਲੋਂ ਇਸ 'ਤੇ ਜ਼ੋਰਦਾਰ ਹਮਲੇ ਕੀਤੇ ਜਾਣਗੇ। ਅੱਜ ਮੱਧ ਪੂਰਬ ਵਿੱਚ ਚੱਲ ਰਹੀ ਜੰਗ ਦਾ 26ਵਾਂ ਦਿਨ ਹੈ।

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਦਾਅਵਾ ਹੈ ਕਿ ਉਹ ਈਰਾਨ ਨਾਲ ਜੰਗ ਬਾਰੇ ਗੱਲਬਾਤ ਕਰ ਰਹੇ ਹਨ। ਹਾਲਾਂਕਿ, ਸੀਨੀਅਰ ਈਰਾਨੀ ਅਧਿਕਾਰੀ ਟਰੰਪ ਦੇ ਦਾਅਵਿਆਂ ਨੂੰ ਨਕਾਰ ਰਹੇ ਹਨ। ਰੱਖਿਆ ਵਿਭਾਗ ਦੇ ਦੋ ਅਧਿਕਾਰੀਆਂ ਨੇ ਮੰਗਲਵਾਰ ਨੂੰ ਕਿਹਾ ਕਿ ਪੈਂਟਾਗਨ ਨੇ ਅਮਰੀਕੀ ਫੌਜ ਦੇ 82ਵੇਂ ਏਅਰਬੋਰਨ ਡਿਵੀਜ਼ਨ ਦੇ ਲਗਭਗ 2,000 ਸੈਨਿਕਾਂ ਨੂੰ ਮੱਧ ਪੂਰਬ ਲਈ ਰਵਾਨਾ ਕਰਨ ਦਾ ਆਦੇਸ਼ ਦਿੱਤਾ ਹੈ, ਇਹ ਕਦਮ ਰਾਸ਼ਟਰਪਤੀ ਟਰੰਪ ਨੂੰ ਵਾਧੂ ਫੌਜੀ ਵਿਕਲਪ ਦੇਣ ਲਈ ਤਿਆਰ ਕੀਤਾ ਗਿਆ ਹੈ ਜਦੋਂ ਕਿ ਉਹ ਈਰਾਨ ਨਾਲ ਇੱਕ ਨਵੀਂ ਕੂਟਨੀਤਕ ਪਹਿਲਕਦਮੀ 'ਤੇ ਵੀ ਵਿਚਾਰ ਕਰ ਰਹੇ ਹਨ। ਇਹ ਸਿਪਾਹੀ ਡਿਵੀਜ਼ਨ ਦੇ ਤੁਰੰਤ ਜਵਾਬ ਬਲ ਦਾ ਹਿੱਸਾ ਹਨ, ਜਿਸ ਵਿੱਚ ਲਗਭਗ 3,000 ਸਿਪਾਹੀ ਹਨ ਅਤੇ 18 ਘੰਟਿਆਂ ਦੇ ਅੰਦਰ ਦੁਨੀਆ ਦੇ ਕਿਸੇ ਵੀ ਹਿੱਸੇ ਵਿੱਚ ਤਾਇਨਾਤ ਹੋ ਸਕਦੇ ਹਨ। ਇਸ ਟੀਮ ਵਿੱਚ ਡਿਵੀਜ਼ਨ ਦੇ ਕਮਾਂਡਰ, ਮੇਜਰ ਜਨਰਲ ਬ੍ਰੈਂਡਨ ਆਰ. ਟੇਗਟਮੀਅਰ, ਉਨ੍ਹਾਂ ਦੇ ਕਈ ਸਟਾਫ ਮੈਂਬਰ ਅਤੇ ਦੋ ਬਟਾਲੀਅਨ ਸ਼ਾਮਲ ਹਨ, ਹਰੇਕ ਵਿੱਚ ਲਗਭਗ 800 ਸਿਪਾਹੀ ਹਨ। ਅਧਿਕਾਰੀਆਂ ਨੇ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਬ੍ਰਿਗੇਡ ਤੋਂ ਹੋਰ ਸੈਨਿਕ ਭੇਜੇ ਜਾ ਸਕਦੇ ਹਨ। ਲਗਭਗ 4,500 ਮਰੀਨ ਪਹਿਲਾਂ ਹੀ ਇਸ ਖੇਤਰ ਲਈ ਰਵਾਨਾ ਹੋ ਚੁੱਕੇ ਹਨ।

### ਦੇਸ਼ ਨੂੰ ਮਿਲਣਗੇ 100 ਨਵੇਂ ਹਵਾਈ ਅੱਡੇ

ਹੈਲੀਪੈਡ ਬਣਾਉਣ ਦਾ ਵੀ ਫੈਸਲਾ ਕੀਤਾ ਹੈ। ਜਿੱਥੇ ਸੜਕਾਂ ਬਣਾਉਣਾ ਮੁਸ਼ਕਲ ਹੈ, ਉੱਥੇ ਹੈਲੀਕਾਪਟਰਾਂ ਨੂੰ ਆਵਾਜਾਈ ਦਾ ਮੁੱਖ ਜ਼ਰੀਆ ਬਣਾਇਆ ਜਾਵੇਗਾ। ਇਸ ਪ੍ਰੋਜੈਕਟ ਲਈ 3,661 ਕਰੋੜ ਰੁਪਏ ਖਰਚ ਕੀਤੇ ਜਾਣਗੇ।

'ਮੇਕ ਇਨ ਇੰਡੀਆ' ਨੂੰ ਹੁਲਾਰਾ ਅਤੇ ਡਿਜੀਟਲ ਸਹੂਲਤਾਂ

ਇਸ ਬੈਠਕ ਵਿੱਚ ਭਾਰਤ ਵਿੱਚ ਬਣੇ ਜਹਾਜ਼ਾਂ ਨੂੰ ਉਤਸ਼ਾਹਿਤ ਕਰਨ ਲਈ 400 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ ਤਾਂ ਜੋ ਨਵੇਂ ਜਹਾਜ਼ ਖਰੀਦੇ ਜਾ ਸਕਣ। ਯਾਤਰਾ ਨੂੰ ਹੋਰ ਆਸਾਨ ਬਣਾਉਣ ਲਈ ਆਈਵੀਐ ਫਆਰਟੀਡਿਜੀਟਲ ਪ੍ਰਕਿਰਿਆ ਵਿੱਚ 32 ਨਵੇਂ ਸੁਧਾਰ ਜੋੜੇ ਗਏ ਹਨ, ਜੋ 'ਈਜ਼ ਆਫ ਟ੍ਰੈਵਲ' ਨੂੰ ਯਕੀਨੀ ਬਣਾਉਣਗੇ।

### ਸਵਾਮੀ ਅਵੀਮੁਕਤੇਸ਼ਵਰਾਨੰਦ ਦੀ ਅਗਾਊਂ ਜ਼ਮਾਨਤ ਪਟੀਸ਼ਨ ਮਨਜ਼ੂਰ

ਦਾ ਦਰਵਾਜ਼ਾ ਖੜਕਾਇਆ ਸੀ। ਸਵਾਮੀ ਅਵੀਮੁਕਤੇਸ਼ਵਰਾਨੰਦ ਵਿਰੁੱਧ ਸਵਾਮੀ ਰਾਮਭਦਰਾਚਾਰੀਆ ਦੇ ਚੇਲੇ ਆਸ਼ੂਤੋਸ਼ ਬ੍ਰਹਮਚਾਰੀ ਅਤੇ ਇੱਕ ਨਾਬਾਲਗ ਸਮੇਤ ਦੋ ਹੋਰ ਲੋਕਾਂ ਨੇ ਸ਼ਿਕਾਇਤ ਦਰਜ ਕਰਵਾਈ ਸੀ। ਦਰਜ ਐਫ.ਆਈ.ਆਰ. ਅਨੁਸਾਰ, ਦੋਸ਼ੀਆਂ 'ਤੇ ਗੁਰੂਕੁਲ ਅਤੇ ਮਾਘ ਮੇਲੇ ਵਰਗੀਆਂ ਧਾਰਮਿਕ ਸਭਾਵਾਂ ਦੌਰਾਨ ਜਿਨਸੀ ਸ਼ੋਸ਼ਣ ਕਰਨ ਦੇ ਗੰਭੀਰ ਦੋਸ਼ ਲਗਾਏ ਗਏ ਸਨ। ਹਾਲਾਂਕਿ, ਰਾਜ ਸਰਕਾਰ ਅਤੇ ਸ਼ਿਕਾਇਤਕਰਤਾ ਦੇ ਵਕੀਲਾਂ ਨੇ ਇਸ ਜ਼ਮਾਨਤ ਅਰਜ਼ੀ ਦਾ ਸਖ਼ਤ ਵਿਰੋਧ ਕੀਤਾ ਸੀ। ਸਵਾਮੀ ਅਵੀਮੁਕਤੇਸ਼ਵਰਾਨੰਦ ਨੇ ਇਨ੍ਹਾਂ ਸਾਰੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਇਸ ਨੂੰ ਇੱਕ 'ਫਰਜ਼ੀ ਮਾਮਲਾ' ਦੱਸਿਆ ਹੈ। ਉਨ੍ਹਾਂ ਅਦਾਲਤ ਵਿੱਚ ਕਿਹਾ ਕਿ ਸਬੰਧਤ ਬੱਚਾ ਕਦੇ ਵੀ ਉਨ੍ਹਾਂ ਦੇ ਮੱਠ ਵਿੱਚ ਨਹੀਂ ਰਿਹਾ। ਇਸ ਤੋਂ ਇਲਾਵਾ ਉਨ੍ਹਾਂ ਨੇ ਪੁਲਿਸ ਪ੍ਰਸ਼ਾਸਨ 'ਤੇ ਸਾਜ਼ਿਸ਼ ਰਚਣ ਦੇ ਦੋਸ਼ ਲਗਾਉਂਦਿਆਂ ਇੱਕ ਤਸਵੀਰ ਵੀ ਜਾਰੀ ਕੀਤੀ ਸੀ, ਜਿਸ ਵਿੱਚ ਪ੍ਰਯਾਗਰਾਜ ਦਾ ਇੱਕ ਪੁਲਿਸ ਅਧਿਕਾਰੀ ਸ਼ਿਕਾਇਤਕਰਤਾ ਆਸ਼ੂਤੋਸ਼ ਬ੍ਰਹਮਚਾਰੀ ਨਾਲ ਕੇਕ ਕੱਟਦਾ ਦਿਖਾਈ ਦੇ ਰਿਹਾ ਸੀ। ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਵਿਰੁੱਧ ਇਹ ਸਭ ਇੱਕ ਸਿਆਸੀ ਸਾਜਿਸ਼ ਤਹਿਤ ਕੀਤਾ ਜਾ ਰਿਹਾ ਹੈ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਜ਼ੀਰਕਪੁਰ ਬਾਈਪਾਸ ਲਈ 5,000 ਰੁੱਖਾਂ ਦੀ ਕਟਾਈ ਰੋਕਣ ਦੀ ਮੰਗ; ਹਾਈ ਕੋਰਟ ਵੱਲੋਂ ਨੋਟਿਸ ਜਾਰੀ

ਚੰਡੀਗੜ੍ਹ, 25 ਮਾਰਚ (ਚ.ਨ.ਸ.): ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅੱਜ ਭਾਰਤ ਸਰਕਾਰ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ, ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਅਤੇ ਹੋਰਨਾਂ ਨੂੰ ਨੋਟਿਸ ਜਾਰੀ ਕੀਤਾ ਹੈ। ਅਦਾਲਤ ਇੱਕ ਜਨਹਿਤ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ ਜਿਸ ਵਿੱਚ 'ਪੰਜਾਬ ਦੇ ਜੰਗਲੀ ਖੇਤਰ ਵਿੱਚ ਰੁੱਖਾਂ ਦੀ ਕਟਾਈ, ਪੰਚਕੂਲਾ ਗੋਲਫ ਕੋਰਸ ਦੇ ਰੁੱਖਾਂ ਅਤੇ ਹਰਿਆਣਾ ਦੇ ਪੰਚਕੂਲਾ ਸੈਕਟਰ-1ਏ ਵਿੱਚ ਹਰਿਆਣਾ ਸ਼ਹਿਰੀ ਵਿਕਾਸ ਪ੍ਰਾਧਿਕਰਨ ਅਧੀਨ ਆਉਂਦੇ ਰੁੱਖਾਂ ਦੀ ਕਟਾਈ ਨੂੰ ਰੋਕਣ' ਲਈ ਤੁਰੰਤ ਨਿਆਂਇਕ ਦਖਲ ਦੀ ਮੰਗ ਕੀਤੀ ਗਈ ਹੈ।




ਮੁੱਖ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੰਜੀਵ ਬੇਰੀ ਦੇ ਬੈਂਚ ਨੇ ਸਟੇਅ (ਰੋਕ) ਦੇ ਸਬੰਧ ਵਿੱਚ ਨੋਟਿਸ ਆਫ਼ ਮੋਸ਼ਨ ਵੀ ਜਾਰੀ ਕੀਤਾ ਹੈ ਅਤੇ ਮਾਮਲੇ ਦੀ ਅਗਲੀ ਸੁਣਵਾਈ 1 ਅਪਰੈਲ ਨਿਸ਼ਚਿਤ ਕੀਤੀ ਹੈ। ਸੀਨੀਅਰ ਐਡਵੋਕੇਟ ਆਨੰਦ ਛਿੱਬਰ ਰਾਹੀਂ 21 ਵਿਅਕਤੀਆਂ ਵੱਲੋਂ ਦਾਇਰ ਕੀਤੀ ਗਈ ਇਸ ਜਨਹਿਤ ਪਟੀਸ਼ਨ ਵਿੱਚ—ਹੋਰ ਗੱਲਾਂ ਦੇ ਨਾਲ-ਨਾਲ—ਟ੍ਰਾਈ-ਸਿਟੀ ਦੀ ਆਖਰੀ ਬਚੀ ਹੋਈ ਗ੍ਰੀਨ ਬੈਲਟ ਵਿੱਚੋਂ ਲੰਘਣ ਵਾਲੇ ਇੱਕ ਵੱਡੇ ਹਾਈਵੇਅ ਪ੍ਰੋਜੈਕਟ ਲਈ ਦਿੱਤੀਆਂ ਗਈਆਂ ਜੰਗਲਾਤ ਪ੍ਰਵਾਨਗੀਆਂ ਨੂੰ ਚੁਣੌਤੀ ਦਿੱਤੀ ਗਈ ਹੈ। ਪਟੀਸ਼ਨ ਵਿੱਚ ਰੁੱਖਾਂ ਦੀ ਕਟਾਈ ਰੋਕਣ ਲਈ ਤੁਰੰਤ ਸੁਧਾਰਾਤਮਕ ਕਾਰਵਾਈ ਦੇ ਨਿਰਦੇਸ਼ਾਂ ਦੀ ਮੰਗ ਕੀਤੀ ਗਈ ਹੈ। ਨਾਲ ਹੀ 31 ਜੁਲਾਈ, 2025 ਦੀ 'ਸਟੇਜ-1' ਜੰਗਲਾਤ ਕਲੀਅਰੈਂਸ ਅਤੇ 8 ਜਨਵਰੀ 2026 ਦੀ 'ਸਟੇਜ-2' ਕਲੀਅਰੈਂਸ ਦੇ ਨਾਲ-ਨਾਲ 17.57 ਹੈਕਟੇਅਰ (43.416 ਏਕੜ) ਜੰਗਲਾਤ ਜ਼ਮੀਨ ਦੀ ਵਰਤੋਂ ਬਦਲਣ ਦੀ ਇਜਾਜ਼ਤ ਦੇਣ ਵਾਲੀਆਂ ਸਾਰੀਆਂ ਸਬੰਧਤ ਪ੍ਰਵਾਨਗੀਆਂ ਨੂੰ ਰੱਦ ਕਰਨ ਦੀ ਪ੍ਰਾਰਥਨਾ ਕੀਤੀ ਗਈ ਹੈ। ਪਟੀਸ਼ਨ ਵਿੱਚ ਚੁਣੌਤੀ ਪ੍ਰਸਤਾਵਿਤ 6-ਲੇਨ ਜ਼ੀਰਕਪੁਰ ਬਾਈਪਾਸ/ਐਕਸੈਸ-ਕੰਟਰੋਲਡ ਸਪੁਰ ਕਨੈਕਟੀਵਿਟੀ ਪ੍ਰੋਜੈਕਟ ਦੇ ਨਾਲ ਸਬੰਧਤ ਹੈ—ਜੋ ਕਿ ਟ੍ਰਾਈ-ਸਿਟੀ ਰਿੰਗ ਰੋਡ ਦਾ ਹਿੱਸਾ ਹੈ ਅਤੇ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਵੱਲੋਂ ਚਲਾਇਆ ਜਾ ਰਿਹਾ ਹੈ। ਪਟੀਸ਼ਨਰਾਂ ਨੇ ਦਾਅਵਾ ਕੀਤਾ ਕਿ ਲਗਪਗ 19.2 ਕਿਲੋਮੀਟਰ ਲੰਬਾ ਇਹ ਪ੍ਰੋਜੈਕਟ ਵਾਤਾਵਰਣ ਪੱਖੋਂ ਸੰਵੇਦਨਸ਼ੀਲ ਖੇਤਰਾਂ ਵਿੱਚੋਂ ਲੰਘੇਗਾ, ਜਿਸ ਵਿੱਚ ਪੰਜਾਬ ਦੇ ਜੰਗਲੀ ਹਿੱਸੇ, ਘੱਗਰ ਨਦੀ ਦਾ ਖੇਤਰ, ਪੰਚਕੂਲਾ ਦੇ ਸੰਘਣੇ ਝਾੜੀਆਂ ਵਾਲੇ ਜੰਗਲ, ਸੈਕਟਰ-1ਏ ਦੀ ਗ੍ਰੀਨ ਬੈਲਟ ਅਤੇ ਪੰਚਕੂਲਾ ਗੋਲਫ ਕੋਰਸ ਸ਼ਾਮਲ ਹਨ। ਵੱਡੇ ਪੱਧਰ 'ਤੇ ਵਾਤਾਵਰਣ ਦੇ ਨੁਕਸਾਨ ਦਾ ਹਵਾਲਾ ਦਿੰਦੇ ਹੋਏ, ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ 5,000 ਤੋਂ ਵੱਧ ਪੁਰਾਣੇ ਰੁੱਖ—ਜਿਨ੍ਹਾਂ ਵਿੱਚੋਂ ਬਹੁਤ ਸਾਰੇ 20 ਤੋਂ 30 ਸਾਲ ਪੁਰਾਣੇ ਹਨ—ਕੱਟੇ ਜਾਣ ਦੀ ਯੋਜਨਾ ਹੈ। ਇਸ ਵਿੱਚ ਪੰਜਾਬ ਦੀ ਨੋਟੀਫਾਈਡ ਜੰਗਲਾਤ ਜ਼ਮੀਨ ਦੇ 2,000 ਤੋਂ ਵੱਧ ਰੁੱਖ, ਪੰਚਕੂਲਾ ਗੋਲਫ ਕੋਰਸ ਦੇ 2,200 ਤੋਂ ਵੱਧ ਰੁੱਖ ਅਤੇ ਸੈਕਟਰ-1ਏ ਅਤੇ ਨਾਲ ਲੱਗਦੀਆਂ ਗ੍ਰੀਨ ਬੈਲਟਾਂ ਦੇ ਲੱਗਭੱਗ 1,000 ਰੁੱਖ ਸ਼ਾਮਲ ਹਨ।

# ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਆਇਆ ਵੱਡਾ ਉਛਾਲ

ਨਵੀਂ ਦਿੱਲੀ, 25 ਮਾਰਚ (ਚ.ਨ.ਸ.) : ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਪਿਛਲੇ ਕੁਝ ਸਮੇਂ ਤੋਂ ਚੱਲ ਰਹੀ ਉਤਾਰ-ਚੜ੍ਹਾਅ ਦੀ ਖੇਡ ਜਾਰੀ ਹੈ। ਮੰਗਲਵਾਰ ਨੂੰ ਆਈ ਗਿਰਾਵਟ ਤੋਂ ਬਾਅਦ, ਬੁੱਧਵਾਰ 25 ਮਾਰਚ ਨੂੰ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਇੱਕ ਵਾਰ ਫਿਰ ਵੱਡਾ ਉਛਾਲ ਦੇਖਣ ਨੂੰ ਮਿਲਿਆ ਹੈ। ਐਮ.ਸੀ.ਐਕਸ (ਐਮ.ਸੀ.ਐਕਸ. ) 'ਤੇ ਸਵੇਰੇ ਸਵੇਰੇ ਹੀ ਸੋਨਾ 5000 ਰੁਪਏ ਤੋਂ ਜ਼ਿਆਦਾ ਮਹਿੰਗਾ ਹੋ ਗਿਆ, ਜਦਕਿ ਚਾਂਦੀ ਵਿੱਚ 13,000 ਰੁਪਏ ਤੋਂ ਜ਼ਿਆਦਾ ਦੀ ਤੇਜ਼ੀ ਦਰਜ ਕੀਤੀ ਗਈ।



ਬੁੱਧਵਾਰ ਸਵੇਰੇ 10:30 ਵਜੇ ਦੇ ਕਰੀਬ, ਅਪ੍ਰੈਲ ਡਿਲੀਵਰੀ ਵਾਲਾ ਸੋਨਾ 5,438 ਰੁਪਏ ਦੀ ਤੇਜ਼ੀ ਨਾਲ 1,44,350 ਰੁਪਏ ਪ੍ਰਤੀ 10 ਗ੍ਰਾਮ 'ਤੇ ਕਾਰੋਬਾਰ ਕਰ ਰਿਹਾ ਸੀ। ਇਸੇ ਤਰ੍ਹਾਂ, ਚਾਂਦੀ ਪ੍ਰਤੀ ਕਿਲੋ 12,439 ਰੁਪਏ ਉਛਲ ਕੇ 2,36,380 ਰੁਪਏ 'ਤੇ ਪਹੁੰਚ ਗਈ। ਦੱਸ ਦੇਈਏ ਕਿ ਸ਼ੁਰੂਆਤੀ ਕਾਰੋਬਾਰ ਦੌਰਾਨ ਸੋਨਾ ਪ੍ਰਤੀ 10 ਗ੍ਰਾਮ 5,658 ਰੁਪਏ ਅਤੇ ਚਾਂਦੀ ਪ੍ਰਤੀ ਕਿਲੋ 13,228 ਰੁਪਏ ਤੱਕ ਉਛਲ ਗਈ ਸੀ।

**ਅੰਤਰਰਾਸ਼ਟਰੀ ਬਾਜ਼ਾਰ ਦਾ ਅਸਰ**

ਸਿਰਫ਼ ਭਾਰਤ ਹੀ ਨਹੀਂ, ਸਗੋਂ ਕੌਮਾਂਤਰੀ ਬਾਜ਼ਾਰ ਵਿੱਚ ਵੀ ਸੋਨੇ-ਚਾਂਦੀ ਦੀਆਂ ਕੀਮਤਾਂ ਵਿੱਚ ਤੇਜ਼ੀ ਆਈ ਹੈ। ਕੌਮਾਂਤਰੀ ਬਾਜ਼ਾਰ ਵਿੱਚ ਸਪਾਟ ਗੋਲਡ 2.5 ਫੀਸਦੀ ਵਧ ਕੇ 4587.09 ਡਾਲਰ ਪ੍ਰਤੀ ਔਂਸ 'ਤੇ ਪਹੁੰਚ ਗਿਆ। ਚਾਂਦੀ ਦੀਆਂ ਕੀਮਤਾਂ ਵਿੱਚ ਵੀ 3.6 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਅਤੇ ਇਹ 73.78 ਡਾਲਰ ਪ੍ਰਤੀ ਔਂਸ 'ਤੇ ਰਹੀ।

**ਕਿਉਂ ਵਧੀਆਂ ਕੀਮਤਾਂ?**

ਮਾਹਰਾਂ ਅਨੁਸਾਰ, ਅਮਰੀਕੀ ਡਾਲਰ ਦੇ ਕਮਜ਼ੋਰ ਹੋਣ ਕਾਰਨ ਇਨ੍ਹਾਂ ਕੀਮਤੀ ਧਾਤੂਆਂ ਦੀਆਂ ਕੀਮਤਾਂ ਨੂੰ ਰਫਤਾਰ ਮਿਲੀ ਹੈ। ਇਸ ਤੋਂ ਇਲਾਵਾ, ਤੇਲ ਦੀਆਂ ਡਿੱਗਦੀਆਂ ਕੀਮਤਾਂ ਨੇ ਮਹਿੰਗਾਈ ਅਤੇ ਵਿਆਜ ਦਰਾਂ ਦੀਆਂ ਚਿੰਤਾਵਾਂ ਨੂੰ ਘੱਟ ਕੀਤਾ ਹੈ।

# 10 ਦਿਨਾਂ ਵਿੱਚ 16,000 ਜਨ ਸਭਾਵਾਂ, 'ਆਪ' ਭਗਵੰਤ ਮਾਨ ਦਾ 4 ਸਾਲਾਂ ਦਾ ਰਿਪੋਰਟ ਕਾਰਡ ਪੰਜਾਬ ਦੇ ਹਰ ਪਿੰਡ, ਗਲੀ ਤੇ ਘਰ-ਘਰ ਲੈ ਕੇ ਜਾਵੇਗੀ : ਅਮਨ ਅਰੋੜਾ

## ਸਾਰੇ ਮੰਤਰੀ, ਵਿਧਾਇਕ, ਚੇਅਰਮੈਨ, ਸਰਪੰਚ, ਪੰਚ, ਐਮ.ਸੀ. ਜ਼ਿਲ੍ਹਾ ਪ੍ਰਧਾਨ ਤੇ ਪਾਰਟੀ ਵਲੰਟੀਅਰ ਇਸ ਪਹੁੰਚ ਮੁਹਿੰਮ ਵਿੱਚ ਲੈਣਗੇ ਹਿੱਸਾ: ਅਮਨ ਅਰੋੜਾ

ਚੰਡੀਗੜ੍ਹ, 25 ਮਾਰਚ (ਅੰਮ੍ਰਿਤਪਾਲ ਸਿੰਘ): ਪੰਜਾਬ ਆਮ ਆਦਮੀ ਪਾਰਟੀ (ਆਪ) ਦੇ ਪ੍ਰਧਾਨ ਅਮਨ ਅਰੋੜਾ ਨੇ ਬੁੱਧਵਾਰ ਨੂੰ ਭਗਵੰਤ ਮਾਨ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਦੇ ਮੌਕੇ 'ਤੇ ਸੂਬਾ ਪੱਧਰੀ ਵੱਡੀ ਜਨਤਕ ਮੁਹਿੰਮ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਸੂਬੇ ਦੇ ਪ੍ਰਮੁੱਖ ਖੇਤਰਾਂ ਦੀ ਨੁਹਾਰ ਬਦਲਦੇ ਹੋਏ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਸ਼ਾਸਨ ਪ੍ਰਦਾਨ ਕੀਤਾ ਹੈ। 'ਆਪ' ਪੰਜਾਬ ਪ੍ਰਧਾਨ ਨੇ ਦੱਸਿਆ ਕਿ ਇਹ ਮੁਹਿੰਮ ਅਗਲੇ 10 ਦਿਨਾਂ ਵਿੱਚ 16,000 ਰੈਲੀਆਂ, ਜਨ ਸਭਾਵਾਂ ਅਤੇ ਨੁੱਕੜ ਮੀਟਿੰਗਾਂ ਰਾਹੀਂ ਸਰਕਾਰ ਦਾ ਰਿਪੋਰਟ ਕਾਰਡ ਸਿੱਧਾ ਲੋਕਾਂ ਤੱਕ ਪਹੁੰਚਾਏਗੀ। ਬੁੱਧਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਭਲਕੇ ਤੋਂ ਇੱਕ ਵਿਸ਼ਾਲ ਜਨਤਕ ਮੁਹਿੰਮ ਸ਼ੁਰੂ ਹੋਵੇਗੀ ਜਿਸ ਤਹਿਤ ਅਗਲੇ 10 ਦਿਨਾਂ ਵਿੱਚ ਪੂਰੇ ਪੰਜਾਬ ਵਿੱਚ 16,000 ਰੈਲੀਆਂ, ਜਨ ਸਭਾਵਾਂ ਅਤੇ ਨੁੱਕੜ ਮੀਟਿੰਗਾਂ ਕੀਤੀਆਂ ਜਾਣਗੀਆਂ। ਇਹ ਮੁਹਿੰਮ ਭਗਵੰਤ ਮਾਨ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਦੀ ਪ੍ਰਤੀਕ ਹੈ, ਜਿਸ ਨੇ ਅਰਵਿੰਦ ਕੇਜਰੀਵਾਲ ਦੀ ਵਿਚਾਰਧਾਰਕ ਅਗਵਾਈ ਹੇਠ ਬੇਮਿਸਾਲ, ਪਾਰਦਰਸ਼ੀ ਅਤੇ ਜਵਾਬਦੇਹ ਸ਼ਾਸਨ ਦਿੱਤਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਸ ਮੁਹਿੰਮ ਵਿੱਚ ਮੰਤਰੀ, ਵਿਧਾਇਕ, ਚੇਅਰਮੈਨ, ਸਰਪੰਚ, ਪੰਚ, ਐਮ.ਸੀ., ਜ਼ਿਲ੍ਹਾ ਪ੍ਰਧਾਨ



ਅਤੇ ਪਾਰਟੀ ਵਲੰਟੀਅਰ ਸ਼ਾਮਲ ਹੋਣਗੇ, ਜੋ ਸਰਕਾਰ ਦਾ ਰਿਪੋਰਟ ਕਾਰਡ ਲੈ ਕੇ ਹਰ ਪਿੰਡ, ਗਲੀ ਅਤੇ ਘਰ-ਘਰ ਪਹੁੰਚਣਗੇ। ਅਮਨ ਅਰੋੜਾ ਨੇ ਕਿਹਾ, "ਅਸੀਂ ਆਪਣਾ ਚਾਰ ਸਾਲਾਂ ਦਾ ਰਿਪੋਰਟ ਕਾਰਡ ਹਰ ਪਿੰਡ ਅਤੇ ਹਰ ਬੂਹੇ ਤੱਕ ਲੈ ਕੇ ਜਾਵਾਂਗੇ। ਪਾਰਟੀ ਦੀ ਵਿਚਾਰਧਾਰਕ ਨੀਂਹ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਪਹਿਲੇ ਦਿਨ ਤੋਂ ਹੀ ਅਰਵਿੰਦ ਕੇਜਰੀਵਾਲ ਨੇ ਸਪੱਸ਼ਟ ਕਰ ਦਿੱਤਾ ਸੀ ਕਿ ਅਸੀਂ ਰਾਜਨੀਤੀ ਕਰਨ ਨਹੀਂ, ਸਗੋਂ ਰਾਜਨੀਤੀ ਬਦਲਣ ਆਏ ਹਾਂ। ਉਨ੍ਹਾਂ ਦੀ ਰਾਜਨੀਤੀ ਦੋ ਸਿਧਾਂਤਾਂ 'ਤੇ ਟਿਕੀ ਹੋਈ ਹੈ-ਈਮਾਨਦਾਰ ਰਾਜਨੀਤੀ ਅਤੇ ਕੰਮ ਰਾਹੀਂ ਵਿਕਾਸ। ਅੱਜ ਪੰਜਾਬ ਦਾ ਬੱਚਾ-ਬੱਚਾ ਮੰਨਦਾ ਹੈ ਕਿ ਇਨ੍ਹਾਂ ਚਾਰ ਸਾਲਾਂ ਵਿੱਚ ਹੋਇਆ ਕੰਮ ਪਿਛਲੇ 70 ਸਾਲਾਂ ਦੀਆਂ ਪ੍ਰਾਪਤੀਆਂ ਤੋਂ ਕਿਤੇ ਵੱਧ ਹੈ। ਪ੍ਰਾਪਤੀਆਂ ਦਾ ਵੇਰਵਾ ਪੇਸ਼ ਕਰਦਿਆਂ ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਦੇ ਹਰ ਪਰਿਵਾਰ ਕੋਲ ਹੁਣ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਕਵਰ ਹੈ, ਜੋ ਕਿ ਦੇਸ਼ ਵਿੱਚ ਇੱਕ ਵਿਲੱਖਣ ਸਕੀਮ ਹੈ। ਸਕੂਲ ਅਤੇ ਹਸਪਤਾਲ ਪੂਰੀ ਤਰ੍ਹਾਂ ਬਦਲ ਚੁੱਕੇ ਹਨ। 881 ਆਮ ਆਦਮੀ ਕਲੀਨਿਕ ਪਹਿਲਾਂ ਹੀ ਚੱਲ ਰਹੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ 100 ਤੋਂ ਵੱਧ ਹੋਰ ਕਲੀਨਿਕਾਂ ਦਾ ਉਦਘਾਟਨ ਕੀਤਾ ਜਾਵੇਗਾ, ਜਿਸ ਨਾਲ ਕੁੱਲ ਗਿਣਤੀ 1000 ਹੋ ਜਾਵੇਗੀ। ਖੇਡਾਂ ਦੇ ਬੁਨਿਆਦੀ ਢਾਂਚੇ ਬਾਰੇ ਉਨ੍ਹਾਂ ਕਿਹਾ ਕਿ 3,000 ਖੇਡ ਸਟੇਡੀਅਮ ਬਣਾਏ ਗਏ ਹਨ ਤੇ 6,000 ਤੋਂ ਵੱਧ ਉਸਾਰੀ ਅਧੀਨ ਹਨ। ਪੰਜ ਸਾਲਾਂ ਦਾ ਕਾਰਜਕਾਲ ਖਤਮ ਹੋਣ ਤੱਕ ਹਰ ਪਿੰਡ ਵਿੱਚ ਖੇਡ ਸਟੇਡੀਅਮ ਹੋਵੇਗਾ ਤਾਂ ਜੋ ਬੱਚੇ, ਨੌਜਵਾਨ ਅਤੇ ਬਜ਼ੁਰਗ ਸਰੀਰਕ ਤੌਰ 'ਤੇ ਸਰਗਰਮ ਰਹਿ ਸਕਣ ਅਤੇ ਨਸ਼ਿਆਂ ਤੋਂ ਦੂਰ ਰਹਿਣ।

ਵਿੱਤੀ ਰੁਕਾਵਟਾਂ ਦੇ ਬਾਵਜੂਦ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, "ਕੇਂਦਰ ਵੱਲੋਂ ਪੇਂਡੂ ਵਿਕਾਸ ਫੰਡ (ਆਰਡੀਐਫ) ਦੇ 8,300 ਕਰੋੜ ਰੁਪਏ ਤੋਂ ਵੱਧ ਰੋਕੇ ਜਾਣ ਦੇ ਬਾਵਜੂਦ, ਪੰਜਾਬ 40,000 ਕਿਲੋਮੀਟਰ ਤੋਂ ਵੱਧ ਸੜਕਾਂ ਬਣਾ ਰਿਹਾ ਹੈ। ਸੜਕ ਸੁਰੱਖਿਆ ਫੋਰਸ (ਐਸ ਐਸ ਐਫ) ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਸੇਵਾ ਵਜੋਂ ਉਭਰੀ ਹੈ, ਜਿਸ ਦਾ ਰਿਸਪਾਂਸ ਟਾਈਮ ਸਿਰਫ ਚਾਰ ਤੋਂ ਪੰਜ ਮਿੰਟ ਹੈ ਅਤੇ ਇਸ ਨੇ ਹਜ਼ਾਰਾਂ ਜਾਨਾਂ ਬਚਾਈਆਂ ਹਨ। ਖੇਤੀਬਾੜੀ ਤੇ ਸਿੰਚਾਈ ਬਾਰੇ ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਲੱਖਾਂ ਕਿਸਾਨਾਂ ਦੇ ਖੇਤਾਂ ਦੇ ਅੰਤਿਮ ਸਿਰੇ (ਟੇਲ) ਤੱਕ ਪਹੁੰਚ ਗਿਆ ਹੈ, ਜਿਸ ਨਾਲ 20 ਸਾਲਾਂ ਦੀ ਉਡੀਕ ਖਤਮ ਹੋਈ ਹੈ। ਕੇਂਦਰ ਸਰਕਾਰ ਦੀ ਤਾਜ਼ਾ ਰਿਪੋਰਟ ਅਨੁਸਾਰ ਕਈ ਬਲਾਕਾਂ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਪੰਜ ਫੁੱਟ ਤੱਕ ਵਧਿਆ ਹੈ। ਕਿਸਾਨਾਂ ਨੂੰ ਹੁਣ ਖੇਤਾਂ ਵਿੱਚ ਰਾਤਾਂ ਨਹੀਂ ਕੱਟਣੀਆਂ ਪੈਂਦੀਆਂ, ਕਿਉਂਕਿ ਪੰਜਾਬ ਸਰਕਾਰ ਖੇਤੀਬਾੜੀ ਪੰਪਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾ ਰਹੀ ਹੈ।

ਉਨ੍ਹਾਂ ਨੇ ਵਿੱਤੀ ਪ੍ਰਦਰਸ਼ਨ ਤੇ ਰੁਜ਼ਗਾਰ ਬਾਰੇ ਦੱਸਦਿਆਂ ਕਿਹਾ ਕਿ ਆਬਕਾਰੀ ਮਾਲੀਆ 27,000 ਕਰੋੜ ਰੁਪਏ ਤੋਂ ਵਧ ਕੇ ਲਗਭਗ 57,000 ਕਰੋੜ ਰੁਪਏ ਹੋ ਗਿਆ ਹੈ, ਜਦਕਿ ਜੀਐਸਟੀ ਕੁਲੈਕਸ਼ਨ 12,000 ਕਰੋੜ ਰੁਪਏ ਤੋਂ ਦੁੱਗਣੀ ਹੋ ਕੇ 30,000 ਕਰੋੜ ਰੁਪਏ ਤੋਂ ਪਾਰ ਹੋ ਗਈ ਹੈ। 65,000 ਤੋਂ ਵੱਧ ਸਰਕਾਰੀ ਨੌਕਰੀਆਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ। ਜੀਵੀਕੇ ਥਰਮਲ ਪਲਾਂਟ ਖਰੀਦਣ ਨਾਲ ਪੰਜਾਬ ਨੂੰ ਵੱਡਾ ਮਾਲੀਆ ਲਾਭ ਹੋਵੇਗਾ। ਵਾਅਦੇ ਪੂਰੇ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਉਨ੍ਹਾਂ ਕਿਹਾ ਕਿ।ਅਸੀਂ ਉਹ ਪਾਰਟੀ ਹਾਂ ਜੋ ਵਾਅਦੇ ਤੋਂ ਵੱਧ ਕੰਮ ਕਰਦੀ ਹੈ। ਅਸੀਂ ਸਾਰੀਆਂ ਪੰਜ ਗਾਰੰਟੀਆਂ ਪੂਰੀਆਂ ਕੀਤੀਆਂ। ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਲਈ 1 ਕਰੋੜ ਰੁਪਏ ਅਤੇ ਹਰ ਘਰ ਨੂੰ 300 ਯੂਨਿਟ ਮੁਫਤ ਬਿਜਲੀ ਪਹਿਲੇ ਸਾਲ ਵਿੱਚ ਹੀ ਲਾਗੂ ਕਰ ਦਿੱਤੀ ਗਈ ਸੀ। ਇਸ ਬਜਟ ਵਿੱਚ ਔਰਤਾਂ ਲਈ 1,000 ਰੁਪਏ ਪ੍ਰਤੀ ਮਹੀਨਾ ਅਤੇ ਦਲਿਤ ਮਾਵਾਂ-ਭੈਣਾਂ ਲਈ 1,500 ਰੁਪਏ ਦਾ ਪ੍ਰਬੰਧ ਕੀਤਾ ਗਿਆ ਹੈ। ਰਵਾਇਤੀ ਪਾਰਟੀਆਂ ਨਾਲ ਤੁਲਨਾ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਅਸੀਂ ਕਾਂਗਰਸ, ਭਾਜਪਾ ਜਾਂ ਅਕਾਲੀ ਦਲ ਵਰਗੇ ਨਹੀਂ ਹਾਂ ਜੋ ਚੋਣਾਂ ਤੋਂ ਪਹਿਲਾਂ ਝੂਠੀਆਂ ਕਸਮਾਂ ਖਾਂਦੇ ਹਨ ਅਤੇ ਫਿਰ ਵਾਅਦਾ ਖਿਲਾਫੀ ਕਰਦੇ ਹਨ। ਅਸੀਂ ਇੱਥੇ ਚੋਣ ਜੁਮਲੇ ਬਣਾਉਣ ਨਹੀਂ ਆਏ। ਅਸੀਂ ਈਮਾਨਦਾਰੀ ਤੇ ਵਿਕਾਸ ਲਈ ਵਚਨਬੱਧ ਹਾਂ। ਅਖੀਰ ਵਿੱਚ ਉਨ੍ਹਾਂ ਕਿਹਾ ਕਿ ਸਾਨੂੰ ਅਰਵਿੰਦ ਕੇਜਰੀਵਾਲ ਦੇ ਮਾਰਗਦਰਸ਼ਨ ਤੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਕੀਤੇ ਗਏ ਕੰਮਾਂ 'ਤੇ ਪੂਰਾ ਭਰੋਸਾ ਹੈ। ਪੰਜਾਬ ਦੇ ਲੋਕਾਂ ਨੂੰ ਸਾਡਾ ਸੁਨੇਹਾ ਸਾਦਾ ਹੈ-ਜੇਕਰ ਤੁਸੀਂ ਸਾਡੀਆਂ ਕੋਸ਼ਿਸ਼ਾਂ ਤੋਂ ਸੰਤੁਸ਼ਟ ਹੋ, ਤਾਂ ਅਸੀਂ ਤੁਹਾਡਾ ਸਮਰਥਨ ਚਾਹੁੰਦੇ ਹਾਂ, ਜੇਕਰ ਨਹੀਂ, ਤਾਂ ਅਸੀਂ ਤੁਹਾਡੇ ਫੈਸਲੇ ਦਾ ਸਤਿਕਾਰ ਕਰਾਂਗੇ।

# ਸੌਂਦ ਵੱਲੋਂ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ ਲਈ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਪੂਰਨਿਆਂ 'ਤੇ ਚੱਲਣ ਦੀ ਅਪੀਲ

ਚੰਡੀਗੜ੍ਹ, 25 ਮਾਰਚ (ਚ.ਨ.ਸ.): ਪੰਜਾਬ ਰਾਜ ਖੁਰਾਕ ਕਮਿਸ਼ਨ ਨੇ ਪੰਜਾਬ ਕਲਾ ਭਵਨ, ਚੰਡੀਗੜ੍ਹ ਵਿਖੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਸ਼ਹੀਦੀ ਦਿਵਸ ਨੂੰ ਪੁਰਜ਼ੋਰ ਜੋਸ਼ ਤੇ ਜਜ਼ਬੇ ਨਾਲ ਮਨਾਇਆ। ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਪੇਂਡੂ ਵਿਕਾਸ ਅਤੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ ਸੌਂਦ ਨੇ ਕਿਹਾ ਕਿ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਆਦਰਸ਼ ਸਮਾਜ ਨੂੰ ਨਿਆਂ, ਬਰਾਬਰੀ ਅਤੇ ਜ਼ਬਰ ਵਿਰੁੱਧ ਆਵਾਜ਼ ਲੈਣ ਲਈ ਪ੍ਰੇਰਿਤ ਕਰਦੇ ਰਹਿਣਗੇ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਰਾਸ਼ਟਰ ਨਿਰਮਾਣ ਲਈ ਨੌਜਵਾਨਾਂ ਨੂੰ ਸ਼ਹੀਦਾਂ ਦੇ ਨਕਸ਼ੇ-ਕਦਮ 'ਤੇ ਚੱਲਦਿਆਂ ਪੂਰੀ ਵਚਨਬੱਧਤਾ ਨਾਲ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਨੇ ਸ਼ਹੀਦਾਂ ਦੀ ਸ਼ਾਨਾਮੱਤੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਅਤੇ ਸਮੂਹਿਕ ਪਛਾਣ ਨੂੰ ਹੋਰ ਮਜ਼ਬੂਤ ਕਰਨ ਵਿੱਚ ਸੱਭਿਆਚਾਰਕ ਮੰਚਾਂ ਦੀ ਭੂਮਿਕਾ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਅੱਗੇ ਕਿਹਾ ਕਿ ਸ਼ਹੀਦਾਂ ਦਾ ਸੰਦੇਸ਼ ਨੌਜਵਾਨਾਂ ਨੂੰ ਬੇਇਨਸਾਫ਼ੀ ਖ਼ਿਲਾਫ਼ ਸਵਾਲ ਉਠਾਉਣ, ਗਿਆਨ ਹਾਸਲ ਕਰਨ ਅਤੇ ਦੇਸ਼ ਦੀ ਤਰੱਕੀ ਵਿੱਚ



ਸੁਹਿਰਦਤਾ ਨਾਲ ਯੋਗਦਾਨ ਪਾਉਣ ਲਈ ਹਲੂਣਦਾ ਹੈ।

ਇਸ ਦੌਰਾਨ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਕਮਿਸ਼ਨ ਦੀਆਂ ਪਹਿਲਕਦਮੀਆਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਸਰਕਾਰ ਵੱਲੋਂ ਸੂਬੇ ਭਰ ਵਿੱਚ ਭੋਜਨ ਸੁਰੱਖਿਆ ਤੇ ਪੋਸ਼ਣ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੇਂਦ੍ਰਿਤ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਸੰਤੁਲਿਤ ਖੁਰਾਕ ਤੇ ਟਿਕਾਊ ਅਭਿਆਸਾਂ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ 5723 ਸਕੂਲਾਂ ਵਿੱਚ ਨਿਊਟ੍ਰੀਸ਼ਨ ਗਾਰਡਨ ਸਥਾਪਤ ਕੀਤੇ ਗਏ ਹਨ।

ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਉਨ੍ਹਾਂ ਦਾ ਜੀਵਨ ਹਿੰਮਤ, ਬੌਧਿਕ ਚੇਤਨਾ ਅਤੇ ਆਜ਼ਾਦੀ ਸੰਗਰਾਮ ਪ੍ਰਤੀ ਅਟੁੱਟ ਸਮਰਪਣ ਦਾ ਪ੍ਰਤੀਕ ਹੈ। ਉਨ੍ਹਾਂ ਦੀਆਂ ਲਿਖਤਾਂ ਅਤੇ ਵਡੇਰੇ ਕਾਰਜ ਨੌਜਵਾਨਾਂ ਵਿੱਚ ਜ਼ਿੰਮੇਵਾਰੀ ਦੀ ਭਾਵਨਾ ਦੀ ਤਰਜਮਾਨੀ ਕਰਦੇ ਰਹਿਣਗੇ ਤਾਂ ਜੋ ਉਹ ਜਮਹੂਰੀ ਕਦਰਾਂ-ਕੀਮਤਾਂ ਤੇ ਭਾਈਚਾਰੇ ਨੂੰ ਬਰਕਰਾਰ ਰੱਖ ਸਕਣ। ਉਨ੍ਹਾਂ ਅੱਗੇ ਕਿਹਾ ਕਿ ਬਰਾਬਰੀ ਤੇ ਪ੍ਰਗਤੀਸ਼ੀਲ ਸਮਾਜ ਪ੍ਰਤੀ ਸ. ਭਗਤ ਸਿੰਘ ਦੀ ਸੋਚ ਅਜੋਕੇ ਦੌਰ ਵਿੱਚ ਵੀ ਪੂਰਨ ਰੂਪ ਵਿੱਚ ਪ੍ਰਸੰਗਿਕ ਹੈ। ਇਸ ਮੌਕੇ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ, ਵਿਜੇ ਦੱਤ ਅਤੇ ਚੇਤਨ ਪ੍ਰਕਾਸ਼ ਧਾਲੀਵਾਲ, ਸਾਬਕਾ ਮੈਂਬਰ ਪ੍ਰੀਤੀ ਚਾਵਲਾ ਅਤੇ ਇੰਦਰਾ ਗੁਪਤਾ ਅਤੇ ਮੈਂਬਰ ਸਕੱਤਰ ਕਨੂੰ ਥਿੰਦ ਸ਼ਾਮਲ ਸਨ।

# ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਰਕਾਰੀ ਸਕੂਲਾਂ 'ਚ ਲਗਣਗੇ 50 ਇੰਟਰਐਕਟਿਵ ਪੈਨਲ: ਕੁਲਵੰਤ ਸਿੰਘ

ਮੋਹਾਲੀ, 25 ਮਾਰਚ (ਚ.ਨ.ਸ.): ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਨੂੰ ਹੋਰ ਮਜ਼ਬੂਤੀ ਦੇਣ ਲਈ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਤਹਿਤ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਤੇ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਲਈ ਇੰਟਰਐਕਟਿਵ ਫਲੈਟ ਪੈਨਲ ਲਗਾਏ ਜਾ ਰਹੇ ਹਨ। ਇਹ ਗੱਲ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਅੱਜ ਸਕੂਲ ਆਫ ਐਮੀਨੈਂਸ ਫੇਜ਼-3ਬੀ1 ਸਮੇਤ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਇੰਟਰਐਕਟਿਵ ਐਲ.ਈ.ਡੀ. ਪੈਨਲ ਲਗਾਉਣ ਦੀ ਸ਼ੁਰੂਆਤ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੀ। ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਵਿੱਚ 5 ਸਰਕਾਰੀ ਸਕੂਲਾਂ-ਸਕੂਲ ਆਫ ਐਮੀਨੈਂਸ ਫੇਜ਼-3ਬੀ1 (4), ਮੈਰੀਟੋਰੀਅਸ ਸਕੂਲ ਸੈਕਟਰ-70 (2), ਸਰਕਾਰੀ ਹਾਈ ਸਕੂਲ ਮਟੌਰ (2), ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸੁਹਾਣਾ (2) ਅਤੇ ਸਰਕਾਰੀ ਹਾਈ ਸਕੂਲ ਕੁੰਬੜਾ (2),



ਵਿੱਚ ਕੁੱਲ 12 ਇੰਟਰਐਕਟਿਵ ਫਲੈਟ ਪੈਨਲ ਲਗਾਏ ਗਏ ਹਨ।

ਉਨ੍ਹਾਂ ਕਿਹਾ ਕਿ ਮੋਹਾਲੀ ਵਿਧਾਨ ਸਭਾ ਹਲਕੇ ਵਿੱਚ ਕੁੱਲ 50 ਐਲ.ਈ.ਡੀ. ਪੈਨਲ ਲਗਾਏ ਜਾਣਗੇ ਅਤੇ ਬਾਕੀ ਸਕੂਲਾਂ ਵਿੱਚ ਇਹ ਸਹੂਲਤ ਇੱਕ ਮਹੀਨੇ ਅੰਦਰ ਮੁਹੱਈਆ ਕਰਵਾ ਦਿੱਤੀ ਜਾਵੇਗੀ। ਵਿਧਾਇਕ ਨੇ ਕਿਹਾ ਕਿ ਇਹ ਪੈਨਲ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਨਾਲ ਜੋੜਣ ਦੇ ਨਾਲ-ਨਾਲ ਉਨ੍ਹਾਂ ਨੂੰ ਗਲੋਬਲ ਪੱਧਰ 'ਤੇ ਹੋ ਰਹੀਆਂ ਤਾਜ਼ਾ ਘਟਨਾਵਾਂ ਅਤੇ ਜਾਣਕਾਰੀਆਂ ਨਾਲ ਵੀ ਅਪਡੇਟ ਰੱਖਣਗੇ, ਜਿਸ ਨਾਲ ਉਹ ਸਮੇਂ ਦੇ ਹਾਣੀ ਬਣ ਸਕਣਗੇ। ਉਨ੍ਹਾਂ ਹੋਰ ਦੱਸਿਆ ਕਿ ਪੰਜਾਬ ਵਿੱਚ ਪਹਿਲੀ ਵਾਰ ਪ੍ਰਿੰਸੀਪਲਾਂ, ਹੈੱਡ ਟੀਚਰਾਂ ਤੇ ਹੁਣ ਅਧਿਆਪਕਾਂ ਨੂੰ ਫਿਨਲੈਂਡ ਸਮੇਤ ਹੋਰ ਦੇਸ਼ਾਂ ਵਿੱਚ ਟ੍ਰੇਨਿੰਗ ਲਈ ਭੇਜਿਆ ਜਾ ਰਿਹਾ ਹੈ, ਤਾਂ ਜੋ ਉਹ ਉੱਚ ਪੱਧਰੀ ਸਿੱਖਿਆ ਪ੍ਰਣਾਲੀਆਂ ਨੂੰ ਸਮਝ ਕੇ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਦੇ ਸਕਣ। ਜਲਦੀ ਹੀ ਅਧਿਆਪਕਾਂ ਦਾ ਇੱਕ ਹੋਰ ਬੈਚ ਵੀ ਵਿਦੇਸ਼ ਟ੍ਰੇਨਿੰਗ ਲਈ ਰਵਾਨਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਹਿਲਾਂ ਇੱਕ ਧਾਰਣਾ ਬਣੀ ਹੋਈ ਸੀ ਕਿ ਬੱਚਿਆਂ ਨੂੰ ਸਿਰਫ ਪ੍ਰਾਈਵੇਟ ਸਕੂਲਾਂ ਵਿੱਚ ਹੀ ਦਾਖਲ ਕਰਵਾਇਆ ਜਾਵੇ, ਪਰ ਸਰਕਾਰ ਵੱਲੋਂ ਪਿਛਲੇ ਕੁਝ ਸਾਲਾਂ ਦੌਰਾਨ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ, ਅਧਿਆਪਕਾਂ ਅਤੇ ਸਟਾਫ ਦੀ ਭਰਤੀ ਅਤੇ ਸਹੂਲਤਾਂ ਵਿੱਚ ਸੁਧਾਰ ਕਰਕੇ ਇਸ ਸੋਚ ਨੂੰ ਬਦਲਿਆ ਜਾ ਰਿਹਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਉਹ ਦਿਨ ਦੂਰ ਨਹੀਂ ਜਦੋਂ ਲੋਕ ਪ੍ਰਾਈਵੇਟ ਸਕੂਲਾਂ ਦੀ ਬਜਾਏ ਸਰਕਾਰੀ ਸਕੂਲਾਂ ਨੂੰ ਤਰਜੀਹ ਦੇਣਗੇ ਤੇ ਸਿੱਖਿਆ ਕ੍ਰਾਂਤੀ ਦੇ ਇਹ ਉਪਰਾਲੇ ਵੱਡੇ ਪੱਧਰ 'ਤੇ ਨਤੀਜੇ ਦੇਣਗੇ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ) ਡਾ. ਗਿੰਨੀ ਦੁਗਲ ਸਮੇਤ ਹੋਰ ਅਧਿਕਾਰੀ, ਜਨ ਪ੍ਰਤੀਨਿਧੀ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਮੌਜੂਦ ਸਨ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਿਮਾਰੀ ਨਾਲ ਜੂਝ ਰਹੀ ਇੱਕ ਸਾਲਾ ਬੱਚੀ ਨੂੰ ਮਿਲਿਆ ਜੀਵਨ-ਰੱਖਿਅਕ ਇਲਾਜ

ਚੰਡੀਗੜ੍ਹ, 25 ਮਾਰਚ (ਚ.ਨ.ਸ.): ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਇਲਾਜ ਕਰਵਾਉਣ ਵਾਲੇ ਨਵਜੰਮੇ ਬੱਚਿਆਂ ਤੇ ਛੋਟੇ ਬੱਚਿਆਂ ਦੀ ਵਧਦੀ ਗਿਣਤੀ ਦੇ ਨਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਨਾਜ਼ੁਕ ਸਮੇਂ ਦੌਰਾਨ ਡਾਕਟਰੀ ਸਹਾਇਤਾ ਬਿਨਾਂ ਕਿਸੇ ਦੇਰੀ ਦੇ ਸ਼ੁਰੂ ਹੋਵੇ। ਸ੍ਰੀ ਮੁਕਤਸਰ ਸਾਹਿਬ ਵਿੱਚ, 1 ਸਾਲ ਦੀ ਬੱਚੀ ਖਵਾਇਸ਼ ਨੂੰ ਨਿਮੋਨੀਆ ਹੋਣ ਕਾਰਨ ਦਾਖ਼ਲ ਕਰਵਾਇਆ ਗਿਆ ਸੀ, ਜਿਸ ਨੂੰ ਤੁਰੰਤ ਡਾਕਟਰੀ ਸਹਾਇਤਾ ਦੀ ਲੋੜ ਸੀ। ਪਹਿਲਾਂ ਅਜਿਹੇ ਕਈ ਮਾਮਲਿਆਂ ਵਿੱਚ, ਪਰਿਵਾਰਾਂ ਨੂੰ ਇਲਾਜ ਸ਼ੁਰੂ ਹੋਣ ਤੋਂ ਪਹਿਲਾਂ ਫੰਡਾਂ ਦਾ ਪ੍ਰਬੰਧ ਕਰਨਾ, ਦਸਤਾਵੇਜ਼ ਪੂਰੇ ਕਰਨੇ ਜਾਂ ਮਨਜ਼ੂਰੀਆਂ ਦੀ ਉਡੀਕ ਕਰਨੀ ਪੈਂਦੀ ਸੀ। ਹਾਲਾਂਕਿ, ਮੁੱਖ ਮੰਤਰੀ ਸਿਹਤ ਯੋਜਨਾ ਦੇ ਤਹਿਤ ਇਹ ਪਾੜਾ ਖ਼ਤਮ ਕਰ ਦਿੱਤਾ ਗਿਆ ਹੈ।

ਇਸੇ ਤਰ੍ਹਾਂ ਦੇ ਮਾਮਲੇ ਸੰਗਰੂਰ ਅਤੇ ਮਾਨਸਾ ਵਰਗੇ ਜ਼ਿਲ੍ਹਿਆਂ ਤੋਂ ਵੀ ਸਾਹਮਣੇ ਆਏ, ਜਿੱਥੇ ਘੱਟ ਭਾਰ ਤੇ ਹੋਰ ਗੰਭੀਰ ਸਥਿਤੀਆਂ ਦੇ ਇਲਾਜ ਸਮੇਤ ਵਿਸ਼ੇਸ਼ ਦੇਖਭਾਲ ਦੀ ਲੋੜ ਵਾਲੇ ਨਵਜੰਮੇ ਬੱਚਿਆਂ ਨੂੰ ਬਿਨਾਂ ਕਿਸੇ ਵਿੱਤੀ ਰੁਕਾਵਟ ਦੇ, ਯੋਜਨਾ ਤਹਿਤ ਡਾਕਟਰੀ ਸਹਾਇਤਾ ਮਿਲ ਰਹੀ ਹੈ। ਅਜਿਹੇ ਮਾਮਲਿਆਂ ਦੀ ਵਧਦੀ ਗਿਣਤੀ ਦਰਸਾਉਂਦੀ ਹੈ ਕਿ ਪੂਰੇ ਪੰਜਾਬ ਵਿੱਚ ਪਰਿਵਾਰਾਂ ਲਈ ਇਲਾਜ ਤੱਕ ਪਹੁੰਚ ਕਿੰਨੀ ਤੇਜ਼ ਅਤੇ ਸੁਖਾਲੀ ਹੋ ਰਹੀ ਹੈ। ਯੋਜਨਾ ਦੇ ਪ੍ਰਭਾਵ 'ਤੇ ਚਾਨਣਾ ਪਾਉਂਦੇ ਹੋਏ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੁੱਖ ਮੰਤਰੀ ਸਿਹਤ ਯੋਜਨਾ ਇਹ ਯਕੀਨੀ ਬਣਾਉਂਦੀ ਹੈ ਕਿ ਵਿੱਤੀ ਜਾਂ ਪ੍ਰਬੰਧਕੀ ਅੜਚਨਾਂ ਕਾਰਨ ਇਲਾਜ ਵਿੱਚ ਦੇਰੀ ਨਾ ਹੋਵੇ। ਇਹ ਯੋਜਨਾ ਪ੍ਰਤੀ ਪਰਿਵਾਰ ਸਾਲਾਨਾ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਸਿਹਤ ਬੀਮਾ ਪ੍ਰਦਾਨ ਕਰਦੀ ਹੈ, ਜਿਸ ਨਾਲ ਸੂਚੀਬੱਧ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਕਰਵਾਇਆ ਜਾ ਸਕਦਾ ਹੈ। ਹੁਣ ਤੱਕ 26 ਲੱਖ ਤੋਂ ਵੱਧ ਸਿਹਤ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਮਰੀਜ਼ 900 ਤੋਂ ਵੱਧ ਸੂਚੀਬੱਧ ਹਸਪਤਾਲਾਂ ਵਿੱਚ 2300 ਤੋਂ ਵੱਧ ਮੈਡੀਕਲ ਪੈਕੇਜਾਂ ਦੀ ਸਹਾਇਤਾ ਨਾਲ ਇਲਾਜ ਕਰਵਾ ਰਹੇ ਹਨ। ਯੋਜਨਾ ਤਹਿਤ ਇਲਾਜ ਕੀਤੇ ਜਾ ਰਹੇ ਨਵਜੰਮੇ ਬੱਚਿਆਂ ਅਤੇ ਬਾਲ ਕੇਸਾਂ ਦੀ ਵਧਦੀ ਗਿਣਤੀ ਤੇਜ਼ ਤੇ ਵਧੇਰੇ ਪਹੁੰਚਯੋਗ ਸਿਹਤ ਸੰਭਾਲ ਸੇਵਾਵਾਂ ਵੱਲ ਇੱਕ ਤਬਦੀਲੀ ਨੂੰ ਦਰਸਾਉਂਦੀ ਹੈ, ਜਿੱਥੇ ਇਲਾਜ ਬਿਨਾਂ ਕਿਸੇ ਵਿੱਤੀ ਝਿਜਕ ਦੇ ਸ਼ੁਰੂ ਹੁੰਦਾ ਹੈ। ਪੰਜਾਬ ਸਰਕਾਰ ਵਸਨੀਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕੈਸ਼ਲੈੱਸ ਇਲਾਜ ਦਾ ਲਾਭ ਲੈਣ ਲਈ ਨਿਰਧਾਰਤ ਕੇਂਦਰਾਂ 'ਤੇ ਸਿਹਤ ਕਾਰਡ ਲਈ ਰਜਿਸਟਰ ਕਰਨ ਲਈ ਲਗਾਤਾਰ ਉਤਸ਼ਾਹਿਤ ਕਰ ਰਹੀ ਹੈ।

# ਆਬਕਾਰੀ ਨੀਤੀ 2026-27 ਨੂੰ ਪੰਜਾਬ ਦੇ ਰਾਜਪਾਲ ਤੇ ਯੂ.ਟੀ. ਦੇ ਪ੍ਰਸ਼ਾਸਕ ਵੱਲੋਂ ਮਨਜ਼ੂਰੀ

ਚੰਡੀਗੜ੍ਹ, 25 ਮਾਰਚ (ਹਰਦੀਪ ਕੌਰ): ਆਬਕਾਰੀ ਨੀਤੀ 2026-27 ਨੂੰ ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਮਨਜ਼ੂਰੀ ਦੇ ਦਿੱਤੀ ਹੈ। ਇਸ ਨੀਤੀ ਵਿੱਚ ਮੁੱਖ ਹਿਤਧਾਰਕਾਂ ਦੇ ਮਹੱਤਵਪੂਰਨ ਸੁਝਾਵਾਂ ਨੂੰ ਸ਼ਾਮਲ ਕਰਦੇ ਹੋਏ ਪਾਰਦਰਸ਼ਤਾ, ਤਕਨੀਕ-ਅਧਾਰਿਤ ਈ-ਟੈਂਡਰਿੰਗ ਤੇ ਮਾਲੀਏ ਦੇ ਵਾਧੇ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ। ਏਕਾਧਿਕਾਰ ਨੂੰ ਰੋਕਣ ਲਈ ਉਪਾਵਾਂ ਦੇ ਨਾਲ-ਨਾਲ ਬਾਰਾਂ ਦੁਆਰਾ ਸ਼ਰਾਬ ਦੀ ਖਰੀਦ, ਇੰਟਰ-ਵੈਂਡ ਟ੍ਰਾਂਸਫਰ, ਉੱਨਤ ਸੁਰੱਖਿਆ ਵਿਵਸਥਾ ਅਤੇ ਜੀਪੀਐੱਸ (GPS) ਟ੍ਰੈਕਿੰਗ ਜਿਹੀਆਂ ਸੁਵਿਧਾਵਾਂ ਵੀ ਸ਼ਾਮਲ ਕੀਤੀਆਂ ਗਈਆਂ ਹਨ। 25.03.2026 ਨੂੰ ਆਯੋਜਿਤ ਈ-ਟੈਂਡਰਿੰਗ ਦੇ ਦੂਸਰੇ ਦੌਰ ਵਿੱਚ 11 ਠੇਕਿਆਂ ਲਈ 19 ਬੋਲੀਆਂ ਪ੍ਰਾਪਤ ਹੋਈਆਂ, ਜਿਨ੍ਹਾਂ ਤੋਂ 53.94 ਕਰੋੜ ਰੁਪਏ ਦੀ ਰਿਜ਼ਰਵ ਕੀਮਤ ਦੇ ਮੁਕਾਬਲੇ 62.38 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ, ਜੋ ਕਿ 15.64% ਦਾ ਵਾਧਾ ਦਰਸਾਉਂਦਾ ਹੈ। ਇਸ ਤੋਂ ਇਲਾਵਾ ਭਾਗੀਦਾਰੀ ਫੀਸ ਵਜੋਂ 38 ਲੱਖ ਰੁਪਏ ਵੀ ਪ੍ਰਾਪਤ ਹੋਏ। ਇਸ ਤੋਂ ਪਹਿਲਾਂ, 19.03.2026 ਨੂੰ ਹੋਏ ਈ-ਟੈਂਡਰਿੰਗ ਦੇ ਪਹਿਲੇ ਦੌਰ ਦੌਰਾਨ, 82 ਠੇਕਿਆਂ ਲਈ 195 ਬੋਲੀਆਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਤੋਂ 376.24 ਕਰੋੜ ਰੁਪਏ ਦੀ ਰਾਖਵੀਂ ਕੀਮਤ ਦੇ ਮੁਕਾਬਲੇ 487.68 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ, ਜੋ ਕਿ 29% ਦਾ ਵਾਧਾ ਹੈ। ਨਾਲ ਹੀ ਅਤੇ ਭਾਗੀਦਾਰੀ ਫੀਸ ਵਜੋਂ 3.90 ਕਰੋੜ ਰੁਪਏ ਵੀ ਪ੍ਰਾਪਤ ਹੋਏ।

ਕੁੱਲ ਮਿਲਾ ਕੇ 93 ਰਿਟੇਲ ਵੈਂਡਸ ਦੇ ਮੁਕਾਬਲੇ ਵਿਭਾਗ ਨੇ 430.18 ਕਰੋੜ ਰੁਪਏ ਦੀ ਰਾਖਵੀਂ ਕੀਮਤ ਦੇ ਮੁਕਾਬਲੇ 550.06 ਕਰੋੜ ਰੁਪਏ ਦਾ ਕੁੱਲ ਮਾਲੀਆ ਇਕੱਠਾ ਕੀਤਾ ਹੈ, ਜੋ ਕਿ 28% ਦੇ ਵਾਧੇ ਨੂੰ ਦਰਸਾਉਂਦਾ ਹੈ। ਇਸ ਦੇ ਇਲਾਵਾ ਭਾਗੀਦਾਰੀ ਫੀਸ ਵਜੋਂ 4.28 ਕਰੋੜ ਰੁਪਏ ਪ੍ਰਾਪਤ ਹੋਏ ਹਨ। ਬਾਕੀ 04 ਲਾਇਸੈਂਸਿੰਗ ਯੂਨਿਟਾਂ ਲਈ ਟੈਂਡਰਿੰਗ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਬੋਲੀਕਾਰਾਂ ਵੱਲੋਂ ਮਿਲੇ ਭਾਰੀ ਹੁੰਗਾਰੇ ਦੇ ਮੱਦੇਨਜ਼ਰ ਵਿਭਾਗ ਬਾਕੀ ਵੈਂਡਸ ਦੀ ਸਫ਼ਲ ਅਲਾਟਮੈਂਟ ਲਈ ਪੂਰੀ ਤਰ੍ਹਾਂ ਆਸਵੰਦ ਹੈ ਅਤੇ ਨਿਰਧਾਰਿਤ ਰਾਖਵੇਂ ਮੁੱਲ ਤੋਂ ਕਿਤੇ ਅਧਿਕ ਮਾਲੀਆ ਪ੍ਰਾਪਤ ਹੋਣ ਦੀ ਸੰਭਾਵਨਾ ਹੈ, ਜਿਸ ਨਾਲ ਮਾਲੀਆ ਲਕਸ਼ਾਂ ਦੀ ਪ੍ਰਾਪਤੀ ਵਿੱਚ ਜ਼ਿਕਰਯੋਗ ਪ੍ਰਗਤੀ ਹੋਵੇਗੀ। ਇਸ ਜ਼ਿਕਰਯੋਗ ਸਫ਼ਲਤਾ ਤੋਂ ਬਾਅਦ, ਵਿਭਾਗ ਪੰਜਾਬ ਦੇ ਮਾਣਯੋਗ ਰਾਜਪਾਲ-ਅਤੇ-ਪ੍ਰਸ਼ਾਸਕ ਅਤੇ ਮੁੱਖ ਸਕੱਤਰ, ਯੂ.ਟੀ., ਚੰਡੀਗੜ੍ਹ ਦੁਆਰਾ ਪ੍ਰਵਾਨਿਤ ਨੀਤੀ ਵਿੱਚ ਦੱਸੇ ਗਏ ਹੋਰ ਪ੍ਰਾਵਧਾਨਾਂ ਨੂੰ ਲਾਗੂ ਕਰਨ ਲਈ ਵੀ ਪੂਰੀ ਤਰ੍ਹਾਂ ਤਿਆਰ ਹੈ।

# ਰਾਜਾ ਵੜਿੰਗ ਨੇ ਆਪਣੇ ਸਾਲੇ ਦੇ ਮਾਮਲੇ ਦੇ ਡਰੋ ਰੰਧਾਵਾ ਖੁਦਕਸ਼ੀ ਮਾਮਲੇ 'ਚ ਚੁੱਪ ਧਾਰੀ : ਸੁਖਬੀਰ

ਅਮਲੋਹ, 25 ਮਾਰਚ (ਜਸਵੰਤ ਸਿੰਘ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਰਾਜਾ ਬੜਿੰਗ ਨੇ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਅਧਿਕਾਰੀ ਗਗਲਦੀਪ ਸਿੰਘ ਰੰਧਾਵਾ ਦੇ ਮਾਮਲੇ ਵਿਚ ਚੁੱਪ ਧਾਰੀ ਹੋਈ ਹੈ ਕਿਉਂਕਿ 2021 ਵਿਚ ਪਿਓ ਧੀ ਵਲੋਂ ਕੀਤੀ ਖੁਦਕਸ਼ੀ ਵਿਚ ਉਨ੍ਹਾਂ ਇਸਖਿਲਾਫ਼ ਦੋਸ਼ ਲਾਏ ਸਨ ਜਿਸ ਬਾਰੇ ਆਪ ਸਰਕਾਰ ਨੇ ਵੀ ਭੇਤਭਰੀ ਚੁਪ ਧਾਰੀ ਹੋਈ ਹੈ। ਉਨ੍ਹਾਂ ਕਿਹਾ ਕਿ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਲੋਕਾਂ ਦਾ ਧਿਆਨ ਹਟਾਉਣ ਲਈ ਹਲਕਾ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੂੰ ਗ੍ਰਿਫ਼ਤਾਰ ਕਰ ਲਿਆ। ਉਹ ਦਾਣਾ ਮੰਡੀ ਵਿਚ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ ਦੀ ਅਗਵਾਈ ਹੇਠ ਹੋਈ ਪ੍ਰਭਾਵਸ਼ਾਲੀ 'ਪੰਜਾਬ ਬਚਾਓ' ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਪੰਜਾਬ ਦੀ ਆਪ ਸਰਕਾਰ ਤੇ ਨਿਸਾਨਾ ਸਾਧਦੇ ਹੋਏ ਇਸ ਨੂੰ ਗੈਂਗਸਟਰਾਂ ਅਤੇ ਲੁਟੇਰਿਆਂ ਦੀ ਸਰਕਾਰ ਦਸਦੇ ਹੋਏ ਦੋਸ਼ ਲਾਇਆ ਕਿ ਇਸਦੇ ਵਿਧਾਇਕ ਅਤੇ ਮੰਤਰੀਆਂ ਵਲੋਂ ਅਫ਼ਸਰਸ਼ਾਹੀ ਅਤੇ ਗੈਂਗਸਟਰਾਂ ਰਾਹੀ ਵਪਾਰੀਆਂ ਨੂੰ ਡਰਾ ਧੱਮਕਾ ਕੇ ਪੈਸੇ ਲੁੱਟੇ ਜਾ ਰਹੇ ਹਨ ਅਤੇ ਨਸੇ ਵਿਕਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿਚੋ ਵਿਕਾਸ ਕਾਰਜ ਅਲੋਪ ਹੋ ਗਏ ਅਤੇ ਲੋਕਾਂ ਦੇ ਪੈਸੇ ਵਿਚੋ ਹਰ ਸਾਲ 1100 ਕਰੋੜ ਰੁਪਏ ਇਕ ਸਾਲ ਵਿਚ ਇਸਤਿਹਾਰਬਾਜੀ ਤੇ ਖਰਚ ਕੀਤਾ ਜਾ ਰਿਹਾ ਹੈ ਅਤੇ ਪਾਰਟੀ ਸੁਪਰੀਮੋ ਦੀਸਹੂਲਤ ਲਈ 1 ਘੰਟੇ ਲਈ 10 ਲੱਖ ਰੁਪਏ ਹਵਾਈ ਜਹਾਜ ਦਾ ਖਰਚਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਨੂੰ ਪੰਜਾਬ ਨਾਲ ਕੋਈ ਸੈਰੋਕਾਰ ਨਹੀਂ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਖੇਤਰੀ ਪਾਰਟੀ ਹੀ ਪੰਜਾਬ ਦਾ ਭਲਾ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਛੱਡ ਕੇ




ਕਿਸੇ ਵੀ ਪਾਰਟੀ ਨੇ ਪੰਜਾਬ ਦੇ ਹਿਤਾਂ ਲਈ ਕੁਰਬਾਨੀਆਂ ਜਾਂ ਜੇਲ੍ਹਾਂ ਨਹੀਂ ਕੱਟੀਆਂ ਜਦੋ ਕਿ ਅਕਾਲੀ ਦਲ ਨੇ ਵਪਾਰੀ, ਕਿਸਾਨ, ਮਜਦੂਰ ਤੇ ਮੁਲਾਜਮਾਂ ਦੀ ਅੱਗੇ ਹੋ ਕੇ ਹਿਤਾਂ ਦੀ ਪੈਰਵੀ ਕੀਤੀ ਤੇ ਵੱਡੇ ਪੱਧਰ ਤੇ ਪੰਜਾਬ ਵਿਚ ਵਿਕਾਸ ਕਾਰਜ ਕਰਵਾਏ। ਉਨ੍ਹਾਂ ਕਿਹਾ ਕਿ ਕਾਂਗਰਸ ਨੇ 25 ਸਾਲ ਦੇ ਰਾਜ ਭਾਗ ਅਤੇ ਆਪ ਨੇ 4 ਸਾਲ ਵਿਚ ਪੰਜਾਬ ਦੇ ਭਲੇ ਲਈ ਕੁਝ ਨਹੀਂ ਕੀਤਾ ਅਤੇ ਅਕਾਲੀ ਦਲ ਦੀ ਸਰਕਾਰ ਸਮੇਂ ਹੀ ਬਿਜਲੀ, ਥਰਮਲ ਪਲਾਂਟ, ਏਅਰਪੋਰਟ ਅਤੇ 6 ਲਾਈਨਾਂ ਸੜਕਾਂ ਆਦਿ ਬਣੀਆਂ। ਉਨ੍ਹਾਂ ਮੋਟਰਸਾਇਕਲ ਨੂੰ ਵੀ ਕਿਸਾਨ ਦਾ ਗੱਡਾ ਦਸਦੇ ਹੋਏ ਇਸ ਨੂੰ ਵੀ ਟਰੈਕਟਰ ਵਾਂਗ ਟੈਕਸ ਰਹਿਤ ਕਰਨ ਦਾ ਐਲਾਨ ਕੀਤਾ। ਇਸ ਮੌਕੇ ਪ੍ਰਦੇਸ਼ ਕਾਂਗਰਸ ਦੇ ਮੈਬਰ ਡਾ. ਜੋਗਿੰਦਰ ਸਿੰਘ ਮੈਣੀ ਨੇ ਸਾਥੀਆ ਸਮੇਤ ਸ਼੍ਰੋਮਣੀ ਅਕਾਲੀ ਦਲ ਵਿਚ ਸਾਮਲ ਹੋਣ ਦਾ ਐਲਾਨ ਕੀਤਾ ਜਿਸ ਨੂੰ ਪਾਰਟੀ ਦਾ ਮੀਤ ਪ੍ਰਧਾਨ ਐਲਾਨਿਆ ਗਿਆ। ਇਸ ਮੌਕੇ ਸਾਬਕਾ ਮੰਤਰੀ ਦਲਜੀਤ ਸਿੰਘ ਚੀਮਾ, ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ, ਬਲਜੀਤ ਸਿੰਘ ਭੁੱਟਾ, ਦਰਬਾਰਾ ਸਿੰਘ ਗੁਰੂ, ਮੱਖਣ ਸਿੰਘ ਲਾਲਕਾ, ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਜਥੇਦਾਰ ਹਰਬੰਸ ਸਿੰਘ ਬਡਾਲੀ, ਕੁਲਦੀਪ ਸਿੰਘ ਮਛਰਾਈ, ਸੁਖਵਿੰਦਰ ਸਿੰਘ ਕਾਲਾ ਅਰੋੜਾ, ਡਾ. ਜਸਵੰਤ ਸਿੰਘ ਅਲਾਦਾਦਪੁਰਾ, ਅਵਤਾਰ ਸਿੰਘ ਰਿਆ ਅਤੇ ਯੂਥ ਆਗੂ ਕਮਲਜੀਤ ਸਿੰਘ ਗਿੱਲ ਆਦਿ ਨੇ ਵਿਚਾਰ ਪੇਸ ਕੀਤੇ। ਇਸ ਮੌਕੇ ਐਸ ਓ ਆਈ ਦੇ ਕੌਮੀ ਪ੍ਰਧਾਨ ਰਣਬੀਰ ਸਿੰਘ ਰਾਣਾ ਢਿੱਲੋਂ, ਜ਼ਿਲ੍ਹਾ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ, ਜਥੇਦਾਰ ਕਰਮਜੀਤ ਸਿੰਘ ਭਗੜਾਣਾ, ਜਥੇਦਾਰ ਕੁਲਦੀਪ ਸਿੰਘ ਮੁੱਢੜੀਆ, ਜਤਿੰਦਰ ਸਿੰਘ ਧਾਲੀਵਾਲ, ਜਰਨੈਲ ਸਿੰਘ ਮਾਜਰੀ, ਹਰਵਿੰਦਰ ਸਿੰਘ ਬਿੰਦਾ ਮਾਜਰੀ,ਡਾ ਅਰਜੁਨ ਸਿੰਘ ਪ੍ਰਧਾਨ, ਸੁਖਦੇਵ ਸਿੰਘ ਬੈਣੀ, ਕਰਮ ਸਿੰਘ ਘੁਟੀਂਡ, ਕੁਲਵਿੰਦਰ ਸਿੰਘ ਭੰਗੂ, ਹਰਿੰਦਰ ਸਿੰਘ ਦੀਵਾ, ਨਾਜ਼ਰ ਸਿੰਘ ਮੰਡੀ, ਐਡਵੋਕੇਟ ਸਤਨਾਮ ਸਿੰਘ ਭਗੜਾਣਾ, ਰੇਸ਼ਮ ਸਿੰਘ ਵਿਰਕ, ਸੋਮਨਾਥ ਅਜਨਾਲੀ, ਭਗਵਾਨ ਸਿੰਘ ਗੱਗੀ ਸਰਪੰਚ, ਮਨਜੀਤ ਸਿੰਘ ਕੈਥ ਤੇ ਗੁਰਬਖ਼ਸ਼ ਸਿੰਘ ਬੈਣਾ ਆਦਿ ਹਾਜ਼ਰ ਸਨ।

# ਸੁਪਰੀਮ ਕੋਰਟ ਵੱਲੋਂ ਈਸਾਈ ਬਣਨ 'ਤੇ ਐਸ.ਸੀ. ਲਾਭ ਮਿਲਣ ਉੱਤੇ ਲਗਾਈ ਰੋਕ ਸਵਾਗਤਯੋਗ : ਦਿੱਲੀ ਗੁਰਦੁਆਰਾ ਕਮੇਟੀ

ਨਵੀਂ ਦਿੱਲੀ, 25 ਮਾਰਚ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁਪਰੀਮ ਕੋਰਟ ਵੱਲੋਂ ਈਸਾਈ ਬਣਨ 'ਤੇ ਐਸ ਸੀ ਸਹੂਲਤਾਂ ਮਿਲਣ 'ਤੇ ਲਗਾਈ ਰੋਕ ਦੇ ਫੈਸਲੇ ਦਾ ਸਵਾਗਤ ਕੀਤਾ ਹੈ ਤੇ ਕਿਹਾ ਹੈ ਕਿ ਇਸ ਨਾਲ ਧਰਮ ਪਰਿਵਰਤਨ ਨੂੰ ਖਾਸ ਤੌਰ 'ਤੇ ਪੰਜਾਬ ਵਿਚ ਧਰਮ ਪਰਿਵਰਤਨ ਨੂੰ ਠੱਲ੍ਹ ਪੈਣ ਵਿਚ ਮਦਦ ਮਿਲੇਗੀ। ਮੀਡੀਆ ਨਾਲ ਗੱਲਬਾਤ ਕਰਦਿਆਂ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸੁਪਰੀਮ ਕੋਰਟ ਦਾ ਇਹ ਫੈਸਲਾ ਬਹੁਤ ਹੀ ਸਵਾਗਤਯੋਗ ਹੈ ਕਿ ਅਨੁਸੂਚਿਤ ਜਾਤੀਆਂ (ਐਸ ਸੀ) ਵਰਗ ਦੀਆਂ ਸਹੂਲਤਾਂ ਸਿਰਫ ਹਿੰਦੂ, ਸਿੱਖ ਤੇ ਬੁੱਧ ਧਰਮਰ ਦੇ ਲੋਕਾਂ ਨੂੰ ਮਿਲਣਗੀਆਂ ਅਤੇ ਜੇਕਰ ਕੋਈ ਈਸਾਈ ਬਣਦਾ ਹੈ ਤਾਂ ਫਿਰ ਇਹ ਐਸ ਸੀ ਵਰਗ ਨੂੰ ਮਿਲਦੀਆਂ ਸਹੂਲਤਾਂ ਨਹੀਂ ਲੈ ਸਕੇਗਾ। ਉਹਨਾਂ ਕਿਹਾ ਕਿ ਪੰਜਾਬ ਵਿਚ ਲਾਲਚ ਦੇ ਕੇ ਲੋਕਾਂ ਦਾ ਧਰਮ ਪਰਿਵਰਤਨ ਕਰ ਕੇ ਉਹਨਾਂ ਨੂੰ ਈਸਾਈ ਬਣਾਇਆ ਜਾ ਰਿਹਾ ਸੀ ਤੇ



ਇਹ ਮੁੱਦਾ ਦਿੱਲੀ ਗੁਰਦੁਆਰਾ ਕਮੇਟੀ ਨੇ ਅਨੇਕਾਂ ਵਾਰ ਪੂਰੇ ਜ਼ੋਰ ਸ਼ੋਰ ਨਾਲ ਚੁੱਕਿਆ ਹੈ ਤੇ ਅਸੀਂ 2000 ਦੇ ਕਰੀਬ ਲੋਕਾਂ ਦੀ ਮੁੜ ਵਾਪਸੀ ਸਿੱਖ ਧਰਮ ਵਿਚ ਕਰਵਾਈ ਵੀ ਹੈ। ਉਹਨਾਂ ਕਿਹਾ ਕਿ ਹੁਣ ਜਦੋਂ ਸੁਪਰੀਮ ਕੋਰਟ ਦਾ ਇਹ ਫੈਸਲਾ ਆਇਆ ਹੈ ਤਾਂ ਪੂਰੀ ਆਸ ਹੈ ਕਿ ਇਸ ਨਾਲ ਧਰਮ ਪਰਿਵਰਤਨ ਦੀ ਮੁਹਿੰਮ ਨੂੰ ਖਾਸ ਤੌਰ 'ਤੇ ਪੰਜਾਬ ਵਿਚ ਠੱਲ੍ਹ ਪਵੇਗੀ ਅਤੇ ਲੋਕ ਹੁਣ ਇਹ ਸਮਝ ਲੈਣਗੇ ਕਿ ਲਾਲਚ ਵਿਚ ਆ ਕੇ ਜੇਕਰ ਈਸਾਈ ਧਰਮ ਅਪਣਾਇਆ ਤਾਂ ਐਸ ਸੀ ਵਰਗ ਨੂੰ ਮਿਲਦੀਆਂ ਸਹੂਲਤਾਂ ਤੋਂ ਵਾਂਝੇ ਹੋ ਜਾਣਗੇ। ਉਹਨਾਂ ਕਿਹਾ ਕਿ ਐਸ ਸੀ ਵਰਗ ਦੇ ਬੱਚਿਆਂ ਨੂੰ ਨੌਕਰੀਆਂ ਵਿਚ ਰਾਖਵਾਂਕਰਨ, ਸਿੱਖਿਆ ਵਿਚ ਰਾਖਵਾਂਕਰਨ ਤੇ ਹੋਰ ਸਹੂਲਤਾਂ ਮਿਲਦੀਆਂ ਹਨ ਤੇ ਜੇਕਰ ਕੋਈ ਈਸਾਈ ਬਣਦਾ ਹੈ ਤਾਂ ਇਹਨਾਂ ਸਹੂਲਤਾਂ ਤੋਂ ਵਾਂਝਾ ਹੋ ਜਾਵੇਗਾ। ਉਹਨਾਂ ਨੇ ਕੇਂਦਰ ਸਰਕਾਰ ਅਤੇ ਸੂਬਿਆਂ ਦੀਆਂ ਸਰਕਾਰਾਂ ਨੂੰ ਇਹ ਅਪੀਲ ਵੀ ਕੀਤੀ ਕਿ ਸੁਪਰੀਮ ਕੋਰਟ ਦੇ ਇਸ ਹੁਕਮ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇ ਤਾਂ ਜੋ ਧਰਮ ਪਰਿਵਰਤਨ ਦੀ ਮੁਹਿੰਮ ਨੂੰ ਠੱਲ੍ਹ ਪਾਈ ਜਾ ਸਕੇ।


ਵਿੱਤ ਮੰਤਰਾਲਯ
MINISTRY OF FINANCE

ਜੀਐਸਟੀ

ਕਰਦਾਤਾ ਧਿਆਨ ਦਿਓ !




ਜਿਨ੍ਹਾਂ ਕਰਦਾਤਿਆਂ ਦਾ ਕੁੱਲ ਸਲਾਨਾ ਟਰਨਓਵਰ# ਇੱਕ ਦਰਸਾਈ ਹੱਦ* ਤੱਕ ਹੈ ਉਹ ਵਿੱਤੀ ਸਾਲ 2026-27 ਦੇ ਲਈ ਜੀਐਸਟੀ ਕੰਪੋਜ਼ੀਸਨ ਯੋਜਨਾ ਦਾ ਵਿਕਲਪ 31 ਮਾਰਚ, 2026 ਤੱਕ ਚੁਣ ਸਕਦੇ ਹਨ।

ਯੋਗ ਕਰਦਾਤਾ, ਜੋ ਕੰਪੋਜੀਸ਼ਨ ਸਕੀਮ ਦਾ ਲਾਭ ਲੈਣਾ ਚਾਹੁੰਦੇ ਹਨ, ਉਹ ਜੀਐਸਟੀ ਪੋਰਟਲ (www.gst.gov.in) 'ਤੇ ਨਿਮਨ ਪ੍ਰਕਿਰਿਆ ਦੁਆਰਾ ਕੰਪੋਜੀਸ਼ਨ ਯੋਜਨਾ ਦਾ ਵਿਕਲਪ ਚੁਣ ਸਕਦੇ ਹਨ :

LOGIN
ਕਰਦਾਤਾ ਇੰਟਰਫੇਸ 'ਤੇ ਲਾਗਇਨ ਕਰੋ

'SERVICES > REGISTRATION > APPLICATION TO OPT FOR COMPOSITION LEVY 'ਤੇ ਜਾਓ

ਫਾਰਮ GST CMP-02 ਭਰ ਕੇ ਜਮ੍ਹਾਂ ਕਰੋ

ਪਹਿਲਾਂ ਤੋਂ ਕੰਪੋਜੀਸ਼ਨ ਸਕੀਮ ਦਾ ਲਾਭ ਲੈ ਰਹੇ ਯੋਗ ਕਰਦਾਤਿਆਂ ਨੂੰ ਫਾਰਮ GST CMP-02 ਦਾਖਲ ਕਰਨਾ ਜ਼ਰੂਰੀ ਨਹੀਂ ਹੈ

ਸੌਖਾ ਅਤੇ ਸੁਵਿਧਾਜਨਕ ਅਨੁਪਾਲਣ
ਆਕਰਸ਼ਕ ਕਰ ਦਰਾਂ
ਘੱਟੋ-ਘੱਟ ਅਨੁਪਾਲਣ ਸ਼ਰਤਾਂ
ਸਵੈ-ਨਵੀਨੀਕਰਨ ਅਤੇ ਯੋਜਨਾ ਨੂੰ ਛੱਡਣਾ ਵੀ ਸਰਲ
ਮਾਲ ਅਤੇ ਸੇਵਾਵਾਂ ਦੇ ਸਪਲਾਈਕਾਰਾਂ ਦੇ ਲਈ ਉਪਲਬਧ
ਘੱਟ ਬਹੀਖਾਤਿਆਂ ਦੀ ਲੋੜ

| * ਸਪਲਾਈਕਾਰਾਂ ਦੀਆਂ ਕਿਸਮਾਂ | | # ਵਿੱਤੀ ਸਾਲ 2025-26 ਵਿੱਚ ਕੁੱਲ ਸਾਲਾਨਾ ਟਰਨਓਵਰ |
|---|---|---|
| ਮਾਲ ਦੇ ਸਪਲਾਈਕਾਰ | 08 ਦਰਸਾਏ ਸੂਬਿਆਂ ਵਿਚ ਪੰਜੀਕ੍ਰਿਤ ਕਰਦਾਤਾ | ਰੁ. 75 ਲੱਖ ਤੱਕ |
| | ਹੋਰ ਰਾਜਾਂ ਵਿਚ ਪੰਜੀਕ੍ਰਿਤ ਕਰਦਾਤਾ | ਰੁ. 150 ਲੱਖ ਤੱਕ |
| ਸੇਵਾਵਾਂ ਦੇ ਸਪਲਾਈਕਾਰ | | ਰੁ. 50 ਲੱਖ ਤੱਕ |

ਵਧੇਰੇ ਜਾਣਕਾਰੀ ਲਈ ਕਿਰਪਾ ਕਰਕੇ ਜੀਐਸਜੀ ਐਕਟ ਦੀ ਧਾਰਾ 10, ਸੀਜੀਐਸਟੀ ਨਿਯਮ 3 ਅਤੇ 7 ਅਤੇ ਅਧਿਸੂਚਨਾ ਨੰਬਰ 14/2019 ਕੇਂਦਰੀ ਕਰ ਮਿਤੀ 07.03.2019 ਨੂੰ ਦੇਖੋ।

ਜੀਐਸਟੀ ਕੰਪੋਜ਼ੀਸ਼ਨ ਯੋਜਨ : ਛੋਟੇ ਕਰਦਾਤਿਆਂ ਦੇ ਲਈ ਵੱਡੇ ਲਾਭ

@cbicindia @cbic_india @cbicindia @CBICINDIA @CBIC india

CBC 15502/13/0051/2526

## ਸੰਪਾਦਕੀ

# ਮਹੱਤਵਪੂਰਨ ਫੈਸਲਾ

ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਰਾਖਵੀਆਂ ਸ਼੍ਰੇਣੀਆਂ ਅਤੇ ਧਾਰਮਿਕ ਪਰਿਵਰਤਨ ਦੇ ਮੁੱਦੇ 'ਤੇ ਇੱਕ ਸਪੱਸ਼ਟ ਅਤੇ ਮਹੱਤਵਪੂਰਨ ਫੈਸਲਾ ਸੁਣਾਇਆ। ਇਸ ਅਨੁਸਾਰ ਅਨੁਸੂਚਿਤ ਜਾਤੀ ਮੂਲ ਦਾ ਕੋਈ ਵਿਅਕਤੀ ਜਾਂ ਪਰਿਵਾਰ ਜੋ ਹਿੰਦੂ, ਸਿੱਖ ਧਰਮ ਜਾਂ ਬੁੱਧ ਧਰਮ ਤੋਂ ਕਿਸੇ ਹੋਰ ਧਰਮ ਵਿੱਚ ਧਰਮ ਪਰਿਵਰਤਨ ਕਰਦਾ ਹੈ, ਸੁਰੱਖਿਆ, ਰਾਖਵਾਂਕਰਨ ਜਾਂ ਹੋਰ ਕਾਨੂੰਨੀ ਲਾਭਾਂ ਦਾ ਦਾਅਵਾ ਨਹੀਂ ਕਰ ਸਕਦਾ। ਅਜਿਹਾ ਇਸ ਲਈ ਹੈ ਕਿਉਂਕਿ, ਸੰਵਿਧਾਨਕ ਉਪਬੰਧਾਂ ਦੇ ਅਨੁਸਾਰ ਧਰਮ ਪਰਿਵਰਤਨ 'ਤੇ ਉਨ੍ਹਾਂ ਦਾ ਅਨੁਸੂਚਿਤ ਜਾਤੀ ਦਾ ਦਰਜਾ ਖਤਮ ਹੋ ਜਾਂਦਾ ਹੈ। ਸੁਪਰੀਮ ਕੋਰਟ ਦੇ ਇਸ ਫੈਸਲੇ ਨੂੰ ਲੰਬੇ ਸਮੇਂ ਤੋਂ ਚੱਲੀ ਆ ਰਹੀ ਬਹਿਸ ਵਿੱਚ ਫੈਸਲਾਕੁੰਨ ਮੰਨਿਆ ਜਾ ਰਿਹਾ ਹੈ ਕਿ, ਭਾਵੇਂ ਕੋਈ ਵਿਅਕਤੀ ਕਿਸੇ ਹੋਰ ਧਰਮ ਵਿੱਚ ਧਰਮ ਪਰਿਵਰਤਨ ਕਰ ਚੁੱਕਾ ਹੈ, ਪਰ ਉਨ੍ਹਾਂ ਨੂੰ ਉਨ੍ਹਾਂ ਦੇ ਮੂਲ ਸਮਾਜਿਕ ਪਿਛੋਕੜ ਦੇ ਆਧਾਰ 'ਤੇ ਰਾਖਵੀਆਂ ਸ਼੍ਰੇਣੀਆਂ ਦੇ ਲਾਭ ਮਿਲਣੇ ਚਾਹੀਦੇ ਹਨ। ਅਕਸਰ ਅਜਿਹੇ ਮਾਮਲੇ ਸਾਹਮਣੇ ਆਉਂਦੇ ਹਨ ਜਿੱਥੇ ਲੋਕ ਧਰਮ ਪਰਿਵਰਤਨ ਤੋਂ ਬਾਅਦ ਵੀ ਰਾਖਵੀਆਂ ਸ਼੍ਰੇਣੀਆਂ ਦੇ ਲਾਭਾਂ ਦੇ ਹੱਕਦਾਰ ਹੋਣ ਦਾ ਦਾਅਵਾ ਕਰਦੇ ਹਨ। ਹਾਲਾਂਕਿ, ਅਦਾਲਤ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਅਜਿਹੇ ਦਾਅਵੇ ਜਾਇਜ਼ ਨਹੀਂ ਹਨ। ਇਹ ਮਾਮਲਾ ਆਂਧਰਾ ਪ੍ਰਦੇਸ਼ ਤੋਂ ਸੁਪਰੀਮ ਕੋਰਟ ਵਿੱਚ ਆਇਆ ਸੀ। ਪਟੀਸ਼ਨਕਰਤਾ ਨੇ ਈਸਾਈ ਧਰਮ ਵਿੱਚ ਧਰਮ ਪਰਿਵਰਤਨ ਕਰਨ ਦੇ ਬਾਵਜੂਦ, ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ ਐਕਟ ਦੇ ਮੈਂਬਰ ਹੋਣ ਦਾ ਦਾਅਵਾ ਕੀਤਾ। ਆਂਧਰਾ ਪ੍ਰਦੇਸ਼ ਹਾਈ ਕੋਰਟ ਨੇ ਇੱਕ ਸਬੰਧਤ ਪਟੀਸ਼ਨ ਨੂੰ ਖਾਰਜ ਕਰ ਦਿੱਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਧਰਮ ਪਰਿਵਰਤਨ ਤੋਂ ਬਾਅਦ ਕਿਸੇ ਵਿਅਕਤੀ ਨੂੰ ਅਨੁਸੂਚਿਤ ਜਾਤੀ ਦਾ ਦਰਜਾ ਨਹੀਂ ਦਿੱਤਾ ਜਾ ਸਕਦਾ। ਇਸ ਨੂੰ ਜਾਗਰੂਕਤਾ ਦੀ ਘਾਟ ਕਹੋ ਜਾਂ ਸਿਸਟਮ ਵਿੱਚ ਅਸਪੱਸ਼ਟਤਾ, ਰਾਖਵੀਆਂ ਸ਼੍ਰੇਣੀਆਂ ਨਾਲ ਸਬੰਧਤ ਲੋਕ ਅਜੇ ਵੀ ਇਹ ਗਲਤ ਧਾਰਨਾ ਰੱਖਦੇ ਹਨ ਕਿ ਜੇਕਰ ਉਹ ਕਿਸੇ ਹੋਰ ਧਰਮ ਵਿੱਚ ਧਰਮ ਪਰਿਵਰਤਨ ਕਰਦੇ ਹਨ ਤਾਂ ਵੀ ਉਹਨਾਂ ਨੂੰ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ ਐਕਟ ਦੇ ਲਾਭ ਮਿਲਦੇ ਰਹਿਣਗੇ। ਹਾਲਾਂਕਿ, ਸੁਪਰੀਮ ਕੋਰਟ ਨੇ ਹੁਣ ਸਪੱਸ਼ਟ ਕੀਤਾ ਹੈ ਕਿ ਅਜਿਹੇ ਵਿਅਕਤੀ ਨੂੰ ਸੰਵਿਧਾਨ, ਸੰਸਦ ਜਾਂ ਰਾਜ ਵਿਧਾਨ ਸਭਾ ਦੇ ਕਿਸੇ ਵੀ ਕਾਨੂੰਨ ਅਧੀਨ ਕੋਈ ਵੀ ਕਾਨੂੰਨੀ ਲਾਭ, ਸੁਰੱਖਿਆ ਜਾਂ ਰਾਖਵਾਂਕਰਨ ਨਹੀਂ ਦਿੱਤਾ ਜਾ ਸਕਦਾ। ਇਹ ਸ਼ਖ਼ਤੀ ਨਾਲ ਵਰਜਿਤ ਹੈ, ਬਿਨਾਂ ਕਿਸੇ ਅਪਵਾਦ ਦੇ। ਮਹੱਤਵਪੂਰਨ ਗੱਲ ਇਹ ਹੈ ਕਿ ਧਰਮ ਪਰਿਵਰਤਨ ਕਰਨ ਵਾਲਿਆਂ ਦੀ ਜਾਤੀ ਸਥਿਤੀ ਸਬੰਧੀ ਸਵਾਲ ਸਿਰਫ਼ ਅਦਾਲਤਾਂ ਤੱਕ ਸੀਮਤ ਨਹੀਂ ਹਨ; ਇਸ ਮੁੱਦੇ ਨੂੰ ਰਾਜਨੀਤਿਕ ਲਾਭ ਅਤੇ ਨੁਕਸਾਨ ਦੇ ਲੈਂਸ ਰਾਹੀਂ ਵੀ ਦੇਖਿਆ ਜਾਂਦਾ ਹੈ। ਕਰਨਾਟਕ ਰਾਜ ਪੱਛੜੇ ਵਰਗ ਕਮਿਸ਼ਨ ਦੁਆਰਾ ਕੀਤੀ ਗਈ ਹਾਲ ਹੀ ਵਿੱਚ ਕੀਤੀ ਗਈ ਜਾਤੀ ਜਨਗਣਨਾ ਨੇ ਵਿਵਾਦ ਪੈਦਾ ਕਰ ਦਿੱਤਾ ਜਦੋਂ ਤੀਹ ਜਾਤੀਆਂ ਨੂੰ ਈਸਾਈ ਭਾਈਚਾਰੇ ਅਧੀਨ ਸੂਚੀਬੱਧ ਕੀਤਾ ਗਿਆ ਸੀ। ਵਿਰੋਧੀ ਧਿਰ ਦੇ ਵਿਰੋਧ ਪ੍ਰਦਰਸ਼ਨਾਂ ਅਤੇ ਰਾਜਪਾਲ ਦੇ ਸੁਝਾਅ ਤੋਂ ਬਾਅਦ ਇਨ੍ਹਾਂ ਭਾਈਚਾਰਿਆਂ ਨੂੰ ਸੂਚੀ ਵਿੱਚੋਂ ਹਟਾ ਦਿੱਤਾ ਗਿਆ ਸੀ, ਹਾਲਾਂਕਿ ਚਾਰ ਸ਼੍ਰੇਣੀਆਂ ਨੂੰ ਬਰਕਰਾਰ ਰੱਖਿਆ ਗਿਆ ਸੀ। ਅਜਿਹੀ ਸਥਿਤੀ ਵਿੱਚ ਇਹ ਪੁੱਛਣਾ ਵੀ ਮਹੱਤਵਪੂਰਨ ਹੈ: ਰਾਖਵੀਆਂ ਸ਼੍ਰੇਣੀਆਂ ਅਤੇ ਧਾਰਮਿਕ ਪਰਿਵਰਤਨ ਦੇ ਮੁੱਦੇ 'ਤੇ ਸੁਪਰੀਮ ਕੋਰਟ ਦੇ ਆਪਣੇ ਫੈਸਲੇ ਵਿੱਚ ਸਪੱਸ਼ਟੀਕਰਨ ਨੂੰ ਦੇਖਦੇ ਹੋਏ, ਕੀ ਅਜਿਹੀ ਪਹਿਲ ਸਰਕਾਰੀ ਪੱਧਰ 'ਤੇ ਨਹੀਂ ਕੀਤੀ ਜਾ ਸਕਦੀ ਹੈ? ਸੰਵਿਧਾਨ (ਅਨੁਸੂਚਿਤ ਜਾਤੀਆਂ) ਆਦੇਸ਼, 1950, ਸਪੱਸ਼ਟ ਤੌਰ 'ਤੇ ਕਹਿੰਦਾ ਹੈ ਕਿ ਕੋਈ ਵੀ ਵਿਅਕਤੀ ਜੋ ਕਿਸੇ ਵੀ ਧਰਮ ਨੂੰ ਤਿਆਗਦਾ ਹੈ ਅਤੇ ਦੂਜਾ ਧਰਮ ਅਪਣਾਉਂਦਾ ਹੈ, ਤੁਰੰਤ ਆਪਣਾ ਅਨੁਸੂਚਿਤ ਜਾਤੀ ਦਰਜਾ ਗੁਆ ਦਿੰਦਾ ਹੈ। ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀ ਐਕਟ ਦਾ ਸੁਰੱਖਿਆ ਢਾਂਚਾ ਉਨ੍ਹਾਂ ਲੋਕਾਂ ਤੱਕ ਨਹੀਂ ਵਧਾਇਆ ਜਾ ਸਕਦਾ, ਜਿਨ੍ਹਾਂ ਨੇ ਧਰਮ ਪਰਿਵਰਤਨ ਕਰਕੇ ਇਸ ਸਮਾਜਿਕ ਅਤੇ ਕਾਨੂੰਨੀ ਸ਼੍ਰੇਣੀ ਨੂੰ ਛੱਡਣਾ ਚੁਣਿਆ ਹੈ। ਮੰਗਲਵਾਰ ਨੂੰ ਸੁਪਰੀਮ ਕੋਰਟ ਨੇ ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਉਸ ਫੈਸਲੇ ਨੂੰ ਬਰਕਰਾਰ ਰੱਖਿਆ, ਜਿਸ ਵਿੱਚ ਹਿੰਦੂ ਧਰਮ ਤੋਂ ਈਸਾਈ ਧਰਮ ਵਿੱਚ ਪਰਿਵਰਤਨ ਕਰਨ ਵਾਲੇ ਵਿਅਕਤੀ ਵਿਰੁੱਧ ਐਸਸੀ/ਐਸਟੀ ਐਕਟ ਤਹਿਤ ਦਰਜ ਐਫਆਈਆਰ ਨੂੰ ਰੱਦ ਕਰ ਦਿੱਤਾ ਗਿਆ ਸੀ। ਹਾਈਕੋਰਟ ਨੇ ਆਪਣੇ ਫੈਸਲੇ ਵਿੱਚ ਕਿਹਾ ਸੀ ਕਿ ਐਸਸੀ ਦਰਜਾ ਸਿਰਫ ਹਿੰਦੂ ਧਰਮ, ਸਿੱਖ ਧਰਮ ਅਤੇ ਬੁੱਧ ਧਰਮ ਦੇ ਪੈਰੋਕਾਰਾਂ 'ਤੇ ਲਾਗੂ ਹੁੰਦਾ ਹੈ। ਜੋ ਲੋਕ ਕਿਸੇ ਹੋਰ ਧਰਮ ਵਿੱਚ ਪਰਿਵਰਤਨ ਕਰਦੇ ਹਨ, ਉਹ ਆਪਣਾ ਐਸਸੀ ਦਰਜਾ ਗੁਆ ਦਿੰਦੇ ਹਨ।

-ਜਗਜੀਤ ਸਿੰਘ ਦਰਦੀ

## ਆਨਲਾਈਨ ਮੀਡੀਆ ਹੁਣ ਹੋਰ ਸਖ਼ਤ ਕਾਨੂੰਨਾਂ ਹੇਠ

# ਇਸ ਡਿਜੀਟਲ ਯੁੱਗ ਵਿੱਚ ਆਜ਼ਾਦੀ ਅਤੇ ਜ਼ਿੰਮੇਵਾਰੀ ਵਿਚਕਾਰ ਤਕਰਾਰ ਤੇ ਲੋਕਤੰਤਰ ਦਾ ਮੁੱਦਾ?

### ਹੁਣ ਗ੍ਰਿਹ, ਵਿਦੇਸ਼, ਰੱਖਿਆ ਅਤੇ ਸੂਚਨਾ-ਪ੍ਰਸਾਰਣ ਮੰਤਰਾਲਿਆਂ ਨੂੰ ਵੀ ਸਮੱਗਰੀ ਬਲਾਕ ਕਰਨ ਦਾ ਅਧਿਕਾਰ ਦੇਣ ਦੀ ਗੱਲ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਭਾਰਤ ਸਰਕਾਰ ਵੱਲੋਂ ਆਨਲਾਈਨ ਮੀਡੀਆ 'ਤੇ ਅਸ਼ਲੀਲ ਤੇ ਨਫ਼ਰਤੀ ਸਮੱਗਰੀ ਉੱਤੇ ਸਖ਼ਤੀ ਵਧਾਉਣ ਦੀਆਂ ਤਿਆਰੀਆਂ ਦੀ ਖ਼ਬਰਾਂ ਸਾਹਮਣੇ ਆਈਆਂ ਹਨ । ਇਹ ਭਾਰਤ ਵਿੱਚ ਆਨਲਾਈਨ ਸਮੱਗਰੀ ਨਿਯੰਤਰਣ ਦੀ ਨਵੀਂ ਲਹਿਰ ਹੈ ਜੋ ਲੱਗਦਾ ਹੈ ਕਿ ਇਹਨਾਂ ਦਿਨਾਂ ਵਿੱਚ ਅਤੀ ਜ਼ਰੂਰੀ ਹੋ ਗਈ ਹੈ ਤੇ ਸਰਕਾਰ ਦਾ ਪੱਖ ਇਹ ਹੈ ਕਿ ਸਮਾਜ ਵਿੱਚ ਆਪਣੇ ਅਧਿਕਾਰਾਂ ਦੇ ਨਾਲ ਆਪਣੇ ਫਰਜ਼ ਵੀ ਸਮਝਣੇ ਚਾਹੀਦੇ ਹਨ ਅਤੇ ਇਹ ਅਧਿਕਾਰ ਸਰਕਾਰ ਨੂੰ ਹੈ ਕਿ ਸਰਕਾਰ ਵਿੱਚ ਸਮਰਸਤਾ ਬਣਾਈ ਰੱਖੇ ਤੇ ਅਜਿਹੇ ਕੰਟੈਂਟ 'ਤੇ ਪਾਬੰਦੀ ਲਗਾਵੇ ਜੋ ਸਮਾਜ ਨੂੰ ਵੰਡਦਾ ਹੈ । ਅੱਜ ਆਜ਼ਾਦੀ, ਸੁਰੱਖਿਆ ਅਤੇ ਡਿਜੀਟਲ ਲੋਕਤੰਤਰ ਦਾ ਭਵਿੱਖ ਕੀ ਹੋਵੇਗਾ ਹੁਣ ਭਾਰਤੀ ਸਰਕਾਰ ਵੱਲੋਂ ਸੋਸ਼ਲ ਮੀਡੀਆ ਪਲੇਟਫਾਰਮਾਂ ਉੱਤੇ ਇੱਕ ਘੰਟੇ ਦੀ ਸਖ਼ਤ ਸਮਾਂ-ਸੀਮਾ ਲਗਾਉਣ ਅਤੇ ਆਈਟੀ ਨਿਯਮਾਂ ਵਿੱਚ ਵਧੇਰੇ ਸੋਧਾਂ ਦੀ ਤਿਆਰੀ ਇੱਕ ਅਜਿਹਾ ਕਦਮ ਹੈ ਜੋ ਡਿਜੀਟਲ ਯੁੱਗ ਵਿੱਚ ਰਾਜਨੀਤੀ, ਆਜ਼ਾਦੀ ਅਤੇ ਨਿਯੰਤਰਣ ਵਿਚਕਾਰ ਵਧਦੀ ਟਕਰਾਅ ਨੂੰ ਉਜਾਗਰ ਕਰਦਾ ਹੈ।

ਫਰਵਰੀ 2026 ਵਿੱਚ ਆਈਟੀ ਨਿਯਮਾਂ ਵਿੱਚ ਕੀਤੀਆਂ ਸੋਧਾਂ ਤੋਂ ਬਾਅਦ, ਜਿਸ ਵਿੱਚ ਗੈਰ-ਕਾਨੂੰਨੀ ਸਮੱਗਰੀ ਨੂੰ ਹਟਾਉਣ ਦੀ ਸਮਾਂ-ਸੀਮਾ 36 ਘੰਟਿਆਂ ਤੋਂ ਘਟਾ ਕੇ 2-3 ਘੰਟੇ ਕਰ ਦਿੱਤੀ ਗਈ ਸੀ, ਹੁਣ ਸਰਕਾਰ ਇਸ ਨੂੰ ਹੋਰ ਘਟਾ ਕੇ ਇੱਕ ਘੰਟਾ ਕਰਨ 'ਤੇ ਵਿਚਾਰ ਕਰ ਰਹੀ ਹੈ। ਇਸ ਤੋਂ ਇਲਾਵਾ, ਗ੍ਰਿਹਿ, ਵਿਦੇਸ਼, ਰੱਖਿਆ ਅਤੇ ਸੂਚਨਾ-ਪ੍ਰਸਾਰਣ ਮੰਤਰਾਲਿਆਂ ਨੂੰ ਵੀ ਸਮੱਗਰੀ ਬਲਾਕ ਕਰਨ ਦਾ ਅਧਿਕਾਰ ਦੇਣ ਅਤੇ ਔਨਲਾਈਨ ਅਸ਼ਲੀਲ ਤੇ ਨਫ਼ਰਤੀ ਸਮੱਗਰੀ ਉੱਤੇ ਸਖ਼ਤੀ ਵਧਾਉਣ ਦੀਆਂ ਤਿਆਰੀਆਂ ਚੱਲ ਰਹੀਆਂ ਹਨ । ਅੱਜ ਇਹ ਉਪਾਅ ਇੱਕ ਪਾਸੇ ਤੋਂ ਗੈਰ-ਕਾਨੂੰਨੀ ਤੱਤਾਂ, ਡੀਪਫੇਕ, ਅਸ਼ਲੀਲ ਤੇ ਫੇਕ ਨਿਊਜ਼ ਨੂੰ ਰੋਕਣ ਦਾ ਦਾਅਵਾ ਕਰਦੇ ਹਨ, ਤਾਂ ਦੂਜੇ ਪਾਸੇ ਆਲੋਚਕ ਇਸ ਨੂੰ ਬੋਲਣ ਦੀ ਆਜ਼ਾਦੀ ਉੱਤੇ ਹਮਲਾ ਮੰਨਦੇ ਹਨ । ਇਸ ਸੰਪਾਦਕੀ ਵਿੱਚ ਅਸੀਂ ਇਸ ਪ੍ਰਸਤਾਵ ਦੇ ਸਾਰੇ ਪੱਖਾਂ ਉੱਤੇ ਰੋਸ਼ਨੀ ਪਾਉਂਦੇ ਹਾਂ-ਸਰਕਾਰੀ ਤਰਕ, ਤਕਨੀਕੀ ਚੁਣੌਤੀਆਂ, ਰਾਜਨੀਤਿਕ ਪ੍ਰਭਾਵ, ਵਿਰੋਧੀ ਧਿਰਾਂ ਅਤੇ ਮੀਡੀਆ ਦੀ ਨਜ਼ਰੀਆ ਤੋਂ ਸਰਕਾਰ ਦਾ ਤਰਕ ਹੈ ਕਿ ਸੁਰੱਖਿਆ ਅਤੇ ਜਨਤਕ ਹਿਤ ਦੀ ਰੱਖਿਆ ਲਈ ਕੇਂਦਰ ਸਰਕਾਰ ਦਾ ਮੰਨਣਾ ਹੈ ਕਿ ਭਾਰਤ ਵਿੱਚ ਇੱਕ ਬਿਲੀਅਨ ਤੋਂ ਵੱਧ ਇੰਟਰਨੈੱਟ ਉਪਭੋਗਤਾਵਾਂ ਵਾਲੇ ਇਸ ਡਿਜੀਟਲ ਯੁੱਗ ਵਿੱਚ ਗੈਰ-ਕਾਨੂੰਨੀ ਸਮੱਗਰੀ ਦਾ ਤੇਜ਼ੀ ਨਾਲ ਫੈਲਣਾ ਰਾਸ਼ਟਰੀ ਸੁਰੱਖਿਆ, ਸਮਾਜਿਕ ਏਕਤਾ ਅਤੇ ਵਿਅਕਤੀਗਤ ਇੱਜ਼ਤ ਲਈ ਖ਼ਤਰਾ ਬਣ ਗਿਆ ਹੈ । ਫਰਵਰੀ 2026 ਦੀਆਂ ਸੋਧਾਂ ਤੋਂ ਬਾਅਦ, ਜਿਸ ਵਿੱਚ ਗੈਰ-ਸਹਿਮਤੀ ਵਾਲੀਆਂ ਨਿੱਜੀ ਤਸਵੀਰਾਂ ਨੂੰ 2 ਘੰਟਿਆਂ ਵਿੱਚ ਅਤੇ ਹੋਰ ਗੈਰ-ਕਾਨੂੰਨੀ ਸਮੱਗਰੀ ਨੂੰ 3 ਘੰਟਿਆਂ ਵਿੱਚ ਹਟਾਉਣ ਦਾ ਹੁਕਮ ਹੈ, ਸਰਕਾਰ ਹੁਣ ਇੱਕ ਘੰਟੇ ਦੀ ਸੀਮਾ 'ਤੇ ਵਿਚਾਰ ਕਰ ਰਹੀ ਹੈ ਤਾਂ ਜੋ ਵਾਇਰਲ ਹੋਣ ਤੋਂ ਪਹਿਲਾਂ ਹੀ ਰੋਕਿਆ ਜਾ ਸਕੇ। ਇਸ ਨਾਲ ਡੀਪਫੇਕ, ਨਫ਼ਰਤੀ ਭਾਸ਼ਣ, ਅਸ਼ਲੀਲ ਕੰਟੈਂਟ ਅਤੇ ਫੇਕ ਨਿਊਜ਼ ਉੱਤੇ ਤੇਜ਼ੀ ਨਾਲ ਕਾਬੂ ਪਾਇਆ ਜਾ ਸਕਦਾ ਹੈ। ਸਰਕਾਰੀ ਸੂਤਰਾਂ ਅਨੁਸਾਰ ਇਹ ਫੈਸਲਾ ਪਲੇਟਫਾਰਮਾਂ ਦੀ ਮੌਜੂਦਾ 2-3 ਘੰਟੇ ਦੀ ਪਾਲਣਾ ਉੱਤੇ ਨਿਰਭਰ ਕਰੇਗਾ। ਜੇਕਰ ਕੰਪਨੀਆਂ ਇਸ ਨੂੰ ਠੀਕ ਤਰ੍ਹਾਂ ਲਾਗੂ ਕਰਦੀਆਂ ਹਨ ਤਾਂ ਇੱਕ ਘੰਟੇ ਵੱਲ ਵਧਿਆ ਜਾ ਸਕਦਾ ਹੈ। ਇਸ ਤੋਂ ਇਲਾਵਾ, ਸਮਾਨਾਂਤਰ ਬਲਾਕਿੰਗ ਪ੍ਰਣਾਲੀ ਵਧਾਉਣ ਅਤੇ ਡਿਜੀਟਲ ਨਿਊਜ਼ ਤੇ ਓਟੀਟੀ ਪਲੇਟਫਾਰਮਾਂ ਉੱਤੇ ਅਸ਼ਲੀਲ ਸਮੱਗਰੀ ਰੋਕਣ ਲਈ ਨਵੀਆਂ ਧਾਰਾਵਾਂ ਪੇਸ਼ ਕੀਤੀਆਂ ਜਾ ਰਹੀਆਂ ਹਨ।

ਅੱਜ ਇਸ ਤੋਂ ਪਹਿਲਾਂ ਵੀ ਸਰਕਾਰ ਨੇ ਕਈ ਓਟੀਟੀ ਪਲੇਟਫਾਰਮਾਂ ਨੂੰ ਅਸ਼ਲੀਲਤਾ ਲਈ ਬਲਾਕ ਕੀਤਾ ਹੈ, ਜਿਸ ਨੂੰ ਜਨਤਕ ਭਲਾਈ ਵਜੋਂ ਜਾਇਜ਼ ਠਹਿਰਾਇਆ ਗਿਆ।ਇਸ ਉਪਾਅ ਨਾਲ ਰਾਸ਼ਟਰੀ ਸੁਰੱਖਿਆ ਨਾਲ ਜੁੜੀਆਂ ਗੱਲਾਂ, ਵਿਦੇਸ਼ੀ ਤਾਕਤਾਂ ਵੱਲੋਂ ਫੈਲਾਈ ਜਾਣ ਵਾਲੀ ਗਲਤਫਹਿਮੀ ਅਤੇ ਬੱਚਿਆਂ ਉੱਤੇ ਪੈਣ ਵਾਲੇ ਨੁਕਸਾਨ ਨੂੰ ਰੋਕਿਆ ਜਾ ਸਕਦਾ ਹੈ। ਸਰਕਾਰ ਦਾ ਤਰਕ ਹੈ ਕਿ ਇੰਟਰਨੈੱਟ ਇੱਕ ਅਜਿਹਾ ਖੇਤਰ ਹੈ, ਜਿੱਥੇ ਇੱਕ ਘੰਟੇ ਵਿੱਚ ਵੀ ਲੱਖਾਂ ਲੋਕਾਂ ਤੱਕ ਗਲਤ ਸਮੱਗਰੀ ਪਹੁੰਚ ਸਕਦੀ ਹੈ, ਇਸ ਲਈ ਤੇਜ਼ੀ ਲਾਜ਼ਮੀ ਹੈ। ਇਸ ਨਾਲ ਆਈਟੀ ਐਕਟ 2000 ਦੀ ਧਾਰਾ 69ਏ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਰਿਹਾ ਹੈ, ਜਿਸ ਤਹਿਤ ਇਸ ਵੇਲੇ ਸਿਰਫ਼ ਆਈਟੀ ਮੰਤਰਾਲੇ ਕੋਲ ਬਲਾਕਿੰਗ ਦਾ ਅਧਿਕਾਰ ਹੈ। ਹੁਣ ਇਸ ਨੂੰ ਵਧਾ ਕੇ ਹੋਰ ਮੰਤਰਾਲਿਆਂ ਨੂੰ ਦੇਣ ਨਾਲ ਫੈਸਲੇ ਤੇਜ਼ ਹੋਣਗੇ ਅਤੇ ਵਿਭਾਗੀ ਤਾਲਮੇਲ ਵਧੇਗਾ ।

**ਤਕਨੀਕੀ ਅਤੇ ਵਿਹਾਰਕ ਚੁਣੌਤੀਆਂ**: ਪਲੇਟਫਾਰਮਾਂ ਦੀ ਚਿੰਤਾ ਸੋਸ਼ਲ ਮੀਡੀਆ ਕੰਪਨੀਆਂ, ਖਾਸ ਕਰਕੇ ਮੈਟਾ, ਗੂਗਲ ਅਤੇ ਐਕਸ (ਪਹਿਲਾਂ ਟਵਿਟਰ), ਨੇ ਇਨ੍ਹਾਂ ਨਿਯਮਾਂ ਉੱਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ। ਮੈਟਾ ਵੱਲੋਂ ਕਿਹਾ ਗਿਆ ਹੈ ਕਿ ਇੰਨੀ ਛੋਟੀ ਸਮਾਂ-ਸੀਮਾ ਵਿੱਚ ਸਮੱਗਰੀ ਦੀ ਸਹੀ ਪਛਾਣ, ਸੰਦਰਭ ਵਿਸ਼ਲੇਸ਼ਣ ਅਤੇ ਹਟਾਉਣ ਲਈ ਤਕਨੀਕੀ ਅਤੇ ਕਾਰਜਸ਼ੀਲ ਮੁਸ਼ਕਲਾਂ ਆਉਂਦੀਆਂ ਹਨ । ਇੱਕ ਘੰਟੇ ਵਿੱਚ ਤਾਂ ਇਹ ਵੀ ਔਖਾ ਹੋ ਜਾਵੇਗਾ ਕਿ ਕੀ ਸਮੱਗਰੀ ਸੱਚਮੁੱਚ ਗੈਰ-ਕਾਨੂੰਨੀ ਹੈ ਜਾਂ ਇੱਕ ਜਾਇਜ਼ ਆਲੋਚਨਾ। ਇਸ ਨਾਲ ਆਟੋਮੇਟਿਡ ਟੂਲਜ਼ ਉੱਤੇ ਨਿਰਭਰਤਾ ਵਧੇਗੀ, ਜਿਸ ਵਿੱਚ ਗਲਤੀਆਂ ਦਾ ਖ਼ਤਰਾ ਵੱਧ ਜਾਵੇਗਾ ਅਤੇ ਜਾਇਜ਼ ਸਮੱਗਰੀ ਵੀ ਹਟਾਈ ਜਾ ਸਕਦੀ ਹੈ।

ਕਾਨੂੰਨੀ ਤਜਰਬੇਕਾਰਾਂ ਅਨੁਸਾਰ, ਇੰਨੀ ਛੋਟੀ ਸੀਮਾ ਨਾਲ ਪਲੇਟਫਾਰਮਾਂ ਲਈ ਮਨੁੱਖੀ ਰਿਵਿਊ ਲਗਭਗ ਅਸੰਭਵ ਹੋ ਜਾਵੇਗਾ ਅਤੇ ਇਹ ਉਹਨਾਂ ਨੂੰ 'ਰੈਪਿਡ ਫਾਇਰ ਸੈਂਸਰ' ਬਣਾ ਦੇਵੇਗਾ। ਇਸ ਤੋਂ ਇਲਾਵਾ, ਏਆਈ ਲੇਬਲਿੰਗ ਅਤੇ ਗ੍ਰੀਵੈਂਸ ਰਿਜ਼ੋਲਵਲ ਦੀਆਂ ਛੋਟੀਆਂ ਤਰੀਕਾਂ ਵੀ ਚੁਣੌਤੀਆਂ ਪੈਦਾ ਕਰ ਰਹੀਆਂ ਹਨ। ਪਲੇਟਫਾਰਮਾਂ ਦਾ ਕਹਿਣਾ ਹੈ ਕਿ ਭਾਰਤ ਵਰਗੇ ਵੱਡੇ ਬਜ਼ਾਰ ਵਿੱਚ ਇਸ ਨੂੰ ਲਾਗੂ ਕਰਨ ਲਈ ਵੱਡੀ ਇਨਫਰਾਸਟ੍ਰਕਚਰ ਲੋੜੀਂਦੀ ਹੈ, ਜਿਸ ਲਈ ਸਰਕਾਰ ਨਾਲ ਵਧੇਰੇ ਗੱਲਬਾਤ ਹੋਣੀ ਚਾਹੀਦੀ ਹੈ।

ਉਧਰ ਸਰਕਾਰ ਨੇ ਇਸ ਤਰ੍ਹਾਂ ਦੀਆਂ ਚਿੰਤਾਵਾਂ ਨੂੰ ਰੱਦ ਕਰਦਿਆਂ ਕਿਹਾ ਹੈ ਕਿ ਉਦੇਸ਼ ਸੁਰੱਖਿਆ ਹੈ ਅਤੇ ਪਾਲਣਾ ਲਾਜ਼ਮੀ ਹੈ।

**ਰਾਜਨੀਤਿਕ ਪਾਰਟੀਆਂ ਉੱਤੇ ਪ੍ਰਭਾਵ**: ਵਿਰੋਧੀ ਧਿਰਾਂ ਅਤੇ ਭਾਜਪਾ ਦਾ ਨਜ਼ਰੀਆ ਇਸ ਨਿਯਮਾਂ ਦਾ ਰਾਜਨੀਤਿਕ ਪ੍ਰਭਾਵ ਬਹੁਤ ਡੂੰਘਾ ਹੈ। ਵਿਰੋਧੀ ਧਿਰਾਂ, ਖਾਸ ਕਰਕੇ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ, ਇਸ ਨੂੰ 'ਸੈਂਸਰਸ਼ਿਪ' ਅਤੇ 'ਆਜ਼ਾਦੀ ਉੱਤੇ ਹਮਲਾ' ਵਜੋਂ ਵੇਖ ਰਹੀਆਂ ਹਨ। ਉਹਨਾਂ ਦਾ ਦਾਅਵਾ ਹੈ ਕਿ ਮੋਦੀ ਸਰਕਾਰ ਇਸ ਰਾਹੀਂ ਆਪਣੀ ਆਲੋਚਨਾ ਕਰਨ ਵਾਲੀ ਸਮੱਗਰੀ ਨੂੰ ਤੇਜ਼ੀ ਨਾਲ ਬਲਾਕ ਕਰਨਾ ਚਾਹੁੰਦੀ ਹੈ। ਇਸ ਤੋਂ ਪਹਿਲਾਂ ਵੀ ਕਈ ਵਾਰ ਵਿਰੋਧੀ ਖਾਤਿਆਂ ਉੱਤੇ ਬਲਾਕਿੰਗ ਦੇ ਮਾਮਲੇ ਸਾਹਮਣੇ ਆਏ ਹਨ, ਜਿਸ ਨੂੰ ਕਾਂਗਰਸ ਨੇ 'ਵਿਰੋਧੀ ਆਵਾਜ਼ਾਂ ਨੂੰ ਦਬਾਉਣ' ਵਜੋਂ ਬਿਆਨ ਕੀਤਾ ਹੈ। ਉਹਨਾਂ ਅਨੁਸਾਰ, ਇੱਕ ਘੰਟੇ ਦੀ ਸੀਮਾ ਨਾਲ ਆਟੋਮੇਟਿਡ ਓਵਰ-ਰਿਮੂਵਲ ਵਧੇਗਾ ਅਤੇ ਰਾਜਨੀਤਿਕ ਵਿਰੋਧ ਨੂੰ ਅਸਾਨੀ ਨਾਲ ਰੋਕਿਆ ਜਾ ਸਕੇਗਾ । ਭਾਜਪਾ ਅਤੇ ਸਰਕਾਰ ਵੱਲੋਂ ਇਸ ਨੂੰ ਰਾਸ਼ਟਰੀ ਹਿੱਤ ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਉਹ ਕਹਿੰਦੇ ਹਨ ਕਿ ਵਿਰੋਧੀ ਧਿਰਾਂ ਫੇਕ ਨਿਊਜ਼ ਅਤੇ ਨਫ਼ਰਤੀ ਭਾਸ਼ਣ ਫੈਲਾਉਂਦੀਆਂ ਹਨ, ਜਿਸ ਨੂੰ ਰੋਕਣ ਲਈ ਇਹ ਉਪਾਅ ਲਾਜ਼ਮੀ ਹਨ।

ਅੱਜ ਸਰਕਾਰ ਨਾਲ ਜੁੜੀਆਂ ਆਵਾਜ਼ਾਂ ਇਸ ਨੂੰ 'ਸਮਾਜਿਕ ਏਕਤਾ' ਲਈ ਜ਼ਰੂਰੀ ਮੰਨਦੀਆਂ ਹਨ। ਇਸ ਤੋਂ ਇਲਾਵਾ, ਚੋਣਾਂ ਵਾਲੇ ਸਮੇਂ ਵਿੱਚ ਇਸ ਦਾ ਰਾਜਨੀਤਿਕ ਇਸਤੇਮਾਲ ਹੋਣ ਦੀ ਆਸ ਵੀ ਹੈ, ਜਿਸ ਨਾਲ ਵਿਰੋਧੀ ਧਿਰਾਂ ਦੀ ਆਨਲਾਈਨ ਮੌਜੂਦਗੀ ਘਟ ਸਕਦੀ ਹੈ। ਇਹ ਰਾਜਨੀਤੀ ਨੂੰ ਡਿਜੀਟਲ ਖੇਤਰ ਵਿੱਚ ਵੀ ਧਰੁਵੀ ਬਣਾ ਸਕਦਾ ਹੈ, ਜਿੱਥੇ ਸੱਤਾ ਧਿਰ ਆਪਣੇ ਖਿਲਾਫ ਆਵਾਜ਼ਾਂ ਨੂੰ ਤੇਜ਼ੀ ਨਾਲ ਰੋਕ ਸਕਦੀ ਹੈ। ਜਨਤਾ ਅਤੇ ਜੀਓਨ ਔਸਓ ਦਾ ਮਸਲਾ ਜਨਤਾ ਲਈ ਇਸ ਦਾ ਮਤਲਬ ਇਹ ਹੈ ਕਿ ਔਨਲਾਈਨ ਆਜ਼ਾਦੀ ਘੱਟ ਸਕਦੀ ਹੈ। ਇੰਟਰਨੈੱਟ ਫ੍ਰੀਡਮ ਫਾਊਂਡੇਸ਼ਨ ਵਰਗੀਆਂ ਸੰਸਥਾਵਾਂ ਚੇਤਾਵਨੀ ਦਿੰਦੀਆਂ ਹਨ ਕਿ ਛੋਟੀਆਂ ਸੀਮਾਵਾਂ ਨਾਲ ਪਲੇਟਫਾਰਮ ਆਟੋਮੈਟਿਕ ਤੌਰ ਉੱਤੇ ਵੱਧ ਸਮੱਗਰੀ ਹਟਾਉਣ ਲੱਗਣਗੇ, ਜਿਸ ਵਿੱਚ ਆਮ ਲੋਕਾਂ ਦੀਆਂ ਜਾਇਜ਼ ਆਵਾਜ਼ਾਂ ਵੀ ਦਬ ਸਕਦੀਆਂ ਹਨ।

ਸਵਾਲ ਇਹ ਹੈ ਕਿ ਇਸ ਨਾਲ ਸੈਲਫ-ਸੈਂਸਰਸ਼ਿਪ ਵਧੇਗੀ - ਲੋਕ ਆਪਣੀ ਰਾਏ ਤੋਂ ਡਰ ਕੇ ਚੁੱਪ ਰਹਿਣਗੇ। ਖਾਸ ਕਰਕੇ ਯੂਥ ਅਤੇ ਐਕਟਿਵਿਸਟਸ ਲਈ ਇਹ ਚਿੰਤਾਜਨਕ ਹੈ, ਕਿਉਂਕਿ ਉਹਨਾਂ ਦੀਆਂ ਆਵਾਜ਼ਾਂ ਰਾਸ਼ਟਰੀ ਮੁੱਦਿਆਂ ਉੱਤੇ ਚਰਚਾ ਲਈ ਮਹੱਤਵਪੂਰਨ ਹਨ।ਇਸ ਤੋਂ ਇਲਾਵਾ, ਅਸ਼ਲੀਲ ਕੰਟੈਂਟ ਉੱਤੇ ਸਖ਼ਤੀ ਲਈ ਓਟੀਟੀ ਅਤੇ ਡਿਜੀਟਲ ਨਿਊਜ਼ ਉੱਤੇ ਨਵੀਆਂ ਧਾਰਾਵਾਂ ਵੀ ਜਨਤਾ ਉੱਤੇ ਅਸਰ ਕਰਨਗੀਆਂ। ਇੱਕ ਪਾਸੇ ਤੋਂ ਬੱਚਿਆਂ ਦੀ ਰੱਖਿਆ ਹੋਵੇਗੀ, ਦੂਜੇ ਪਾਸੇ ਰਚਨਾਤਮਕ ਤੇ ਵਿਚਾਰਧਾਰਕ ਸਮੱਗਰੀ ਵੀ ਪ੍ਰਭਾਵਿਤ ਹੋ ਸਕਦੀ ਹੈ। ਅੱਜ ਮੀਡੀਆ ਦਾ ਨਜ਼ਰੀਆ ਹਰ ਆਜ਼ਾਦੀ ਉੱਤੇ ਖ਼ਤਰਾ ਜਾਂ ਜ਼ਰੂਰੀ ਨਿਯੰਤਰਣ ਰੱਖਣਾ ਹੈ? ਮੀਡੀਆ ਇਸ ਨੂੰ ਵੱਖ-ਵੱਖ ਤਰੀਕਿਆਂ ਨਾਲ ਵੇਖ ਰਿਹਾ ਹੈ। ਮੁੱਖਧਾਰਾ ਮੀਡੀਆ, ਖਾਸ ਕਰਕੇ ਸਰਕਾਰ-ਪੱਖੀ ਚੈਨਲਾਂ ਵੱਲੋਂ ਇਸ ਨੂੰ 'ਜਨਤਕ ਭਲਾਈ' ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਉਹ ਕਹਿੰਦੇ ਹਨ ਕਿ ਇਹ ਫੇਕ ਨਿਊਜ਼ ਅਤੇ ਨਫ਼ਰਤ ਰੋਕਣ ਲਈ ਜ਼ਰੂਰੀ ਹੈ। ਉਲਟ, ਆਜ਼ਾਦ ਮੀਡੀਆ ਅਤੇ ਡਿਜੀਟਲ ਜਰਨਲਿਸਟ ਇਸ ਨੂੰ 'ਪ੍ਰੈੱਸ ਫ੍ਰੀਡਮ ਉੱਤੇ ਹਮਲਾ' ਮੰਨਦੇ ਹਨ। ਉਹਨਾਂ ਅਨੁਸਾਰ, ਇੱਕ ਘੰਟੇ ਦੀ ਸੀਮਾ ਨਾਲ ਤੁਰੰਤ ਬਲਾਕਿੰਗ ਵਧੇਗੀ ਅਤੇ ਆਲੋਚਨਾਤਮਕ ਰਿਪੋਰਟਿੰਗ ਦਬਾਈ ਜਾ ਸਕਦੀ ਹੈ।ਇੰਟਰਨੈੱਟ ਫ੍ਰੀਡਮ ਗਰੁੱਪਾਂ ਅਨੁਸਾਰ, ਇਹ ਭਾਰਤ ਨੂੰ ਚੀਨ ਵਰਗੇ ਮਾਡਲ ਵੱਲ ਲੈ ਜਾ ਰਿਹਾ ਹੈ, ਜਿੱਥੇ ਸਰਕਾਰ ਆਨਲਾਈਨ ਆਵਾਜ਼ਾਂ ਨੂੰ ਪੂਰੀ ਤਰ੍ਹਾਂ ਨਿਯੰਤਰਿਤ ਕਰਦੀ ਹੈ। ਇਸ ਨਾਲ ਮੀਡੀਆ ਦੀ ਭੂਮਿਕਾ ਘਟ ਸਕਦੀ ਹੈ ਅਤੇ ਲੋਕ ਔਨਲਾਈਨ ਚਰਚਾਵਾਂ ਤੋਂ ਦੂਰ ਹੋ ਸਕਦੇ ਹਨ।ਜਾਰਜ ਓਰਵੈਲ ਦਾ ਚੇਤਾਵਨੀ ਭਰਿਆ ਸੰਦੇਸ਼ਜਾਰਜ ਓਰਵੈਲ ਦੀ ਰਚਨਾ 1984 ਵਿੱਚ ਉਸ ਨੇ ਲਿਖਿਆ ਸੀ: 'ਅੰਤ ਵਿੱਚ ਅਸੀਂ ਸੋਚ-ਵਿਚਾਰ ਨੂੰ ਅਪਰਾਧ ਬਣਾ ਦੇਵਾਂਗੇ, ਕਿਉਂਕਿ ਇਸ ਨੂੰ ਪ੍ਰਗਟ ਕਰਨ ਲਈ ਕੋਈ ਸ਼ਬਦ ਨਹੀਂ ਬਚਣਗੇ।' ਇਹ ਉਪਾਅ ਇਸੇ ਵੱਲ ਇਸ਼ਾਰਾ ਕਰਦਾ ਹੈ - ਜਿੱਥੇ ਸਰਕਾਰੀ ਨਿਯੰਤਰਣ ਨਾਲ ਆਜ਼ਾਦ ਵਿਚਾਰਧਾਰਾ ਘਟਦੀ ਹੈ ਅਤੇ ਲੋਕ ਆਪਣੀ ਰਾਏ ਤੋਂ ਡਰਨ ਲੱਗਦੇ ਹਨ। ਓਰਵੈਲ ਨੇ ਚਿਤਾਵਨੀ ਦਿੱਤੀ ਸੀ ਕਿ ਭਾਸ਼ਾ ਅਤੇ ਵਿਚਾਰ ਨੂੰ ਨਿਯੰਤਰਿਤ ਕਰਨ ਨਾਲ ਲੋਕਤੰਤਰ ਖਤਮ ਹੋ ਜਾਂਦਾ ਹੈ।

ਜੇਕਰ ਇਹ ਤਾਲਮੇਲ ਟੁੱਟਿਆ ਤਾਂ ਓਰਵੈਲ ਵਾਲੀ ਦੁਨੀਆਂ ਨਜ਼ਦੀਕ ਆ ਸਕਦੀ ਹੈ, ਜਿੱਥੇ ਵਿਚਾਰ ਵੀ ਅਪਰਾਧ ਬਣ ਜਾਣਗੇ।ਇਸ ਲਈ ਸਾਰੀਆਂ ਧਿਰਾਂ - ਸਰਕਾਰ, ਵਿਰੋਧੀ, ਮੀਡੀਆ ਅਤੇ ਟੈਕ ਕੰਪਨੀਆਂ- ਨੂੰ ਇੱਕਠੇ ਬੈਠ ਕੇ ਇੱਕ ਸੰਤੁਲਿਤ ਰਾਹ ਲੱਭਣਾ ਚਾਹੀਦਾ ਹੈ ਤਾਂ ਜੋ ਭਾਰਤ ਡਿਜੀਟਲ ਲੋਕਤੰਤਰ ਵਜੋਂ ਮਜ਼ਬੂਤ ਬਣੇ, ਨਾ ਕਿ ਨਿਯੰਤਰਣ ਵਾਲੀ ਰਾਜ ਵਜੋਂ। ਇਸ ਤੋਂ ਇਲਾਵਾ ਲੋਕਾਂ ਨੂੰ ਵੀ ਆਪਣੀ ਆਵਾਜ਼ ਉੱਚੀ ਰੱਖਣੀ ਚਾਹੀਦੀ ਹੈ ਤਾਂ ਜੋ ਆਜ਼ਾਦੀ ਦੀ ਰੱਖਿਆ ਹੋ ਸਕੇ।

ਹੁਣ ਭਵਿੱਖ ਇਸ ਗੱਲ ਉੱਤੇ ਨਿਰਭਰ ਕਰਦਾ ਹੈ ਕਿ ਅਸੀਂ ਇਸ ਡਿਜੀਟਲ ਯੁੱਗ ਵਿੱਚ ਆਜ਼ਾਦੀ ਅਤੇ ਜ਼ਿੰਮੇਵਾਰੀ ਵਿਚਕਾਰ ਕਿਹੜਾ ਰਾਹ ਚੁਣਦੇ ਹਾਂ।

# ਖ਼ਾਲਸਾ ਸਰਕਾਰ ਦੇ ਸੰਸਥਾਪਕ ਸ਼ੇਰ-ਏ-ਪੰਜਾਬ ਨੂੰ ਰਾਜ-ਤਿਲਕ ਦੇਣ ਵਾਲੀ ਉੱਘੀ ਹਸਤੀ ਬਾਬਾ ਸਾਹਿਬ ਸਿੰਘ ਬੇਦੀ ਨੂੰ ਯਾਦ ਕਰਦਿਆਂ



ਭਗਵਾਨ ਸਿੰਘ ਜੌਹਲ
ਮੋ. 98143-24040

ਇਤਿਹਾਸਕ ਜ਼ਿਕਰ ਮਿਲਦਾ ਹੈ ਕਿ ਜਦੋਂ ਸ਼ੁੱਕਰਚਕੀਆ ਮਿਸਲ ਦੇ ਮੁਖੀ ਸਰਦਾਰ ਮਹਾਂਸਿੰਘ ਦਾ ਅਕਾਲ ਚਲਾਣਾ ਹੁੰਦਾ ਹੈ ਤਾਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਕੇਵਲ ਗਿਆਰਾਂ ਕੁ ਵਰ੍ਹਿਆਂ ਦੇ ਸਨ । ਸ. ਮਹਾਂਸਿੰਘ ਦੇ ਧਰਮ ਸੁਪਤਨੀ ਬੀਬੀ ਰਾਜ ਕੌਰ ਨੂੰ ਆਪਣੇ ਪਤੀ ਦੀ ਮੌਤ ਦੇ ਗ਼ਮ ਨਾਲੋਂ ਵੱਧ ਦੁੱਖ ਇਸ ਗੱਲ ਦਾ ਸੀ ਕਿ ਮੇਰਾ ਸਪੁੱਤਰ ਰਣਜੀਤ ਸਿੰਘ ਬਹੁਤ ਛੋਟੀ ਅਵਸਥਾ ਵਿੱਚ ਹੈ, ਉਹ ਮਿਸਲ ਨੂੰ ਕਿਵੇਂ ਸੰਭਾਲੇਗਾ । ਇਸ ਪੀੜ ਨੂੰ ਸੀਨੇ ਵਿੱਚ ਲੈ ਕੇ ਬੀਬੀ ਰਾਜ ਕੌਰ ਜਗਤ-ਗੁਰੂ ਧੰਨ ਗੁਰੂ ਨਾਨਕ ਦੇਵ ਜੀ ਦੀ ਅੰਸ਼-ਵੰਸ਼ ਬਾਬਾ ਸਾਹਿਬ ਸਿੰਘ ਬੇਦੀ ਪਾਸ ਊਨਾ ਸ਼ਹਿਰ (ਜੋ ਇਸ ਵਕਤ ਹਿਮਾਚਲ ਪ੍ਰਦੇਸ਼ ਦਾ ਜ਼ਿਲ੍ਹਾ ਹੈੱਡਕਵਾਟਰ ਹੈ) ਪੁੱਜੀ । ਬਾਬਾ ਸਾਹਿਬ ਸਿੰਘ ਬੇਦੀ ਗੁਰੂ ਨਾਨਕ ਸਾਹਿਬ ਜੀ ਦੀ 11ਵੀਂ ਅੰਸ਼-ਵੰਸ਼ ਸਨ, ਜਿਨ੍ਹਾਂ ਦਾ ਸਤਿਕਾਰ ਉਸ ਸਮੇਂ ਦਾ ਹਰ ਸਿੱਖ ਕਰਦਾ ਸੀ । ਸਾਰੀਆਂ ਰਿਆਸਤਾਂ ਦੇ ਰਾਜੇ-ਮਹਾਰਾਜੇ ਅਤੇ ਸਿੱਖ ਮਿਸਲਾਂ ਦੇ ਸਰਦਾਰ ਉਨ੍ਹਾਂ ਦੇ ਬਚਨਾਂ ਨੂੰ ਰੱਬੀ-ਫੁਰਮਾਨ ਹੀ ਮੰਨਦੇ ਸਨ । ਜਦੋਂ ਬੀਬੀ ਰਾਜ ਕੌਰ ਨੇ ਆਪਣਾ ਦੁੱਖੜਾ ਬਿਆਨ ਕੀਤਾ ਤਾਂ ਬਾਬਾ ਸਾਹਿਬ ਸਿੰਘ ਬੇਦੀ ਨੇ ਲਾਹੌਰ ਦਰਬਾਰ ਆਉਣਾ ਪ੍ਰਵਾਨ ਕਰ ਲਿਆ । ਸਰਦਾਰ ਮਹਾਂਸਿੰਘ ਨਮਿੱਤ ਰੱਖੇ ਗਏ ਪਾਠ ਦੇ ਭੋਗ ਉਪਰੰਤ ਅਰਦਾਸ ਤੋਂ ਪਿੱਛੋਂ ਸਾਰੀਆਂ ਮਿਸਲਾਂ ਦੇ ਸਰਦਾਰਾਂ ਦੀ ਹਾਜ਼ਰੀ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਨੂੰ ਸਰਕਾਰ-ਏ-ਖ਼ਾਲਸਾ ਦਾ ਰਾਜ-ਤਿਲਕ ਦਿੱਤਾ ਸੀ । ਇਹ ਕੇਵਲ ਰਸਮ ਹੀ ਨਹੀਂ ਸੀ, ਸਗੋਂ ਇਸ ਦੇ ਵਿਰੋਧ ਵਿੱਚ ਕਿਸੇ ਮਿਸਲ ਦੇ ਸਰਦਾਰ ਨੇ ਸਿਰ ਨਹੀਂ ਚੁੱਕਿਆ, ਸਗੋਂ ਗੁਰੂ ਨਾਨਕ ਸਾਹਿਬ ਦੀ ਅੰਸ਼-ਵੰਸ਼ ਵੱਲੋਂ ਕੀਤੀ ਇਸ ਰਸਮ ਨੂੰ ਸਿਰ ਝੁਕਾ ਕੇ ਪ੍ਰਵਾਨਗੀ ਦਿੱਤੀ । ਬਾਬਾ ਸਾਹਿਬ ਸਿੰਘ ਜੀ ਬੇਦੀ ਦਾ ਜਨਮ 1756 ਈ: ਵਿੱਚ ਗੁਰਦਾਸਪੁਰ ਜ਼ਿਲ੍ਹੇ ਦੇ ਡੇਰ੍ਹਾ ਬਾਬਾ ਨਾਨਕ ਵਿਖੇ ਆਪਣੇ ਦਾਦਾ ਬਾਬਾ ਕਲਾਧਾਰੀ ਜੀ ਦੇ ਗ੍ਰਿਹ ਵਿਖੇ ਅਤੇ ਪਿਤਾ ਬਾਬਾ ਅਜੀਤ ਸਿੰਘ ਬੇਦੀ ਅਤੇ ਮਾਤਾ ਸਵਰੂਪ ਕੌਰ ਦੇ ਘਰ ਹੋਇਆ । ਬਾਬਾ ਸਾਹਿਬ ਸਿੰਘ ਬੇਦੀ ਦੇ ਦਾਦਾ ਬਾਬਾ ਕਲਾਧਾਰੀ ਜੀ ਸਾਹਿਬ-ਏ-ਕਮਾਲ ਗੁਰੂ ਗੋਬਿੰਦ ਸਿੰਘ ਜੀ ਦੇ ਸੱਦੇ 'ਤੇ ਹੀ ਸ੍ਰੀ ਅਨੰਦਪੁਰ ਸਾਹਿਬ ਨੇੜੇ ਵਸੇ ਊਨਾ ਨਗਰ ਵਿਖੇ ਪੁੱਜੇ ਸਨ । ਅੱਜ ਵੀ ਬੇਦੀ ਵੰਸ਼ ਦਾ ਇਹ ਅਸਥਾਨ ਕਿਲ੍ਹਾ ਬੇਦੀ ਸਾਹਿਬ ਕਰਕੇ ਜਾਣਿਆ ਜਾਂਦਾ ਹੈ । ਜਦੋਂ ਤੁਸੀਂ ਇਸ ਕਿਲ੍ਹੇ ਵਿਖੇ ਜਾਂਦੇ ਹੋ, ਤਾਂ ਪੁਰਾਤਨ ਕਿਲ੍ਹੇ ਵਿੱਚ ਪੁਰਾਤਨ ਬੋਹੜ ਤੇ ਬੇਰੀ ਦੇ ਦਰਖੱਤਾਂ ਦੇ ਰੂਪ ਵਿੱਚ ਸਿੱਖਾਂ ਦਾ ਪੁਰਾਤਨ ਵਿਰਸਾ ਅਤੇ ਅਤੀਤ ਹਰ ਦਰਸ਼ਕ ਨੂੰ ਆਪਣੇ ਵੱਲ ਸਹਿਜ-ਸੁਭਾਅ ਹੀ ਖਿੱਚਦਾ ਪ੍ਰਤੀਤ ਹੁੰਦਾ ਹੈ ।

ਇਤਿਹਾਸਕ ਸਰੋਤ ਦੱਸਦੇ ਹਨ ਬਾਬਾ ਸਾਹਿਬ ਸਿੰਘ ਬੇਦੀ ਨਾਲ 14 ਹਜ਼ਾਰ ਘੋੜ ਸਵਾਰ ਫੌਜ ਹਮੇਸ਼ਾ ਤਾਇਨਾਤ ਰਹਿੰਦੀ ਸੀ। ਉਨ੍ਹਾਂ ਦੀ ਰਿਆਸਤ ਦੇ ਅਧਿਕਾਰ ਖੇਤਰ ਵਿੱਚ 117 ਪਿੰਡ ਸਨ। ਜਿਸ ਵਿੱਚ ਦੁਆਬਾ ਤੇ ਦੂਨ ਦਾ ਇਲਾਕਾ ਵੀ ਸੀ । ਬਾਬਾ ਜੀ ਜੰਗ ਵਿੱਚ ਸ਼ਹੀਦ ਹੋਏ ਪਰਿਵਾਰਾਂ ਦਾ ਰੈਣ-ਬਸੇਰਾ ਇਨ੍ਹਾਂ ਪਿੰਡਾਂ ਵਿੱਚ ਹੀ ਕਰਵਾਉਂਦੇ ਸਨ । ਬਾਬਾ ਕਲਾਧਾਰੀ ਜੀ ਅਤੇ ਉਨ੍ਹਾਂ ਦੀ ਵੰਸ਼ਜ ਨੇ ਊਨਾ ਸ਼ਹਿਰ ਵਿੱਚ ਅਨੇਕਾਂ ਇਮਾਰਤਾਂ ਬਣਾਈਆਂ । ਵੱਖ-ਵੱਖ ਧਰਮਾਂ ਦੇ ਲੋਕਾਂ ਨੂੰ ਇਥੇ ਵਸਾਇਆ । ਇਕ ਅਜਿਹਾ ਸਮਾਂ ਸੀ ਜਦੋਂ ਊਨਾ ਪੰਜਾਬ ਦਾ ਅਵਲ ਦਰਜੇ ਦਾ ਸ਼ਹਿਰ ਸੀ, ਜਿਥੋਂ ਮੌਜੂਦਾ ਹਿਮਾਚਲ, ਜੰਮੂ ਕਸ਼ਮੀਰ ਤੇ ਲੇਹ-ਲਦਾਖ ਤੱਕ ਵਿਉਪਾਰ ਕੀਤਾ ਜਾਂਦਾ ਸੀ । ਜਦੋਂ ਬਾਬਾ ਸਾਹਿਬ ਸਿੰਘ ਜੀ ਊਨਾ ਸ਼ਹਿਰ ਤੋਂ ਜੰਗ-ਏ-ਮੈਦਾਨ ਵਿੱਚ ਨਿਕਲਦੇ ਸਨ ਤਾਂ ਇਸ ਸ਼ਹਿਰ ਦੀ ਪਰਿਕਰਮਾ ਕਰਕੇ ਸੁਰੱਖਿਅਕ ਕਵਚ ਬਣਾਉਂਦੇ ਸਨ, ਤਾਂ ਜੋ ਸ਼ਹਿਰ ਵਿੱਚ ਕਿਸੇ ਤਰ੍ਹਾਂ ਦੀ ਕੋਈ ਔਖੀ ਘੜੀ ਨਾ ਆਵੇ । ਅੱਜ ਵੀ ਬਾਬਾ ਜੀ ਦੀ ਯਾਦ ਵਿੱਚ ਹੋਣ ਵਾਲੇ ਗੁਰਮਤਿ ਸਮਾਗਮ ਸਮੇਂ ਊਨਾ ਸ਼ਹਿਰ ਦੀ ਪਰਿਕਰਮਾ ਕਰਦਿਆਂ ਨਗਰ ਕੀਰਤਨ ਸਜਾਇਆ ਜਾਂਦਾ ਹੈ । ਇਤਿਹਾਸਕ ਸਰੋਤਾਂ ਮੁਤਾਬਕ ਬਾਬਾ ਜੀ ਜਿਥੇ ਮਹਾਨ 33 ਬੇਤੇ, ਰਾਜਯੋਗੀ ਧਰਮੀ ਮਹਾਂਪੁਰਸ਼ ਸਨ, ਉਥੇ ਉਹ ਦਲੇਰ ਯੋਧੇ ਤੇ ਕੂਟਨੀਤਕ ਸ਼ਖ਼ਸੀਅਤ ਦੇ ਮਾਲਕ ਵੀ ਸਨ । ਖ਼ਾਲਸਾ ਰਾਜ ਦਾ ਮੁੱਢ ਉਨ੍ਹਾਂ ਦੇ ਯਤਨਾਂ ਨਾਲ ਬੱਝਿਆ ਸੀ । ਬਾਰਾਂ ਮਿਸਲਾਂ ਦੇ ਸਰਦਾਰਾਂ ਨੂੰ ਇਕੱਠੇ ਕਰਨਾ ਕੋਈ ਸਹਿਜ ਕਾਰਜ ਨਹੀਂ ਸੀ ।



ਬਾਬਾ ਸਾਹਿਬ ਸਿੰਘ ਜੀ ਬੇਦੀ (11ਵੇਂ ਵੰਸ਼ਜ ਗੁਰੂ ਨਾਨਕ ਦੇਵ ਜੀ)



ਬਾਬਾ ਸਰਬਜੋਤ ਸਿੰਘ ਬੇਦੀ (17ਵੇਂ ਵੰਸ਼ਜ ਗੁਰੂ ਨਾਨਕ ਦੇਵ ਜੀ ਅਤੇ ਮੌਜੂਦਾ ਗੱਦੀਨਸ਼ੀਨ)

ਊਨਾ ਦੇ ਇਸ ਇਤਿਹਾਸਕ ਕਿਲ੍ਹੇ ਦੀ ਸਥਾਪਨਾ 1784 ਈ: ਵਿੱਚ ਕੀਤੀ ਗਈ । ਜੋ ਉੱਤਰੀ ਭਾਰਤ ਦੀਆਂ 117 ਰਿਆਸਤਾਂ ਨਾਲ ਸਬੰਧਤ ਸੀ । ਸਿੱਖ ਰਾਜ ਦੇ ਪਤਨ ਪਿੱਛੋਂ ਅੰਗ੍ਰੇਜ਼ ਹਕੂਮਤ ਨੂੰ ਬਾਬਾ ਜੀ ਦੀ ਵੰਸ਼ਜ ਤੋਂ ਵੀ ਬਗਾਵਤੀ ਸੁਰਾਂ ਹੀ ਸੁਣਾਈ ਦਿੰਦੀਆਂ ਸਨ । ਇਸੇ ਕਰਕੇ ਜਦੋਂ ਬਾਬਾ ਜੀ ਦੇ ਸਪੁੱਤਰ ਬਾਬਾ ਬਿਕਰਮਾ ਸਿੰਘ ਬੇਦੀ ਵੱਲੋਂ ਅੰਗ੍ਰੇਜ਼ ਹਕੂਮਤ ਵਿਰੁੱਧ ਬਾਗੀ ਹੋਣ ਦੀ ਸੂਚਨਾ ਮਿਲੀ ਤਾਂ ਇਸ ਬੇਦੀ ਸਾਹਿਬ ਦੇ ਮਜ਼ਬੂਤ ਕਿਲ੍ਹੇ ਨੂੰ ਤੋਪਾਂ ਨਾਲ ਤਬਾਹ ਕਰ ਦਿੱਤਾ ਗਿਆ । ਜੋ ਅੱਜ ਵੀ ਇਹ ਇਤਿਹਾਸਕ ਖੰਡਰਾਂ ਦੇ ਰੂਪ ਵਿੱਚ ਅੰਗ੍ਰੇਜ਼ ਸਰਕਾਰ ਦੀ ਕੋਝੀ ਕਰਤੂਤ ਨੂੰ ਬਿਆਨ ਕਰ ਰਹੇ ਹਨ । ਇਸੇ ਕਿਲ੍ਹੇ ਅੰਦਰ ਬਾਬਾ ਜੀ ਦੇ ਮੰਝਲੇ ਸਪੁੱਤਰ ਬਾਬਾ ਤੇਗ ਸਿੰਘ ਦਾ ਸਥਾਨ ਵੀ ਮੌਜੂਦ ਹੈ । ਬਾਬਾ ਜੀ ਵੱਲੋਂ ਬਣਾਇਆ ਲੰਗਰ ਅਸਥਾਨ ਵੀ ਸਾਡੀ ਅਮੀਰ ਵਿਰਾਸਤ ਦੀ ਨਿਸ਼ਾਨੀ ਹੈ । ਇਸੇ ਊਨਾ ਸ਼ਹਿਰ ਦੇ ਹੋਰ ਇਤਿਹਾਸਕ ਸਥਾਨਾਂ ਦੀ ਗੱਲ ਕਰੀਏ ਤਾਂ ਕਿਲ੍ਹੇ ਦੇ ਦੂਜੇ ਪਾਸੇ ਬਾਬਾ ਜੀ ਦਾ ਦਮਦਮਾ ਅਸਥਾਨ ਹੈ । ਊਨਾ ਤੋਂ ਚਾਰ ਕੁ ਕਿਲੋਮੀਟਰ ਦੂਰ ਬਾਬਾ ਸਾਹਿਬ ਸਿੰਘ ਬੇਦੀ ਜੀ ਦਾ ਤਪ ਅਸਥਾਨ ਗੁਰਦੁਆਰਾ ਤਪੋਵਨ ਮੌਜੂਦ ਹੈ । ਇਸ ਦੇ ਨੇੜੇ ਹੀ ਬਾਬਾ ਤੇਗ ਸਿੰਘ ਦਾ ਤਪ-ਅਸਥਾਨ ਗੁ: ਬਾਰਾਂਦਰੀ ਵੀ ਮੌਜੂਦ ਹੈ । ਉਨ੍ਹਾਂ ਦੀ ਗਾਤਰੇ ਦੀ ਕ੍ਰਿਪਾਨ, ਕਟਾਰ, ਚੱਕਰੀ, ਗਾਤਰਾ, ਬਾਬਾ ਤੇਗ ਸਿੰਘ ਦਾ ਤੀਰ ਕਮਾਨ ਅਤੇ ਬਾਬਾ ਬਿਕਰਮਾ ਸਿੰਘ ਦੀ ਕ੍ਰਿਪਾਨ ਵੀ ਊਨਾ ਕਿਲ੍ਹੇ ਵਿੱਚ ਸੁਭਾਇਮਾਨ ਹੈ ।

ਸ੍ਰੀ ਗੁਰੂ ਨਾਨਕ ਦੇਵ ਜੀ ਦੀ ਮੌਜੂਦਾ ਵੰਸ਼ ਵਿੱਚੋਂ ਮਹਾਂਪੁਰਸ਼ ਬਾਬਾ ਸਰਬਜੋਤ ਸਿੰਘ ਬੇਦੀ ਨੇ 1989 ਈ: ਵਿੱਚ ਜਾਨਸ਼ੀਨ ਵਜੋਂ ਜ਼ਿੰਮੇਵਾਰੀ ਸੰਭਾਲੀ, ਬਾਬਾ ਜੀ ਨੂੰ ਸਮੁੱਚੇ ਸਿੱਖ ਜਗਤ ਵਿੱਚ ਅਤੇ ਸੰਤ ਸਮਾਜ ਵਿੱਚ ਸਤਿਕਾਰ ਦਿੱਤਾ ਜਾਂਦਾ ਹੈ । ਬਾਬਾ ਸਰਬਜੋਤ ਸਿੰਘ ਬੇਦੀ ਦੀ ਅਗਵਾਈ ਵਿੱਚ ਊਨਾ ਸ਼ਹਿਰ ਦਾ ਵਿਕਾਸ ਨਵੀਆਂ ਤਕਨੀਕਾਂ ਨਾਲ ਹੋ ਰਿਹਾ ਹੈ । ਨਾਲ ਹੀ ਬਾਬਾ ਜੀ ਨੇ ਮਾਨਸਿਕ ਤੇ ਕਮਜ਼ੋਰ ਬੱਚਿਆਂ ਲਈ ਪ੍ਰੇਮਾਸ਼ਰਮ ਦੀ ਸਥਾਪਨਾ ਵੀ ਕੀਤੀ ਹੈ । ਇਹ ਆਸ਼ਰਮ ਸਮਾਜ ਦੇ ਇਨ੍ਹਾਂ ਬੱਚਿਆਂ ਦੀ ਦੇਖਭਾਲ ਕਰ ਰਿਹਾ ਹੈ । ਦੇਸ਼-ਵਿਦੇਸ਼ ਦੀ ਸੰਗਤ ਵੱਲੋਂ ਬਾਬਾ ਸਾਹਿਬ ਸਿੰਘ ਬੇਦੀ ਜੀ ਦੇ ਜਨਮ ਦਿਨ 'ਤੇ ਤਿੰਨ ਦਿਨ ਸਮਾਗਮ ਹਰ ਸਾਲ ਗੁਰਮਤਿ ਸਮਾਗਮ ਦੇ ਰੂਪ ਵਿੱਚ ਵੀ ਕੀਤੇ ਜਾਂਦੇ ਹਨ । ਮੁੱਖ ਸਮਾਗਮ ਦੇ ਦੌਰਾਨ ਨਗਰ ਕੀਰਤਨ, ਸੰਤ ਸਮਾਗਮ, ਕੀਰਤਨ ਦਰਬਾਰ ਕਰਵਾਏ ਜਾਂਦੇ ਹਨ । ਆਉ ਆਪਾਂ ਵੀ ਆਪਣੇ ਵਿਰਾਸਤੀ ਅਸਥਾਨਾਂ ਦੇ ਦਰਸ਼ਨ-ਦੀਦਾਰੇ ਕਰੀਏ ।



ਬਘੇਲ ਸਿੰਘ ਧਾਲੀਵਾਲ
99142-58142

# ਗਾਇਕੀ ਦੇ ਨਾਮ ਹੇਠ ਨਸ਼ਿਆਂ ਦਾ ਪ੍ਰਚਾਰ ਅਤੇ ਵੇਚੀ ਜਾ ਰਹੀ ਲੱਚਰਤਾ

ਸਿੱਖੀ ਮਾਰਗ ਦੇ ਪਹਿਲੇ ਰਹਿਨੁਮਾ ਪਹਿਲੇ ਰਹਿਬਰ ਸਿੱਖਾਂ ਦੇ ਪਹਿਲੇ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਸਾਹਿਬ ਨੇ ਸੰਗੀਤ ਦੇ ਪਿਤਾਮਾ ਭਾਈ ਮਰਦਾਨਾ ਸਾਹਿਬ ਦੇ ਸਾਥ ਨਾਲ ਆਪਣੀ ਮਨੁੱਖਤਾਵਾਦੀ ਵਿਚਾਰਧਾਰਾ ਦਾ ਪ੍ਰਚਾਰ ਗਾ ਕੇ ਕੀਤਾ ਸੀ। ਗੁਰੂ ਨਾਨਕ ਸਾਹਿਬ ਤੋਂ ਪਹਿਲਾਂ ਬਾਬਾ ਫਰੀਦ, ਕਬੀਰ ਸਾਹਿਬ, ਭਗਤ ਰਵਿਦਾਸ ਸਾਹਿਬ, ਬਾਬਾ ਬੁੱਲ੍ਹੇ ਸ਼ਾਹ ਜੀ ਵਰਗੇ ਅਨੇਕਾਂ ਸਮਾਜ ਸੁਧਾਰਕ ਹੋਏ, ਜਿਨ੍ਹਾਂ ਨੇ ਆਪਣੇ ਪ੍ਰਚਾਰ ਦਾ ਹੋਕਾ ਕਵਿਤਾ ਰਾਹੀਂ ਦਿੱਤਾ ਅਤੇ ਇਹਨਾਂ ਤੋਂ ਇਲਾਵਾ ਵੀ ਅਨੇਕਾਂ ਸੂਫੀ ਸੰਤ ਫਕੀਰ ਹੋਏ ਹਨ, ਜਿਨ੍ਹਾਂ ਆਪਣਾ ਹੋਕਾ ਗਾ ਕੇ ਦਿੱਤਾ। ਇਹ ਕਲਾ ਅਸ਼ਲੀਲਤਾ ਗਾਉਣ ਦਾ ਨਾਮ ਨਹੀਂ ਸੀ, ਬਲਕਿ ਗਾਇਣ ਕਲਾ ਜਿਊਣ ਦਾ ਢੰਗ ਸੀ, ਸੋਚ ਸੀ, ਰੂਹ ਦੀ ਅਵਾਜ਼ ਸੀ। ਇਹ ਉਹ ਅਵਾਜ਼ ਸੀ ਜੋ ਮਨੁੱਖ ਨੂੰ ਡਿੱਗਣ ਨਹੀਂ ਦਿੰਦੀ ਸੀ, ਜੋ ਅੰਦਰੋਂ ਹੌਂਸਲਾ ਪੈਦਾ ਕਰਦੀ ਸੀ, ਜੋ ਦਰਦ ਨੂੰ ਵੀ ਇੱਜ਼ਤ ਨਾਲ ਜਿਊਣਾ ਸਿਖਾਉਂਦੀ ਸੀ। ਪਰ ਅੱਜ ਇਹੋ ਗਾਇਕੀ ਆਪਣਾ ਰੂਪ ਬਦਲ ਚੁੱਕੀ ਹੈ। ਅੰਦਰੋਂ ਮਜ਼ਬੂਤ ਕਰਨ ਦੀ ਬਜਾਏ ਨੌਜਵਾਨਾਂ ਨੂੰ ਲੱਚਰਤਾ ਅਤੇ ਨਸ਼ਿਆਂ ਦੀ ਦਲਦਲ ਵੱਲ ਧੱਕ ਰਹੀ ਹੈ। ਅੱਜ ਦੇ ਸਮੇਂ ਵਿੱਚ ਪੰਜਾਬ ਅਤੇ ਪੰਜਾਬੀਅਤ ਦੀ ਸੋਚ ਨੂੰ ਮਾਰਨ ਲਈ, ਇੱਥੋਂ ਦੀ ਅਣਖ ਗੈਰਤ ਨੂੰ ਅਸਲੋਂ ਹੀ ਮਾਰ ਕੇ ਗੀਦੀ ਬਨਾਉਣ ਲਈ ਜੇਕਰ ਕੋਈ ਸਭ ਤੋਂ ਵੱਧ ਕੰਮ ਕਰ ਰਿਹਾ ਹੈ ਤਾਂ ਉਹ ਮੌਜੂਦਾ ਦੌਰ ਦੀ ਗਾਇਕੀ ਹੈ, ਜਿਸਨੇ ਪੰਜਾਬੀ ਸੱਭਿਆਚਾਰ ਖਾਸ ਕਰਕੇ ਸਿੱਖ ਸੱਭਿਆਚਾਰ ਦਾ ਮਲੀਆਮੇਟ ਕਰਕੇ ਰੱਖ ਦਿੱਤਾ ਹੈ। ਮਹਿਜ਼ ਪੈਸੇ ਦੀ ਦੌੜ ਨੇ ਗਾਇਕੀ ਨੂੰ ਕੁਰਾਹੇ ਪਾ ਦਿੱਤਾ ਹੈ।

ਇਸ ਪਲੇਟਫਾਰਮ ਨੂੰ ਜੇਕਰ ਜ਼ਿੰਮੇਵਾਰੀ ਨਾਲ ਵਰਤਿਆ ਜਾਵੇ ਜਿਹਾ ਕਿ ਅਸੀ ਕਿਸਾਨੀ ਅੰਦੋਲਨ ਦੌਰਾਨ ਦੇਖਿਆ ਵੀ ਹੈ, ਤਾਂ ਪੰਜਾਬ ਦੇ ਹਿੱਤਾਂ ਲਈ ਉਸਾਰੂ ਰੋਲ ਨਿਭਾਅ ਸਕਦੀ ਹੈ, ਪਰ ਨਹੀਂ, ਸਗੋਂ ਬੇਪਰਵਾਹੀ ਨਾਲ ਵਰਤਿਆ ਜਾ ਰਿਹਾ ਹੈ। ਅੱਜ ਦੇ ਸਮੇਂ ਦੇ ਗਾਇਕ ਸ਼ਰੇਆਮ ਨਸ਼ਿਆਂ ਨੂੰ ਉਤਸ਼ਾਹਿਤ ਕਰ ਰਹੇ ਹਨ, ਕੋਈ ਪੁੱਛਣ ਵਾਲਾ ਨਹੀਂ ਹੈ। ਲੱਚਰਤਾ ਦੀ ਹੱਦ ਐਨੇ ਨੀਵੇਂ ਪੱਧਰ ਤੱਕ ਪੁੱਜ ਚੁੱਕੀ ਹੈ ਕਿ ਇਸ ਤੋਂ ਅੱਗੇ ਰਿਹਾ ਹੀ ਕੁੱਝ ਨਹੀਂ। ਪੰਜਾਬ ਦੀ ਜੁਆਨੀ ਨੂੰ ਕੁਰਾਹੇ ਪਾਉਣ ਵਿੱਚ ਅਜੋਕੀ ਗਾਇਕੀ ਦੀ ਮੁੱਖ ਭੂਮਿਕਾ ਹੈ, ਪਰ ਪੰਜਾਬ ਸੁੱਤਾ ਪਿਆ ਹੈ। ਘਟੀਆ ਅਤੇ ਨੀਵੇਂ ਪੱਧਰ ਤੱਕ ਗਾਇਕੀ ਨੂੰ ਲਿਜਾਣ ਵਿੱਚ ਗਾਇਕ ਬਾਦਸ਼ਾਹ, ਸੁਲਤਾਨ, ਦਿਲਜੀਤ ਦੁਸਾਂਝ, ਜੋ ਜੋ ਹਨੀ ਸਿੰਘ, ਏ ਪੀ ਢਿੱਲੋਂ, ਕਰਨ ਔਜਲਾ ਆਦਿ ਪ੍ਰਮੁੱਖ ਭੂਮਿਕਾ ਨਿਭਾਅ ਰਹੇ ਹਨ। ਉਕਤ ਸਾਰੇ ਅਖੌਤੀ ਕਲਾਕਾਰ ਜੁਆਨੀ ਦਾ ਘਾਣ ਅਤੇ ਕਲਾ ਦਾ ਸੱਤਿਆਨਾਸ ਕਰਨ ਵਿੱਚ ਮੋਹਰੀ ਹੋਣ ਕਰਕੇ ਚਰਚਾ ਵਿੱਚ ਹਨ। ਗੀਤਾਂ ਨੇ ਨਸ਼ਿਆਂ ਦੀ ਲੱਤ ਨੂੰ ਮੌਜ ਮਸਤੀ ਦਾ ਸਾਧਨ ਬਣਾ ਕੇ ਪੇਸ਼ ਕੀਤਾ ਹੈ। ਨੌਜਵਾਨਾਂ ਦੇ ਦਿਮਾਗ ਵਿੱਚੋਂ ਨਸ਼ਿਆਂ ਦਾ ਡਰ ਹੀ ਖਤਮ ਹੋ ਗਿਆ ਹੈ। ਜਿੱਥੇ ਨਸ਼ਾ ਇੱਕ ਸਮੇਂ ਘਰ ਬਰਬਾਦ ਕਰਨ ਵਾਲੀ ਬਿਮਾਰੀ ਮੰਨਿਆ ਜਾਂਦਾ ਸੀ, ਉੱਥੇ ਹੁਣ ਇਹ ਪਾਰਟੀਆਂ ਦਾ ਹਿੱਸਾ, ਲੋੜ ਅਤੇ ਹੈਸੀਅਤ ਦਰਸਾਉਣ ਵਾਲੀ ਵਸਤੂ ਦਾ ਪ੍ਰਤੀਕ ਬਣਾ ਦਿੱਤਾ ਗਿਆ ਹੈ।

ਗੀਤਾਂ ਵਿੱਚ ਅਜਿਹਾ ਰੁਝਾਨ ਸਾਫ ਅਤੇ ਸਪੱਸ਼ਟ ਨਜ਼ਰ ਆਉਂਦਾ ਹੈ, ਜਿੱਥੇ ਹਰ ਖੁਸ਼ੀ, ਹਰ ਮੌਜ, ਹਰ ਜਸ਼ਨ ਨੂੰ ਸ਼ਰਾਬ ਨਾਲ ਜੋੜ ਦਿੱਤਾ ਜਾਂਦਾ ਹੈ। ਸ਼ਰਾਬ ਤੋਂ ਅੱਗੇ ਵਧ ਕੇ ਹੁਣ ਗੱਲ ਚਿੱਟਿਆਂ, ਇਸਮਾਇਕਾਂ ਦੇ ਨਾਲ ਨਾਲ ਹੋਰ ਰਸਾਇਣ-ਯੁਕਤ ਮਾਰੂ ਨਸ਼ਿਆਂ ਤੱਕ ਪੁੱਜ ਚੁੱਕੀ ਹੈ। ਇੱਥੇ ਇਹ ਵੀ ਦੱਸਣਾ ਜ਼ਰੂਰੀ ਬਣਦਾ ਹੈ ਕਿ ਪੰਜਾਬ ਵਿਰੋਧੀ ਇਸ ਮਾੜੇ ਰੁਝਾਨ ਨੂੰ ਅੱਗੇ ਵਧਾਉਣ ਵਿੱਚ ਨਵੇਂ ਗਾਇਕਾਂ ਦੇ ਨਾਲ ਪੁਰਾਣੇ ਨਾਮੀ ਕਲਾਕਾਰਾਂ ਦੀ ਵੱਡੀ ਭੂਮਿਕਾ ਹੈ। ਅਜਿਹੇ ਰੁਝਾਨ ਨੂੰ ਹਵਾ ਦੇਣ ਵਾਲਿਆਂ ਵਿੱਚ ਗੁਰਦਾਸ ਮਾਨ ਵਰਗੇ ਨਾਮੀ ਕਲਾਕਾਰ ਵੀ ਸ਼ਾਮਲ ਹਨ। ਜਦੋਂ ਇੱਕ ਨੌਜਵਾਨ ਦਿਨ ਵਿੱਚ ਕਈ ਵਾਰ ਇਹੀ ਸੁਣਦਾ ਹੈ ਕਿ ਗਮ ਭੁਲਾਉਣ ਲਈ ਨਸ਼ਾ ਹੀ ਸਭ ਤੋਂ ਉਤਮ ਅਤੇ ਆਖਰੀ ਹੱਲ ਹੈ, ਤਾਂ ਉਹ ਸਿਰਫ ਸੁਣਦਾ ਹੀ ਨਹੀਂ, ਬਲਕਿ ਨਸ਼ੇ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਲੱਗ ਪੈਂਦਾ ਹੈ। ਏ ਪੀ ਢਿੱਲੋਂ ਵਰਗੇ ਗਾਇਕਾਂ ਦੇ ਗੀਤਾਂ ਵਿੱਚ ਪੇਸ਼ ਕੀਤਾ ਜਾ ਰਿਹਾ ਲਾਈਫਸਟਾਈਲ ਵੀ ਇੱਕ ਅਜਿਹੀ ਦੁਨੀਆ ਬਣਾਉਂਦਾ ਹੈ, ਜਿੱਥੇ ਨਸ਼ਾ ਤੇ ਦਿਖਾਵਾ ਸਫਲਤਾ ਦਾ ਮਾਪਦੰਡ ਬਣ ਜਾਂਦਾ ਹੈ।

ਇਹ ਸਿਰਫ ਨਸ਼ੇ ਦੀ ਗੱਲ ਨਹੀਂ ਰਹੀ, ਇਹ ਲੱਚਰਤਾ ਦੀ ਵੀ ਗੱਲ ਹੈ। ਅੱਜ ਦੇ ਗੀਤ ਇਸ਼ਕ ਨੂੰ ਇੱਕ ਤਾਕਤ ਅਤੇ ਕਮਜ਼ੋਰੀ ਦੋਵਾਂ ਰੂਪਾਂ ਵਿੱਚ ਪੇਸ਼ ਕਰਕੇ ਜਿੱਥੇ ਤਾਕਤ ਨਾਲ ਲੱਚਰਤਾ ਅਤੇ ਕਮਜ਼ੋਰੀ ਨਾਲ ਨਸ਼ਿਆਂ ਦੇ ਸਹਾਰੇ ਦਾ ਪ੍ਰਚਾਰ ਕਰਦੇ ਹਨ। ਗੀਤਾਂ ਵਿੱਚ ਇੱਕ ਅਜਿਹਾ ਪਿਆਰ ਦਿਖਾਇਆ ਜਾਂਦਾ ਹੈ, ਜਿੱਥੇ ਮਨੁੱਖ ਆਪਣੀ ਇੱਜ਼ਤ ਦੀ ਫਿਕਰ, ਪਰਵਾਹ ਕਰਨੀ ਛੱਡ ਦਿੰਦਾ ਹੈ। ਬਹੁਤ ਸਾਰੇ ਗਾਇਕਾਂ ਦੇ ਗੀਤਾਂ ਵਿੱਚ ਅਣਖੀ ਪੰਜਾਬ ਦੇ ਨੌਜਵਾਨਾਂ ਦੀ ਸੋਚ ਨੂੰ ਨੀਵਾਂ ਕਰਨ ਦੀ ਪਰਵਿਰਤੀ ਵਾਰ-ਵਾਰ ਸਾਹਮਣੇ ਆਉਂਦੀ ਹੈ। ਅਜੋਕੀ ਗਾਇਕੀ ਨੌਜਵਾਨਾਂ ਨੂੰ ਸਿਖਾਉਂਦੀ ਹੈ ਕਿ ਪਿਆਰ ਵਿੱਚ ਖੁਦ ਨੂੰ ਗੁਆ ਦੇਣਾ ਹੀ ਵੱਡੀ ਗੱਲ ਹੈ, ਜਿਵੇਂ ਖੁਦ ਦੀ ਪਛਾਣ ਦੀ ਕੋਈ ਕੀਮਤ ਹੀ ਨਾ ਹੋਵੇ। ਦਿਲ ਟੁੱਟਣ ਦਾ ਦਰਦ ਹਰ ਯੁੱਗ ਵਿੱਚ ਰਿਹਾ ਹੈ, ਪਰ ਅੱਜ ਦੀ ਗਾਇਕੀ ਨੇ ਇਸ ਦਰਦ ਨੂੰ ਇੱਕ ਖਤਰਨਾਕ ਮੋੜ ਦੇ ਦਿੱਤਾ ਹੈ। ਸ਼ੈਰੀ ਮਾਨ ਦੇ ਗੀਤਾਂ ਨੇ ਇਹ ਸੋਚ ਪੈਦਾ ਕੀਤੀ ਕਿ ਜੇ ਦਿਲ ਟੁੱਟ ਜਾਵੇ ਤਾਂ ਉਸਦਾ ਹੱਲ ਨਸ਼ੇ ਵਿੱਚ ਡੁੱਬ ਜਾਣਾ ਹੈ।

ਐਮੀ ਵਿਰਕ ਦੇ ਕੁਝ ਗੀਤਾਂ ਵਿੱਚ ਵੀ ਇਹੋ ਜਿਹੀ ਲਹਿਰ ਦਿਖਾਈ ਦਿੰਦੀ ਹੈ, ਜਿੱਥੇ ਦੁੱਖ ਨਾਲ ਲੜਨ ਦੀ ਬਜਾਏ ਉਸ ਵਿੱਚ ਹੀ ਡਿੱਗ ਜਾਣ ਦੀ ਪ੍ਰੇਰਣਾ ਮਿਲਦੀ ਹੈ। ਇਹ ਸਿਰਫ ਗੀਤ ਨਹੀਂ ਰਹਿੰਦੇ, ਇਹ ਜੀਵਨ ਦੇ ਫੈਸਲੇ ਬਣ ਜਾਂਦੇ ਨੇ। ਇਹ ਸਾਰਾ ਕੁਝ ਇੱਕ ਦਿਨ ਵਿੱਚ ਨਹੀਂ ਹੋਇਆ। ਇਸ ਦੇ ਪਿੱਛੇ ਇੱਕ ਪੂਰਾ ਸਿਸਟਮ ਕੰਮ ਕਰ ਰਿਹਾ ਹੈ। ਮਿਊਜ਼ਿਕ ਇੰਡਸਟਰੀ, ਸੋਸ਼ਲ ਮੀਡੀਆ ਅਤੇ ਅਸੀਂ ਖੁਦ। ਸਚਾਈ ਇਹ ਹੈ ਕਿ ਅੱਜ ਕੱਲ ਗੀਤ ਲਿਖੇ ਨਹੀਂ ਜਾਂਦੇ, ਬਲਕਿ ਟਰੈਂਡ ਦੇ ਮੁਤਾਬਕ ਦੇਖਣ ਸੁਣਨ ਵਾਲਿਆਂ ਦੇ ਮੁਤਾਬਕ ਅਤੇ ਪੈਸੇ ਦੇ ਮੁਤਾਬਕ ਬਣਾਏ ਜਾਂਦੇ ਹਨ। ਕਲਾਕਾਰ ਹੁਣ ਇਹ ਨਹੀਂ ਸੋਚਦਾ ਕਿ ਉਹ ਕੀ ਕਹਿ ਰਿਹਾ ਹੈ, ਉਹ ਇਹ ਸੋਚਦਾ ਹੈ ਕਿ ਇਹ ਚੱਲੇਗਾ ਜਾਂ ਨਹੀਂ। ਸੱਚ ਬੋਲਣਾ ਖਤਰਨਾਕ ਹੋ ਗਿਆ ਹੈ ਤੇ ਬੇਮਤਲਬ ਗਾਉਣਾ ਫਾਇਦੇਮੰਦ। ਸਭ ਤੋਂ ਵੱਡੀ ਵਿਡੰਬਨਾ ਇਹ ਹੈ ਕਿ ਅਸੀਂ ਇਸਨੂੰ ਸਵੀਕਾਰ ਵੀ ਕਰ ਚੁੱਕੇ ਹਾਂ। ਅੱਜ ਉਹੀ ਗੀਤ ਬਹੁਤਾਤ ਵਿੱਚ ਸੁਣੇ ਜਾ ਰਹੇ ਹਨ, ਜੋ ਬੇਹੱਦ ਮਾੜੇ ਹਨ, ਉਹੀ ਗੀਤ ਸ਼ੇਅਰ ਕਰਦੇ ਹਾਂ ਜੋ ਪਹਿਲਾਂ ਹੀ ਵਾਇਰਲ ਕੀਤੇ ਹੋਏ ਹਨ ਤੇ ਫਿਰ ਸ਼ਿਕਾਇਤ ਕਰਦੇ ਹਾਂ ਕਿ ਨੌਜਵਾਨ ਖਰਾਬ ਹੋ ਰਿਹਾ ਹੈ। ਅਸਲ ਵਿੱਚ ਨੌਜਵਾਨ ਆਪਣੇ ਆਪ ਨਹੀਂ ਖਰਾਬ ਹੋ ਰਿਹਾ,ਬਲਕਿ ਉਸਦੀ ਸੋਚ ਬਣਾਈ ਜਾ ਰਹੀ ਹੈ, ਹਰ ਰੋਜ਼, ਹਰ ਨਵੇਂ ਗੀਤ ਨਾਲ। ਇਹ ਗਾਇਕੀ ਹੁਣ ਸਿਰਫ ਮਨੋਰੰਜਨ ਨਹੀਂ ਰਹੀ, ਇਹ ਇੱਕ ਮਾਨਸਿਕ ਤਿਆਰੀ ਹੈ, ਜਿੱਥੇ ਨੌਜਵਾਨਾਂ ਨੂੰ ਸਿਖਾਇਆ ਜਾ ਰਿਹਾ ਹੈ ਕਿ ਨਸ਼ਾ ਆਮ ਹੈ, ਲੱਚਰਤਾ ਹੀ ਪਿਆਰ ਹੈ ਤੇ ਖੁਦ ਨੂੰ ਭੁੱਲ ਜਾਣਾ ਹੀ ਜੀਵਨ ਹੈ। ਜੇ ਇਹੀ ਚੱਲਦਾ ਰਿਹਾ ਤਾਂ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਦੀ ਬਚਦੀ ਖੁਚਦੀ ਨੌਜਵਾਨੀ ਵੀ ਅੰਦਰੋਂ ਪੂਰੀ ਤਰ੍ਹਾਂ ਟੁੱਟ ਜਾਵੇਗੀ। ਸਵਾਲ ਸਿਰਫ ਗਾਇਕਾਂ ਦਾ ਨਹੀਂ, ਸਵਾਲ ਸਾਡੀ ਚੋਣ ਦਾ ਵੀ ਹੈ। ਪਰ ਇਹ ਵੀ ਸੱਚ ਹੈ ਕਿ ਕਲਾਕਾਰ ਦੀ ਜ਼ਿੰਮੇਵਾਰੀ ਸਭ ਤੋਂ ਵੱਡੀ ਹੁੰਦੀ ਹੈ, ਕਿਉਂਕਿ ਉਸਦੀ ਇੱਕ ਲਾਈਨ ਹਜ਼ਾਰਾਂ ਦਿਮਾਗਾਂ ਵਿੱਚ ਵੱਸ ਜਾਂਦੀ ਹੈ। ਜੇ ਉਹ ਲਾਈਨ ਕੌਮੀ ਹਿੱਤਾਂ ਦੀ ਗੱਲ ਕਰਨ ਵਾਲੀ ਹੋਵੇਗੀ, ਤਾਂ ਸਿੱਧੂ ਮੂਸੇ ਵਾਲੇ ਦੇ ਐਸ ਵਾਈ ਐਲ ਗੀਤ ਵਾਂਗ ਨੌਜਵਾਨੀ ਨੂੰ ਆਪਣੇ ਵਿਰਸੇ ਨਾਲ ਜੁੜਨ ਲਈ ਪ੍ਰੇਰਿਤ ਕਰੇਗੀ,ਪਰ ਜਦੋਂ ਬਹੁ ਗਿਣਤੀ ਵਿੱਚ ਗਾਇਕਾਂ ਵੱਲੋਂ ਨਸ਼ੇ ਅਤੇ ਗੰਦ ਪਰੋਸਿਆ ਜਾਵੇਗਾ ਤਾਂ ਸੁਭਾਵਿਕ ਹੈ ਕਿ ਸਮਾਜ ਵੀ ਢਹਿੰਦੀ ਦਿਸ਼ਾ ਵੱਲ ਜਾਵੇਗਾ।

# ਵਿਧਾਇਕ ਕੁਲਵੰਤ ਸਿੰਘ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 15ਵੀਂ ਬੱਸ ਰਵਾਨਾ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 25 ਮਾਰਚ (ਹਰਦੀਪ ਕੌਰ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ



ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਤੋਂ 15ਵੀਂ ਬੱਸ ਨੂੰ ਵਿਧਾਇਕ ਕੁਲਵੰਤ ਸਿੰਘ ਵੱਲੋਂ ਗੁਰਦੁਆਰਾ ਸਾਚਾ ਧੰਨ ਸਾਹਿਬ ਕੋਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਭਾਵੇਂ ਮੋਹਾਲੀ ਹਲਕੇ ਦੇ ਬਹੁਤ ਸਾਰੇ ਪਰਿਵਾਰ ਆਪਣੇ ਤੌਰ 'ਤੇ ਤੀਰਥ ਯਾਤਰਾ ਕਰਨ ਦੇ ਸਮਰੱਥ ਹਨ, ਪਰ ਸੰਗਤੀ ਰੂਪ ਵਿੱਚ ਇਕੱਠੇ ਹੋ ਕੇ ਯਾਤਰਾ ਕਰਨ ਦਾ ਆਪਣਾ ਹੀ ਵਿਲੱਖਣ ਆਨੰਦ ਹੁੰਦਾ ਹੈ। ਉਨ੍ਹਾਂ ਕਿਹਾ ਕਿ ਤਿੰਨ ਦਿਨਾਂ ਦੀ ਇਸ ਯਾਤਰਾ ਦੌਰਾਨ ਪਰਿਵਾਰਾਂ ਵਿੱਚ ਧਾਰਮਿਕਤਾ ਦੇ ਨਾਲ-ਨਾਲ ਆਪਸੀ ਭਾਈਚਾਰੇ ਦੀ ਭਾਵਨਾ ਵੀ ਮਜ਼ਬੂਤ ਹੁੰਦੀ ਹੈ। ਯਾਤਰਾ ਤੋਂ ਵਾਪਸੀ ਉਪਰੰਤ ਲੋਕ ਆਪਣੇ ਤਜਰਬੇ ਸਾਂਝੇ ਕਰਦੇ ਹਨ ਅਤੇ ਸਮਾਜਿਕ ਮਸਲਿਆਂ 'ਤੇ ਵੀ ਇਕ-ਦੂਜੇ ਨਾਲ ਸਲਾਹ-ਮਸ਼ਵਰਾ ਕਰਦੇ ਹਨ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਯਾਤਰਾ ਦੌਰਾਨ ਸ਼ਰਧਾਲੂਆਂ ਲਈ ਪੁਖਤਾ ਇੰਤਜ਼ਾਮ ਕੀਤੇ ਗਏ ਹਨ। ਹਰ ਬੱਸ ਵਿੱਚ ਮੈਡੀਕਲ ਮਾਹਿਰ ਅਤੇ ਗਾਈਡ ਦੀ ਸਹੂਲਤ ਉਪਲਬਧ ਹੈ, ਜਿਸ ਨਾਲ ਯਾਤਰਾ ਸੁਖਦ ਤੇ ਸੁਰੱਖਿਅਤ ਬਣਾਈ ਗਈ ਹੈ। ਵਿਧਾਇਕ ਕੁਲਵੰਤ ਸਿੰਘ ਨੇ ਵਿਰੋਧੀ ਪਾਰਟੀਆਂ 'ਤੇ ਤੰਜ ਕੱਸਦਿਆਂ ਕਿਹਾ ਕਿ ਉਹਨਾਂ ਕੋਲ ਹੁਣ ਕੋਈ ਢੰਗ ਦਾ ਮੁੱਦਾ ਨਹੀਂ ਬਚਿਆ, ਇਸ ਲਈ ਧਾਰਮਿਕ ਯਾਤਰਾਵਾਂ 'ਤੇ ਵੀ ਅਣਉਚਿਤ ਟਿੱਪਣੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਕੀਤੇ ਵਾਅਦੇ ਅਤੇ ਗਾਰੰਟੀਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਇਸਦੇ ਨਾਲ ਹੀ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਵੀ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਹੋਰ ਦੱਸਿਆ ਕਿ ਲੋਕਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਜਲਦੀ ਹੀ ਹਜ਼ੂਰ ਸਾਹਿਬ ਲਈ ਬੱਸਾਂ ਦੀ ਗਿਣਤੀ ਵਧਾਈ ਜਾਵੇਗੀ, ਕਿਉਂਕਿ ਇਸ ਵੇਲੇ ਕੇਵਲ ਇੱਕ ਬੱਸ ਹੀ ਇਸ ਯਾਤਰਾ ਲਈ ਚੱਲਦੀ ਹੈ।

ਇਸ ਮੌਕੇ ਹਲਕਾ ਕੋਆਰਡੀਨੇਟਰ ਤੇ ਸਟੇਟ ਅਵਾਰਡੀ ਫੂਲਰਾਜ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਉਹ ਖੁਦ ਇਸ ਯਾਤਰਾ ਦਾ ਅਨੁਭਵ ਕਰ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇੱਕ ਬਜ਼ੁਰਗ ਮਹਿਲਾ ਨੇ ਇਸ ਯਾਤਰਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਕੀਤੇ ਪ੍ਰਬੰਧ ਪਹਿਲਾਂ ਨਾਲੋਂ ਕਾਫੀ ਬਿਹਤਰ ਹਨ ਅਤੇ ਸ਼ਰਧਾਲੂਆਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਫੂਲਰਾਜ ਸਿੰਘ, ਅਕਬਿੰਦਰ ਸਿੰਘ ਗੋਸਲ (ਚੇਅਰਮੈਨ), ਗਗਨਦੀਪ ਸਿੰਘ ਰਾਜਾ, ਹਰਿੰਦਰ ਸਿੰਘ, ਕੁਲਦੀਪ ਕੌਰ, ਕੁਲਵਿੰਦਰ ਜੀਤ ਕੌਰ, ਸ਼ਰਨਜੀਤ ਕੌਰ (ਬਲਾਕ ਪ੍ਰਧਾਨ), ਤਰਲੋਚਨ ਸਿੰਘ, ਡਾ. ਕੁਲਦੀਪ ਸਿੰਘ, ਹਰਮੇਸ਼ ਸਿੰਘ, ਗੁਰਪਾਲ ਸਿੰਘ ਤੇ ਵਿਕਰਮਜੀਤ ਸਿੰਘ ਵਿਕੀ ਸਮੇਤ ਹੋਰ ਵੀ ਹਾਜ਼ਰ ਸਨ।

# ਭਾਜਪਾ ਆਗੂ ਰਤਨ ਧਨੇੜਾ ਵੱਲੋਂ ਸਵਦੇਸ਼ੀ ਮੇਲੇ 'ਚ ਸ਼ਿਰਕਤ

ਸ੍ਰੀ ਅਨੰਦਪੁਰ ਸਾਹਿਬ, 25 ਮਾਰਚ (ਸਤਿੰਦਰ ਪਾਲ ਸਿੰਘ): ਨਯਾ ਨੰਗਲ



ਦੇ ਐਨ ਐਫ ਐਲ ਸਟੇਡੀਅਮ ਵਿੱਚ ਲੱਗੇ ਸਵਦੇਸ਼ੀ ਮੇਲੇ ਦੇ ਅਖੀਰਲੇ ਦਿਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਉਚੇਚੇ ਤੌਰ ਤੇ ਹਾਜ਼ਰ ਹੋ ਕੇ ਮੇਲੇ ਦੇ ਸੰਪੂਰਨਤਾ ਸਮਾਗਮ ਵਿੱਚ ਹਿੱਸਾ ਲਿਆ। ਇਸੇ ਸਵਦੇਸ਼ੀ ਮੇਲੇ ਵਿੱਚ ਭਾਜਪਾ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਉੱਘੇ ਸਮਾਜ ਸੇਵੀ ਰਤਨ ਧਨੇੜਾ ਵੱਲੋਂ ਵੀ ਆਪਣੇ ਸਾਥੀਆਂ ਸਮੇਤ ਸ਼ਿਰਕਤ ਕੀਤੀ ਗਈ। ਉਨ੍ਹਾਂ ਮੇਲੇ ਦੇ ਵੱਖ-ਵੱਖ ਸਟਾਲਾਂ ਦਾ ਦੌਰਾ ਕਰਦਿਆਂ ਆਮ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਸਵਦੇਸ਼ੀ ਉਤਪਾਦਾਂ ਪ੍ਰਤੀ ਲੋਕਾਂ ਦੀ ਵੱਧ ਰਹੀ ਰੁਚੀ ਦੀ ਸਰਾਹਨਾ ਕੀਤੀ। ਇਸ ਮੌਕੇ ਰਤਨ ਧਨੇੜਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਮੇਲੇ ਸਿਰਫ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਸਵਦੇਸ਼ੀ ਅਭਿਆਨ ਨੂੰ ਮਜ਼ਬੂਤ ਕਰਨ ਦਾ ਮਹੱਤਵਪੂਰਨ ਮੰਚ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤਾ ਗਿਆ ਵੋਕਲ ਫਾਰ ਲੋਕਲ ਦਾ ਸੰਦੇਸ਼ ਅੱਜ ਦੇ ਸਮੇਂ ਦੀ ਲੋੜ ਹੈ, ਜਿਸ ਨਾਲ ਦੇਸ਼ ਦੀ ਅਰਥਵਿਵਸਥਾ ਮਜ਼ਬੂਤ ਹੋ ਸਕਦੀ ਹੈ ਅਤੇ ਸਥਾਨਕ ਕਾਰੀਗਰਾਂ ਨੂੰ ਨਵੀਂ ਪਛਾਣ ਮਿਲ ਸਕਦੀ ਹੈ। ਉਨ੍ਹਾਂ ਦੱਸਿਆ ਕਿ ਮੇਲੇ ਵਿੱਚ ਲੱਗੇ ਸਵਦੇਸ਼ੀ ਸਟਾਲਾਂ 'ਤੇ ਲੋਕਾਂ ਵੱਲੋਂ ਕੀਤੀ ਜਾ ਰਹੀ ਖਰੀਦਦਾਰੀ ਸਾਬਤ ਕਰਦੀ ਹੈ ਕਿ ਲੋਕ ਹੁਣ ਦੇਸੀ ਉਤਪਾਦਾਂ ਵੱਲ ਵਧ ਰਹੇ ਹਨ। ਇਸ ਨਾਲ ਛੋਟੇ ਵਪਾਰੀਆਂ ਅਤੇ ਕਾਰੀਗਰਾਂ ਨੂੰ ਵੱਡਾ ਲਾਭ ਮਿਲਦਾ ਹੈ ਅਤੇ ਰੋਜ਼ਗਾਰ ਦੇ ਮੌਕੇ ਵੀ ਪੈਦਾ ਹੁੰਦੇ ਹਨ। ਰਤਨ ਧਨੇੜਾ ਨੇ ਸੰਸਕ੍ਰਿਤਕ ਮੰਚ 'ਤੇ ਹੋ ਰਹੇ ਪ੍ਰੋਗਰਾਮਾਂ ਦੀ ਵੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਇਸ ਸਵਦੇਸ਼ੀ ਮੇਲੇ ਵਿੱਚ ਕਲਾਕਾਰਾਂ ਦੀਆਂ ਪੇਸ਼ਕਾਰੀਆਂ ਨੇ ਮੇਲੇ ਦੀ ਰੌਣਕ ਨੂੰ ਹੋਰ ਵਧਾਇਆ ਹੈ ਅਤੇ ਲੋਕਾਂ ਨੂੰ ਆਪਣੇ ਸੱਭਿਆਚਾਰ ਨਾਲ ਜੋੜਿਆ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਮੰਡਲ ਦੇ ਕਈ ਆਗੂ ਅਤੇ ਵਰਕਰ ਵੀ ਮੌਜੂਦ ਸਨ। ਰਤਨ ਧਨੇੜਾ ਨੇ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਵਦੇਸ਼ੀ ਉਤਪਾਦਾਂ ਨੂੰ ਤਰਜੀਹ ਦੇਣ ਅਤੇ ਇਸ ਤਰ੍ਹਾਂ ਦੇ ਮੇਲਿਆਂ ਵਿੱਚ ਵੱਧ ਤੋਂ ਵੱਧ ਭਾਗ ਲੈ ਕੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ।

# ਸ਼ਹਿਰ ਨਾਲੋਂ ਤਾਂ ਸਾਡੇ ਪਿੰਡ ਚੰਗੇ ਸਨ : ਆਮ ਲੋਕ



ਭੋਗਪੁਰ, 25 ਮਾਰਚ (ਜੰਡੀਰ ਸੈਣੀ): ਹਲਕਾ ਆਦਮਪੁਰ ਦਾ ਹੈ ਭੋਗਪੁਰ ਤੇ ਭੋਗਪੁਰ ਸਦਾ ਹੀ ਨਾਜ਼ੁਕ ਹਾਲਾਤਾਂ ਵਿੱਚ ਗੁਜਰਦਾ ਰਿਹਾ ਹੈ. ਕਦੇ ਗੰਦੇ ਪਾਣੀ ਦੇ ਨਿਕਾਸ ਨੂੰ ਲੈ ਕੇ ਕਦੇ ਟ੍ਰੈਫਿਕ ਮਸਲੇ ਨੂੰ ਲੈ ਕੇ. ਤੇ ਕਦੇ ਨਿੱਤ ਹੋ ਰਹੇ ਹਾਦਸਿਆਂ ਨੂੰ ਲੈ ਕੇ ਇਥੋਂ ਦੇ ਵਾਤਾਵਰਨ ਨੂੰ ਦੇਖਦੇ ਹੋਏ ਲੋਕ ਸ਼ਹਿਰ ਛੱਡਣ ਲਈ ਮਜਬੂਰ ਹੋਏ ਜਾਪਦੇ ਹਨ, ਕਿਉਂਕਿ ਨਾ ਤਾਂ ਲੋਕਾਂ ਦੇ ਗੰਦੇ ਪਾਣੀ ਦੇ ਨਿਕਾਸ ਹੋਏ ਹਨ, ਤੇ ਨਾ ਹੀ ਸੀਐਨਜੀ ਪਲਾਂਟ ਦਾ ਮਸਲਾ ਹੱਲ ਹੋਇਆ ਤੇ ਨਾ ਹੀ ਭੋਗਪੁਰ ਦਾ ਬੱਸ ਅੱਡਾ ਚਾਲੂ ਹੋਇਆ, ਅੱਜ ਤਾਂ ਉਦੋਂ ਅਜੀਬ ਨਜ਼ਾਰਾ ਦੇਖਣ ਨੂੰ ਮਿਲਿਆ ਜਦ ਚਾੜ੍ਹਕੇ ਲੁਹਾਰਾਂ ਮੋੜ ਮੁੜਦੇ ਸਾਰ ਸੜਕ ਕਿਨਾਰੇ ਖਲੋਤੀਆਂ ਗੱਡੀਆਂ ਤੇ ਰੇੜੀਆਂ ਨੇ ਇੱਕ ਘੰਟਾ ਗੱਡੀਆਂ ਰੁਕੀ ਰਖੀਆਂ ਲੋਕ ਆਪਸ ਵਿੱਚ ਲੜਦੇ ਝਗੜਦੇ ਨਜਰ ਆਏ.ਇੱਕ ਪਾਸੇ ਜੀਟੀ ਰੋਡ ਦੇ ਕਿਨਾਰੇ ਬੱਸਾਂ ਲੱਗ ਜਾਂਦੀ ਹੈ, ਤੇ ਦੂਸਰੇ ਪਾਸੇ ਕਾਰਾਂ ਰੇੜੀਆਂ ਨੇ ਲੋਕਾਂ ਦੀ ਮੱਤ ਮਾਰੀ ਹੋਈ ਹੈ, ਪਰ ਪ੍ਰਸ਼ਾਸਨ ਸਿਰ ਜੂੰ ਨਹੀ ਸਰਕ ਰਹੀ, ਲੋਕਾਂ ਨੂੰ ਕਿਸੇ ਪਾਸੇ ਵੀ ਸੁੱਖ ਦਾ ਸਾਹ ਨਹੀਂ ਆ ਰਿਹਾ, ਉਧਰ ਖੰਡ ਮਿਲ ਭੋਗਪੁਰ ਦੀ ਉੱਡ ਰਹੀ ਕਾਲਕ ਨੇ ਲੋਕਾਂ ਦਾ ਜਿਉਣਾ ਹਰਾਮ ਕੀਤਾ ਹੋਇਆ ਹੈ. ਬਹੁਤ ਸਾਰੇ ਲੋਕ ਜਿਨਾਂ ਨੂੰ ਪਿੰਡ ਛੱਡ ਕੇ ਭੋਗਪੁਰ ਸ਼ਹਿਰ ਵਿੱਚ ਆਉਣ ਦਾ ਸ਼ੌਂਕ ਚੜ੍ਹਿਆ ਸੀ ਦੁਬਾਰਾ ਪਿੰਡਾਂ ਨੂੰ ਜਾਣ ਦੀਆਂ ਗੱਲਾਂ ਕਰਦੇ ਨਜ਼ਰ ਆਏ ਤੇ ਆਖ ਰਹੇ ਸਨ ਕਿ ਭੋਗਪੁਰ ਸ਼ਹਿਰ ਨਾਲੋਂ ਤਾਂ ਸਾਡੇ ਪਿੰਡ ਹੀ ਵਧੀਆ ਹਨ।

# ਰਣਜੀਤ ਸਿੰਘ ਖੜਗ ਐਵਾਰਡ 28 ਨੂੰ

ਪਟਿਆਲਾ, 25 ਮਾਰਚ (ਗੁਰਦੀਪ ਢਿੱਲੋਂ): ਸਵਰਗੀ ਰਣਜੀਤ ਸਿੰਘ ਖੜਗ ਐਵਾਰਡ ਕਵੀਂ ਜਨਾਂ ਸਮਰੱਥ ਸਾਹਿਤਕਾਰਾਂ ਨੂੰ ਹਰ ਸਾਲ ਪ੍ਰਦਾਨ ਕੀਤਾ ਜਾਂਦਾ ਹੈ। ਇਸ ਸਾਲ 28 ਮਾਰਚ ਦਿਨ ਸ਼ਨੀਵਾਰ ਨੂੰ ਇਹ ਐਵਾਰਡ ਹਰਵਿੰਦਰ ਸਿੰਘ ਖਾਲਸਾ ਨੂੰ ਗੁਰੂ ਤੇਗ ਬਹਾਦਰ ਨਗਰ ਜਲੰਧਰ ਦੇ ਲੰਗਰ ਹਾਲ-2 ਵਿਖੇ ਪ੍ਰਦਾਨ ਕੀਤਾ ਜਾਵੇਗਾ। ਸਮਾਗਮ ਦੀ ਪ੍ਰਧਾਨਗੀ ਬਲਜੀਤ ਸਿੰਘ ਬਰਾੜ ਮੁੱਖ ਸੰਪਾਦਕ ਰੋਜ਼ਾਨਾ ਪੰਜਾਬ ਟਾਈਮਜ਼, ਪ੍ਰੈਜ਼ੀਡੈਂਟ ਪੰਜਾਬੀ ਮੀਡੀਆ ਅਕੈਡਮੀ ਕਰਨਗੇ। ਇਸ ਸਬੰਧੀ ਰਣਜੀਤ ਮੈਮੋਰੀਅਲ ਯਾਦਗਰੀ ਟਰੱਸਟ ਆਦਮਪੁਰ, ਜਲੰਧਰ ਦੇ ਕੁਲਦੀਪ ਸਿੰਘ ਬੇਦੀ, ਡਾ. ਰਾਮ ਮੂਰਤੀ, ਇੰਜੀ. ਕਰਮਜੀਤ ਸਿੰਘ ਸੰਪਾਦਕ ਅਤੇ ਹਰਜਿੰਦਰ ਕੌਰ ਨੇ ਸਮੂਹ ਸੰਗਤ ਨੂੰ ਵਧ ਚੜ੍ਹਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ।

# 7 ਕਿਲੋ ਹੈਰੋਇਨ ਸਮੇਤ ਨਸ਼ਾ ਤਸਕਰੀ ਮਡਿਊਲ ਦੇ ਦੋ ਕਾਰਕੁੰਨ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, 25 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦੇ ਦੋ ਕਾਰਕੁਨਾਂ ਨੂੰ 7 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਇੰਦਰਜੀਤ ਸਿੰਘ ਵਾਸੀ ਕਲਸੀਆਂ ਖੁਰਦ, ਤਰਨਤਾਰਨ ਅਤੇ ਰਵਿੰਦਰ ਸ਼ਰਮਾ ਵਾਸੀ ਗੁਰਬਖਸ਼ ਨਗਰ, ਨਵਾਂ ਕੋਟ, ਅੰਮ੍ਰਿਤਸਰ ਵਜੋਂ ਹੋਈ ਹੈ। ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਮਾਰੂਤੀ ਸੁਜ਼ੂਕੀ ਬ੍ਰੇਜ਼ਾ ਕਾਰ (ਰਜਿਸਟ੍ਰੇਸ਼ਨ




ਨੰਬਰ ਪੀਬੀ39ਐਲ7651) ਅਤੇ ਇੱਕ ਮੋਟਰਸਾਈਕਲ ਹੀਰੋ ਪੈਸ਼ਨ (ਰਜਿਸਟ੍ਰੇਸ਼ਨ ਨੰਬਰ ਪੀਬੀ02ਬੀਯੂ2253), ਜਿਸ ਦੀ ਵਰਤੋਂ ਖੇਪਾਂ ਦੀ ਡਿਲਵਰੀ ਲਈ ਕੀਤੀ ਜਾਂਦੀ ਸੀ, ਨੂੰ ਵੀ ਜ਼ਬਤ ਕਰ ਲਿਆ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਹੈਰੋਇਨ ਦੀ ਖੇਪ ਦੀ ਢੋਆ-ਢੁਆਈ ਵਿੱਚ ਸਰਗਰਮੀ ਨਾਲ ਸ਼ਾਮਲ ਸਨ ਅਤੇ ਸੰਭਾਵੀ ਤੌਰ 'ਤੇ ਉਹ ਇਸ ਖੇਤਰ ਵਿੱਚ ਕਾਰਜਸ਼ੀਲ ਨਸ਼ੀਲੇ ਪਦਾਰਥਾਂ ਦੇ ਵਿਆਪਕ ਨੈੱਟਵਰਕ ਦਾ ਹਿੱਸਾ ਹਨ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਸੀਆਈ ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੂੰ ਖਾਸ ਸੂਚਨਾ ਮਿਲੀ ਸੀ ਕਿ ਸ਼ੱਕੀ ਇੰਦਰਜੀਤ ਸਿੰਘ ਅਤੇ ਰਵਿੰਦਰ ਸ਼ਰਮਾ ਹੈਰੋਇਨ ਦੀ ਇੱਕ ਵੱਡੀ ਖੇਪ ਦੀ ਡਿਲਿਵਰੀ ਦੇ ਸਬੰਧ ਵਿੱਚ ਅੰਮ੍ਰਿਤਸਰ ਵਿਖੇ ਅੰਮ੍ਰਿਤਸਰ ਤੋਂ ਝਬਾਲ ਰੋਡ, ਅੱਡਾ ਬੋਹੜੂ ਦੇ ਨਜਦੀਕ ਸਥਿਤ ਖੇਤਰ ਵਿੱਚ, ਦਰਿਆ ਦੇ ਨਾਲ ਲੱਗਦੇ ਰਸਤੇ 'ਤੇ ਆ ਰਹੇ ਹਨ। ਡੀਜੀਪੀ ਨੇ ਦੱਸਿਆ ਕਿ ਤਰੁੰਤ ਕਾਰਵਾਈ ਕਰਦਿਆਂ, ਪੁਲਿਸ ਟੀਮਾਂ ਨੇ ਇਸ ਖੇਤਰ ਦੇ ਆਲੇ-ਦੁਆਲੇ ਨਾਕੇ ਲਗਾਏ ਅਤੇ ਦੋਵਾਂ ਸ਼ੱਕੀਆਂ ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਤਲਾਸ਼ੀ ਦੌਰਾਨ, ਇੰਦਰਜੀਤ ਸਿੰਘ ਦੀ ਕਾਰ ਦੀ ਡਰਾਈਵਰ ਸੀਟ ਦੇ ਹੇਠਾਂ ਤੋਂ 4 ਕਿਲੋ ਹੈਰੋਇਨ ਬਰਾਮਦ ਕੀਤੀ ਗਈ ਅਤੇ ਰਵਿੰਦਰ ਸ਼ਰਮਾ ਕੋਲੋਂ 3 ਕਿਲੋ ਹੈਰੋਇਨ ਬਰਾਮਦ ਕੀਤੀ ਗਈ।

ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਇਸ ਸਬੰਧੀ, ਐਫਆਈਆਰ ਨੰਬਰ 19 ਮਿਤੀ 25-03-2026 ਨੂੰ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21, 25 ਅਤੇ 29 ਤਹਿਤ ਦਰਜ ਕੀਤੀ ਗਈ ਹੈ।

# "ਗੈਂਗਸਟਰਾਂ 'ਤੇ ਵਾਰ" ਦੇ 64ਵੇਂ ਦਿਨ 540 ਥਾਵਾਂ ਉੱਤੇ ਛਾਪੇਮਾਰੀ ਦੌਰਾਨ 206 ਕਾਬੂ

ਚੰਡੀਗੜ੍ਹ, 25 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 64ਵੇਂ ਦਿਨ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 540 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

64ਵੇਂ ਦਿਨ, ਪੁਲਿਸ ਟੀਮਾਂ ਨੇ 206 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਤੇ ਉਨ੍ਹਾਂ ਦੇ ਕਬਜੇ ਵਿੱਚੋਂ 3 ਹਥਿਆਰ ਬਰਾਮਦ ਕੀਤੇ ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 16,884 ਹੋ ਗਈ ਹੈ। ਇਸ ਤੋਂ ਇਲਾਵਾ 59 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 122 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 5 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 389ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 103 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 8.4 ਕਿਲੋ ਹੈਰੋਇਨ, 37 ਕਿਲੋ ਭੁੱਕੀ, 270 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 1450 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 389 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਡਰੱਗ ਤਸਕਰਾਂ ਦੀ ਗਿਣਤੀ 55,440 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ 34 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਸਰਕਾਰੀ ਕਾਲਜ 'ਚ ਪੁਸਤਕ ਰਿਲੀਜ਼ ਸਮਾਰੋਹ

ਗੁਰਦਾਸਪੁਰ, 25 ਮਾਰਚ (ਜਗੀਰ ਸਿੰਘ ਮੰਡ/ਨਾਹਰ): ਹਿਸਟਰੀ ਸੁਸਾਇਟੀ ਗੁਰਦਾਸਪੁਰ ਵੱਲੋਂ ਸਰਕਾਰੀ ਕਾਲਜ ਗੁਰਦਾਸਪੁਰ ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਸਾਹਿਤਕ ਸਮਾਗਮ ਕਰਵਾਇਆ ਗਿਆ, ਜਿਸ 'ਚ ਪ੍ਰਸਿੱਧ ਲੇਖਿਕਾ ਤਨੁਜਾ ਚਤੁਰਵੇਦੀ ਦੀ ਪੁਸਤਕ 'ਹਮ ਦੋਨੋਂ' ਦਾ ਰਿਲੀਜ਼ ਸਮਾਰੋਹ ਕਰਵਾਇਆ ਗਿਆ। ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਡਾ. ਗੁਰਪ੍ਰਤਾਪ ਸਿੰਘ ਖਹਿਰਾ, ਪ੍ਰੀਤੀ ਗਿੱਲ (ਫਾਊਂਡਰ, ਮਾਝਾ ਹਾਊਸ ਅੰਮ੍ਰਿਤਸਰ) ਤੇ ਡਾ. ਅਰਵਿੰਦਰ ਚਮਕ ਨੇ ਸ਼ਿਰਕਤ ਕੀਤੀ। ਪੁਸਤਕ ਦੀ ਭੂਮਿਕਾ ਪ੍ਰੋਫੈਸਰ ਰਾਜ ਕੁਮਾਰ ਸ਼ਰਮਾ (ਪ੍ਰਧਾਨ, ਹਿਸਟਰੀ ਸੋਸਾਇਟੀ ਅਤੇ ਪ੍ਰਸਿੱਧ ਇਤਿਹਾਸਕਾਰ) ਵੱਲੋਂ ਲਿਖੀ ਗਈ ਹੈ, ਜਿਸ ਵਿੱਚ ਪੁਸਤਕ ਦੇ ਵਿਸ਼ੇ ਅਤੇ ਇਸਦੀ ਮਹੱਤਤਾ ਨੂੰ ਸੁੰਦਰ ਢੰਗ ਨਾਲ ਪ੍ਰਸਤੁਤ



ਕੀਤਾ ਗਿਆ ਹੈ। ਸਮਾਗਮ ਦੌਰਾਨ ਪ੍ਰੋਫੈਸਰ ਅਸ਼ਵਨੀ ਭੱਲਾ, ਪ੍ਰਿੰਸੀਪਲ ਸਰਕਾਰੀ ਕਾਲਜ ਗੁਰਦਾਸਪੁਰ ਨੇ ਆਏ ਹੋਏ ਮਹਿਮਾਨਾਂ ਦਾ ਸੁਆਗਤ ਕੀਤਾ ਤੇ ਆਪਣੇ ਸੰਬੋਧਨ ਵਿੱਚ ਗੁਰਦਾਸਪੁਰ ਦੇ ਲੋਕਾਂ ਦੀ ਸਾਹਿਤਿਕ ਰੁਚੀ ਤੇ ਸਮ੍ਰਿੱਧ ਵਿਰਾਸਤ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨਾਂ ਨੂੰ ਆਪਣੇ ਸੱਭਿਆਚਾਰਕ ਮੂਲਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਜਗਦੀਸ਼ ਅਰੋੜਾ, ਕੇ. ਕੇ. ਸ਼ਰਮਾ, ਅਵਤਾਰ ਸਿੰਘ ਭੋਗਲ, ਵਿਨੋਦ ਚੋਪੜਾ, ਰਮੇਸ਼ ਸ਼ਰਮਾ, ਮਹਿੰਦਰ ਕੁਮਾਰ ਤੇ ਸਤਿੰਦਰ ਬੇਦੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਮਾਗਮ ਦੌਰਾਨ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਹਿਸਾ ਲਿਆ ਤੇ ਇਸਨੂੰ ਇੱਕ ਪ੍ਰੇਰਣਾਦਾਇਕ ਤੇ ਗਿਆਨਵਰਧਕ ਅਨੁਭਵ ਦੱਸਿਆ।

# ਸਹਿਕਾਰੀ ਖੰਡ ਮਿੱਲ ਬਟਾਲਾ ਵਿਖੇ ਉੱਨਤ ਗੰਨਾ ਖੇਤੀ ਤੇ ਉੱਚ ਉੱਪਜ ਤਕਨੀਕਾਂ ਸਬੰਧੀ ਰਾਜ ਪੱਧਰੀ ਸੈਮੀਨਾਰ

ਬਟਾਲਾ, 25 ਮਾਰਚ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ): ਭਗਵੰਤ ਸਿੰਘ, ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਹੇਠ ਅਜੀਤ ਬਾਲਾ ਜ਼ੋਸ਼ੀ ਵਿੱਤ ਕਮਿਸ਼ਨਰ ਸਹਿਕਾਰਤਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਹਿਕਾਰੀ ਖੰਡ ਮਿੱਲ ਬਟਾਲਾ ਵਿਖੇ ਉੱਨਤ ਗੰਨਾ ਖੇਤੀ ਅਤੇ ਉੱਚ ਉੱਪਜ ਤਕਨੀਕਾਂ ਸਬੰਧੀ ਗੰਨਾ ਕਾਸ਼ਤਕਾਰਾਂ ਨੂੰ ਜਾਣਕਾਰੀ ਦੇਣ ਵਾਸਤੇ ਰਾਜ ਪੱਧਰੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਬਟਾਲਾ, ਅਜਨਾਲਾ ਅਤੇ ਗੁਰਦਾਸਪੁਰ ਖੰਡ ਮਿੱਲਾਂ ਨਾਲ ਸਬੰਧਤ 500 ਦੇ ਲੱਗਭਗ ਕਿਸਾਨਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਗੰਨੇ ਦੀ ਕਾਸ਼ਤ ਨਾਲ ਸਬੰਧਤ ਇਸ ਸੈਮੀਨਾਰ ਵਿੱਚ ਡਾ: ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ ਅਤੇ ਖੰਡ ਮਿੱਲ ਬਟਾਲਾ ਦੇ ਸ੍ਰੀਮਤੀ ਕਿਰਨਦੀਪ ਕੌਰ ਬੋਪਾਰਾਏ ਵੀ ਮੌਜੂਦ ਸਨ। ਕਿਸਾਨਾਂ ਨੂੰ ਗੰਨੇ ਦੀ ਫਸਲ ਦੀ ਉੱਨਤ ਖੇਤੀ ਅਤੇ ਵਧੇਰੇ ਝਾੜ ਪ੍ਰਾਪਤ ਕਰਨ ਸਬੰਧੀ ਜਾਣਕਾਰੀ ਦੇਣ ਲਈ ਮਹਾਂਰਾਸ਼ਟਰ ਤੋਂ ਡਾ: ਸੁਰੇਸ਼ ਐਮ. ਪਵਾਰ (ਪੀ.ਐਚ.ਡੀ) ਸ਼ੂਗਰਕੇਨ ਬਰੀਡਰ ਅਤੇ ਸ਼ੂਗਰਕੇਨ ਸਪੈਸ਼ਲਿਸਟ ਤੇ ਡਾ: ਸੰਜੀਵ ਮਾਨੇ ਸ਼ੂਗਰਕੇਨ ਸਪੈਸ਼ਲਿਸਟ ਹਾਜਰ ਅਤੇ ਡਾ: ਗੁਲਜਾਰ ਸਿੰਘ ਸੰਘੇੜਾ, ਡਾਇਰੈਕਟਰ ਸੂਗਰਕੇਨ ਰਿਸਰਚ ਸਟੇਸ਼ਨ, ਕਪੂਰਥਲਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਮਿੱਲ ਦੀ ਜਨਰਲ ਮੈਨੇਜਰ ਕਿਰਨਦੀਪ ਕੌਰ ਬੋਪਾਰਾਏ ਵੱਲੋਂ ਸੈਮੀਨਾਰ ਵਿੱਚ ਪਹੁੰਚੇ ਵਿਸ਼ੇਸ਼ ਮਹਿਮਾਨਾਂ ਤੇ ਕਿਸਾਨਾਂ ਨੂੰ ਜੀ ਆਇਆ ਕਿਹਾ ਗਿਆ। ਉਹਨਾਂ ਅੱਗੇ ਦੱਸਿਆ ਕਿ ਅਰਸ਼ਦੀਪ ਸਿੰਘ ਥਿੰਦ, ਐਮਡਮਨ ਸੈਕਟਰੀ, ਖੇਤੀਬਾੜੀ ਵਿਭਾਗ ਪੰਜਾਬ ਤੇ ਡਾ: ਸੇਨੂੰ ਦੁੱਗਲ ਪ੍ਰਬੰਧ ਨਿਰਦੇਸ਼ਕ ਸੂਗਰਫੈਡ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਗੁਰੂ ਨਾਨਕ ਦੇਵ ਸੂਗਰਕੇਨ ਰਿਸਰਚ ਅਤੇ ਡਿਵੈਲਪਮੈਂਟ ਇੰਸਟੀਚਿਊਟ ਕਲਾਨੌਰ ਵਿਖੇ ਗੰਨੇ ਦੀਆਂ ਪ੍ਰਮਾਣਿਤ ਅਤੇ ਨਵੀਆਂ ਕਿਸਮਾਂ ਦੀ ਨਰਸਰੀ ਤਿਆਰ ਕਰਨ ਦੀ ਵਿਉਂਤਬੰਦੀ ਕੀਤੀ ਗਈ ਹੈ ਤਾਂ ਕਿ ਭਵਿੱਖ ਵਿੱਚ ਗੰਨੇ ਅਧੀਨ ਰਕਬਾ ਤੇ ਗੰਨੇ ਦਾ ਉਤਪਾਦਨ ਵਧਾਇਆ ਜਾ ਸਕੇ। ਸੈਮੀਨਾਰ ਦੌਰਾਨ ਡਾ: ਗੁਰਇਕਬਾਲ ਸਿੰਘ ਕਾਹਲੋਂ, ਸਾਬਕਾ ਗੰਨਾ ਸਲਾਹਕਾਰ ਸ਼ੂਗਰਫੈਡ ਵੱਲੋਂ ਗੰਨੇ ਦੀ ਫਸਲ ਦੇ ਮਸ਼ੀਨੀਕਰਣ ਬਾਰੇ ਵਿਸਥਾਰ-ਪੂਰਵਕ ਚਾਨਣਾ ਪਾਇਆ ਗਿਆ। ਡਾ: ਗੁਲਜਾਰ ਸਿੰਘ ਸੰਘੇੜਾ ਡਾਇਰੈਕਟਰ ਸ਼ੂਗਰਕੇਨ ਰਿਸਰਚ ਸਟੇਸ਼ਨ (ਪੀ.ਏ.ਯੂ.) ਕਪੂਰਥਲਾ ਨੇ ਪੰਜਾਬ ਰਾਜ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਗੰਨੇ ਦੀਆਂ ਅਗੇਤੀਆਂ ਅਤੇ ਦਰਮਿਆਨੀਆਂ ਪ੍ਰਮਾਣਿਤ ਕਿਸਮਾਂ ਅਤੇ ਇਨ੍ਹਾਂ ਦੇ ਬਿਜਾਈ ਸ਼ਡਿਊਲ ਸਬੰਧੀ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ ਗਈ।

ਡਾ: ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ ਨੇ ਦੱਸਿਆ ਕਿ ਰਾਜ ਦੀਆਂ ਖੰਡ ਮਿੱਲਾਂ ਨੂੰ ਪੂਰੀ ਸਮਰੱਥਾ ਤੇ ਚਲਾਉਣ ਵਾਸਤੇ ਗੰਨੇ ਦਾ ਉਤਪਾਦਨ ਵਧਾਉਣ ਵਾਲੀਆਂ ਤਕਨੀਕਾਂ ਅਪਨਾਉਣ ਅਤੇ ਲੇਬਰ ਦੀ ਸਮੱਸਿਆ ਨੂੰ ਹੱਲ ਕਰਨ ਲਈ ਗੰਨੇ ਦੀ ਖੇਤੀ ਦਾ ਮਸ਼ੀਨੀਕਰਣ ਕਰਨਾ ਸਮੇਂ ਦੀ ਮੁੱਖ ਲੋੜ ਹੈ। ਮਹਾਂਰਸ਼ਟਰ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਗੰਨਾ ਵਿਗਿਆਨੀ ਡਾ: ਸੁਰੇਸ਼ ਐਮ. ਪਵਾਰ ਨੇ ਮਹਾਂਰਾਸ਼ਟਰ ਸਟੇਟ ਦੀਆਂ ਗੰਨੇ ਦੀਆਂ ਵਿਕਸਤ ਕਿਸਮਾਂ ਤੇ ਮਹਾਂਰਸ਼ਟਰ ਦਾ ਗੰਨਾ ਖੇਤੀ ਪੈਟਰਨ ਕਿਸਾਨਾਂ ਨਾਲ ਸਾਂਝਾ ਕੀਤਾ ਤੇ ਗੰਨਾ ਖੇਤੀ ਦੀਆਂ ਵੱਖ ਵੱਖ ਤਕਨੀਕਾਂ, ਕੀੜੇ ਮਕੌੜਿਆਂ ਦੀ ਪਛਾਣ ਤੇ ਉਨ੍ਹਾਂ ਦੀ ਰੋਕਥਾਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਕਿਸਾਨਾਂ ਨੂੰ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਗੰਨੇ ਦੀ ਫਸਲ ਦੀ ਬਿਜਾਈ ਵਾਸਤੇ ਵੱਖਰੀ ਸੀਡ ਨਰਸਰੀ ਤਿਆਰ ਕਰਨੀ ਚਾਹੀਦੀ ਹੈ। ਡਾ: ਮਾਨੇ ਜੋ ਕਿ ਵਿਸ਼ਵ ਪੱਧਰ ਦੇ ਗੰਨਾ ਸਪੈਸ਼ਲਿਸਟ ਹਨ, ਵੱਲੋਂ ਗੰਨੇ ਦੀ ਫਸਲ ਵਾਸਤੇ ਜਮੀਨ ਵਿੱਚ ਲੋੜੀਦੇ ਪੋਸ਼ਟਿਕ ਤੇ ਰਸਾਇਣਕ ਤੱਤਾਂ ਦੀ ਜਾਣਕਾਰੀ ਦਿੱਤੀ ਗਈ। ਡਾ: ਮਾਨੇ ਨੇ ਗੰਨੇ ਦੀ ਸਿੰਜਾਈ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਗੰਨੇ ਦੀ ਫਸਲ ਵਾਸਤੇ ਡਰਿੱਪ ਇਰੀਗੇਸ਼ਨ / ਸ਼ਾਵਰ ਵਿਧੀ ਅਪਨਾਉਣ ਨਾਲ ਗੰਨੇ ਦੀ ਫਸਲ ਦਾ ਵਾਧਾ ਜਿਆਦਾ ਹੈ ਹੁੰਦਾ ਹੈ। ਉਨ੍ਹਾਂ ਵੱਲੋਂ ਗੰਨੇ ਦੀ ਫਸਲ ਤੇ ਕੀੜੇ-ਮਕੌੜੇ ਅਤੇ ਬਿਮਾਰੀਆਂ ਦੇ ਹਮਲੇ ਦੀ ਪਛਾਣ ਕਰਨ ਅਤੇ ਇਨ੍ਹਾਂ ਦੀ ਰੋਕਥਾਮ ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਵੀ ਦਿੱਤੀ ਗਈ। ਸੈਮੀਨਾਰ ਵਿੱਚ ਸੰਦੀਪ ਸਿੰਘ ਰੰਧਾਵਾ ਸਾਬਕਾ ਡਾਇਰੈਕਟਰ, ਸਵਿੰਦਰ ਸਿੰਘ ਰੰਧਾਵਾ ਸਾਬਕਾ ਡਾਇਰੈਕਟਰ, ਪਲਵਿੰਦਰ ਸਿੰਘ ਸਹਾਰੀ, ਸੁਖਬਰਿੰਦਰ ਸਿੰਘ, ਸੁਖਦੇਵ ਸਿੰਘ ਸੁਚਾਨੀਆਂ, ਨਿਰਮਲ ਸਿੰਘ ਸੁਚਾਨੀਆਂ, ਸੁਨੀਤ ਵਿਕਰਮ ਬਾਜਵਾ, ਜਸਪਾਲ ਸਿੰਘ ਹੋਠੀਆਂ, ਸਰੂਪ ਸਿੰਘ ਅਲਾਵਲਪੁਰ, ਪਵਿੱਤਰ ਸਿੰਘ ਬੱਲ ਸੀਸੀਡੀਓ., ਕੁਲਦੀਪ ਸਿੰਘ ਚੀਫ ਇੰਜ:, ਉਯਿਆਰੀ ਲਾਲ ਚੀਫ ਕੈਮਿਸਟ, ਸਲਵਿੰਦਰ ਸਿੰਘ ਰੰਧਾਵਾ ਸੁਪਰਡੰਟ, ਅਰਵਿੰਦਰ ਸਿੰਘ ਸੀ.ਏ.ਓ., ਕਿਰਪਾਲ ਸਿੰਘ ਘੁੰਮਣ, ਗੁਰਮੀਤਪਾਲ ਸਿੰਘ ਲੇਖਾਕਾਰ, ਰਸ਼ਪਿੰਦਰ ਸਿੰਘ ਸਟੇਜ ਸਕੱਤਰ, ਪਿਆਰਾ ਸਿੰਘ ਪ੍ਰਧਾਨ ਅਤੇ ਭਾਰੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਐਡ. ਸੇਖਵਾਂ ਵੱਲੋਂ ਤੀਰਥ ਯਾਤਰਾ ਯੋਜਨਾ ਤਹਿਤ ਧਾਰਮਿਕ ਅਸਥਾਨਾਂ ਲਈ ਬੱਸ ਰਵਾਨਾ

ਕਾਦੀਆਂ, 25 ਮਾਰਚ (ਸਿਕੰਦਰ ਸੰਧੂ /ਸਲਾਮ ਤਾਰੀ): ਕਾਦੀਆਂ ਵਿਧਾਨ ਸਭਾ ਹਲਕੇ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਪਿੰਡ ਥੇਹ ਤਿੱਖਾ ਤੋਂ ਸੰਗਤ ਦੀ ਬੱਸ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਲਈ ਰਵਾਨਾ ਕੀਤਾ ਗਿਆ। ਇਹ ਯਾਤਰਾ ਤਖਤ ਸ਼੍ਰੀ ਕੇਸਗੜ੍ਹ ਸਾਹਿਬ, ਸ਼੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਮੰਦਰ ਦੇ ਦਰਸ਼ਨਾਂ ਕਰੇਗੀ। ਰਵਾਨਗੀ ਮੌਕੇ ਸੰਗਤ ਵੱਲੋਂ ਅਰਦਾਸ ਕਰਕੇ ਵਾਹਿਗੁਰੂ ਜੀ ਅੱਗੇ ਯਾਤਰਾ ਦੀ ਸੁਖ-ਸ਼ਾਂਤੀ ਅਤੇ ਚੜ੍ਹਦੀ ਕਲਾ ਲਈ ਬੇਨਤੀ ਕੀਤੀ ਗਈ। ਵਾਹਿਗੁਰੂ ਜੀ ਸਭਨਾਂ ਉੱਤੇ ਆਪਣੀ ਮਿਹਰ ਬਣਾਈ ਰੱਖਣ। ਇਸ ਮੌਕੇ ਗੱਲਬਾਤ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕਿਹਾ ਕਿ



ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਵਿੱਤਰ ਅਸਥਾਨਾਂ ਦੀ ਮੁਫ਼ਤ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਇਹ ਮੁੱਖ ਮੰਤਰੀ ਤੀਰਥ ਯਾਤਰਾ ਨੂੰ ਲੈ ਕੇ ਸਮਾਜ ਦੇ ਹਰ ਵਰਗ ਵਿੱਚ ਖੁਸ਼ੀ ਪਾਈ ਜਾ ਰਹੀ ਹੈ।

ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਤੇ ਐਡ. ਜਗਰੂਪ ਸਿੰਘ ਸੇਖਵਾਂ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ ਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।



# ਭੈਣੀ ਖਾਂ ਪੁਲਿਸ ਨੂੰ ਮਿਲੀ ਕਾਮਯਾਬੀ, 7 ਗ੍ਰਾਮ ਹੈਰੋਇਨ ਸਮੇਤ ਦੋਸ਼ੀ ਕਾਬੂ

ਕਾਹਨੂੰਵਾਨ, 25 ਮਾਰਚ (ਕੁਲਜੀਤ ਸਿੰਘ ਖੋਖਰ): ਐਸਐਸਪੀ ਗੁਰਦਾਸਪੁਰ ਆਦਿੱਤਿਆ ਦੇ ਦਿਸ਼ਾ-



ਨਿਰਦੇਸ਼ਾਂ ਤਹਿਤ ਤੇ ਥਾਣਾ ਭੈਣੀ ਮੀਆਂ ਖਾਂ ਦੇ ਐਸਐਚਓ ਦਵਿੰਦਰ ਸਿੰਘ ਦੇ ਹੁਕਮਾਂ ਅਨੁਸਾਰ ਥਾਣੇ ਦੇ ਪੁਲਿਸ ਮੁਲਾਜ਼ਮਾਂ ਵੱਲੋਂ ਵੱਖ-ਵੱਖ ਪੁਆਇੰਟਾਂ 'ਤੇ ਨਾਕੇ ਲਗਾ ਕੇ ਉਪਰਮਜੀਤ ਨੂੰ ਕਾਬੂ ਕਰਕੇ ਉਸ ਕੋਲੋਂ 7 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸ ਤਹਿਤ ਕਾਰਵਾਈ ਕਰਦਿਆਂ ਖਿਲਾਫ਼ ਮੁਕੱਦਮਾ ਬਾਅ ਜੁਰਮ 21(ਬੀ) 61-85 ਐਨਡੀਪੀਐਸ ਐਕਟ ਤਹਿਤ ਥਾਣਾ ਭੈਣੀ ਮੀਆਂ ਖਾਂ ਵਿਖੇ ਦਰਜ ਕੀਤਾ ਗਿਆ। ਇਸੇ ਤਹਿਤ ਐਸਐਸਪੀ ਗੁਰਦਾਸਪੁਰ ਆਦਿੱਤਿਯ ਆਈਪੀਐਸ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮਾੜੇ ਗੈਰ-ਕਾਨੂੰਨੀ ਧੰਦੇ ਛੱਡ ਕੇ ਚੰਗਾ ਕਾਰੋਬਾਰ ਅਪਨਾਉਣ। ਉਨ੍ਹਾਂ ਆਮ ਜਨਤਾ ਨੂੰ ਬੇਨਤੀ ਕੀਤੀ ਕਿ ਜੋ ਲੋਕ ਗੈਰ-ਕਾਨੂੰਨ ਧੰਦੇ ਜਾਂ ਨਸ਼ਿਆਂ ਦਾ ਕਾਰੋਬਾਰ ਕਰਦੇ ਹਨ, ਉਨ੍ਹਾਂ ਦੀ ਇਤਲਾਹ ਸਬੰਧਤ ਥਾਣੇ ਨੂੰ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਮਾੜੇ ਅਨਸਰਾਂ ਨੂੰ ਠੱਲ ਪਾਉਣ ਲਈ ਗੁਰਦਾਸਪੁਰ ਪੁਲਿਸ ਵਚਨਬੱਧ ਹੈ।

# ਅਮਰੀਕਾ ਵੱਲੋਂ ਈਰਾਨ ਨੂੰ 15-ਨੁਕਾਤੀ ਜੰਗਬੰਦੀ ਦਾ ਪ੍ਰਸਤਾਵ

## ☛ਪਾਕਿਸਤਾਨ ਨੇ ਕੀਤੀ ਗੱਲਬਾਤ ਦੀ ਮੇਜ਼ਬਾਨੀ ਦੀ ਪੇਸ਼ਕਸ਼

ਵਾਸ਼ਿੰਗਟਨ/ਤੇਹਰਾਨ/ਇਸਲਾਮਾਬਾਦ, 25 ਮਾਰਚ (ਚ.ਨ.ਸ): ਪਿਛਲੇ ਕਈ ਹਫ਼ਤਿਆਂ ਤੋਂ ਪੱਛਮੀ ਏਸ਼ੀਆ ਵਿੱਚ ਜਾਰੀ ਭਿਆਨਕ ਜੰਗ ਨੂੰ ਰੋਕਣ ਲਈ ਡੌਨਾਲਡ ਟਰੰਪ ਪ੍ਰਸ਼ਾਸਨ ਨੇ ਇੱਕ ਵੱਡੀ ਕੂਟਨੀਤਕ ਪਹਿਲਕਦਮੀ ਕੀਤੀ ਹੈ। ਤਾਜ਼ਾ ਰਿਪੋਰਟਾਂ ਅਨੁਸਾਰ ਅਮਰੀਕਾ ਨੇ ਈਰਾਨ ਨੂੰ 15-ਨੁਕਾਤੀ ਜੰਗਬੰਦੀ ਦਾ ਪ੍ਰਸਤਾਵ ਭੇਜਿਆ ਹੈ, ਜਿਸ ਦਾ ਮਕਸਦ ਖ਼ਿੱਤੇ ਵਿੱਚ ਵੱਧ ਰਹੀ ਹਿੰਸਾ ਨੂੰ ਠੱਲ੍ਹ ਪਾਉਣਾ ਤੇ ਤੇਲ ਦੀ ਸਪਲਾਈ ਨੂੰ ਮੁੜ ਬਹਾਲ ਕਰਨਾ ਹੈ। ਇਹ ਪ੍ਰਸਤਾਵ ਅਜਿਹੇ ਸਮੇਂ ਸਾਹਮਣੇ ਆਇਆ ਹੈ ਜਦੋਂ ਇਜ਼ਰਾਈਲ ਤੇ



ਅਮਰੀਕਾ ਵੱਲੋਂ ਈਰਾਨੀ ਟਿਕਾਣਿਆਂ 'ਤੇ ਲਗਾਤਾਰ ਹਮਲੇ ਕੀਤੇ ਜਾ ਰਹੇ ਹਨ ਤੇ ਈਰਾਨ ਨੇ ਜਵਾਬੀ ਕਾਰਵਾਈ ਵਜੋਂ ਸਟ੍ਰੇਟ ਆਫ ਹੋਰਮੁਜ਼ ਰਾਹੀਂ ਤੇਲ ਦੀ ਆਵਾਜਾਈ ਨੂੰ ਪ੍ਰਭਾਵਿਤ ਕੀਤਾ ਹੋਇਆ ਹੈ। ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਨੇ ਵ੍ਹਾਈਟ ਹਾਊਸ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਈਰਾਨ ਨਾਲ ਗੱਲਬਾਤ ਨੂੰ ਲੈ ਕੇ ਆਸ਼ਾਵਾਦੀ ਹਨ। ਉਨ੍ਹਾਂ ਸੰਕੇਤ ਦਿੱਤਾ ਕਿ ਦੋਵਾਂ ਦੇਸ਼ਾਂ ਦੇ ਉਚ ਅਧਿਕਾਰੀਆਂ ਵਿਚਾਲੇ ਪਰਦੇ ਪਿੱਛੇ ਗੱਲਬਾਤ ਦਾ ਦੌਰ ਚੱਲ ਰਿਹਾ ਹੈ। ਟਰੰਪ ਨੇ ਇਸ ਗੱਲਬਾਤ ਨੂੰ ਬਹੁਤ ਹੀ ਉਸਾਰੂ ਦੱਸਿਆ ਤੇ ਉਮੀਦ ਜਤਾਈ ਕਿ ਜਲਦੀ ਹੀ ਕੋਈ ਸਾਰਥਕ ਹੱਲ ਨਿਕਲ ਸਕਦਾ ਹੈ। ਦੂਜੇ ਪਾਸੇ, ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਵੀ ਇਸ ਮਾਮਲੇ ਵਿੱਚ ਅਹਿਮ ਭੂਮਿਕਾ ਨਿਭਾਉਣ ਦੀ ਪੇਸ਼ਕਸ਼ ਕੀਤੀ ਹੈ। ਸ਼ਰੀਫ ਨੇ ਟਵਿੱਟਰ ਰਾਹੀਂ ਕਿਹਾ ਕਿ ਜੇਕਰ ਅਮਰੀਕਾ ਤੇ ਇਰਾਨ ਸਹਿਮਤ ਹੋਣ ਤਾਂ ਪਾਕਿਸਤਾਨ ਇਸ ਇਤਿਹਾਸਕ ਸ਼ਾਂਤੀ ਗੱਲਬਾਤ ਦੀ ਮੇਜ਼ਬਾਨੀ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਰਿਪੋਰਟਾਂ ਮੁਤਾਬਿਕ ਪਾਕਿਸਤਾਨ ਦੇ ਫੌਜ ਮੁਖੀ ਜਨਰਲ ਆਸਿਮ ਮੁਨੀਰ ਨੇ ਵੀ ਇਸ ਸਬੰਧੀ ਅਮਰੀਕੀ ਅਧਿਕਾਰੀਆਂ ਨਾਲ ਸੰਪਰਕ ਸਾਧਿਆ ਹੈ। ਜੰਗ ਦੇ ਮੈਦਾਨ ਦੀ ਗੱਲ ਕਰੀਏ ਤਾਂ ਹਾਲਾਤ ਅਜੇ ਵੀ ਤਣਾਅਪੂਰਨ ਬਣੇ ਹੋਏ ਹਨ। ਇਜ਼ਰਾਈਲੀ ਫੌਜ ਨੇ ਲੇਬਨਾਨ ਵਿੱਚ ਜ਼ਮੀਨੀ ਹਮਲੇ ਤੇਜ਼ ਕਰ ਦਿੱਤੇ ਹਨ। ਰੱਖਿਆ ਮੰਤਰੀ ਇਜ਼ਰਾਈਲ ਕਾਟਜ਼ ਨੇ ਪੁਸ਼ਟੀ ਕੀਤੀ ਹੈ ਕਿ ਫੌਜ ਲੇਬਨਾਨ ਦੇ ਦੱਖਣੀ ਹਿੱਸੇ ਵਿੱਚ ਹਿਜ਼ਬੁੱਲਾ ਦੇ ਬੁਨਿਆਦੀ ਢਾਂਚੇ ਨੂੰ ਤਬਾਹ ਕਰਨ ਲਈ ਕਾਰਵਾਈ ਕਰ ਰਹੀ ਹੈ।

# ਸਤਨਾਮ ਸਿੰਘ ਸੰਧੂ ਨੇ ਰਾਜ ਸਭਾ 'ਚ ਪੰਜਾਬ ਦੇ ਵਿਕਾਸ ਦਾ ਮੁੱਦਾ ਚੁੱਕਿਆ

ਨਵੀਂ ਦਿੱਲੀ, 25 ਮਾਰਚ (ਚ.ਨ.ਸ): ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਸੰਸਦ ਦੇ ਬਜਟ ਸੈਸ਼ਨ ਦੌਰਾਨ ਪੰਜਾਬ ਦੇ ਵਿਕਾਸ ਤੇ ਸੂਬੇ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਕੇਂਦਰ ਸਰਕਾਰ ਵੱਲੋਂ ਕੀਤੇ ਗਏ ਉਪਰਾਲਿਆਂ ਦੀ ਪੁਰਜ਼ੋਰ ਸ਼ਲਾਘਾ ਕੀਤੀ ਹੈ। ਰਾਜ ਸਭਾ ਵਿੱਚ 'ਐਪਰੋਪ੍ਰੀਏਸ਼ਨ ਬਿੱਲ' 'ਤੇ ਚਰਚਾ ਦੌਰਾਨ ਬੋਲਦਿਆਂ ਸੰਧੂ ਨੇ ਕਿਹਾ ਕਿ ਪਿਛਲੇ 12 ਸਾਲਾਂ ਦੌਰਾਨ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਨੇ ਪੰਜਾਬ ਦੇ ਬੁਨਿਆਦੀ ਢਾਂਚੇ, ਖਾਸ ਕਰਕੇ ਰਾਸ਼ਟਰੀ ਮਾਰਗਾਂ ਤੇ ਰੇਲਵੇ ਨੈਟਵਰਕ ਦੇ ਵਿਸਤਾਰ ਲਈ 75,000 ਕਰੋੜ ਰੁਪਏ ਦੀ ਰਾਸ਼ੀ ਪ੍ਰਵਾਨ ਕੀਤੀ ਹੈ, ਜੋ ਕਿ ਸੂਬੇ ਦੇ ਸਰਵਪੱਖੀ ਵਿਕਾਸ ਪ੍ਰਤੀ ਕੇਂਦਰ ਦੀ ਵਚਨਬੱਧਤਾ ਦਾ ਪ੍ਰਤੱਖ ਸਬੂਤ ਹੈ। ਸਤਨਾਮ ਸਿੰਘ ਸੰਧੂ ਨੇ ਅੰਕੜਿਆਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਕੇਂਦਰ ਸਰਕਾਰ ਨੇ ਕਿਸਾਨੀ ਹਿੱਤਾਂ ਦੀ ਰਾਖੀ ਕਰਦਿਆਂ ਘੱਟੋ-ਘੱਟ ਸਮਰਥਨ ਮੁੱਲ ਦੀ ਖਰੀਦ ਵਿੱਚ ਰਿਕਾਰਡ 214 ਫੀਸਦੀ ਦਾ ਵਾਧਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸਾਲ 2013-14 ਵਿੱਚ ਜਿੱਥੇ ਐਮ.ਐਸ.ਪੀ. ਖਰੀਦ ਦਾ ਕੁੱਲ ਮੁੱਲ 1.06 ਲੱਖ ਕਰੋੜ ਰੁਪਏ ਸੀ, ਉਹ ਹੁਣ ਵੱਧ ਕੇ 3.33 ਲੱਖ ਕਰੋੜ ਰੁਪਏ ਹੋ ਗਿਆ ਹੈ, ਜਿਸ ਦਾ ਸਿੱਧਾ ਲਾਭ ਪੰਜਾਬ ਦੇ ਮਿਹਨਤਕਸ਼ ਕਿਸਾਨਾਂ ਨੂੰ ਮਿਲਿਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਨੇ ਨਾ ਸਿਰਫ਼ ਫ਼ਸਲਾਂ ਦੇ ਭਾਅ ਵਧਾਏ ਹਨ, ਸਗੋਂ ਖਰੀਦ ਪ੍ਰਕਿਰਿਆ ਨੂੰ ਵੀ ਵਧੇਰੇ ਪਾਰਦਰਸ਼ੀ ਬਣਾਇਆ ਹੈ। ਪੰਜਾਬ ਵਿੱਚ ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਹੋਏ ਸੁਧਾਰਾਂ ਦਾ ਜ਼ਿਕਰ ਕਰਦਿਆਂ ਸੰਧੂ ਨੇ ਕਿਹਾ ਕਿ ਬਠਿੰਡਾ



ਵਿਖੇ ਏਮਜ਼ ਤੇ ਅੰਮ੍ਰਿਤਸਰ ਵਿਖੇ ਆਈ.ਆਈ.ਐਮ. ਵਰਗੀਆਂ ਉਚ ਕੋਟੀ ਦੀਆਂ ਸੰਸਥਾਵਾਂ ਦੀ ਸਥਾਪਨਾ ਨਾਲ ਪੰਜਾਬ ਦੇ ਨੌਜਵਾਨਾਂ ਨੂੰ ਆਪਣੇ ਹੀ ਸੂਬੇ ਵਿੱਚ ਵਿਸ਼ਵ ਪੱਧਰੀ ਸਹੂਲਤਾਂ ਮਿਲ ਰਹੀਆਂ ਹਨ। ਉਨ੍ਹਾਂ ਰੇਲਵੇ ਬਜਟ ਦਾ ਵਿਸ਼ੇਸ਼ ਜ਼ਿਕਰ ਕਰਦਿਆਂ ਦੱਸਿਆ ਕਿ ਸਾਲ 2026-27 ਦੇ ਬਜਟ ਵਿੱਚ ਪੰਜਾਬ ਦੇ ਰੇਲਵੇ ਬੁਨਿਆਦੀ ਢਾਂਚੇ ਲਈ 5,421 ਕਰੋੜ ਰੁਪਏ ਦੀ ਰਿਕਾਰਡ ਰਾਸ਼ੀ ਰੱਖੀ ਗਈ ਹੈ, ਜੋ ਕਿ ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਕਈ ਗੁਣਾ ਵੱਧ ਹੈ। ਸੰਧੂ ਨੇ ਧਾਰਮਿਕ ਤੇ ਸੱਭਿਆਚਾਰਕ ਪੱਖ ਤੋਂ ਵੀ ਕੇਂਦਰ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਰਤਾਰਪੁਰ ਸਾਹਿਬ ਲਾਂਘੇ ਤੇ ਹੇਮਕੁੰਟ ਸਾਹਿਬ ਰੋਪਵੇਅ ਵਰਗੇ ਪ੍ਰੋਜੈਕਟਾਂ ਨੂੰ ਪੰਜਾਬ ਦੀ ਅਧਿਆਤਮਿਕ ਵਿਰਾਸਤ ਲਈ ਵੱਡੀ ਸੌਗਾਤ ਦੱਸਿਆ।

# ਕਾਂਗਰਸੀ ਵਰਕਰਾਂ ਨੇ ਮਨਦੀਪ ਸਿੰਘ ਰੰਗੜ-ਨੰਗਲ ਦੀ ਅਗਵਾਈ ਹੇਠ ਡੀਐਮ ਰੰਧਾਵਾ ਨੂੰ ਸ਼ਰਧਾਂਜਲੀ ਭੇਟ ਕਰਕੇ ਕੈਂਡਲ ਮਾਰਚ ਕੱਢਿਆ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 25 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਕਾਂਗਰਸੀ ਵਰਕਰਾਂ ਵੱਲੋਂ ਹਲਕਾ ਇੰਚਾਰਜ ਸ੍ਰੀ ਹਰਿਗੋਬਿੰਦਪੁਰ ਸਾਹਿਬ ਮਨਦੀਪ ਸਿੰਘ ਰੰਗੜ-ਨੰਗਲ ਦੀ ਅਗਵਾਈ ਹੇਠ ਕਸਬਾ ਘੁਮਾਣ ਵਿਖੇ ਵੇਅਰ ਹਾਊਸ ਵਿਖੇ ਤਾਇਨਾਤ ਡੀਐਮ ਗਗਨਦੀਪ ਸਿੰਘ ਰੰਧਾਵਾ ਨੂੰ ਸ਼ਰਧਾਂਜਲੀ ਭੇਟ ਕਰਨ ਉਪਰੰਤ ਕੈਂਡਲ ਮਾਰਚ ਕੱਢਿਆ ਗਿਆ। ਇਹ ਕੈਂਡਲ ਮਾਰਚ ਸ਼੍ਰੋਮਣੀ ਭਗਤ ਨਾਮਦੇਵ ਜੀ ਦਰਬਾਰ ਸਾਹਿਬ ਤੋਂ ਸ਼ੁਰੂ ਹੋ ਕੇ ਮੇਨ ਬਾਜ਼ਾਰ ਘੁਮਾਣ ਵਿੱਚੋਂ ਦੀ ਹੁੰਦਾ ਹੋਇਆ ਅੱਡਾ ਚੌਕ ਘੁਮਾਣ ਵਿਖੇ ਪਹੁੰਚਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਨਦੀਪ ਸਿੰਘ ਰੰਗੜ-ਨੰਗਲ ਨੇ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸੂਬਾ ਪ੍ਰਧਾਨ ਕਾਂਗਰਸ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਵਿਧਾਇਕ ਸੁਖਜਿੰਦਰ ਸਿੰਘ ਰੰਧਾਵਾ ਤੇ ਵੱਖ-ਵੱਖ ਪਾਰਟੀਆਂ ਦੇ ਆਗੂਆਂ ਵੱਲੋਂ ਸਰਕਾਰ 'ਤੇ ਦਬਾਅ ਪਾਉਣ ਨਾਲ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਪੁਲਿਸ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਆਖਿਆ ਕਿ ਇਸ ਮਾਮਲੇ ਦੀ ਸੀਬੀਆਈ ਤੋਂ ਜਾਂਚ ਹੋਣੀ ਚਾਹੀਦੀ ਹੈ। ਇਸ ਮੌਕੇ ਬਲਾਕ ਪ੍ਰਧਾਨ ਸਾਹਿਬ ਸਿੰਘ ਮੰਡ, ਬਲਾਕ ਪ੍ਰਧਾਨ ਲਖਵਿੰਦਰ ਸਿੰਘ




ਢੰਡੇ, ਸਰਪੰਚ ਬਚਿੱਤਰ ਸਿੰਘ ਜਾਲੀਆ, ਸਰਬਜੀਤ ਸਿੰਘ ਰੰਗੜ ਨੰਗਲ, ਸੰਮਤੀ ਮੈਂਬਰ ਪਰਮਜੀਤ ਸਿੰਘ ਬਾਜਵਾ ਪੰਜਗਰਾਈਆਂ, ਸਰਪੰਚ ਮੱਸਾ ਸਿੰਘ ਬੋਲੇਵਾਲ, ਬਲਾਕ ਪ੍ਰਧਾਨ ਬੀਸੀ ਵਿੰਗ ਗੁਰਦੇਵ ਸਿੰਘ ਲਾਡੀ, ਸੰਮਤੀ ਮੈਂਬਰ ਦਿਲਬਾਗ ਸਿੰਘ ਲਾਲੀ, ਸਰਪੰਚ ਰਾਜਿੰਦਰ ਸਿੰਘ, ਸਰਪੰਚ ਪਰਮਜੀਤ ਸਿੰਘ ਬੋਲੇਵਾਲ, ਸਰਤਾਜ ਸਿੰਘ ਪੱਡੇ, ਵਿਰਸਾ ਸਿੰਘ ਪੱਡੇ, ਸੰਮਤੀ ਮੈਂਬਰ ਬਲਜੀਤ ਕੌਰ, ਜੰਗ ਬਹਾਦਰ ਸਿੰਘ ਮਡਿਆਲਾ, ਸਰਪੰਚ ਪਰਮਿੰਦਰ ਸਿੰਘ ਦੜੇਵਾਲੀ, ਬਲਜੀਤ ਸਿੰਘ ਪੰਡੋਰੀ, ਇੰਦਰਜੀਤ ਸਿੰਘ, ਸੰਮਤੀ ਮੈਂਬਰ ਅਮਰਜੀਤ ਕੌਰ, ਜਗਜੀਤ ਸਿੰਘ ਅਮੋਨੰਗਲ, ਡਾ. ਸੁਰਿੰਦਰ ਸਿੰਘ ਭਾਟੀਆ ਸੰਦਲਪੁਰ, ਸਾਹਿਬ ਸਿੰਘ ਆਦੋਵਾਲੀ, ਇੰਦਾ ਬੂੜੇਨੰਗਲ, ਸਰਪੰਚ ਰਣਜੀਤ ਸਿੰਘ ਵੈਰੋਨੰਗਲ, ਸਰਪੰਚ ਸੁਰਜੀਤ ਸਿੰਘ ਮਨੇਸ਼, ਗੁਰਪਿੰਦਰ ਸਿੰਘ ਬਿੱਟੂ ਜਹਾਦਪੁਰ, ਡਾ. ਅੰਮ੍ਰਿਤਪਾਲ ਸਿੰਘ ਜਹਾਦਪੁਰ, ਸੋਨੂੰ ਸਾਗਰਪੁਰ, ਸਰਪੰਚ ਕਸ਼ਮੀਰ ਸਿੰਘ ਨੱਤ, ਸੰਮਤੀ ਮੈਂਬਰ ਮਨਜਿੰਦਰ ਸਿੰਘ ਮਿਸ਼ਰਪੁਰਾ, ਵਿੱਕੀ ਮਿਸ਼ਰਪੁਰਾ, ਬਲਦੇਵ ਸਿੰਘ ਬੱਲਾ ਸੁੱਖਾ ਚਿੜਾ, ਸਰਪੰਚ ਮਨਦਿੰਰ ਸਿੰਘ, ਹਰਤਾਜ ਸਿੰਘ ਸੁੱਖਾ ਚਿੜਾ, ਮਲਕੀਤ ਸਿੰਘ ਚਾਹਲ ਕਲਾਂ, ਬਲਵਿੰਦਰ ਸਿੰਘ ਰੰਗੜ-ਨੰਗਲ, ਅਵਤਾਰ ਸਿੰਘ ਰੰਗੜ-ਨੰਗਲ, ਪਹਿਲਵਾਨ ਗਗਨਦੀਪ ਚਾਹਲ ਕਲਾਂ, ਪ੍ਰਦੀਪ ਸਿੰਘ ਵੈਰੋਨੰਗਲ, ਹਰਜੀਤ ਸਿੰਘ ਪੰਡੋਰੀ, ਗੁਰਦਿੰਰ ਸਿੰਘ ਅਮੋਨੰਗਲ, ਸਰਭਜੀਤ ਸਿੰਘ ਅਮੋਨੰਗਲ, ਹਰਦੀਪ ਸਿੰਘ, ਬਲਦੇਵ ਸਿੰਘ, ਬਲਵਿੰਦਰ ਸਿੰਘ, ਸੋਨੂੰ ਦਕੋਹਾ, ਮਾਸਟਰ ਮੁਖਤਾਰ ਸਿੰਘ ਸੰਗਰਾਵਾਂ ਹਾਜ਼ਰ ਸਨ।

# ਵਿਧਾਇਕ ਸ਼ੈਰੀ ਕਲਸੀ ਦੀ ਮੌਜੂਦਗੀ 'ਚ ਨਵ-ਨਿਯੁਕਤ ਚੇਅਰਪਰਸਨ ਕਰਮਜੀਤ ਕੌਰ ਤੇ ਵਾਈਸ ਚੇਅਰਮੈਨ ਮਨਜਿੰਦਰ ਸਿੰਘ ਨੇ ਅਹੁਦਾ ਸੰਭਾਲਿਆ



ਬਟਾਲਾ, 25 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ/ਡਾ.ਸਤਨਾਮ ਸਿੰਘ ਸੰਧੂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਮੌਜੂਦਗੀ ਵਿੱਚ ਬਟਾਲਾ ਬਲਾਕ ਸੰਮਤੀ ਦੀ ਨਵ-ਨਿਯੁਕਤ ਚੇਅਰਪਰਸਨ ਕਰਮਜੀਤ ਕੌਰ ਪਤਨੀ ਨਿਸ਼ਾਨ ਸਿੰਘ ਰੰਧਾਵਾ ਤੇ ਵਾਈਸ ਚੇਅਰਮੈਨ ਮਨਜਿੰਦਰ ਸਿੰਘ ਮਿੰਟੂ ਤੱਤਲਾ ਨੇ ਅਹੁਦਾ ਸੰਭਾਲਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਦਾਸਪੁਰ ਗੁਰਪ੍ਰੀਤ ਸਿੰਘ ਗਿੱਲ, ਯਸ਼ਪਾਲ ਚੌਹਾਨ, ਚੇਅਰਮੈਨ ਇੰਪਰੂਵਮੈਂਟ ਟਰੱਸਟ ਬਟਾਲਾ, ਬੀ.ਡੀ.ਪੀ.ਓ. ਬਟਾਲਾ ਬਲਜੀਤ ਸਿੰਘ, ਹਰਿੰਦਬੀਰ ਸਿੰਘ ਪੰਚਾਇਤ ਅਫਸਰ, ਲਾਇਨ ਰਾਜੀਵ ਵਿੱਗ, ਮਿੱਤਰਪਾਲ ਸਿੰਘ ਜ਼ਿਲ੍ਹਾ ਪ੍ਰਸ਼ੀਦ ਮੈਂਬਰ, ਕਰਨੈਲ ਸਿੰਘ ਸੰਮਤੀ ਮੈਂਬਰ, ਜਤਿੰਦਰ ਸਿੰਘ ਸੰਮਤੀ ਮੈਂਬਰ, ਗੁਰਦੇਵ ਸਿੰਘ ਸੰਮਤੀ ਮੈਂਬਰ, ਜੋਧ ਸਿੰਘ ਸੰਮਤੀ ਮੈਂਬਰ, ਹਰਜਿੰਦਰ ਸਿੰਘ ਸੰਮਤੀ ਮੈਂਬਰ, ਗੁਰਪ੍ਰੀਤ ਸਿੰਘ ਸੰਮਤੀ ਮੈਂਬਰ, ਜਤਿੰਦਰਪਾਲ ਕੌਰ ਸੰਮਤੀ ਮੈਂਬਰ, ਗੁਰਮੀਤ ਸਿੰਘ ਸੰਮਤੀ ਮੈਂਬਰ, ਸੰਜੀਵ ਕੁਮਾਰ, ਨਰਿੰਦਰ ਕੌਰ, ਮਨਪ੍ਰੀਤ ਕੌਰ ਸੁਪਰਡੈਂਟ, ਦਵਿੰਦਰ ਕੌਰ, ਅਮਨਦੀਪ ਸਿੰਘ ਮੌਜੂਦ ਸਨ। ਇਸ ਮੌਕੇ ਬਲਾਕ ਸੰਮਤੀ ਦੇ ਦੇ ਨਵ-ਨਿਯੁਕਤ ਚੇਅਰਪਰਸਨ ਕਰਮਜੀਤ ਕੌਰ ਤੇ ਵਾਈਸ ਚੇਅਰਮੈਨ ਮਨਜਿੰਦਰ ਸਿੰਘ ਮਿੰਟੂ ਤੱਤਲਾ ਨੂੰ ਮੁਬਾਰਕਬਾਦ ਦਿੰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਆਪ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਤੇ ਪਾਰਟੀ ਵਿੱਚ ਮਿਹਨਤ ਤੇ ਲਗਨ ਨਾਲ ਕੰਮ ਕਰਨ ਵਾਲੇ ਵਲੰਟੀਅਰਾਂ ਨੂੰ ਮਾਣ ਸਤਿਕਾਰ ਦੇ ਰਹੀ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਪਾਰਟੀ ਵਲੰਟੀਅਰਾਂ ਨੂੰ ਉਨ੍ਹਾਂ ਦੀ ਮਿਹਨਤ ਤੇ ਲਗਨ ਅਨੁਸਾਰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰੇਕ ਵਰਗ ਦੇ ਹਿੱਤ ਲਈ ਵਿਕਾਸ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਗਤੀ ਪ੍ਰਦਾਨ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਸਹੂਲਤਾਂ ਜਲਦ ਤੋਂ ਜਲਦ ਲੱਭ ਪੁੱਜਦਾ ਹੋ ਸਕੇ।

# ਦਿੱਲੀ 'ਚ ਆਲ ਇੰਡੀਆ ਕਾਂਗਰਸ ਕਮੇਟੀ ਦੇ ਸੀਨੀਅਰ ਆਗੂ ਨਾਲ ਹਰਵਿੰਦਰਪਾਲ ਸਿੰਘ ਸ਼ਾਹਬਾਦ ਵੱਲੋਂ ਸ਼ਿਸ਼ਟਾਚਾਰ ਮੁਲਾਕਾਤ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 25 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਅੱਜ ਗੁਰਦੀਪ ਸਿੰਘ ਸੱਪਲ, ਜੋ ਕਿ ਆਲ ਇੰਡੀਆ ਕਾਂਗਰਸ ਕਮੇਟੀ (1933) ਦੇ ਪ੍ਰਸ਼ਾਸਨ ਇੰਚਾਰਜ, ਕਾਂਗਰਸ ਪ੍ਰਧਾਨ ਦੇ ਦਫ਼ਤਰ ਦੇ ਕੋਆਰਡੀਨੇਟਰ ਤੇ ਕਾਂਗਰਸ ਵਰਕਿੰਗ ਕਮੇਟੀ ਦੇ ਸਥਾਈ ਨਿਮੰਤਰਿਤ ਮੈਂਬਰ ਹਨ,



ਨਾਲ ਹਰਵਿੰਦਰਪਾਲ ਸਿੰਘ ਸ਼ਾਹਬਾਦ ਜਰਨਲ ਸਕੱਤਰ ਕਿਸਾਨ ਵਿੰਗ ਕਾਂਗਰਸ ਨੇ ਉਨ੍ਹਾਂ ਦੇ ਦਫ਼ਤਰ ਵਿੱਚ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਇਸ ਮੌਕੇ ਦੌਰਾਨ ਪੰਜਾਬ ਦੀ ਮੌਜੂਦਾ ਰਾਜਨੀਤਿਕ ਸਥਿਤੀ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਖ਼ਾਸ ਤੌਰ 'ਤੇ ਸ੍ਰੀ ਹਰਿਗੋਬਿੰਦਪੁਰ ਹਲਕੇ ਨਾਲ ਸਬੰਧਤ ਲੋਕ ਮਸਲੇ, ਪਾਰਟੀ ਸੰਰਚਨਾ ਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਬਾਰੇ ਗੰਭੀਰ ਚਰਚਾ ਹੋਈ। ਗੁਰਦੀਪ ਸਿੰਘ ਸੱਪਲ ਵੱਲੋਂ ਹਰਵਿੰਦਰ ਪਾਲ ਸਿੰਘ ਨੂੰ ਆਸ਼ੀਰਵਾਦ ਦਿੱਤਾ ਗਿਆ ਤੇ ਪਾਰਟੀ ਦੀ ਮਜ਼ਬੂਤੀ ਲਈ ਹੋਰ ਜੋਸ਼ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਜ਼ਮੀਨੀ ਪੱਧਰ 'ਤੇ ਮਿਹਨਤ ਕਰਨ ਵਾਲੇ ਕਰਮਚਾਰੀ ਹੀ ਪਾਰਟੀ ਦੀ ਅਸਲ ਤਾਕਤ ਹੁੰਦੇ ਹਨ। ਇਹ ਮੁਲਾਕਾਤ ਭਵਿੱਖ ਵਿੱਚ ਪਾਰਟੀ ਦੀ ਮਜ਼ਬੂਤੀ ਤੇ ਲੋਕ ਹਿੱਤਾਂ ਲਈ ਹੋਰ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਨਾਦਾਇਕ ਸਾਬਤ ਹੋਵੇਗੀ।

# ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਪਿੰਡਾਂ 'ਚ ਵਿਕਾਸ ਕਾਰਜਾਂ ਦੀ ਸਮੀਖਿਆ

ਹੁਸ਼ਿਆਰਪੁਰ, 25 ਮਾਰਚ (ਦੀਪਕ ਅਗਨੀਹੋਤਰੀ): ਪੰਜਾਬ ਦੇ ਐਨ.ਆਰ.ਆਈ ਮਾਮਲਿਆਂ ਤੇ ਜੇਲ੍ਹਾਂ ਮੰਤਰੀ ਡਾ. ਰਵਜੋਤ ਸਿੰਘ ਨੇ ਵਿਧਾਨ ਸਭਾ ਹਲਕਾ ਸ਼ਾਮ ਚੁਰਾਸੀ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਇਨ੍ਹਾਂ ਕੰਮਾਂ ਦੇ ਮੁਕੰਮਲ ਹੋਣ ਨਾਲ ਪਿੰਡਾਂ ਦੇ ਵਿਕਾਸ ਦੀ ਦਿੱਖ ਹੋਰ ਬਿਹਤਰੀਨ ਹੋ ਜਾਵੇਗੀ। ਐਨ.ਆਰ.ਆਈ ਮਾਮਲਿਆਂ ਤੇ ਜੇਲ੍ਹਾਂ ਮੰਤਰੀ ਡਾ. ਰਵਜੋਤ ਸਿੰਘ ਨੇ ਪਿੰਡਾਂ ਵਿੱਚ ਬਣ ਰਹੇ ਖੇਡ ਮੈਦਾਨਾਂ ਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਵਿਕਾਸ ਕਾਰਜਾਂ ਦੀ ਸਮੀਖਿਆ ਦੌਰਾਨ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਕਾਰਜਾਂ ਨੂੰ ਨਿਰਧਾਰਿਤ ਸਮੇਂ ਵਿੱਚ ਪੂਰਾ ਕਰਨ ਨੂੰ ਯਕੀਨੀ ਬਣਾਇਆ ਜਾਵੇ। ਕੈਬਨਿਟ ਮੰਤਰੀ ਨੇ ਪਿੰਡ ਅਜੜਾਮ, ਮੰਡਿਆਲਾਂ, ਨਸਰਾਲਾ, ਰੰਧਾਵਾ ਬਰੋਟਾ ਤੇ ਸਿਗੜੀਵਾਲ ਵਿਖੇ ਖੇਡ ਮੈਦਾਨਾਂ ਵਾਲੀਆਂ ਥਾਵਾਂ 'ਤੇ ਪਹੁੰਚ ਕੇ ਮੌਜੂਦਾ ਸਮੇਂ ਕੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਅਜੜਾਮ ਵਿਖੇ 52.82 ਲੱਖ ਰੁਪਏ, ਸਿਗੜੀਵਾਲ ਵਿਖੇ 41.26 ਲੱਖ ਰੁਪਏ, ਨਸਰਾਲਾ ਵਿਖੇ 35.50 ਲੱਖ ਰੁਪਏ, ਮੰਡਿਆਲਾ ਵਿਖੇ 32.99 ਲੱਖ ਰੁਪਏ ਤੇ ਰੰਧਾਵਾ ਬਰੋਟਾ ਵਿਖੇ 22.87 ਲੱਖ ਰੁਪਏ ਦੀ ਲਾਗਤ ਨਾਲ ਇਨ੍ਹਾਂ ਵਿਕਾਸ ਕਾਰਜਾਂ ਨੂੰ ਅਮਲੀ ਜਾਮਾ ਪਹਿਨਾਇਆ ਜਾਵੇਗਾ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਲਈ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਵਿੱਚ ਸਰਕਾਰ ਵੱਲੋਂ ਲੋਕ ਭਲਾਈ ਦੇ ਕਾਰਜਾਂ ਨੂੰ ਪੂਰੀ ਤਰਜੀਹ ਦਿੰਦਿਆਂ ਲੋਕਾਂ ਦੇ ਪੱਖ ਵਿਚ ਫੈਸਲੇ ਲਏ ਜਾ ਰਹੇ ਹਨ।

# ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕਿਸਾਨ ਮੇਲੇ 'ਚ ਜ਼ਿਲ੍ਹੇ ਦੇ 2 ਅਗਾਂਹਵਧੂ ਕਿਸਾਨ ਰਾਜ ਪੱਧਰੀ ਪੁਰਸਕਾਰ ਨਾਲ ਸਨਮਾਨਤ

ਹੁਸ਼ਿਆਰਪੁਰ, 25 ਮਾਰਚ (ਦੀਪਕ ਅਗਨੀਹੋਤਰੀ): ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵੱਲੋਂ ਹਰ ਸਾਲ ਨਵੀਆਂ ਖੇਤੀ ਤਕਨੀਕਾਂ ਤੇ ਕੁਦਰਤੀ ਸਰੋਤਾਂ ਦੀ ਸੰਭਾਲ ਦੇ ਨਾਲ-ਨਾਲ ਬਾਗਬਾਨੀ, ਸਹਾਇਕ ਕਿੱਤਿਆਂ ਤੇ ਹੋਰ ਖੇਤੀ ਕਾਰਜਾਂ ਲਈ ਨਿਵੇਕਲੇ ਉਦਮ ਕਰਨ ਵਾਲੇ ਕਿਸਾਨਾਂ ਨੂੰ ਸਨਮਾਨਤ ਕੀਤਾ ਜਾਂਦਾ ਹੈ। ਪੀ.ਏ.ਯੂ., ਲੁਧਿਆਣਾ ਵਿਖੇ 20-21 ਮਾਰਚ ਨੂੰ ਕਿਸਾਨ ਮੇਲੇ ਦੇ ਪਹਿਲੇ ਦਿਨ ਉਦਘਾਟਨੀ ਸਮਾਰੋਹ ਸਮੇਂ ਮੰਚ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹੋਰ



ਵਿਸ਼ੇਸ਼ ਮਹਿਮਾਨਾਂ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਅੰਤਰਰਾਸ਼ਟਰੀ ਪੱਧਰ 'ਤੇ ਪ੍ਰਸਿੱਧ ਖੇਤੀਬਾੜੀ ਵਿਗਿਆਨੀ, ਡਾ. ਗੁਰਦੇਵ ਸਿੰਘ ਖੁਸ਼ ਤੇ ਪੀਏਯੂ ਦੇ ਵਾਈਸ ਚਾਂਸਲਰ, ਡਾ. ਸਤਬੀਰ ਸਿੰਘ ਗੋਸਲ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਨਾਲ ਜੁੜੇ ਅਗਾਂਹਵਧੂ ਕਿਸਾਨ ਸੁਰਜੀਤ ਸਿੰਘ ਬਿੰਬ ਤੇ ਸੰਦੀਪ ਸਿੰਘ ਰਾਜ ਪੱਧਰੀ ਪੁਰਸਕਾਰ ਨਾਲ ਸਨਮਾਨਤ ਕੀਤੇ ਗਏ। ਇਸ ਸਬੰਧੀ ਪੀ.ਏ.ਯੂ.ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਿੰਦਰ ਸਿੰਘ ਬੌਂਸ ਵੱਲੋਂ ਇਨ੍ਹਾਂ ਕਿਸਾਨਾਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਗਈ ਤੇ ਉਨ੍ਹਾਂ ਦੱਸਿਆ ਕਿ ਜੈਵਿਕ ਖੇਤੀ ਤਕਨੀਕਾਂ ਅਪਨਾਉਣ ਵਾਲੇ ਸਵੈ-ਕਾਸ਼ਤਕਾਰ ਕਿਸਾਨ ਸਬੰਧੀ ਸੀ.ਆਰ.ਆਈ. ਪੰਪਸ ਪੁਰਸਕਾਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਬੀਰਮਪੁਰ, ਬਲਾਕ ਹੁਸ਼ਿਆਰਪੁਰ-1 ਦੇ ਅਗਾਂਹਵਧੂ ਕਿਸਾਨ ਸੁਰਜੀਤ ਸਿੰਘ ਬਿੰਬ ਪੁੱਤਰ ਵਤਨ ਸਿੰਘ ਨੂੰ ਦਿੱਤਾ ਗਿਆ। ਸੁਰਜੀਤ ਸਿੰਘ ਨੇ 2005 ਵਿਚ ਬੈਂਕ ਤੋਂ ਡਿਪਟੀ ਜਨਰਲ ਮੈਨੇਜਰ ਵਜੋਂ ਸੇਵਾ-ਮੁਕਤੀ ਲੈ ਕੇ ਜੈਵਿਕ ਖੇਤੀ ਨਾਲ ਜੁੜਨ ਦੀ ਸਲਾਹ ਕੀਤੀ। ਇਸ ਲਈ ਉਨ੍ਹਾਂ ਬਿੰਬ ਨੈਚੂਰਲ ਫਾਰਮ ਸਥਾਪਤ ਕਰਕੇ ਰਸਾਇਣ ਮੁਕਤ ਖੇਤੀ ਨੂੰ ਉਤਸ਼ਾਹਿਤ ਕਰਨ ਦਾ ਮਨ ਬਣਾਇਆ। ਇਹ ਕਿਸਾਨ ਆਪਣੀ 15 ਏਕੜ ਜ਼ਮੀਨ ਉੱਪਰ ਜੈਵਿਕ ਤਰੀਕਿਆਂ ਨਾਲ ਖੇਤੀ ਕਰਦਾ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵੱਲੋਂ ਸਨਮਾਨਤ ਕਿਸਾਨਾਂ ਨੂੰ ਵਧਾਈ ਦਿੱਤੀ ਗਈ ਤੇ ਉਨ੍ਹਾਂ ਵੱਲੋਂ ਕੁਦਰਤੀ ਸਰੋਤਾਂ ਦੀ ਸੰਭਾਲ ਬਾਰੇ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ ਗਈ।

# ਪਿੰਡ ਸ਼ਾਹਪੁਰ ਜਾਜਨ 'ਚ ਅਣਪਛਾਤਿਆਂ ਨੇ ਨੌਜਵਾਨ 'ਤੇ ਚਲਾਈਆਂ ਗੋਲੀਆਂ

ਡੇਰਾ ਬਾਬਾ ਨਾਨਕ, 25 ਮਾਰਚ (ਹੈਪੀ ਕੋਟਲੀ): ਅੱਜ ਚਿੱਟੇ ਦਿਨ ਦੋ ਅਣਪਛਾਤੇ ਮੋਟਰਸਾਈਕਲ ਹਮਲਾਵਰਾਂ ਵੱਲੋਂ ਪਿੰਡ ਪੱਡਾ ਦੇ ਰਹਿਣ ਵਾਲੇ ਸੁਖਰਾਜ ਸਿੰਘ ਕਾਕਾ ਉਪਰ ਫਾਇਰਿੰਗ ਕਰ ਦੇਣ ਦਾ ਮਾਮਲਾ ਪ੍ਰਾਪਤ ਹੋਇਆ, ਜਿਸ ਵਿੱਚ ਉਹ ਗੋਲੀਆਂ ਲੱਗਣ ਕਾਰਨ ਗੰਭੀਰ ਦੱਸਿਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਚਸ਼ਮਦੀਦ ਰਜਵੰਤ ਸਿੰਘ ਨੇ ਦੱਸਿਆ



ਕਿ ਮੈਂ ਆਪਣੇ ਘਰ ਦੇ ਬਾਹਰ ਬੈਠ ਹੋਇਆ ਸੀ ਤੇ ਦੋ ਅਣਪਛਾਤੇ ਮੋਟਰਸਾਈਕਲ ਸਵਾਰ ਨੇ ਸੁਖਰਾਜ ਸਿੰਘ ਕਾਕਾ ਉਪਰ ਫਾਇਰਿੰਗ ਕਰ ਦਿੱਤੀ ਤੇ ਉਹ ਭੱਜ ਕੇ ਸਾਡੇ ਘਰ ਵੜ ਗਿਆ ਤੇ ਪੌੜੀਆਂ ਰਾਹੀਂ ਚੜ੍ਹ ਕੇ ਉਸ ਨੇ ਜਾਨ ਬਚਾਈ ਹੈ ਪਰ ਉਸ ਨੂੰ ਗੋਲੀਆਂ ਲੱਗਣ ਕਾਰਨ ਕਾਫੀ ਖ਼ੂਨ ਵਗ ਰਿਹਾ ਸੀ, ਉਸ ਉਪਰੰਤ ਉਸ ਪਰਿਵਾਰਕ ਮੈਂਬਰਾਂ ਵੱਲੋਂ ਜ਼ਖ਼ਮੀ ਹਸਪਤਾਲ ਫਤਹਿਗੜ੍ਹ ਚੂੜੀਆਂ ਸਿਵਲ ਹਸਪਤਾਲ ਲੈ ਜਾਇਆ ਗਿਆ, ਜਿੱਥੇ ਕਿ ਉਸ ਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ। ਉਧਰ ਮੌਕੇ 'ਤੇ ਘਟਨਾ ਦਾ ਪਤਾ ਚੱਲਦਿਆਂ ਹੀ ਐਸਐਸਪੀ ਬਟਾਲਾ ਡਾ. ਮਹਿਤਾਬ ਸਿੰਘ ਤੇ ਹੋਰ ਆਲਾ ਅਧਿਕਾਰੀਆਂ ਵੱਲੋਂ ਜਾਂਚ ਆਰੰਭ ਦਿੱਤੀ ਗਈ ਹੈ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਐਸਐਸਪੀ ਬਟਾਲਾ ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ ਸੁਖਰਾਜ ਸਿੰਘ ਕਾਕਾ ਦੇ ਦੋ ਗੋਲੀਆਂ ਲੱਗੀਆਂ ਹਨ ਤੇ ਮੌਕੇ ਤੋਂ ਦੋ ਗੋਲੀਆਂ ਦੇ ਖੋਲ ਬ੍ਰਾਮਦ ਹੋਏ ਹਨ। ਸੁਖਰਾਜ ਸਿੰਘ ਕਾਕਾ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਦਰਜ ਕੀਤਾ ਜਾ ਰਿਹਾ ਹੈ ਤੇ ਜਲਦੀ ਹੀ ਉਕਤ ਹਮਲਾਵਰਾਂ ਨੂੰ ਗ੍ਰਿਫਤਾਰ ਕੀਤਾ ਜਾਵੇਗਾ। ਉਧਰ ਇਸ ਘਟਨਾ ਦੀ ਜ਼ਿੰਮੇਵਾਰੀ ਇੱਕ ਗਰੁੱਪ ਵੱਲੋਂ ਆਪਣੇ ਸੋਸ਼ਲ ਮੀਡੀਆ ਉਪਰ ਪੋਸਟ ਪਾ ਕੇ ਲਈ ਗਈ ਹੈ ਪਰ ਪੋਸਟ ਦੀ ਪੁਸ਼ਟੀ ਨਹੀਂ ਜਾ ਸਕਦੀ।

# ਡੀ.ਸੀ. ਨੇ ਪ੍ਰਚਾਰ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ



ਹੁਸ਼ਿਆਰਪੁਰ, 25 ਮਾਰਚ (ਪਰਮਿੰਦਰ ਘੁੰਮਣ): ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਕਣਕ ਦੀ ਕਟਾਈ ਤੋਂ ਬਾਅਦ ਉਸਦੀ ਨਾੜ ਨੂੰ ਅੱਗ ਨਾ ਲਗਾਉਣ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਲਈ ਪ੍ਰਚਾਰ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਪ੍ਰਚਾਰ ਵੈਨ ਅੱਜ ਤੋਂ ਲੈ ਕੇ ਅਗਲੇ 40 ਦਿਨਾਂ ਤੱਕ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਸਬੰਧੀ ਪ੍ਰੇਰਿਤ ਕਰੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਣਕ ਦੀ ਕਟਾਈ ਤੋਂ ਬਾਅਦ ਉਸਦੀ ਤੂੜੀ ਬਣਾਉਣ ਤੋਂ ਬਾਅਦ ਰਹਿੰਦੀ ਰਹਿੰਦ-ਖੂੰਹਦ ਨੂੰ ਖੇਤ ਵਿੱਚ ਹੀ ਰੋਟਾਵੇਟਰ, ਉਲਟਾਵੇਂ ਹਲ ਆਦਿ ਖੇਤੀਬਾੜੀ ਉਪਕਰਨਾਂ ਦੀ ਸਹਾਇਤਾ ਨਾਲ ਮਿੱਟੀ ਵਿੱਚ ਮਿਲਾਇਆ ਜਾਵੇ। ਇਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਧੇਗੀ ਤੇ ਵਾਤਾਵਰਨ ਪ੍ਰਦੂਸ਼ਣ ਨੂੰ ਵੀ ਰੋਕਿਆ ਜਾ ਸਕੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਣਕ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਦੇ ਖ਼ਿਲਾਫ਼ ਏਅਰ ਕੁਆਲਿਟੀ ਮੈਨੇਜਮੈਂਟ ਕਮਿਸ਼ਨ (ਸੀਏਕਿਊਐਮ) ਦੀਆਂ ਹਦਾਇਤਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ 'ਤੇ ਮੁੱਖ ਖੇਤੀਬਾੜੀ ਅਫ਼ਸਰ ਹੁਸ਼ਿਆਰਪੁਰ ਦਪਿੰਦਰ ਸਿੰਘ ਸੰਧੂ, ਜ਼ਿਲ੍ਹਾ ਸਿਖਲਾਈ ਅਸਰ ਦੀਪਕ ਪੁਰੀ, ਖੇਤੀਬਾੜੀ ਅਫ਼ਸਰ ਕਿਰਨਜੀਤ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ ਹਰਪ੍ਰੀਤ ਸਿੰਘ, ਸਹਾਇਕ ਖੇਤੀਬਾੜੀ ਇੰਜੀਨੀਅਰ ਵਰੁਣ ਚੌਧਰੀ, ਮਨਦੀਪ ਸਿੰਘ ਮੌਜੂਦ ਸਨ।

# ਸ੍ਰੀ ਗੁਰੂ ਰਾਮ ਦਾਸ ਗਰੁੱਪ ਆਫ ਇੰਸਟੀਚਿਊਟਸ ਪੰਧੇਰ 'ਚ ਖ਼ੂਨਦਾਨ ਕੈਂਪ ਲਗਾਇਆ

ਬਟਾਲਾ, 25 ਮਾਰਚ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਸ੍ਰੀ ਗੁਰੂ ਰਾਮ ਦਾਸ ਗਰੁੱਪ ਆਫ ਇੰਸਟੀਚਿਊਟਸ, ਪੰਧੇਰ ਵੱਲੋਂ ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ ਦੇ ਸਹਿਯੋਗ ਨਾਲ ਇੱਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ



ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਸ ਵਿੱਚ ਵਿਦਿਆਰਥੀ ਤੇ ਵਿਦਿਆਰਥਣਾਂ ਨੇ ਵੱਧ ਚੜ੍ਹ ਕੇ ਭਾਗ ਲਿਆ ਤੇ ਖ਼ੂਨ ਦਾਨ ਕੀਤਾ। ਇਸ ਮੌਕੇ 'ਤੇ ਕਾਲਜ ਦੇ ਚੇਅਰਪਰਸਨ ਹਰਜਿੰਦਰਪਾਲ ਕੌਰ ਕੰਗ, ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਤੇ ਡਾਇਰੈਕਟਰ ਡਾ. ਗੁਲਵਤਨ ਸਿੰਘ ਕੰਗ ਵੱਲੋਂ ਵਿਦਿਆਰਥੀਆਂ ਨੂੰ ਵਿਸਥਾਰਪੂਰਵਕ ਤੇ ਪ੍ਰੇਰਨਾਦਾਇਕ ਸੰਬੋਧਨ ਕੀਤਾ ਗਿਆ। ਚੇਅਰਪਰਸਨ ਹਰਜਿੰਦਰਪਾਲ ਕੌਰ ਕੰਗ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖ਼ੂਨ ਦਾਨ ਸਭ ਤੋਂ ਵੱਡੀ ਮਨੁੱਖਤਾ ਦੀ ਸੇਵਾ ਹੈ। ਉਨ੍ਹਾਂ ਨੇ ਦੱਸਿਆ ਕਿ ਇੱਕ ਯੂਨਿਟ ਖ਼ੂਨ ਕਈ ਜ਼ਿੰਦਗੀਆਂ ਬਚਾਅ ਸਕਦਾ ਹੈ ਤੇ ਵਿਦਿਆਰਥੀਆਂ ਨੂੰ ਨਿਯਮਿਤ ਤੌਰ 'ਤੇ ਖ਼ੂਨ ਦਾਨ ਕਰਦੇ ਰਹਿਣਾ ਚਾਹੀਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸਮਾਜਿਕ ਗਤੀਵਿਧੀਆਂ ਵਿੱਚ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਐਮਰਜੈਂਸੀ ਹਾਲਾਤਾਂ ਜਿਵੇਂ ਹਾਦਸੇ, ਆਪ੍ਰੇਸ਼ਨ ਤੇ ਗੰਭੀਰ ਬਿਮਾਰੀਆਂ ਵਿੱਚ ਖ਼ੂਨ ਦੀ ਬਹੁਤ ਜ਼ਰੂਰਤ ਪੈਂਦੀ ਹੈ। ਡਾਇਰੈਕਟਰ ਡਾ. ਗੁਲਵਤਨ ਸਿੰਘ ਨੇ ਖ਼ੂਨਦਾਨ ਦੀ ਮੈਡੀਕਲ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਖ਼ੂਨ ਦਾਨ ਨਾਲ ਨਾ ਸਿਰਫ ਮਰੀਜ਼ਾਂ ਦੀ ਜ਼ਿੰਦਗੀ ਬਚਦੀ ਹੈ, ਸਗੋਂ ਦਾਤਾ ਦੀ ਸਿਹਤ 'ਤੇ ਵੀ ਚੰਗਾ ਪ੍ਰਭਾਵ ਪੈਂਦਾ ਹੈ। ਰੈਡ ਕਰਾਸ ਦੀ ਮੈਡੀਕਲ ਟੀਮ ਵੱਲੋਂ ਸੁਰੱਖਿਅਤ ਤੇ ਸਫ਼ਾਈ ਨਾਲ ਖ਼ੂਨ ਇਕੱਠਾ ਕੀਤਾ ਗਿਆ। ਸੰਸਥਾ ਦੇ ਪ੍ਰਬੰਧਕਾਂ ਵੱਲੋਂ ਸਾਰੇ ਖ਼ੂਨ ਦਾਨ ਕਰਨ ਵਾਲਿਆਂ ਦਾ ਧੰਨਵਾਦ ਕੀਤਾ ਗਿਆ ਤੇ ਅਜਿਹੀਆਂ ਮਨੁੱਖਤਾ ਭਰੀਆਂ ਗਤੀਵਿਧੀਆਂ ਨੂੰ ਅੱਗੇ ਵੀ ਜਾਰੀ ਰੱਖਣ ਦੀ ਅਪੀਲ ਕੀਤੀ ਗਈ।

# ਵਧੀਕ ਡਿਪਟੀ ਕਮਿਸ਼ਨਰ ਗੁਰਸਿਮਰਨ ਸਿੰਘ ਢਿੱਲੋਂ ਵਲੋਂ ਜਨਗਣਨਾ ਪੜਾਅ-1 ਤੇ ਸੀਐਮਐਮਐਸ ਪੋਰਟਲ ਦੇ ਕੰਮ ਦੀ ਸਮੀਖਿਆ

ਗੁਰਦਾਸਪੁਰ, 25 ਮਾਰਚ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਜਨਗਣਨਾ ਪੜਾਅ-1 ਦੀ ਪ੍ਰਗਤੀ ਤੇ ਗੁਰਦਾਸਪੁਰ ਜ਼ਿਲ੍ਹੇ ਵਿੱਚ ਅੱਗੇ ਦੇ ਕੰਮਾਂ ਦੀ ਵਿਆਪਕ ਸਮੀਖਿਆ ਕਰਨ ਲਈ ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ।



ਮੀਟਿੰਗ ਵਿੱਚ ਅੰਕੁਸ਼ ਸ਼ਰਮਾ ਜਨਗਣਨਾ ਗ੍ਰੇਡ1 ਅਧਿਕਾਰੀ ਤੇ ਰਾਜੇਸ਼ ਸ਼ਰਮਾ ਏਆਰਓ ਡਿਪਟੀ ਈਐਸਏ ਦਫ਼ਤਰ ਜਨਗਣਨਾ ਸੈਲ ਵੱਲੋਂ ਜ਼ਿਲ੍ਹੇ ਵਿੱਚ ਜਨਗਣਨਾ ਦੇ ਕੰਮ ਦੀ ਪ੍ਰਗਤੀ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਮਨਜਿੰਦਰ ਸਿੰਘ ਚੋਣ ਤਹਿਸੀਲਦਾਰ ਗੁਰਦਾਸਪੁਰ ਵੀ ਮੌਜੂਦ ਸਨ। ਮੀਟਿੰਗ ਦੌਰਾਨ ਸੀਐਮਐਮਐਸ ਪੋਰਟਲ 'ਤੇ ਸਾਰੇ ਚਾਰਜਾਂ ਦੇ ਚਾਰਜ ਆਈਡੀ ਬਣਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਹਰ ਮੰਗਲਵਾਰ ਜਨਗਣਨਾ ਦੇ ਕੰਮ ਦੀ ਸਮੀਖਿਆ ਕੀਤੀ ਜਾਵੇਗੀ। ਜਨਗਣਨਾ ਲਈ 52 ਫੀਲਡ ਟ੍ਰੇਨਰ ਟ੍ਰੇਨਰਾਂ ਦੀ ਸਿਖਲਾਈ, ਈਐਨਐਸ ਚੋਣ ਤੇ ਸਿਖਲਾਈ ਬੈਚਾਂ ਸਮੇਤ ਪੜਾਅ-1 ਸਮਾਂ-ਸੀਮਾਵਾਂ ਦੀ ਪਾਲਣਾ, ਗਣਨਾਕਾਰਾਂ, ਸੁਪਰਵਾਈਜ਼ਰ ਸਿਖਲਾਈ ਲਈ ਢੁੱਕਵੇਂ ਸਥਾਨਾਂ ਬਾਰੇ ਜਾਣਕਾਰੀ ਦਿੱਤੀ ਗਈ। ਸੀਐਮਐਮਐਸ ਪੋਰਟਲ ਤੇ ਐਚਐਲਬੀਸੀ ਵਿੱਚ ਡੇਟਾ ਸ਼ੁੱਧਤਾ ਨੂੰ ਤਰਜੀਹ ਦਿੰਦੇ ਹੋਏ, ਜਨਗਣਨਾ ਗਤੀਵਿਧੀਆਂ ਨੂੰ ਤੇਜ਼ ਕਰਨ ਲਈ ਸਾਰੇ ਚਾਰਜ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਗਏ ਹਨ। ਸਾਰੇ ਅਧਿਕਾਰੀਆਂ ਨੂੰ ਸੀਐਮਐਮਐਸ ਪੋਰਟਲ ਦੇ ਕੰਮਾਂ ਨੂੰ ਪੂਰੀ ਮਿਹਨਤ, ਸ਼ੁੱਧਤਾ ਤੇ ਦੇਖਭਾਲ ਨਾਲ ਸੰਭਾਲਣ ਲਈ ਆਦੇਸ਼ ਦਿੱਤਾ ਗਿਆ ਹੈ, ਸਾਰੇ ਸਬੰਧਤਾਂ ਤੋਂ ਲੋੜੀਂਦੀਆਂ ਸਾਰੀਆਂ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਕਰਨੀ ਚਾਹੀਦੀ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਚਾਰਜ ਅਫ਼ਸਰਾਂ, ਜਨਗਣਨਾ ਚਾਰਜ ਕਲਰਕਾਂ ਤੇ ਨਵੇਂ ਭਰਤੀ ਕੀਤੇ ਤਕਨੀਕੀ ਸਹਾਇਕਾਂ ਨੂੰ ਜਨਗਣਨਾ ਵਿਭਾਗ ਦੁਆਰਾ ਜਾਰੀ ਕੀਤੇ ਗਏ ਸਰਕੂਲਰਾਂ ਦੀ ਪਾਲਣਾ ਕਰਨ ਤੇ ਇਹ ਸਮਾਂਬੱਧ ਕੰਮ ਪੂਰੀ ਲਗਨ ਨਾਲ ਕਰਨ ਲਈ ਪ੍ਰੇਰਿਤ ਕੀਤਾ।

# 2027 'ਚ ਮੁੜ ਬਣੇਗੀ 'ਆਪ' ਸਰਕਾਰ: ਜ਼ਿਲ੍ਹਾ ਪ੍ਰਧਾਨ ਰੰਧਾਵਾ

ਗੁਰਦਾਸਪੁਰ, 25 ਮਾਰਚ (ਜਸਵਿੰਦਰ ਸਿੰਘ): ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਪਲਾਨਿੰਗ ਬੋਰਡ ਤੇ ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਗੁਰਦਾਸਪੁਰ ਨੇ ਗੱਲਬਾਤ ਕਰਦੇ ਹੋਏ ਦੱਸਿਆ ਕਿ ਮਾਨ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜ ਕਾਲ ਦੌਰਾਨ ਜਨਤਾ ਨਾਲ ਕੀਤੇ ਵਾਅਦੇ ਇੱਕ-ਇੱਕ ਕਰਕੇ



ਪੂਰੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਇੱਕ ਅਜਿਹੀ ਸਰਕਾਰ ਹੈ, ਜਿਸ ਨੇ ਆਪਣੇ ਚਾਰ ਸਾਲ ਦੇ ਕਾਰਜ ਕਾਲ ਦੌਰਾਨ ਹਰ ਘਰ ਵਿੱਚ ਮੁਫਤ ਬਿਜਲੀ, ਪੂਰੇ ਪੰਜਾਬ ਵਿੱਚ ਵੀ ਸੜਕਾਂ ਦੇ ਜਾਲ ਨਹਿਰੀ ਪਾਣੀ ਨੂੰ ਖੇਤਾਂ ਤੱਕ ਪਹੁੰਚਾਉਣਾ, ਤੀਰਥ ਯਾਤਰਾ ਆਮ ਆਦਮੀ ਕਲੀਨਿੰਗ ਸਿੱਖਿਆ ਦੇ ਉਦਯੋਗਿਕ ਖੇਤਰ ਵਿੱਚ ਆਈ ਕ੍ਰਾਂਤੀ ਔਰਤਾਂ ਨੂੰ ਪ੍ਰਤੀ ਮਹੀਨਾ 1000 ਤੇ 1500 ਰੁਪਏ ਤੇ ਇਸ ਦੇ ਨਾਲ ਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਦਾ ਸਿਹਤ ਬੀਮਾ ਜੋ ਕਿ ਪੰਜਾਬ ਦੇ ਹਰ ਨਾਗਰਿਕ ਨੂੰ ਬਿਲਕੁਲ ਮੁਫਤ ਦਿੱਤਾ ਗਿਆ ਹੈ ਉਨ੍ਹਾਂ ਕਿਹਾ ਕਿ ਸਾਰੇ ਹੀ ਵਾਅਦੇ ਪੂਰੇ ਹੋਣ ਉਪਰ ਵਿਰੋਧੀ ਧਿਰਾਂ ਵਿੱਚ ਬੌਖਲਾਹਟ ਪਾਈ ਜਾ ਰਹੀ ਹੈ। ਗੱਲਬਾਤ ਦੌਰਾਨ ਉਨ੍ਹਾਂ ਨੇ ਕਿਹਾ ਕਿ 2027 ਵਿੱਚ ਆਮ ਆਦਮੀ ਪਾਰਟੀ ਆਪਣੇ ਕੰਮਾਂ 'ਤੇ ਜਨਤਾ ਨਾਲ ਕੀਤੇ ਵਾਅਦਿਆਂ ਦੀ ਪੂਰਤੀ ਦੇ ਦਮ ਉਪਰ ਪੰਜਾਬ ਵਿੱਚ ਮੁੜ ਤੋਂ ਸਰਕਾਰ ਬਣਾਵੇਗੀ।

# ਚੋਰਾਂ ਦੀ ਮਾਰ ਹੇਠ ਆਏ ਕਿਸਾਨ, ਇੱਕੋ ਰਾਤ 'ਚ 5 ਮੋਟਰਾਂ ਦੀਆਂ ਕੇਬਲਾਂ ਤੇ ਸਮਾਨ ਚੋਰੀ

ਬੁੱਲੋਵਾਲ, 25 ਮਾਰਚ (ਕਮਲਜੀਤ): ਕਸਬਾ ਹਰਿਆਣਾ ਨਾਲ ਲੱਗਦੇ ਇਲਾਕੇ ਵਿੱਚ ਬੀਤੀ ਰਾਤ 5 ਮੋਟਰਾਂ ਦੀ ਸਪਲਾਈ ਲਈ ਲੱਗੀਆਂ ਤਾਰਾਂ ਤੇ ਟਰਾਂਸਫਾਰਮਾਂ ਦਾ ਸਮਾਨ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਹਰਬੰਸ ਸਿੰਘ ਪੁੱਤਰ ਰਾਮ ਸ਼ਰਨ ਵਾਸੀ ਹਰਿਆਣਾ ਨੇ ਦੱਸਿਆ ਕਿ ਉਸਦੀ ਤਾਜਪੁਰ ਰੋਡ ਗਊਸ਼ਾਲਾ ਨਜ਼ਦੀਕ ਜ਼ਮੀਨ ਹੈ ਤੇ ਜਦੋਂ ਉਸਨੇ ਸਵੇਰੇ ਜਾ ਕੇ ਦੇਖਿਆ ਤਾਂ ਮੋਟਰ ਕੁਨੈਕਸ਼ਨ ਨੂੰ ਸਪਲਾਈ ਲਈ ਲੱਗੇ ਟਰਾਂਸਫਾਰਮਰ ਦਾ ਸਮਾਨ ਖਿੱਲਰਿਆ ਪਿਆ ਸੀ ਤੇ ਟਰਾਂਸਫਾਰਮਰ ਹੇਠਾਂ



ਜ਼ਮੀਨ 'ਤੇ ਡਿੱਗਿਆ ਪਿਆ ਸੀ। ਚੋਰਾਂ ਵੱਲੋਂ ਟਰਾਂਸਫਾਰਮਰ ਦੀਆਂ ਤਾਰਾਂ ਕੱਟੀਆਂ ਹੋਈਆਂ ਸਨ, ਇਸੇ ਤਰ੍ਹਾਂ ਮਹਿੰਦਰ ਸਿੰਘ ਪੁੱਤਰ ਦੇਵੀ ਚੰਦ ਵਾਸੀ ਮੁਹੱਲਾ ਢੋਲੇਸ਼ਾਹ ਨੇ ਦੱਸਿਆ ਕਿ ਉਸਦੀ ਮੋਟਰ 'ਤੇ ਰੱਖੇ ਜਨਰੇਟਰ ਦਾ ਸਮਾਨ ਚੋਰਾਂ ਵੱਲੋਂ ਚੋਰੀ ਕਰ ਲਿਆ ਗਿਆ ਤੇ ਉਸਦੀ ਮੋਟਰ ਦੇ ਨਾਲ ਲੱਗਦੀਆਂ ਮੋਟਰਾਂ ਦੇ ਮਾਲਕ ਸੁਰਿੰਦਰ ਸਿੰਘ, ਰਾਜ ਕੁਮਾਰ, ਗਾਂਧੀ ਦੀ ਮੋਟਰ 'ਤੇ ਵੀ ਚੋਰਾਂ ਵੱਲੋਂ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਉਨ੍ਹਾਂ ਵੱਲੋਂ ਚੋਰੀ ਸਬੰਧੀ ਥਾਣਾ ਹਰਿਆਣਾ ਦੀ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਬਹੁਤ ਵਾਰ ਪਿੰਡ ਦੇ ਆਲੇ-ਦੁਆਲੇ ਕਿਸਾਨਾਂ ਦੀਆਂ ਮੋਟਰਾਂ ਤੋਂ ਤਾਰ ਤੇ ਸਟਾਰਟਰ ਵੱਡੀ ਗਿਣਤੀ ਵਿੱਚ ਚੋਰੀ ਕੀਤੇ ਗਏ ਹਨ, ਜਿਸ ਨਾਲ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਪੁਲਿਸ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਇਲਾਕੇ ਵਿੱਚ ਸਰਗਰਮ ਇਸ ਚੋਰ ਗਿਰੋਹ ਨੂੰ ਤੁਰੰਤ ਕਾਬੂ ਕੀਤਾ ਜਾਵੇ ਤਾਂ ਜੋ ਕਿਸਾਨਾਂ ਦੇ ਹੋ ਰਹੇ ਲਗਾਤਾਰ ਨੁਕਸਾਨ ਨੂੰ ਰੋਕਿਆ ਜਾ ਸਕੇ।

# ਸਮੁੱਚੀ ਕਾਂਗਰਸ ਲੀਡਰਸ਼ਿਪ ਵੱਲੋਂ ਡੀ.ਐਮ. ਰੰਧਾਵਾ ਨੂੰ ਕੈਂਡਲ ਮਾਰਚ ਕੱਢ ਕੇ ਨਿੱਘੀ ਸ਼ਰਧਾਂਜਲੀ ਭੇਟ

ਮੋਗਾ, 25 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਅੱਜ ਜ਼ਿਲ੍ਹਾ ਕਾਂਗਰਸ ਕਮੇਟੀ ਮੋਗਾ ਦੇ ਪ੍ਰਧਾਨ ਦੀ ਅਗਵਾਈ ਹੇਠ ਮੋਗਾ ਜ਼ਿਲ੍ਹੇ ਦੀ ਸਮੁੱਚੀ ਕਾਂਗਰਸ ਲੀਡਰਸ਼ਿਪ ਵੱਲੋਂ ਡੀ.ਐਮ. ਗਗਨਦੀਪ ਸਿੰਘ ਰੰਧਾਵਾ ਨੂੰ ਕੈਂਡਲ ਮਾਰਚ ਕੱਢ ਕੇ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਗਈ। ਇਹ ਕੈਂਡਲ ਮਾਰਚ ਬਾਜ਼ਾਰ ਵਿੱਚੋਂ ਨਿਕਲ ਕੇ ਬੱਸ ਸਟੈਂਡ ਦੇ ਮੇਨ ਚੌਕ ਵਿੱਚ ਸਮਾਪਤ ਕੀਤਾ ਗਿਆ।



ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਪਰਮਪਾਲ ਸਿੰਘ ਤਖਤੂਪੁਰਾ ਨੇ ਕਿਹਾ ਕਿ ਆਪ ਸਰਕਾਰ ਦੇ ਮੰਤਰੀ ਹੀ ਤੰਗ ਕਰ ਰਹੇ ਹਨ, ਜੋ ਕਿ ਤੁਹਾਡੇ ਸਾਰਿਆਂ ਦੇ ਸਾਹਮਣੇ ਹੈ। ਡੀਐਮ ਗਗਨਦੀਪ ਸਿੰਘ ਰੰਧਾਵਾ ਜੋ ਕਿ ਪੜ੍ਹੇ ਲਿਖੇ ਤੇ ਇਮਾਨਦਾਰ ਅਫਸਰ ਸਨ। ਉਨ੍ਹਾਂ ਨੂੰ ਲਾਲਜੀਤ ਭੁੱਲਰ ਮੰਤਰੀ ਵੱਲੋਂ ਤੰਗ ਪ੍ਰੇਸ਼ਾਨ ਕੀਤਾ ਗਿਆ ਤੇ ਆਤਮ ਹੱਤਿਆ ਕਰਨ ਲਈ ਮਜਬੂਰ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਆਪ ਸਰਕਾਰ ਲੋਕਾਂ ਦੀ ਹਿਤੈਸ਼ੀ ਨਹੀਂ ਹੈ, ਗਗਨਦੀਪ ਸਿੰਘ ਰੰਧਾਵਾ ਦਾ ਪੂਰਾ ਟੱਬਰ ਇੱਕ ਮੰਤਰੀ ਨੇ ਰੋਲ ਦਿੱਤਾ। ਪਰਮਪਾਲ ਸਿੰਘ ਤਖਤੂਪੁਰੇ ਦਾ ਕਹਿਣਾ ਹੈ ਕਿ ਇਸ ਦੀ ਜਾਂਚ ਸੀਬੀਆਈ ਨੂੰ ਸੌਂਪੀ ਜਾਵੇ ਤਾਂ ਕਿ ਪੂਰੀ ਸੱਚਾਈ ਸਾਹਮਣੇ ਆ ਸਕੇ।

# ਵਿਧਾਇਕਾਂ, ਮੇਅਰ, ਡੀ.ਸੀ. 'ਤੇ ਨਿਗਮ ਕਮਿਸ਼ਨਰ ਨੇ ਬੁੱਢਾ ਦਰਿਆ ਪ੍ਰੋਜੈਕਟ ਦਾ ਜਾਇਜ਼ਾ ਲਿਆ



ਲੁਧਿਆਣਾ, 25 ਮਾਰਚ (ਵਿਸ਼ਾਲ ਸ਼ਰਮਾ): ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਅਤੇ ਮਦਨ ਲਾਲ ਬੱਗਾ ਨੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਡਿਪਟੀ ਕਮਿਸ਼ਨਰ ਜੈਨ ਨਿਗਮ ਕਮਿਸ਼ਨਰ ਨੀਰੂ ਕਤਿਆਲ ਦੇ ਨਾਲ ਬੁੱਧਵਾਰ ਨੂੰ ਬੁੱਢ ਦਰਿਆ ਪੁਨਰ ਸੁਰਜੀਤੀ ਪ੍ਰੋਜੈਕਟ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਇੱਕ ਮੀਟਿੰਗ ਕੀਤੀ। ਨਗਰ ਨਿਗਮ, ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਪੇਡਾ, ਮਿੱਟੀ ਸੰਭਾਲ ਵਿਭਾਗ ਅਤੇ ਹੋਰ ਸਬੰਧਤ ਏਜੰਸੀਆਂ ਦੇ ਸੀਨੀਅਰ ਅਧਿਕਾਰੀਆਂ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ। ਅਧਿਕਾਰੀਆਂ ਨੇ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਨੂੰ ਨਿਰਦੇਸ਼ ਦਿੱਤੇ ਕਿ ਉਹ ਸਾਰੇ ਸੀਵਰੇਜ ਅਤੇ ਐਫਲੂਐਂਟ ਟ੍ਰੀਟਮੈਂਟ ਪਲਾਂਟਾਂ 'ਤੇ BDxG ਜੈਨੇਟਰਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਤਾਂ ਜੋ ਨਿਰਵਿਘਨ ਕਾਰਜਾਂ ਨੂੰ ਯਕੀਨੀ ਬਣਾਇਆ ਜਾ ਸਕੇ। ਬੋਰਡ ਦੇ ਅਧਿਕਾਰੀਆਂ ਨੇ ਮੀਟਿੰਗ ਨੂੰ ਦੱਸਿਆ ਕਿ ਜੈਨੇਟਰਾਂ ਦੀ ਖਰੀਦ ਲਈ 1.25 ਕਰੋੜ ਰੁਪਏ ਦਾ ਪ੍ਰਸਤਾਵ ਪਹਿਲਾਂ ਹੀ ਤਿਆਰ ਕੀਤਾ ਜਾ ਚੁੱਕਾ ਹੈ। ਉਨ੍ਹਾਂ ਨੂੰ ਅੱਗੇ ਹਦਾਇਤ ਕੀਤੀ ਗਈ ਕਿ, ਜੈਨੇਟਰਾਂ ਨੂੰ ਖਰੀਦਣ ਵਿੱਚ ਕਿਸੇ ਵੀ ਦੇਰੀ ਦੀ ਸੂਰਤ ਵਿੱਚ, ਬੋਰਡ ਨੂੰ ਤੁਰੰਤ ਉਨ੍ਹਾਂ ਨੂੰ ਕਿਰਾਏ 'ਤੇ ਲੈਣਾ ਚਾਹੀਦਾ ਹੈ ਤਾਂ ਜੋ ਟਰੀਟਮੈਂਟ ਪਲਾਂਟ ਬਿਨਾਂ ਕਿਸੇ ਰੁਕਾਵਟ ਦੇ 24 ਘੰਟੇ ਕੰਮ ਕਰਦੇ ਰਹਿਣ। ਮੀਟਿੰਗ ਵਿੱਚ ਸੀਵਰੇਜ ਟ੍ਰੀਟਮੈਂਟ ਪਲਾਂਟਾਂ ਅਤੇ ਕਾਮਨ ਐਫਲੂਐਂਟ ਟ੍ਰੀਟਮੈਂਟ ਪਲਾਂਟਾਂ ਦੇ ਸਹੀ ਕੰਮਕਾਜ ਦੇ ਨਾਲ-ਨਾਲ ਡੇਅਰੀ ਕੰਪਲੈਕਸਾਂ ਤੋਂ ਗੋਬਰ ਦੀ ਲਿਫਟਿੰਗ ਅਤੇ ਵਿਗਿਆਨਕ ਢੰਗ ਨਾਲ ਨਿਪਟਾਰੇ ਬਾਰੇ ਵੀ ਵਿਸਥਾਰ ਵਿੱਚ ਚਰਚਾ ਕੀਤੀ ਗਈ। ਡੀਸੀਪੀ ਜਸਕਰਨ ਸਿੰਘ ਤੇਜਾ, ਏਡੀਸੀ (ਸ਼ਹਿਰੀ ਵਿਕਾਸ) ਅਮਿਤ ਬੰਬੀ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਅਮਨਪ੍ਰੀਤ ਸਿੰਘ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਮੁੱਖ ਮੰਤਰੀ ਭਗਵੰਤ ਮਾਨ ਦੀ ਬੁੱਢਾ ਦਰਿਆ ਨੂੰ ਸਾਫ਼ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਵਿਧਾਇਕਾਂ ਨੇ ਕਿਹਾ ਕਿ ਸਰਕਾਰ ਕਿਸੇ ਵੀ ਉਦਯੋਗ ਜਾਂ ਖੇਤਰ ਦੇ ਵਿਰੁੱਧ ਨਹੀਂ ਹੈ, ਪਰ ਕਿਸੇ ਨੂੰ ਵੀ ਜਲ ਸਰੋਤਾਂ ਨੂੰ ਪ੍ਰਦੂਸ਼ਿਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

# ਸਿੱਧੂ ਪਰਿਵਾਰ ਨੇ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਪਵਾ ਕੇ ਮਹਾਰਾਜ ਦਾ ਸ਼ੁਕਰਾਨਾ ਕੀਤਾ



ਫਿਲੌਰ, 25 ਮਾਰਚ (ਅਜੇ ਸਿੰਘ ਨਾਗੀ): ਟਰੱਕ ਯੂਨੀਅਨ ਫਿਲੌਰ ਦੇ ਪ੍ਰਧਾਨ ਰਣਜੀਤ ਸਿੰਘ ਸਿੱਧੂ ਨੇ ਆਪਣੇ ਬੇਟੀ ਦੀ ਵਿਆਹ ਦੀ ਖੁਸ਼ੀ ਚ ਧਾਰਮਿਕ ਸਮਾਗਮ ਕਰਵਾਇਆ, ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਕੀਰਤਨ ਜਥੇ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ, ਇਸ ਮੌਕੇ ਨਿਰਮਲ ਸਿੰਘ ਸਿੱਧੂ ਦੇ ਪਰਿਵਾਰ ਨੂੰ ਸਾਬਕਾ ਕੈਬਿਨੇਟ ਮੰਤਰੀ ਗੁਰਜੀਤ ਸਿੰਘ ਰਾਣਾ, ਸਰਵਣ ਸਿੰਘ ਫਿਲੌਰ ਸਾਬਕਾ ਕੈਬਿਨੇਟ ਮੰਤਰੀ, ਜਥੇਦਾਰ ਹਰਜਿੰਦਰ ਸਿੰਘ ਲੱਲੀਆਂ, ਜਥੇਦਾਰ ਮਹਾਂ ਸਿੰਘ ਰਸੂਲਪੁਰ, ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਜ਼ਿਲ੍ਹਾ ਪ੍ਰਧਾਨ, ਡਾਕਟਰ ਨਵਜੋਤ ਸਿੰਘ ਦਾਹੀਆਂ, ਗੁਰਬਖਸ ਸਿੰਘ ਖਾਲਸਾ ਨਵਾਂ ਸਹਿਰ, ਜਥੇਦਾਰ ਗੁਰਮੀਤ ਸਿੰਘ ਸਿਸ਼ੂਵਾਲ, ਜਥੇਦਾਰ ਮੋਹਨ ਸਿੰਘ ਕਡਿਆਣਾ, ਅਮਰਜੀਤ ਸਿੰਘ ਸੰਧੂ ਸਾਬਕਾ ਚੇਅਰਮੈਨ ਗੁਰਾਇਆ, ਹਰਜੀਤ ਸਿੰਘ ਢੇਸੀ, ਗੁਰਜੀਤ ਸਿੰਘ, ਅਜਮੇਰ ਸਿੰਘ, ਹੰਸਰਾਜ ਠੇਕੇਦਾਰ ਗੜਾ, ਡਾਕਟਰ ਕੁਲਦੀਪ ਰਾਏ, ਅਸ਼ੋਕ ਕੁਮਾਰ ਭਲਵਾਨ, ਗੁਰਨਾਮ ਸਿੰਘ ਥਾਣੇਦਾਰ ਤੇ ਵਿਸ਼ੇਸ਼ ਸ਼ਖਸ਼ੀਅਤਾਂ ਨੇ ਵਧਾਈਆਂ ਦਿੱਤੀਆਂ, ਪਰਿਵਾਰ ਵਲੋਂ ਵਿਸ਼ੇਸ਼ ਸ਼ਖਸ਼ੀਅਤਾਂ ਦਾ ਲੋਈਆਂ ਤੇ ਸਿਰੋਪੇ ਪਾਕੇ ਸਨਮਾਨ ਕੀਤਾ!

# ਦੋ ਰੋਜ਼ਾ ਸਟੇਟ ਇਨਡੋਰ ਰੋਇੰਗ ਚੈਂਪੀਅਨਸ਼ਿਪ 1 ਅਪ੍ਰੈਲ ਤੋਂ ਸ਼ੁਰੂ

## ਇਲਾਕੇ ਅੰਦਰ ਪਹਿਲੀ ਵਾਰੀ ਹੋ ਰਹੀ ਹੈ ਇਹ ਚੈਂਪੀਅਨਸ਼ਿਪ : ਕੋਚ ਬਲਦੇਵ ਸਿੰਘ



ਮੁੱਲਾਂਪੁਰ ਦਾਖਾ, 25 ਮਾਰਚ (ਦਵਿੰਦਰ ਸਿੰਘ ਲੰਮੇ): ਛੇਵਾਂ ਦੋ ਰੋਜ਼ਾ ਸਟੇਟ ਇੰਨਡੋਰ ਰੋਇੰਗ ਚੈਂਪੀਅਨਸ਼ਿਪ ਗੁਰੂ ਤੇਗ ਬਹਾਦਰ ਨੈਸ਼ਨਲ ਕਾਲਜ ਦਾਖਾ ਦੇ ਇੰਨਡੋਰ ਸਟੇਡੀਅਮ ਵਿਖੇ 1 ਅਪ੍ਰੈਲ 2026 ਨੂੰ ਸ਼ੁਰੂ ਹੋਣ ਜਾ ਰਹੀ ਹੈ । ਜਿਸ ਬਾਰੇ ਜਾਣਕਾਰੀ ਦਿੰਦਿਆਂ ਲੁਧਿਆਣਾ ਰੋਇੰਗ ਐਸੋਸੀਏਸ਼ਨ ਦੇ ਜਨਰਲ ਸਕੱਤਰ ਕੋਚ ਬਲਦੇਵ ਸਿੰਘ ਇੰਡੀਆ ਨੇ ਦੱਸਿਆ ਕਿ ਇਹ ਚੈਂਪੀਅਨਸ਼ਿਪ ਲੁਧਿਆਣਾ ਰੋਇੰਗ ਐਸੋਸੀਏਸ਼ਨ ਵੱਲੋਂ ਕਰਵਾਈ ਜਾ ਰਹੀ ਹੈ ਅਤੇ ਲੁਧਿਆਣਾ ਜ਼ਿਲ੍ਹੇ ਅੰਦਰ ਹੋਣਾ ਮਾਣ ਵਾਲੀ ਗੱਲ ਹੈ। ਇਲਾਕੇ ਵਿੱਚ ਪਹਿਲੀ ਵਾਰੀ ਹੋਣ ਵਾਲੀ ਇਸ ਚੈਂਪੀਅਨਸ਼ਿਪ ਵਿੱਚ 12 ਸਾਲ ਤੋਂ ਉੱਪਰ ਉਮਰ ਦੇ 150 ਖਿਡਾਰੀ ਅਤੇ ਖਿਡਾਰਨਾਂ ਭਾਗ ਲੈ ਰਹੀਆਂ ਹਨ। ਉਹਨਾਂ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਅੰਡਰ 15, ਅੰਡਰ 17, ਅੰਡਰ 19 ਅਤੇ ਅੰਡਰ 23 ਤੋਂ ਉੱਪਰ ਓਪਨ ਵਰਗ ਦੇ ਮੁਕਾਬਲੇ ਕਰਵਾਏ ਜਾਣਗੇ । ਇਹਨਾਂ ਮੁਕਾਬਲਿਆਂ ਦੇ ਜੇਤੂਆਂ ਨੂੰ ਸਟੇਟ ਮੈਡਲ ਅਤੇ ਸਰਟੀਫਿਕੇਟ ਦਿੱਤੇ ਜਾਣਗੇ। ਕੋਚ ਬਲਦੇਵ ਸਿੰਘ ਇੰਡੀਆ ਅਨੁਸਾਰ ਗੋਲਡ ਅਤੇ ਸਿਲਵਰ ਮੈਡਲ ਜਿੱਤਣ ਵਾਲੇ ਖਿਡਾਰੀ ਉੜੀਸਾ ਵਿਖੇ 8 ਅਪ੍ਰੈਲ ਤੋਂ 12 ਅਪ੍ਰੈਲ ਤੱਕ ਕਰਵਾਈ ਜਾਣ ਵਾਲੀ ਨੈਸ਼ਨਲ ਰੋਇੰਗ ਚੈਂਪੀਅਨਸ਼ਿਪ ਵਿੱਚ ਸਿੱਧੇ ਤੌਰ 'ਤੇ ਭਾਗ ਲੈਣਗੇ। ਇਸ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਜਿਹੜੇ ਗੋਲਡ ਅਤੇ ਸਿਲਵਰ ਮੈਡਲ ਜੇਤੂ ਹੋਣਗੇ ਉਹ ਅੱਗੇ ਵੀਅਤਨਾਮ ਵਿਖੇ ਹੋਣ ਵਾਲੀ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਭਾਗ ਲੈ ਸਕਣਗੇ। ਉਹਨਾਂ ਦੱਸਿਆ ਕਿ ਇਸ ਤੋਂ ਇਲਾਵਾ 1 ਅਪ੍ਰੈਲ ਸ਼ਾਮ 5 ਵਜੇ ਬੀਬੀਆਂ ਲਈ ਵੱਖਰਾ ਮੁਕਾਬਲਾ ਹੋਵੇਗਾ, ਜਿਨਾਂ ਦਰਮਿਆਨ ਸੂਈ ਧਾਗਾ, ਮਟਕਾ ਦੌੜ ਅਤੇ ਨਿੰਬੂ ਚਮਚਾ ਦੌੜ ਮੁਕਾਬਲੇ ਵੀ ਦੇਖਣਯੋਗ ਹੋਣਗੇ। ਪ੍ਰਧਾਨ ਕੈਪਟਨ ਸੁਰਜੀਤ ਸਿੰਘ ਅਤੇ ਖਜਾਨਚੀ ਗੁਰਮੀਤ ਸਿੰਘ ਹਾਂਸ ਨੇ ਦੱਸਿਆ ਇਸ ਚੈਂਪੀਅਨਸ਼ਿਪ ਦੀ ਸਫਲਤਾ ਲਈ ਫਿਟਨਸ ਗਰੁੱਪ ਹਾਈਟੈਕ ਪਾਰਕ ਦਾਖਾ ਵੱਲੋਂ ਬਲਵਿੰਦਰ ਸਿੰਘ ਵਿਰਕ ਬੱਲੀ, ਸੂਬੇਦਾਰ ਤਰਲੋਚਨ ਸਿੰਘ, ਪੀ.ਐਸ ਬਾਘਾ, ਹੈਰੀ ਈਸੇਵਾਲ, ਰਾਜੀਵ ਮਲਹੋਤਰਾ, ਇਕਬਾਲ ਸਿੰਘ ਅਤੇ ਗੁਰਬਖਸ਼ ਸਿੰਘ ਨਾਮਧਾਰੀ ਵਿਸ਼ੇਸ਼ ਸਹਿਯੋਗ ਦੇ ਰਹੇ ਹਨ ।ਉਹਨਾਂ ਦੱਸਿਆ ਕਿ ਪਹਿਲੀ ਵਾਰੀ ਹੋਣ ਵਾਲੀ ਇਸ ਚੈਂਪੀਅਨਸ਼ਿਪ ਨੂੰ ਦੇਖਣ ਲਈ ਦਰਸ਼ਕਾਂ ਅੰਦਰ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

# ਸਰਕਾਰ ਨੇ ਡਿਫਾਲਟਰ ਚੌਲ ਮਿੱਲਰਾਂ ਤੋਂ ਬਕਾਇਆ ਵਸੂਲੀ ਲਈ OTS ਸ਼ੁਰੂ ਕੀਤਾ



ਲੁਧਿਆਣਾ, 25 ਮਾਰਚ (ਵਿਸ਼ਾਲ ਸ਼ਰਮਾ): ਪੰਜਾਬ ਸਰਕਾਰ ਨੇ ਡਿਫਾਲਟਰ ਚੌਲ ਮਿੱਲਰਾਂ ਤੋਂ ਬਕਾਇਆ ਬਕਾਇਆ ਵਸੂਲੀ ਅਤੇ ਰਾਜ ਵਿੱਚ ਉਦਯੋਗ ਨੂੰ ਮੁੜ ਸੁਰਜੀਤ ਕਰਨ ਲਈ ਇੱਕ ਵਾਰ ਨਿਪਟਾਰਾ (OTS) ਯੋਜਨਾ 2025 ਸ਼ੁਰੂ ਕੀਤੀ ਹੈ। ਇਸ ਯੋਜਨਾ ਦੇ ਤਹਿਤ ਲੁਧਿਆਣਾ ਪੱਛਮੀ ਜ਼ਿਲ੍ਹੇ ਵਿੱਚ, ਏਜੰਸੀ ਪਨਗਰੇਨ ਦੇ ਚੌਲ ਮਿੱਲਰ ਰਾਕੇਸ਼ ਕਾਂਸਲ ਨੇ ਆਪਣੀ ਮਿੱਲ, ਸ੍ਰੀ ਗਣਪਤੀ ਰਾਈਸ ਐਂਡ ਜਨਰਲ ਮਿੱਲ, ਰਾਏਕੋਟ ਲਈ 2010-11 ਦੇ ਖਾਤਿਆਂ ਦਾ ਨਿਪਟਾਰਾ ਕੀਤਾ ਹੈ। ਅੱਜ, ਉਨ੍ਹਾਂ ਨੂੰ ਜ਼ਿਲ੍ਹਾ ਮੈਨੇਜਰ ਪਨਗਰੇਨ-ਕਮ-ਜ਼ਿਲ੍ਹਾ ਕੰਟਰੋਲਰ, ਖੁਰਾਕ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਸਰਤਾਜ ਸਿੰਘ ਚੀਮਾ ਤੋਂ ਕੋਈ ਬਕਾਇਆ ਨਹੀਂ ਸਰਟੀਫਿਕੇਟ ਪ੍ਰਾਪਤ ਹੋਇਆ। ਚੀਮਾ ਨੇ ਦੱਸਿਆ ਕਿ ਵਿਭਾਗ/ਸਰਕਾਰ ਅਤੇ ਇਸ ਚੌਲ ਮਿੱਲਰ ਵਿਚਕਾਰ ਪਿਛਲੇ 15 ਸਾਲਾਂ ਤੋਂ ਇੱਕ ਅਦਾਲਤੀ ਕੇਸ ਚੱਲ ਰਿਹਾ ਸੀ। ਹੁਣ, ਪਨਗਰੇਨ ਏਜੰਸੀ ਦੇ OTS 2025 ਦੇ ਤਹਿਤ, ਮਿੱਲਰ ਨੇ ਲੰਬਿਤ ਰਿਕਵਰੀ ਰਕਮ ਸਰਕਾਰੀ ਖਾਤੇ ਵਿੱਚ ਜਮ੍ਹਾ ਕਰ ਦਿੱਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਯੋਜਨਾ ਮਿੱਲਰਾਂ ਲਈ ਬਹੁਤ ਸਰਲ ਅਤੇ ਲਾਭਦਾਇਕ ਹੈ। ਇਹ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਹੈ ਅਤੇ ਔਨਲਾਈਨ ਹੈਂਡਲ ਕੀਤੀ ਜਾਂਦੀ ਹੈ - ਮਿੱਲਰ ਦੁਆਰਾ ਸ਼ੁਰੂਆਤੀ ਅਰਜ਼ੀ ਤੋਂ ਲੈ ਕੇ ਨੋ ਡਿਊਜ਼ ਸਰਟੀਫਿਕੇਟ ਜਾਰੀ ਕਰਨ ਤੱਕ। ਇਸ ਸਕੀਮ ਸੰਬੰਧੀ ਕਿਸੇ ਵੀ ਜਾਣਕਾਰੀ ਲਈ, ਵਿਭਾਗੀ ਪੋਰਟਲ anaajkharid.in 'ਤੇ ਜਾਇਆ ਜਾ ਸਕਦਾ ਹੈ, ਜਾਂ ਸੰਬੰਧਤ ਏਜੰਸੀਆਂ ਦੇ ਜ਼ਿਲ੍ਹਾ ਦਫ਼ਤਰਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਇਸ ਸਕੀਮ ਤੋਂ ਲਾਭ ਪ੍ਰਾਪਤ ਕਰਨ ਵਾਲੇ ਰਾਈਸ-ਮਿੱਲਰ ਰਾਕੇਸ਼ ਕਾਂਸਲ ਨੇ ਪ੍ਰਗਟ ਕੀਤਾ ਕਿ ਇਹ ਉਨ੍ਹਾਂ ਲਈ ਬਹੁਤ ਲਾਭਦਾਇਕ ਰਿਹਾ ਹੈ। ਅਦਾਲਤ ਵਿੱਚ ਲੰਬਿਤ ਕੇਸ ਕਾਰਨ, ਉਹ ਆਪਣੀ ਮਿੱਲ ਚਲਾਉਣ ਵਿੱਚ ਅਸਮਰੱਥ ਸਨ, ਅਤੇ ਮੁਕੱਦਮੇਬਾਜ਼ੀ ਵਿੱਚ ਕਾਫ਼ੀ ਸਮਾਂ ਅਤੇ ਪੈਸਾ ਬਰਬਾਦ ਹੋ ਰਿਹਾ ਸੀ। ਉਨ੍ਹਾਂ ਨੇ ਇਸ ਪਹਿਲਕਦਮੀ ਲਈ ਪੰਜਾਬ ਸਰਕਾਰ ਦਾ ਦਿਲੋਂ ਧੰਨਵਾਦ ਕੀਤਾ।

# ਅਗਨੀਵੀਰ ਭਰਤੀ ਲਈ ਆਨਲਾਈਨ ਰਜਿਸਟ੍ਰੇਸ਼ਨ 1 ਅਪ੍ਰੈਲ ਤੱਕ : ਏ.ਡੀ.ਸੀ



ਲੁਧਿਆਣਾ, 25 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੂਨਮ ਸਿੰਘ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਸਾਲ 2026-2027 ਲਈ ਭਾਰਤੀ ਫੌਜ ਦੀ ਅਗਨੀਵੀਰ ਦੀ ਭਰਤੀ ਲਈ ਆਨਲਾਈਨ ਰਜਿਸਟ੍ਰੇਸ਼ਨ 1 ਅਪ੍ਰੈਲ 2026 ਤੱਕ ਕੀਤੀ ਜਾ ਸਕਦੀ ਹੈ। ਇਸ ਭਰਤੀ ਸਬੰਧੀ ਰਜਿਸਟਰੇਸ਼ਨ ਪੋਰਟਲ 13 ਫਰਵਰੀ 2026 ਤੋਂ ਖੁੱਲ੍ਹਿਆ ਹੋਇਆ ਹੈ ਅਤੇ 01 ਅਪ੍ਰੈਲ 2026 ਤੱਕ ਖੁੱਲ੍ਹਾ ਰਹੇਗਾ। ਚਾਹਵਾਨ ਪ੍ਰਾਰਥੀ ਜਿਨ੍ਹਾ ਦੀ ਉਮਰ 17.5 ਸਾਲ ਤੋਂ 22 ਸਾਲ ਦੇ ਵਿਚਕਾਰ ਹੈ ਅਤੇ ਜਿਨ੍ਹਾਂ ਦੀ ਵਿਦਿਅਕ ਯੋਗਤਾ ਦਸਵੀਂ ਕਲਾਸ ਵਿੱਚ ਘੱਟੋ-ਘੱਟ 45 ਫੀਸਦੀ ਅੰਕ ਹੋਣੇ ਚਾਹੀਦੇ ਹਨ। ਉਮੀਦਵਾਰ ਦਾ ਕੱਦ 170 ਸੈਂਟੀਮੀਟਰ ਅਤੇ ਛਾਤੀ 77/82 ਸੈਂਟੀਮੀਟਰ ਹੋਣੀ ਜਰੂਰੀ ਹੈ। ਉਹ ਉਮੀਦਵਾਰ ਵੈਬਸਾਈਟ joinindianarmy.nic.in ਰਾਹੀਂ ਆਨਲਾਈਨ ਅਪਲਾਈ ਕਰ ਸਕਦੇ ਹਨ।

# ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਗੁਰਾਇਆ ਰੈਲੀ ਨਵਾਂ ਇਤਿਹਾਸ ਰਚੇਗੀ : ਰੁੜਕਾ



ਫਿਲੌਰ, 25 ਮਾਰਚ (ਅਜੇ ਸਿੰਘ ਨਾਗੀ) : ਸ੍ਰੋਮਣੀ ਅਕਾਲ ਦਲ ਬਾਦਲ ਦੇ ਕੌਮੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਬਚਾਓ ਰੈਲੀ ਤਹਿਤ 26 ਮਾਰਚ ਨੂੰ ਗੁਰਾਇਆ ਦੀ ਦਾਣਾ ਮੰਡੀ ਦੇ ਵਿੱਚ ਰੈਲੀ ਕੀਤੀ ਜਾਵੇਗੀ, ਸ੍ਰੋਮਣੀ ਅਕਾਲ ਦਲ ਬਾਦਲ ਦੇ ਨਿਧੜਕ ਤੇ ਸੀਨੀਅਰ ਆਗੂ ਜਸਵੀਰ ਸਿੰਘ ਰੁੜਕਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਰਕਰਾਂ ਦੇ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਸ੍ਰੋਮਣੀ ਅਕਾਲ ਦਲ ਬਾਦਲ ਦੀ ਗੁਰਾਇਆ ਦੀ ਰੈਲੀ ਇਤਿਹਾਸਕ ਹੋਵੇਗੀ, ਪੰਜਾਬ ਵਾਸੀਆਂ ਨੇ ਮਨ ਬਣ ਲਿਆ ਹੈ, ਜੋ ਬਦਲਾਅ ਤੇ ਨਾਮ 'ਤੇ ਆਮ ਆਦਮੀ ਪਾਰਟੀ, ਵੋਟਰਾਂ ਕੋਲੋਂ ਵੋਟਾਂ ਲੈਕੇ ਸਰਕਾਰ ਬਣਾਈ ਸੀ ਵਾਅਦੇ ਤੇ ਦਾਅਵੇ ਅਧੂਰੇ ਹੋਣ ਕਰਕੇ ਵਿਰੋਧੀ ਪਾਰਟੀਆਂ ਨੂੰ ਚੱਲਦਿਆ ਕਰਕੇ ਸ੍ਰੋਮਣੀ ਅਕਾਲ ਦਲ ਬਾਦਲ ਦੀ ਬਣਾਉਣਗੇ।

# ਜ਼ਿਲ੍ਹਾ ਸੀ.ਐਸ.ਆਰ. ਕਮੇਟੀ ਦੀ ਮੀਟਿੰਗ



ਲੁਧਿਆਣਾ, 25 ਮਾਰਚ (ਵਿਸ਼ਾਲ ਸ਼ਰਮਾ): ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਬਚਤ ਭਵਨ ਵਿਖੇ ਜ਼ਿਲ੍ਹਾ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀਐਸਆਰ) ਕਮੇਟੀ ਦੀ ਮੀਟਿੰਗ ਸਫਲਤਾਪੂਰਵਕ ਸੰਚਾਲਿਤ ਕੀਤੀ। ਇਸ ਕਾਰਵਾਈ ਦਾ ਤਾਲਮੇਲ ਅੰਬਰ ਬੰਦੋਪਾਧਿਆਏ - ਮੁੱਖ ਪ੍ਰਬੰਧਕੀ ਅਧਿਕਾਰੀ, ਲਖਮਿੰਦਰ ਕੌਰ ਅਤੇ ਸਿਮਰਨਜੀਤ ਕੌਰ ਦੁਆਰਾ ਕੀਤਾ ਗਿਆ। ਮੀਟਿੰਗ ਵਿੱਚ ਪ੍ਰਮੁੱਖ ਉਦਯੋਗਪਤੀਆਂ ਅਤੇ ਭਾਰਤੀ ਉਦਯੋਗ ਸੰਘ (ਸੀਆਈਆਈ) ਸਮੇਤ ਪ੍ਰਮੁੱਖ ਸੰਗਠਨਾਂ ਦੇ ਪ੍ਰਤੀਨਿਧੀਆਂ ਦੀ ਸਰਗਰਮ ਭਾਗੀਦਾਰੀ ਦੇ ਨਾਲ-ਨਾਲ ਆਰਤੀ ਇੰਟਰਨੈਸ਼ਨਲ ਲਿਮਟਿਡ, ਸਿੰਘਾਨੀਆ ਰਿਸੋਰਸਿਜ਼ ਪ੍ਰਾਈਵੇਟ ਲਿਮਟਿਡ, ਬਿਰਲਾ ਓਪਸ, ਰਾਲਸਨ ਇੰਡੀਆ ਲਿਮਟਿਡ, ਸ਼੍ਰੀਮਤੀ ਬੈਕਟਰਸ ਫੂਡ ਸਪੈਸ਼ਲਿਟੀਜ਼ ਲਿਮਟਿਡ, ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ, ਪ੍ਰਾਈਮ ਸਟੀਲ ਪ੍ਰੋਸੈਸਰਜ਼ ਪ੍ਰਾਈਵੇਟ ਲਿਮਟਿਡ, ਹੈਪੀ ਫੋਰਜਿੰਗਜ਼ ਲਿਮਟਿਡ ਅਤੇ ਜੁਝਾਰ ਗਰੁੱਪ ਆਫ਼ ਕੰਪਨੀਆਂ ਵਰਗੀਆਂ ਕੰਪਨੀਆਂ ਦੇ ਪ੍ਰਤੀਨਿਧੀਆਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ, ਜ਼ਿਲ੍ਹੇ ਵਿੱਚ ਚੱਲ ਰਹੇ ਸੀਐਸਆਰ ਪਹਿਲਕਦਮੀਆਂ ਦੀ ਵਿਸਤ੍ਰਿਤ ਸਮੀਖਿਆ ਕੀਤੀ ਗਈ। ਸਮਾਜਿਕ ਭਲਾਈ, ਸਿੱਖਿਆ, ਸਿਹਤ ਸੰਭਾਲ ਅਤੇ ਬੁਨਿਆਦੀ ਢਾਂਚੇ ਵਰਗੇ ਪ੍ਰਭਾਵਸ਼ਾਲੀ ਪ੍ਰੋਜੈਕਟਾਂ ਨੂੰ ਲਾਗੂ ਕਰਨ ਲਈ ਉਦਯੋਗ ਅਤੇ ਪ੍ਰਸ਼ਾਸਨ ਵਿਚਕਾਰ ਸਹਿਯੋਗ ਵਧਾਉਣ 'ਤੇ ਵਿਚਾਰ-ਵਟਾਂਦਰੇ ਕੀਤੇ ਗਏ। ਇਸ ਮੌਕੇ 'ਤੇ, ਡਿਪਟੀ ਕਮਿਸ਼ਨਰ ਵੱਲੋਂ ਚੁਣੀਆਂ ਗਈਆਂ ਕੰਪਨੀਆਂ ਨੂੰ ਸਮਾਜਿਕ ਜ਼ਿਲ੍ਹੇ ਲਈ ਸੀਐਸਆਰ ਪਹਿਲਕਦਮੀਆਂ ਵਿੱਚ ਉਨ੍ਹਾਂ ਦੇ ਕੀਮਤੀ ਯੋਗਦਾਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਸਹਿਯੋਗ ਲਈ ਸੀਐਸਆਰ ਪ੍ਰਸ਼ੰਸਾ ਸਰਟੀਫਿਕੇਟ ਭੇਟ ਕੀਤੇ ਗਏ। ਸਾਰੇ ਹਿੱਸੇਦਾਰਾਂ ਨੇ ਜ਼ਿਲ੍ਹੇ ਵਿੱਚ ਸੀਐਸਆਰ ਪਹਿਲਕਦਮੀਆਂ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਪ੍ਰਗਟਾਈ।

# ਗਲਾਡਾ ਵੱਲੋਂ ਗ਼ੈਰ-ਕਾਨੂੰਨੀ ਅਣਅਧਿਕਾਰਤ ਕਲੋਨੀਆਂ 'ਤੇ ਕਾਰਵਾਈ



ਲੁਧਿਆਣਾ, 25 ਮਾਰਚ (ਵਿਸ਼ਾਲ ਸ਼ਰਮਾ): ਹਾਊਸਿੰਗ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਗਲਾਡਾ ਦੇ ਮੁੱਖ ਪ੍ਰਸ਼ਾਸਕ ਸੰਦੀਪ ਕੁਮਾਰ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਬੁੱਧਵਾਰ ਨੂੰ ਇਸ ਦੇ ਰੈਗੂਲੇਟਰੀ ਵਿੰਗ ਪਿੰਡ ਧੰਦਰਾ, ਮਾਨਕਵਾਲ ਅਤੇ ਮਹਿਮੂਦਪੁਰਾ ਵਿੱਚ 13 ਅਣਅਧਿਕਾਰਤ ਇਮਾਰਤਾਂ ਅਤੇ ਤਿੰਨ ਅਣਅਧਿਕਾਰਤ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਗਲਾਡਾ ਦੇ ਮੁੱਖ ਪ੍ਰਸ਼ਾਸਕ ਸੰਦੀਪ ਕੁਮਾਰ ਨੇ ਕਿਹਾ ਕਿ ਇਨ੍ਹਾਂ ਅਣਅਧਿਕਾਰਤ ਕਲੋਨੀਆਂ ਵਿੱਚ ਸਸਤੇ ਪਲਾਟ ਦੀ ਪੇਸ਼ਕਸ਼ ਕਰਨ ਦੀ ਆੜ ਵਿੱਚ ਬੇਕਸੂਰ ਵਸਨੀਕਾਂ ਨੂੰ ਭਜਾਉਣ ਵਾਲਿਆਂ ਵਿਰੁੱਧ ਦੰਡਕਾਰੀ ਕਾਰਵਾਈ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਵੀ ਸ਼ੁਰੂ ਕੀਤੀ ਗਈ ਹੈ, ਜਿਸ ਵਿੱਚ ਕਾਨੂੰਨੀ ਮਨਜ਼ੂਰੀ ਅਤੇ ਸਰਕਾਰ ਦੀ ਪਾਲਣਾ ਦੀ ਘਾਟ ਸੀ। ਨਿਯਮ. ਵਧੀਕ ਮੁੱਖ ਪ੍ਰਸ਼ਾਸਕ -3 ਦੁਆਰਾ ਜਾਰੀ ਕੀਤੇ ਗਏ ਢਾਹੁਣ ਦੇ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ, ਗਲਾਡਾ-ਲੁਧਿਆਣਾ, ਅਣਅਧਿਕਾਰਤ ਕਲੋਨੀਆਂ, ਡਿਊਟੀ ਮੈਜਿਸਟ੍ਰੇਟ, ਪੁਲਿਸ ਫੋਰਸ ਅਤੇ ਗਲੈਡਾ ਰੈਗੂਲੇਟਰੀ ਵਿੰਗ ਦੀ ਲਾਗੂ ਕਰਨ ਵਾਲੀ ਟੀਮ ਦੇ ਵਿਰੁੱਧ ਸੀਲਬੰਦ, ਢਾਹ ਦਿੱਤੀ ਗਈ 13 ਅਣਅਧਿਕਾਰਤ ਇਮਾਰਤ, ਉਸਾਰਨ ਅਤੇ ਨੇ ਬੁੱਧਵਾਰ ਨੂੰ ਤਿੰਨ ਅਣਅਧਿਕਾਰਤ ਕਲੋਨੀਆਂ ਨੂੰ ਉਨ੍ਹਾਂ ਦੀਆਂ ਸੜਕਾਂ ਨੂੰ ਤੋੜ ਕੇ ਅਤੇ ਇਨ੍ਹਾਂ ਸਾਈਟਾਂ 'ਤੇ ਗੈਰ-ਕਾਨੂੰਨੀ ਉਸਾਰੀਆਂ ਅਤੇ ਢਾਂਚਿਆਂ ਤੋਂ ਗੁਜ਼ਰ ਕੇ ਢਾਹ ਦਿੱਤਾ। ਜਦੋਂ ਡਿਵੈਲਪਰਾਂ ਨੇ ਨੋਟਿਸਾਂ ਦੇ ਨਾਲ ਉਨ੍ਹਾਂ ਦੀ ਸੇਵਾ ਕਰਨ ਦੇ ਬਾਵਜੂਦ ਗੈਰ-ਕਾਨੂੰਨੀ ਉਸਾਰੀ ਦੇ ਕੰਮ ਨੂੰ ਨਹੀਂ ਰੋਕਿਆ, ਤਾਂ ਇੱਕ ਵਿਸ਼ੇਸ਼ ਟੀਮ ਨੇ ਢਾਹੁਣ ਦੀ ਮੁਹਿੰਮ ਚਲਾਈ, ਜੋ ਬਿਨਾਂ ਵਿਰੋਧ ਹੋ ਗਈ। ਸ਼ੁਰੂਆਤੀ ਪੜਾਅ 'ਤੇ ਗੈਰ-ਕਾਨੂੰਨੀ ਕਲੋਨੀਆਂ ਦੇ ਵੱਡੇ ਪੱਧਰ ਦੀ ਜਾਂਚ ਕਰਨ ਲਈ ਇੱਕ ਕਦਮ ਵਿੱਚ ਗਲਾਡਾ ਆਉਣ ਵਾਲੇ ਪੜਾਵਾਂ ਵਿੱਚ ਅਜਿਹੀਆਂ ਹੋਰ ਡਰਾਈਵਾਂ ਦੀ ਯੋਜਨਾ ਬਣਾ ਰਹੀ ਹੈ, ਮੁੱਖ ਪ੍ਰਸ਼ਾਸਕ, ਗਲਾਡਾ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਣਅਧਿਕਾਰਤ ਕਲੋਨੀਆਂ ਵਿੱਚ ਜਾਇਦਾਦ, ਪਲਾਟ, ਇਮਾਰਤਾਂ ਨਾ ਖਰੀਦਣ, ਕਿਉਂਕਿ ਗਲਾਡਾ ਪਾਣੀ ਦੀ ਸਪਲਾਈ ਵਰਗੀ ਕੋਈ ਸਹੂਲਤ ਪ੍ਰਦਾਨ ਨਹੀਂ ਕਰੇਗੀ।, ਸੀਵਰੇਜ, ਬਿਜਲੀ ਕੁਨੈਕਸ਼ਨ ਆਦਿ। ਪ੍ਰਵਾਨਿਤ ਅਤੇ ਨਿਯਮਤ ਕਲੋਨੀਆਂ ਦੀ ਸੂਚੀ ਉਹਨਾਂ ਦੇ ਮਨਜ਼ੂਰਸ਼ੁਦਾ ਨਕਸ਼ਿਆਂ ਦੇ ਨਾਲ GLADA ਦੀ ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਹੈ, ਜਿਸਦੀ ਕਿਸੇ ਵੀ ਜਾਇਦਾਦ ਨੂੰ ਖਰੀਦਣ ਤੋਂ ਪਹਿਲਾਂ ਸੰਭਾਵੀ ਖਰੀਦਦਾਰਾਂ ਦੁਆਰਾ ਜਾਂਚ ਕੀਤੀ ਜਾ ਸਕਦੀ ਹੈ। ਗਲਾਡਾ ਐਡੀਸ਼ਨਲ ਚੀਫ ਐਡਮਿਨਿਸਟ੍ਰੇਟਰ -3 ਨੇ ਕਿਹਾ ਕਿ ਢਾਹੁਣ ਦੀ ਮੁਹਿੰਮ ਚਲਾਉਣ ਤੋਂ ਇਲਾਵਾ, ਗਲਾਡਾ ਜ਼ਿਲ੍ਹੇ ਵਿੱਚ ਅਣਅਧਿਕਾਰਤ ਵਿਕਾਸ ਕਰਨ ਵਾਲੇ ਵਿਅਕਤੀਆਂ ਵਿਰੁੱਧ ਉਚਿਤ ਕਾਨੂੰਨੀ ਕਾਰਵਾਈ ਸ਼ੁਰੂ ਕਰਨ ਲਈ ਕਾਨੂੰਨ ਅਨੁਸਾਰ ਸਖਤੀ ਨਾਲ ਕਾਰਵਾਈ ਕਰੇਗੀ।

# ਚੇਅਰਮੈਨ ਮਨਪ੍ਰੀਤ ਸਿੰਘ ਦੀ ਅਗਵਾਈ 'ਚ ਮੀਟਿੰਗਾਂ ਦਾ ਸਿਲਸਿਲਾ ਜਾਰੀ



ਲੁਧਿਆਣਾ, 25 ਮਾਰਚ (ਵਿਸ਼ਾਲ ਸ਼ਰਮਾ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਅਧੀਨ ਪੰਜਾਬ ਸਟੇਟ ਟਰੇਡ ਕਮਿਸ਼ਨ ਦੀਆਂ ਮੀਟਿੰਗਾਂ ਦਾ ਸਿਲਸਿਲਾ ਨਿਰੰਤਰ ਜਾਰੀ ਹੈ। ਇਸੇ ਲੜੀ ਤਹਿਤ ਚੇਅਰਮੈਨ ਮਨਪ੍ਰੀਤ ਸਿੰਘ ਦੀ ਅਗਵਾਈ ਹੇਠ ਹਲਕਾ ਆਤਮ ਨਗਰ ਦੇ ਕੌਂਸਲਰ ਜਗਮੀਤ ਸਿੰਘ ਨੋਨੀ ਅਤੇ ਬਲਾਕ ਪ੍ਰਧਾਨ ਵਿਪਨ ਸੇਠੀ ਵੱਲੋਂ ਵਾਰਡ ਨੰਬਰ 42 ਵਿਖੇ ਵਪਾਰੀਆਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਉਨ੍ਹਾਂ ਦੇ ਨਾਲ ਵੱਖ ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਵਿਧਾਇਕ ਸਿੱਧੂ ਦੇ ਨਾਲ ਚੇਅਰਮੈਨ ਮਨਪ੍ਰੀਤ ਸਿੰਘ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਪਾਰੀਆਂ ਨੂੰ ਜੀ.ਐਸ.ਟੀ ਰੀਫੰਡ, ਅਵਾਰਾ ਪਸ਼ੂਆਂ ਦੀ ਸਮੱਸਿਆ, ਬਿਜਲੀ ਦੀਆਂ ਢਿੱਲੀਆਂ ਤਾਰਾਂ ਅਤੇ ਹੋਰ ਰੋਜਮਰਾ ਦੀਆਂ ਔਕੜਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ।

ਵਪਾਰੀਆਂ ਅਤੇ ਆਮ ਲੋਕਾਂ ਵੱਲੋਂ ਪੰਜਾਬ ਸਰਕਾਰ ਦੀ ਇਸ ਨਿਵੇਕਲੀ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਇਹ 75 ਸਾਲਾਂ ਵਿੱਚ ਪਹਿਲੀ ਵਾਰ ਹੋਇਆ ਹੈ, ਜਦੋ ਅਧਿਕਾਰੀ ਆਪ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਉਹਨਾਂ ਕੋਲ ਆਏ ਹਨ ਅਤੇ ਮੌਕੇ 'ਤੇ ਸਮੱਸਿਆਵਾਂ ਹੱਲ ਹੋ ਰਹੀਆਂ ਹਨ। ਚੇਅਰਮੈਨ ਮਨਪ੍ਰੀਤ ਸਿੰਘ ਵੱਲੋਂ ਹਾਜ਼ਰੀਨ ਦਾ ਮੀਟਿੰਗ ਵਿੱਚ ਸ਼ਮੂਲੀਅਤ ਕਰਨ ਲਈ ਵਿਸ਼ੇਸ਼ ਧੰਨਵਾਦ ਵੀ ਕੀਤਾ ਗਿਆ।

# ਹਲਕਾ ਦੱਖਣੀ ਵਿੱਚ ਬਾਵਾ ਦੀ ਅਗਵਾਈ ਹੇਠ ਕਾਂਗਰਸੀ ਵਰਕਰਾਂ ਦੀ ਭਰਵੀਂ ਮੀਟਿੰਗ



ਲੁਧਿਆਣਾ, 25 ਮਾਰਚ (ਰਵਿੰਦਰ ਸਿੰਘ ਨਿੱਝਰ):ਹਲਕਾ ਦੱਖਣੀ ਵਿੱਚ ਕਾਂਗਰਸੀ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਏ.ਆਈ.ਸੀ.ਸੀ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਕਿਹਾ ਕਿ 'ਆਪ' ਸਰਕਾਰ ਦੀਆਂ ਜਿਆਦਤੀਆਂ ਅਤੇ ਅਮਨ ਕਾਨੂੰਨ ਦੀ ਅਵਸਥਾ ਵਿੱਚ ਆਏ ਨਿਘਾਰ ਕਾਰਣ ਹਰ ਵਰਗ ਕਿਸਾਨ, ਵਿਉਪਾਰੀ, ਕਾਰਖਾਨੇਦਾਰ, ਮਜ਼ਦੂਰ, ਮੁਲਾਜ਼ਮ, ਦੁਕਾਨਦਾਰ ਅਤੇ ਯੂਥ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ ਪਰ ਪੰਜਾਬ ਸਰਕਾਰ ਦੇ ਕੰਨ 'ਤੇ ਜੂੰਅ ਨਹੀਂ ਸਰਕਦੀ। ਇਹ ਹਾਲਾਤ ਦੱਸਦੇ ਹਨ ਕਿ ਪੰਜਾਬ ਦੀ ਸੱਤਾ 'ਤੇ ਅਜਿਹੇ ਲੋਕ ਕਾਬਜ਼ ਹਨ, ਜਿਨ੍ਹਾਂ ਨੇ ਪੰਜਾਬੀਆਂ ਦਾ ਵਾਲ-ਵਾਲ ਕਰਜਾਈ ਕਰ ਦਿੱਤਾ ਹੈ ਜੋ 70 ਸਾਲ ਵਿੱਚ ਪੰਜਾਬ ਤੇ 2.50 ਲੱਖ ਕਰੋੜ ਰੁਪਏ ਦਾ ਕਰਜ਼ਾ ਸਿਰ ਹੋ ਗਿਆ, ਜਦਕਿ ਹੁਣ ਚਾਰ ਸਾਲ ਵਿੱਚ ਭਗਵੰਤ ਮਾਨ ਸਰਕਾਰ ਨੇ ਕਰਜ਼ਾ ਤਕਰੀਬਨ ਸਾਢੇ ਚਾਰ ਲੱਖ ਕਰੋੜ ਕਰ ਦਿੱਤਾ ਹੈ। ਬਾਵਾ ਨੇ ਕਿਹਾ ਕਿ ਡੀ.ਐਮ ਗਗਨਦੀਪ ਸਿੰਘ ਰੰਧਾਵਾ ਦੀ ਖੁਦਕੁਸ਼ੀ ਅਤੇ ਦੋ ਕਿਸਾਨ ਭਰਾਵਾਂ ਵੱਲੋਂ ਕਰਜੇ ਦੀ ਮਾਰ ਕਾਰਨ ਕੀਤੀ ਆਤਮ ਹੱਤਿਆ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਪੈਦਾ ਕੀਤੇ ਹਾਲਾਤ ਬਿਆਨ ਕਰਦੀ ਹੈ। ਬਾਵਾ ਨੇ ਕਿਹਾ ਕਿ ਪੰਜਾਬ ਦੇ ਉਜਵਲ ਭਵਿੱਖ ਲਈ 2027 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਦੂਰਅੰਦੇਸ਼ ਸੋਚ 'ਤੇ ਪਹਿਰਾ ਦਿੰਦੇ ਹੋਏ ਪੰਜਾਬੀ ਕਾਂਗਰਸ ਪਾਰਟੀ ਦੇ ਚੋਣ ਨਿਸ਼ਾਨ ਹੱਥ ਪੰਜੇ ਦਾ ਬਟਨ ਦਬਾ ਕੇ ਮਜਬੂਤ ਕਰਨ ਤਾਂ ਕਿ ਪੰਜਾਬ ਦੀ ਕਿਸਾਨੀ, ਸਨਅਤ, ਮੁਲਾਜ਼ਮ, ਮਜ਼ਦੂਰ, ਦੁਕਾਨਦਾਰ ਅਤੇ ਯੂਥ ਆਪਣੇ ਆਪ ਨੂੰ ਮਹਿਫੂਜ ਸਮਝਦਾ ਹੋਇਆ ਤਰੱਕੀ ਦੇ ਰਸਤੇ 'ਤੇ ਅੱਗੇ ਵਧੇ।

ਇਸ ਸਮੇਂ ਫੋਨ ਰਾਹੀਂ ਓਵਰਸੀਜ ਕਾਂਗਰਸ ਅਮਰੀਕਾ ਦੇ ਪ੍ਰਧਾਨ ਮਹਿੰਦਰ ਸਿੰਘ ਗਿਲਜ਼ੀਆ ਅਤੇ ਗੁਰਮੀਤ ਸਿੰਘ ਗਿੱਲ ਨੇ ਦੋ ਕਿਸਾਨ ਭਰਾਵਾਂ ਦੀ ਖੁਦਕੁਸ਼ੀ ਤੇ ਡੂੰਘੀ ਚਿੰਤਾ ਪ੍ਰਗਟ ਕੀਤੀ।

# ਅਰਾਸ਼ੀ ਐਮ.ਐਮ.ਏ. ਐਸੋ: ਦੇ ਅਹੁਦੇਦਾਰ ਚੈਂਪੀਅਨਸ਼ਿਪ ਸਬੰਧੀ ਡੀ.ਸੀ. ਨੂੰ ਮਿਲੇ



ਲੁਧਿਆਣਾ, 25 ਮਾਰਚ (ਰਵਿੰਦਰ ਸਿੰਘ ਨਿੱਝਰ): ਅਰਾਸ਼ੀ ਐਮਐਮਏ ਐਸੋ. ਇੰਡੀਆ ਦੇ ਅਹੁਦੇਦਾਰਾਂ ਨੇ ਲੁਧਿਆਣਾ ਦੇ ਡੀਸੀ ਹਿਮਾਂਸ਼ੂ ਜੈਨ ਨਾਲ ਲੁਧਿਆਣਾ, ਪੰਜਾਬ ਭਾਰਤ ਵਿੱਚ ਹੋਣ ਜਾ ਰਹੀ ਅਰਾਸ਼ੀ ਐਮਐਮਏ ਵਿਸ਼ਵ ਚੈਂਪੀਅਨਸ਼ਿਪ 2026 ਦੀ ਮੇਜ਼ਬਾਨੀ ਦੇ ਸਬੰਧ ਵਿੱਚ ਮੁਲਾਕਾਤ ਕੀਤੀ। ਜਿਸ ਦੌਰਾਨ ਸ਼੍ਰੀ ਕਮਲ ਚੈਟਲੀ, ਪ੍ਰਦੀਪ ਕੁਮਾਰ ਯੋਗੀ ਸੰਸਥਾਪਕ ਸਤਵਿੰਦਰ ਸਿੰਘ ਮਠਾੜੂ (ਪ੍ਰਧਾਨ ਪੰਜਾਬ), ਰਾਕੇਸ਼ ਗੋਇਲ ਅਤੇ ਮਨਜੀਤ ਸਿੰਘ ਵੱਲੋਂ ਲੁਧਿਆਣਾ ਦੇ ਡੀਸੀ ਨੂੰ ਹੋਣ ਵਾਲੀ ਇਸ ਵਿਸ਼ਵ ਪੱਧਰੀ ਅਰਾਸ਼ੀ ਐਮਐਮਏ ਦੀ ਚੈਂਪੀਅਨਸ਼ਿਪ ਬਾਰੇ ਜਾਣਕਾਰੀ ਵੀ ਦਿੱਤੀ ਤਾਂ ਜੋ ਲੁਧਿਆਣਾ ਵਿੱਚ ਇਹ ਚੈਂਪੀਅਨਸ਼ਿਪ ਸੁਚੱਜੇ ਢੰਗ ਨਾਲ ਕੀਤੀ ਜਾ ਸਕੇ। ਸ਼੍ਰੀ ਮਠਾੜੂ ਨੇ ਦੱਸਿਆ ਕਿ ਡੀਸੀ ਨੇ ਇਸ ਸਬੰਧੀ ਹੁੰਗਾਰਾ ਭਰਦਿਆਂ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।

# ਵਿਧਾਇਕ ਗਿਆਸਪੁਰਾ ਦੇ ਹਲਕੇ 'ਚ ਵਿਕਾਸ ਦੀ ਰਫ਼ਤਾਰ ਤੇਜ਼



ਲੁਧਿਆਣਾ, 25 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪਾਇਲ ਹਲਕੇ ਵਿੱਚ ਵਿਕਾਸ ਦੇ ਕੰਮ ਤੇਜ਼ੀ ਨਾਲ ਅੱਗੇ ਵੱਧ ਰਹੇ ਹਨ। ਹੁਣ ਤੱਕ ਹਲਕੇ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਮੁਕੰਮਲ ਹੋ ਚੁੱਕੇ ਹਨ, ਜਦਕਿ ਹੋਰ ਕਈ ਪ੍ਰੋਜੈਕਟ ਤੇਜ਼ੀ ਨਾਲ ਚੱਲ ਰਹੇ ਹਨ। ਹਲਕੇ ਵਿੱਚ ਸੜਕਾਂ ਦਾ ਵਿਸਥਾਰ ਕੀਤਾ ਗਿਆ ਹੈ ਅਤੇ ਨਵੀਆਂ ਸੜਕਾਂ ਦਾ ਜਾਲ ਵਿਛਾਇਆ ਗਿਆ ਹੈ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਇਹ ਕਹਿਣਾ ਹੈ ਇੱਥੋਂ ਦੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਦਾ। ਇਸੇ ਤਹਿਤ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਹਲਕੇ ਦੇ 8 ਪਿੰਡਾਂ ਵਿੱਚ ਲੱਗਭੱਗ 1 ਕਰੋੜ 10 ਲੱਖ ਰੁਪਏ ਦੇ ਵਿਕਾਸ ਕੰਮਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੋ ਕੇ ਕੰਮ ਕੀਤਾ ਜਾ ਰਿਹਾ ਹੈ।ਪਿੰਡ ਦੁੱਗਰੀ ਵਿੱਚ ਸੀਵਰੇਜ ਪਾਈਪ ਲਾਈਨ ਦਾ ਕੰਮ ਮੁਕੰਮਲ ਹੋਣ ਉਪਰੰਤ ਉਦਘਾਟਨ ਕੀਤਾ ਗਿਆ, ਜਿਸ ਨਾਲ ਸਫਾਈ ਪ੍ਰਬੰਧ ਹੋਰ ਸੁਧਰੇਗਾ। ਪਿੰਡ ਭੱਠਲ ਵਿੱਚ ਸ਼ੈੱਡ ਅਤੇ ਸਟੇਡੀਅਮ ਵਾਲੀ ਗਲੀ ਦਾ ਉਦਘਾਟਨ ਕੀਤਾ ਗਿਆ। ਇਸੇ ਤਰ੍ਹਾਂ ਬਰਮਾਲੀਪੁਰ ਵਿੱਚ ਗਲੀ ਅਤੇ ਸੀਵਰੇਜ ਦੇ ਕੰਮ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕੀਤੇ ਗਏ।

ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਦੇ ਤਹਿਤ ਪਿੰਡਾਂ ਅਤੇ ਸ਼ਹਿਰਾਂ ਦਾ ਸਮਾਨ ਵਿਕਾਸ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੇ ਪ੍ਰੋਜੈਕਟ ਲਿਆਂਦੇ ਜਾਣਗੇ, ਤਾਂ ਜੋ ਲੋਕਾਂ ਨੂੰ ਹਰ ਪੱਖੋਂ ਸਹੂਲਤਾਂ ਮਿਲ ਸਕਣ। ਸਥਾਨਕ ਲੋਕਾਂ ਨੇ ਵੀ ਸਰਕਾਰ ਅਤੇ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਲਾਕੇ ਵਿੱਚ ਪਹਿਲਾਂ ਕਦੇ ਵੀ ਇਸ ਤਰ੍ਹਾਂ ਦਾ ਤੇਜ਼ ਵਿਕਾਸ ਨਹੀਂ ਦੇਖਿਆ ਗਿਆ।

# ਭਾਜਪਾ ਸਰਕਾਰ ਦੀ ਸ਼ਹਿ ਹੇਠ ਕਾਕੋਰੀ ਕਾਂਡ ਦੇ ਸ਼ਹੀਦਾਂ ਦੇ ਬੁੱਤ ਤੋੜਨ ਵਾਲਿਆਂ ਨੂੰ ਸਖ਼ਤ ਸਜ਼ਾ ਦੇਣ ਲਈ ਆਵਾਜ਼ ਉਠਾਓ

ਲੁਧਿਆਣਾ, 25 ਮਾਰਚ (ਰਵਿੰਦਰ ਸਿੰਘ ਨਿੱਝਰ): ਜਿਸ ਵੇਲੇ ਦੇਸ਼ 23 ਮਾਰਚ 1931 ਨੂੰ ਅੰਗਰੇਜ਼ ਹਕੂਮਤ ਵੱਲੋਂ ਫਾਂਸੀ ਚੜ੍ਹਾਏ ਸੂਰਬੀਰਾਂ, ਸ਼ਹੀਦ ਭਗਤ ਸਿੰਘ, ਰਾਜ ਗੁਰੂ, ਸੁਖਦੇਵ ਨੂੰ ਸਰਧਾਂਜਲੀ ਭੇਂਟ ਕਰ ਰਿਹਾ ਸੀ, ਉਸੇ ਵੇਲੇ ਕਾਕੋਰੀ ਕਾਂਡ ਨਾਲ ਜਾਣੇ ਜਾਂਦੇ ਇਹਨਾਂ ਹੀ ਸ਼ਹੀਦਾਂ ਦੇ ਹੋਰ ਸਾਥੀਆਂ ਸ਼ਹੀਦ ਅਸ਼ਫਾਕ ਉੱਲਾ ਖਾਂ, ਸ਼ਹੀਦ ਰਾਮ ਪ੍ਰਸਾਦ ਬਿਸਮਿਲ ਅਤੇ ਸ਼ਹੀਦ ਠਾਕੁਰ ਰੋਸ਼ਨ ਸਿੰਘ ਦੇ ਬੁੱਤਾਂ ਨੂੰ , ਯੂ ਪੀ ਸਰਕਾਰ ਦੇ ਇਸ਼ਾਰੇ 'ਤੇ ਤੋੜਿਆ ਜਾ ਰਿਹਾ ਸੀ। ਸਰਕਾਰ ਦੀ ਇਸ ਬੇਹੱਦ ਸ਼ਰਮਨਾਕ ਹਰਕਤ ਦੀ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰੀ ਟ੍ਰਸਟ ਅਤੇ ਜਮਹੂਰੀ ਅਧਿਕਾਰ ਸਭਾ ਪੰਜਾਬ, ਮਹਾਂ ਸਭਾ ਲੁਧਿਆਣਾ ਅਤੇ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਲੁਧਿਆਣਾ ਨੇ ਪੂਰ ਜ਼ੋਰ ਨਿਖੇਧੀ ਕਰਦਿਆਂ, ਇਹਨਾਂ ਦੇਸ਼ ਭਗਤਾਂ ਦੇ ਬੁੱਤਾਂ ਨੂੰ ਤੋੜਨ ਲਈ ਜ਼ੁੰਮੇਵਾਰਾਂ ਖਿਲਾਫ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਉਪਰੋਕਤ ਟ੍ਰੱਸਟ ਅਤੇ ਸਭਾ ਦੇ ਸੂਬਾ ਪ੍ਰਧਾਨ ਪ੍ਰੋ ਜਗਮੋਹਨ ਸਿੰਘ (ਭਾਣਜਾ ਸ਼ਹੀਦ ਭਗਤ ਸਿੰਘ) ਅਤੇ ਟ੍ਰੱਸਟ ਦੇ ਜਨਰਲ ਸਕੱਤਰ ਅਤੇ ਸਭਾ ਦੇ ਸੂਬਾਈ ਆਗੂ ਜਸਵੰਤ ਜ਼ੀਰਖ , ਮਹਾਂ ਸਭਾ ਦੇ ਪ੍ਰਧਾਨ ਬਲਕੌਰ ਸਿੰਘ ਗਿੱਲ ਅਤੇ ਨੌਜਵਾਨ ਸਭਾ ਦੇ ਪ੍ਰਧਾਨ ਹਰਪ੍ਰੀਤ ਜ਼ੀਰਖ ਨੇ ਕਿਹਾ ਕਿ ਸਰਕਾਰ ਦੀ ਇਹ ਹਰਕਤ ਬਰਤਾਨਵੀ ਹਕੂਮਤ ਤੋਂ ਕਿਸੇ ਤਰ੍ਹਾਂ ਵੀ ਘੱਟ ਨਹੀਂ। ਉਹਨਾਂ ਕਿਹਾ ਕਿ ਇਕ ਪਾਸੇ ਬਰਤਾਨਵੀਂ ਹਕੂਮਤ ਵੱਲੋਂ ਸਾਡੇ ਉਪਰੋਕਤ ਸੂਰਬੀਰਾਂ ਨੂੰ ਫਾਂਸੀਆਂ ਦੇ ਕੇ ਸ਼ਹੀਦ ਕੀਤਾ ਗਿਆ ਅਤੇ ਹੁਣ ਉਸੇ ਹਕੂਮਤ ਦੇ ਪਦ ਚਿੰਨ੍ਹਾਂ 'ਤੇ ਚਲਦਿਆਂ ਯੂ ਪੀ ਸਰਕਾਰ ਨੇ ਸ਼ਾਹਜਹਾਂਪੁਰ ਦੇ ਪਾਰਕ ਵਿੱਚ ਲੱਗੇ ਸ਼ਹੀਦਾਂ ਦੇ ਬੁੱਤਾਂ ਨੂੰ ਤੋੜ ਕੇ ਮਲਬੇ ਦੇ ਡੰਪ ਵਿੱਚ ਸੁੱਟ ਕੇ ਅਤਿ ਦੀ ਘਿਨਾਉਣੀ ਹਰਕਤ ਕੀਤੀ ਹੈ । ਉਪਰੋਕਤ ਆਗੂਆਂ ਨੇ ਕਿਹਾ ਕਿ ਇਹ ਸਭ ਅਚਨਚੇਤ ਨਹੀਂ ਵਾਪਰਿਆ ਸਗੋਂ ਭਾਜਪਾ ਹਕੂਮਤ ਵੱਲੋਂ ਲੋਕਾਂ ਨੂੰ ਇਨਕਲਾਬੀ , ਇਤਿਹਾਸਿਕ ਅਤੇ ਸਾਹਿਤਕ ਯਾਦਗਾਰਾਂ ਜਿਹੜੀਆਂ ਵੀ ਸਾਮਰਾਜੀ ਪ੍ਰਬੰਧ ਦੇ ਖਿਲਾਫ ਕੌਮੀ ਆਜ਼ਾਦੀ ਦੀ ਗਵਾਹੀ ਭਰਦੀਆਂ ਹਨ ਅਤੇ ਦੇਸ਼ ਭਗਤੀ ਲਈ ਪ੍ਰੇਰਤ ਕਰਦੀਆਂ ਹਨ, ਨੂੰ ਮਿਟਾ ਕੇ ਸ਼ਹੀਦਾਂ ਦੀ ਵਿਚਾਰਧਾਰਾ ਖਤਮ ਕਰਨ ਵੱਲ ਕਦਮ ਹੈ। ਉਹਨਾਂ ਸਾਮਰਾਜੀ ਪ੍ਰਬੰਧ ਦੀ ਰਾਖੀ ਕਰਨ ਬਦਲੇ ਸ਼ਹੀਦਾਂ ਦੀ ਵਿਚਾਰਧਾਰਾ ਨੂੰ ਖਤਮ ਕਰਨ ਦਾ ਭਰਮ ਪਾਲ ਰਹੀਆਂ ਸ਼ਕਤੀਆਂ ਖਿਲਾਫ ਸ਼ਹੀਦਾਂ ਦੀਆਂ ਵਾਰਸ ਇਨਕਲਾਬੀ ਜਮਹੂਰੀ ਤੇ ਜਨਤਕ ਜੱਥੇਬੰਦੀਆਂ ਅਤੇ ਵਿਅਕਤੀਆਂ ਨੂੰ ਸਰਕਾਰ ਦੇ ਇਸ ਘਿਨਾਉਣੇ ਘਟਨਾ ਕਰਮ ਖਿਲਾਫ ਜ਼ੋਰਦਾਰ ਆਵਾਜ ਉਠਾਉਣ ਦਾ ਸੱਦਾ ਦਿੱਤਾ ਹੈ।

# 'ਮੇਰੀ ਯੋਗਤਾ ਮੇਰੀ ਪਹਿਚਾਣ' ਮੁਹਿੰਮ ਤਹਿਤ 11 ਘਰਾਂ ਅੱਗੇ ਲੱਗੀਆਂ ਨੇਮ ਪਲੇਟਾਂ



ਲੁਧਿਆਣਾ, 25 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ): ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਬੁੱਧਵਾਰ ਨੂੰ ਪਿੰਡ ਮਾਣਕਵਾਲ ਦੇ ਕਮਿਊਨਟੀ ਹਾਲ ਵਿਖੇ 'ਮੇਰੀ ਯੋਗਤਾ ਮੇਰੀ ਪਹਿਚਾਣ' ਤਹਿਤ ਉੱਚ ਯੋਗਤਾ ਪ੍ਰਾਪਤ ਕਰਨ ਵਾਲੀਆਂ ਮਹਿਲਾਵਾਂ ਦੇ ਘਰਾਂ ਅੱਗੇ ਉਨ੍ਹਾਂ ਦੇ ਨਾਮ ਸਮੇਤ ਪ੍ਰਾਪਤ ਉੱਚ ਯੋਗਤਾ ਲਿਖ ਕੇ ਨੇਮ ਪਲੇਟਾਂ ਲਗਾਉਣ ਲਈ ਸਮਾਗਮ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਸ਼ੂ ਜੈਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਸਹਾਇਕ ਕਮਿਸ਼ਨਰ ਡਾ. ਪ੍ਰਗਤੀ ਵਰਮਾ ਅਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਸ੍ਰੀ ਗੁਰਮੀਤ ਸਿੰਘ ਵੀ ਮੌਜੂਦ ਸਨ। ਡੀ.ਸੀ ਜੈਨ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਦੇਖਿਆ ਜਾਵੇ ਤਾਂ ਪਿਛਲਿਆਂ ਵਰ੍ਹਿਆਂ ਦੌਰਾਨ ਸਾਡੀਆਂ ਬੇਟੀਆਂ ਅਤੇ ਭੈਣਾਂ ਨਾਲ ਵਿਤਕਰਾ ਹੁੰਦਾ ਆਇਆ ਹੈ। ਜਿਆਦਾ ਪਰਿਵਾਰਾਂ ਵਿੱਚ ਬੇਟੀਆਂ ਨੂੰ ਆਪਣੇ ਭਰਾ ਦੇ ਮੁਕਾਬਲੇ ਪੜ੍ਹਾਈ ਕਰਕੇ ਅੱਗੇ ਵਧਣ ਵਿੱਚ ਬਹੁਤ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇਕਰ ਇੰਨੀਆਂ ਕਠਿਨਾਈਆਂ ਦਾ ਸਾਹਮਣਾ ਕਰਨ ਦੇ ਬਾਵਜੂਦ ਉੱਚ ਡਿਗਰੀਆਂ ਲੈਣ ਵਿੱਚ ਕਾਮਯਾਬ ਹੁੰਦੀਆਂ ਹਨ ਤਾਂ ਸਾਡਾ ਵੀ ਫਰਜ ਬਣਦਾ ਹੈ ਕਿ ਬੇਟੀਆਂ ਅਤੇ ਭੈਣਾਂ ਨੂੰ ਬਣਦਾ ਸਨਮਾਨ ਦੇਈਏ। ਸੋ ਇਸ ਸਿਲਸਿਲੇ ਵਿੱਚ ਅਸੀਂ ਇਹ ਪ੍ਰੋਗਰਾਮ ਕੀਤਾ ਹੈ। ਹਿਮਾਂਸ਼ੂ ਜੈਨ ਨੇ ਅੱਗੇ ਕਿਹਾ ਕਿ ਇਸ ਪ੍ਰੋਗਰਾਮ ਨੂੰ ਅਸੀਂ ਪੂਰੇ ਜ਼ਿਲ੍ਹਾ ਲੁਧਿਆਣਾ ਵਿੱਚ ਲਾਗੂ ਕਰਾਂਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ ਵੀ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਇਸ ਪ੍ਰੋਗਰਾਮ ਦੀ ਲੁਧਿਆਣਾ ਤੋਂ ਸ਼ੁਰੂਆਤ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਸਾਡੀ ਕੋਈ ਵੀ ਬੇਟੀ ਅਤੇ ਭੈਣ ਜੋ ਚਾਹੇਗੀ ਕਿ ਉਸਦੇ ਘਰ ਅੱਗੇ ਉਸ ਦੀ ਨੇਮ ਪਲੇਟ ਲਗਾ ਕੇ ਉਸ ਦੀਆਂ ਪ੍ਰਾਪਤ ਕੀਤੀਆਂ ਡਿਗਰੀਆਂ ਨੂੰ ਲਿਖਿਆ ਜਾਵੇ ਤਾਂ ਜ਼ਿਲ੍ਹਾ ਪ੍ਰਸ਼ਾਸਨ ਉਸ ਬੇਟੀ ਅਤੇ ਭੈਣ ਦੇ ਘਰ ਅੱਗੇ ਉਸ ਦੀਆਂ ਪ੍ਰਾਪਤ ਕੀਤੀਆਂ ਡਿਗਰੀਆਂ ਦੀ ਨੇਮ ਪਲੇਟ ਬਣਾ ਕੇ ਲਗਵਾਏਗਾ ਤਾਂ ਜੋ ਉਹ ਅੱਗੇ ਤੋਂ ਹੋਰ ਪੜ੍ਹਾਈ ਕਰਕੇ ਡਿਗਰੀਆਂ ਪ੍ਰਾਪਤ ਕਰ ਸਕਣ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਉਭਰਨ ਵਿੱਚ ਸਹਾਇਤਾ ਮਿਲ ਸਕੇ। ਉਨ੍ਹਾਂ ਕਿਹਾ ਕਿ ਇਹਨਾਂ ਨੇਮ ਪਲੇਟਾਂ ਨੂੰ ਦੇਖ ਕੇ ਸਾਡੀਆਂ ਹੋਰ ਬੇਟੀਆਂ ਅਤੇ ਭੈਣਾਂ ਵਿੱਚ ਵੀ ਉੱਚ ਯੋਗਤਾ ਦੀਆਂ ਡਿਗਰੀਆਂ ਹਾਸਲ ਕਰਨ ਦਾ ਉਤਸ਼ਾਹ ਵਧੇਗਾ। ਉਹਨਾਂ ਜ਼ਿਲ੍ਹਾ ਲੁਧਿਆਣਾ ਦੇ ਵਾਸੀਆਂ ਨੂੰ ਕਿਹਾ ਕਿ ਮੈਨੂੰ ਉਮੀਦ ਹੈ ਕਿ ਤੁਹਾਡੇ ਸਾਰਿਆਂ ਦੀ ਮਦਦ ਨਾਲ ਅਸੀਂ ਇਹਨਾਂ ਉੱਚ ਯੋਗਤਾ ਪ੍ਰਾਪਤ ਕਰਨ ਵਾਲੀਆਂ ਬੇਟੀਆਂ ਅਤੇ ਭੈਣਾਂ ਦੇ ਘਰਾਂ ਅੱਗੇ ਨੇਮ ਪਲੇਟਾਂ ਲਗਾਉਣ ਦੇ ਇਸ ਟੀਚੇ ਨੂੰ ਪੂਰਾ ਕਰ ਸਕਾਂਗੇ। ਇਸ ਨਾਲ ਸਾਡੀਆਂ ਬੇਟੀਆਂ ਅਤੇ ਭੈਣਾਂ ਬਹੁਤ ਸਫਲਤਾ ਪ੍ਰਾਪਤ ਕਰ ਸਕਣਗੀਆਂ। ਅੱਜ ਪਿੰਡ ਮਾਣਕਵਾਲ ਦੇ 'ਮੇਰੀ ਯੋਗਤਾ ਮੇਰੀ ਪਹਿਚਾਣ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਉੱਚ ਯੋਗਤਾ ਪ੍ਰਾਪਤ ਕਰਨ ਵਾਲੀਆਂ 11 ਮਹਿਲਾਵਾਂ ਦੇ ਘਰਾਂ ਅੱਗੇ ਉਨ੍ਹਾਂ ਦੇ ਨਾਮ ਸਮੇਤ ਪ੍ਰਾਪਤ ਉੱਚ ਯੋਗਤਾ ਲਿਖ ਕੇ ਨੇਮ ਪਲੇਟਾਂ ਲਗਾਈਆ ਗਈਆ ਹਨ ਉਨ੍ਹਾਂ ਵਿੱਚ ਪਰਮਿੰਦਰ ਕੌਰ ਪਤਨੀ ਕੁਲਵਿੰਦਰ ਸਿੰਘ, ਮਨਪ੍ਰੀਤ ਕੌਰ ਪਤਨੀ ਉਨਕਾਰ ਸਿੰਘ, ਪਰਮਿੰਦਰ ਕੌਰ ਪਤਨੀ ਸੰਦੀਪ ਸਿੰਘ, ਸੁਖਵੀਰ ਕੌਰ ਪਤਨੀ ਕੁਲਵਿੰਦਰ ਸਿੰਘ, ਮਨਦੀਪ ਕੌਰ ਪਤਨੀ ਜਗਜੀਤ ਸਿੰਘ, ਮਨਪ੍ਰੀਤ ਕੌਰ ਪਤਨੀ ਅਮਨਦੀਪ ਸਿੰਘ, ਕਿਰਨਦੀਪ ਕੌਰ ਪੁੱਤਰੀ ਸੁਰਜੀਤ ਸਿੰਘ, ਸਿਮਰਨਜੀਤ ਕੌਰ ਪੁੱਤਰੀ ਸਮਸ਼ੇਰ ਸਿੰਘ, ਪਲਵਿੰਦਰ ਕੌਰ ਪਤਨੀ ਅਮਨਦੀਪ ਸਿੰਘ, ਰਮਨਦੀਪ ਕੌਰ ਪੁੱਤਰੀ ਹਰੀ ਸਿੰਘ, ਲਖਬੀਰ ਕੌਰ ਪਤਨੀ ਚਰਨਜੀਤ ਸਿੰਘ ਦੇ ਨਾਮ ਸ਼ਾਮਿਲ ਹਨ।

# 29 ਮਾਰਚ ਨੂੰ ਆਰ.ਕੇ. ਆਰੀਆ ਕਾਲਜ ਵਿਖੇ ਲਗਾਇਆ ਜਾਵੇਗਾ ਕੈਂਪ: ਉਪ ਮੰਡਲ ਮੈਜਿਸਟਰੇਟ



ਨਵਾਂਸ਼ਹਿਰ, 25 ਮਾਰਚ:(ਸੁਖਦੇਵ ਸਿੰਘ ਉੜਾਪੜ) : ਨੇਤਰਹੀਣ ਦਿਵਿਯਾਂਗ ਵਿਅਕਤੀਆਂ ਦੇ ਦਸਤਾਵੇਜ ਬਣਾਉਣ ਲਈ ਆਰ.ਕੇ. ਆਰੀਆ ਕਾਲਜ ਰਾਹੋਂ ਰੋਡ ਨਵਾਂਸ਼ਹਿਰ ਵਿਖੇ 29 ਮਾਰਚ ਨੂੰ ਕੈਂਪ ਲਗਾਇਆ ਜਾਵੇਗਾ। ਇਹ ਜਾਣਕਾਰੀ ਉਪ ਮੰਡਲ ਮੈਜਿਸਟਰੇਟ ਅਨਮਜਯੋਤ ਕੌਰ ਨੇ ਕੈਂਪ ਦੇ ਅਗੇਤੇ ਪ੍ਰਬੰਧਾਂ ਲਈ ਜ਼ਿਲ੍ਹਾ ਅਧਿਕਾਰੀਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿੱਤੀ। ਉਪ ਮੰਡਲ ਮੈਜਿਸਟਰੇਟ ਅਨਮਜਯੋਤ ਕੌਰ ਨੇ ਦੱਸਿਆ ਕਿ 29 ਮਾਰਚ ਨੂੰ ਆਰ.ਕੇ ਆਰੀਆ ਕਾਲਜ, ਰਾਹੋਂ ਰੋਡ, ਨਵਾਂਸ਼ਹਿਰ ਵਿਖੇ ਸਵੇਰੇ 09:30 ਵਜੇ ਤੋਂ 02:30 ਵਜੇ ਤੱਕ ਕੈਂਪ ਲਗਾਇਆ ਜਾਵੇਗਾ। ਉਨ੍ਹਾਂ ਮੀਟਿੰਗ ਵਿੱਚ ਹਾਜ਼ਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਕੈਂਪ ਦੇ ਸਾਰੇ ਪ੍ਰਬੰਧ ਸਮੇਂ ਸਿਰ ਕਰਨ ਨੂੰ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਨੇਤਰਹੀਣ ਦਿਵਿਯਾਂਗ ਵਿਅਕਤੀਆਂ ਦੇ ਮੌਕੇ 'ਤੇ ਦਸਤਾਵੇਜ ਬਣਾਏ ਜਾਣਗੇ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਸਿਹਤ ਵਿਭਾਗ, ਸੇਵਾ ਕੇਂਦਰ, ਜ਼ਿਲ੍ਹਾ ਸਮਾਜਿਕ ਸੁਰੱਖਿਆ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਦਿਵਿਯਾਂਗ ਵਿਅਕਤੀਆਂ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਦੇ ਸਟਾਲ ਲਗਾਏ ਜਾਣਗੇ ਅਤੇ ਮੌਕੇ 'ਤੇ ਲੋੜੀਂਦੇ ਦਸਤਾਵੇਜ਼ ਬਣਾਏ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਢੁੱਕਵੇਂ ਪ੍ਰਬੰਧ ਨਿਰਧਾਰਤ ਸਮੇਂ ਵਿੱਚ ਮੁਕੰਮਲ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਦਿਵਿਯਾਂਗ ਵਿਅਕਤੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ।

# ਲੋਕਾਂ ਦੇ ਹੱਕਾਂ ਲਈ ਕਾਂਗਰਸ ਪਾਰਟੀ ਦਾ ਸੰਘਰਸ਼ ਜਾਰੀ ਰਹੇਗਾ: ਕੁਲਜੀਤ ਸਿੰਘ ਨਾਗਰਾ:

## ਪਿੰਡ ਹਰੀਪੁਰ ਵਿਖੇ ਕੁਲਜੀਤ ਸਿੰਘ ਨਾਗਰਾ ਦੀ ਮੀਟਿੰਗ,ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਦਾ ਸੱਦਾ



ਫ਼ਤਿਹਗੜ੍ਹ ਸਾਹਿਬ, 25 ਮਾਰਚ (ਨਰਿੰਦਰ ਸਿੰਘ):ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਬਲਾਕ ਖੇੜਾ ਦੇ ਪਿੰਡ ਹਰੀਪੁਰ ਵਿਖੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨਾਲ ਇਕ ਮਹੱਤਵਪੂਰਨ ਮੀਟਿੰਗ ਦੌਰਾਨ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਪਾਰਟੀ ਦੀਆਂ ਨੀਤੀਆਂ ਨੂੰ ਜ਼ਮੀਨੀ ਪੱਧਰ ਤੱਕ ਮਜ਼ਬੂਤ ਕਰਨ ਅਤੇ ਲੋਕਾਂ ਨਾਲ ਸੰਪਰਕ ਵਧਾਉਣ 'ਤੇ ਜ਼ੋਰ ਦਿੱਤਾ।ਮੀਟਿੰਗ ਦੌਰਾਨ ਸ:ਨਾਗਰਾ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਆਮ ਲੋਕਾਂ ਦੇ ਹੱਕਾਂ ਲਈ ਖੜ੍ਹੀ ਰਹੀ ਹੈ ਅਤੇ ਭਵਿੱਖ ਵਿੱਚ ਵੀ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਸੰਘਰਸ਼ ਕਰਦੀ ਰਹੇਗੀ। ਉਨ੍ਹਾਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਉੱਪਰਲੇ ਪੱਧਰ ਤੱਕ ਪਹੁੰਚਾਉਣ।ਉਨ੍ਹਾਂ ਨੇ ਮੌਜੂਦਾ ਸਰਕਾਰ ਦੀਆਂ ਨੀਤੀਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਆਮ ਜਨਤਾ ਮਹਿੰਗਾਈ, ਬੇਰੁਜ਼ਗਾਰੀ ਅਤੇ ਬੁਨਿਆਦੀ ਸਹੂਲਤਾਂ ਦੀ ਘਾਟ ਨਾਲ ਜੂਝ ਰਹੀ ਹੈ, ਪਰ ਸਰਕਾਰ ਲੋਕਾਂ ਦੀਆਂ ਮੁੱਖ ਸਮੱਸਿਆਵਾਂ ਤੋਂ ਧਿਆਨ ਹਟਾ ਰਹੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੀ ਆਵਾਜ਼ ਬਣਕੇ ਉਨ੍ਹਾਂ ਦੇ ਹੱਕਾਂ ਲਈ ਲੜਦੀ ਆਈ ਹੈ ਅਤੇ ਅੱਗੇ ਵੀ ਇਹ ਸੰਘਰਸ਼ ਜਾਰੀ ਰਹੇਗਾ।ਉਨ੍ਹਾਂ ਨੇ ਕਿਹਾ ਕਿ ਕਾਂਗਰਸ ਸਰਕਾਰ ਦੇ ਦੌਰਾਨ ਸ਼ੁਰੂ ਕੀਤੇ ਗਏ ਵਿਕਾਸ ਕਾਰਜਾਂ ਨੂੰ ਮੌਜੂਦਾ ਸਰਕਾਰ ਨੇ ਅਣਦੇਖਾ ਕੀਤਾ ਹੈ, ਜਿਸ ਕਾਰਨ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕੁਲਜੀਤ ਸਿੰਘ ਨਾਗਰਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਨਾਲ ਵਰਕਰਾਂ ਵਿੱਚ ਨਵੀਂ ਊਰਜਾ ਪੈਦਾ ਹੁੰਦੀ ਹੈ ਅਤੇ ਪਾਰਟੀ ਹੋਰ ਮਜ਼ਬੂਤ ਬਣਦੀ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਉਹ ਹਲਕੇ ਦੇ ਹਰ ਵਰਗ ਦੇ ਲੋਕਾਂ ਨਾਲ ਖੜ੍ਹੇ ਰਹਿਣਗੇ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਉਪਲਬਧ ਰਹਿਣਗੇ।ਇਸ ਮੌਕੇ ਮਾਸਟਰ ਰਵਿੰਦਰ ਸਿੰਘ ਹਰੀਪੁਰ, ਸਾਬਕਾ ਸਰਪੰਚ ਗੁਰਵਰਿੰਦਰ ਸਿੰਘ ਭਗੜਾਣਾ, ਸਾਬਕਾ ਸਰਪੰਚ ਦਵਿੰਦਰ ਸਿੰਘ ਜੱਲਾ, ਮਨਦੀਪ ਸਿੰਘ ਖੇੜਾ, ਕੁਲਵੀਰ ਭੰਗੂ, ਹਰਦੀਪ ਸਿੰਘ ਤਿੰਬਰਪੁਰ, ਸੁਖਵੀਰ ਸਿੰਘ,ਇੰਦਰਜੀਤ ਸਿੰਘ ਸਿੱਧੜਾ,ਸੋਨੀ ਚੋਲਟੀ ਖੇੜੀ,ਹਰਬੰਸ ਸਿੰਘ,ਰਣਧੀਰ ਸਿੰਘ, ਨਰਿੰਦਰ ਸਿੰਘ ਸਾਬਕਾ ਸਰਪੰਚ, ਪ੍ਰਗਟ ਸਿੰਘ ਸਾਬਕਾ ਸਰਪੰਚ,ਮਾਸਟਰ ਰਵਿੰਦਰ ਸਿੰਘ ਹਰੀਪੁਰ,ਸਾਬਕਾ ਸਰਪੰਚ ਗੁਰਵਰਿੰਦਰ ਸਿੰਘ ਭਗੜਾਣਾ,ਸਾਬਕਾ ਸਰਪੰਚ ਦਵਿੰਦਰ ਸਿੰਘ ਜੱਲਾ,ਮਨਦੀਪ ਸਿੰਘ ਖੇੜਾ,ਕੁਲਵੀਰ ਭੰਗੂ, ਹਰਦੀਪ ਸਿੰਘ ਤਿੰਬਰਪੁਰ,ਸੁਖਵੀਰ ਸਿੰਘ,ਇੰਦਰਜੀਤ ਸਿੰਘ ਸਿੱਧੜਾ,ਸੋਨੀਪਰਵਿੰਦਰ ਸਿੰਘ,ਰਮਨਦੀਪ ਸਿੰਘ,ਮੇਵਾ ਸਿੰਘ ਬਰਾਸ, ਲਾਡੀ ਬਰਾਸ ਤੇ ਹੋਰ ਪਤਵੰਤੇ ਹਾਜ਼ਰ ਸਨ।

# ਹਰਿਆਣਾ ਕਾਲਜ ਦੇ ਐਮ.ਏ ਪੰਜਾਬੀ ਦਾ ਨਤੀਜਾ ਰਿਹਾ ਸ਼ਾਨਦਾਰ



ਹਰਿਆਣਾ, 25 ਮਾਰਚ (ਚੰਦਰ ਪ੍ਰਕਾਸ਼): ਜੀ.ਜੀ.ਡੀ.ਐਸ.ਡੀ ਕਾਲਜ ਹਰਿਆਣਾ ਦੀਆਂ ਵਿਦਿਆਰਥਣਾਂ ਨੇ ਐਮ.ਏ ਪੰਜਾਬੀ ਸਮੈਸਟਰ ਪਹਿਲੇ ਅਤੇ ਤੀਸਰੇ ਦੇ ਨਤੀਜੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਐਮ.ਏ ਪੰਜਾਬੀ ਸਮੈਸਟਰ ਪਹਿਲੇ ਦੇ ਨਤੀਜੇ ਵਿੱਚ ਸਿਮਰਨਜੀਤ ਕੌਰ ਨੇ 273 ਅੰਕ ਹਾਸਿਲ ਕਰਕੇ ਪਹਿਲਾ ਸਥਾਨ, ਕਰਿਸ਼ਮਾ ਨੇ 254 ਅੰਕ ਹਾਸਿਲ ਕਰਕੇ ਦੂਸਰਾ ਸਥਾਨ ਅਤੇ ਮਨੀਸ਼ਾ ਕੁਮਾਰੀ ਨੇ 235 ਅੰਕ ਹਾਸਿਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਐਮ.ਏ ਪੰਜਾਬੀ ਸਮੈਸਟਰ ਤੀਸਰੇ ਦੇ ਨਤੀਜੇ ਵਿੱਚ ਜਸਵਿੰਦਰ ਕੌਰ ਨੇ 280 ਅੰਕ ਹਾਸਿਲ ਕਰਕੇ ਪਹਿਲਾ ਸਥਾਨ, ਪੂਜਾ ਰਾਣੀ ਨੇ 258 ਅੰਕ ਹਾਸਿਲ ਕਰਕੇ ਦੂਸਰਾ ਸਥਾਨ ਅਤੇ ਰਾਜਦੀਪ ਕੌਰ ਨੇ 248 ਅੰਕ ਹਾਸਿਲ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਨੇ ਅੱਵਲ ਆਈਆਂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਅੱਗੇ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਉੱਤੇ ਕਾਲਜ ਕਮੇਟੀ ਦੇ ਪ੍ਰਧਾਨ ਡਾ. ਦੇਸ਼ ਬੰਧੂ ਜੀ ਅਤੇ ਸਕੱਤਰ ਡਾ. ਗੁਰਦੀਪ ਕੁਮਾਰ ਸ਼ਰਮਾ ਜੀ ਨੇ ਪੰਜਾਬੀ ਵਿਭਾਗ ਦੇ ਅਧਿਆਪਕਾਂ ਡਾ. ਹਰਵਿੰਦਰ ਕੌਰ, ਪ੍ਰੋ: ਅਮਨਜੀਤ ਕੌਰ ਅਤੇ ਅੱਵਲ ਆਈਆਂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਉਹ ਅੱਗੇ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਆਪਣਾ, ਆਪਣੇ ਮਾਪਿਆਂ ਅਤੇ ਕਾਲਜ ਦਾ ਨਾਮ ਰੋਸ਼ਨ ਕਰਨ।

# ਟੀ.ਬੀ.ਰੋਗ ਪੂਰੀ ਤਰ੍ਹਾਂ ਇਲਾਜ ਯੋਗ ਹੈ : ਐਸ.ਐਮ.ਓ.ਡਾ.ਸੁਦੇਸ਼ ਰਾਜਨ



ਗੜ੍ਹਦੀਵਾਲਾ, 25 ਮਾਰਚ (ਗੌਰਵ) : ਮੈਡੀਕਲ ਅਫਸਰ ਡਾ. ਸੁਦੇਸ਼ ਰਾਜਨ ਮੈਡੀਕਲ ਸਪੈਸ਼ਲਿਸਟ ਜੀ ਦੀ ਅਗਵਾਈ ਹੇਠ ਸੀ.ਐਚ.ਸੀ. ਵਿਖੇ ਟੀ.ਬੀ. ਮੁਕਤ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਸੁਦੇਸ਼ ਰਾਜਨ ਜੀ ਨੇ ਆਏ ਹੋਏ ਲੋਕਾਂ ਨੂੰ ਟੀ.ਬੀ. ਰੋਗ ਦੇ ਬਾਰੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਦੋ ਹਫਤੇ ਤੋਂ ਜ਼ਿਆਦਾ ਖਾਂਸੀ, ਬੁਖਾਰ, ਰਾਤ ਨੂੰ ਪਸੀਨਾ ਆਉਣਾ, ਭੁੱਖ ਘੱਟ ਲੱਗਣਾ ਅਤੇ ਵਜਨ ਘਟਣਾ ਟੀ.ਬੀ. ਰੋਗ ਦੇ ਲਛਣ ਹਨ। ਜੇਕਰ ਇਸ ਤਰਾਂ ਦੇ ਲਛਣ ਹੋਣ ਤਾਂ ਮਰੀਜ਼ ਨੂੰ ਨਜ਼ਦੀਕ ਦੇ ਸਰਕਾਰੀ ਸਿਹਤ ਕੇਂਦਰ ਵਿੱਚ ਇਲਾਜ਼ ਲਈ ਜਾਣਾ ਚਾਹੀਦਾ ਹੈ ਅਤੇ ਆਪਣੀ ਜਾਂਚ ਕਰਵਾਉਣੀ ਚਾਹੀਦੀ ਹੈ । ਮਰੀਜ਼ ਦੀ ਜਾਂਚ ਅਤੇ ਇਲਾਜ਼ ਸਿਹਤ ਕੇਂਦਰਾਂ ਵਿੱਚ ਬਿਲਕੁੱਲ ਮੁਫਤ ਕੀਤਾ ਜਾਂਦਾ ਹੈ ਮਰੀਜ਼ ਨੂੰ ਮੁਫਤ ਦਵਾਈ ਸ਼ੁਰੂ ਹੋਣ ਦੇ ਨਾਲ ਨਾਲ ਰੋਗੀ ਨੂੰ ਚੰਗੀ ਖੁਰਾਕ ਦੇ ਲਈ ਸਰਕਾਰ ਕੋਲੋਂ ਉਸਦੇ ਬੈਂਕ ਦੇ ਖਾਤੇ ਵਿੱਚ ਪੰਜ ਸੌ ਰੁਪਏ ਪ੍ਰਤੀ ਮਹੀਨਾ ਪਾਇਆ ਜਾਂਦਾ ਹੈ । ਉਹਨਾਂ ਲੋਕਾਂ ਨੂੰ ਦੱਸਿਆ ਕਿ ਬਲਗਮ ਦੀ ਜਾਂਚ ਇਕ ਆਧੁਨਿਕ ਮਸ਼ੀਨ ਸੀ.ਬੀ. ਨੈਟ ਦੁਆਰਾ ਜ਼ਿਲ੍ਹਾ ਹਸਪਤਾਲ ਵਿੱਚ ਮੁਫਤ ਕੀਤੀ ਜਾਦੀ ਹੈ।ਟੀ.ਬੀ. ਰੋਗ ਪੂਰੀ ਤਰਾਂ ਨਾਲ ਇਲਾਜ ਦੇ ਯੋਗ ਹੈ ਟੀ.ਬੀ. ਦਾ ਕੋਰਸ ਪੂਰਾ ਕਰਨ 'ਤੇ ਰੋਗ ਪੂਰੀ ਤਰਾਂ ਨਾਲ ਠੀਕ ਹੋ ਜਾਂਦਾ ਹੈ। ਜੇਕਰ ਕਿਸੇ ਵਿਅਕਤੀ ਨੂੰ ਟੀ.ਬੀ. ਦੇ ਲਛਣ ਹੋਣ ਤਾਂ ਤੁਰੰਤ ਆਪਣੀ ਜਾਂਚ ਤੇ ਇਲਾਜ ਲਈ ਸਰਕਾਰੀ ਸਿਹਤ ਸੰਸਥਾਂ ਵਿਚ ਜਾ ਕੇ ਇਲਾਜ ਕਰਵਾਉਣਾ ਚਾਹੀਦਾ ਹੈ।

# ਖ਼ਾਲਸਾ ਕਾਲਜ ਵਿਖੇ ਐਗਰੀ ਫੈਸਟ-2026 ਕਰਵਾਇਆ




ਅੰਮ੍ਰਿਤਸਰ, 25 ਮਾਰਚ (ਗੁਰਦਿਆਲ ਸਿੰਘ): ਖ਼ਾਲਸਾ ਕਾਲਜ ਦੇ ਖੇਤੀਬਾੜੀ ਵਿਭਾਗ ਅਤੇ ਖੇਤੀਬਾੜੀ ਸੁਸਾਇਟੀ ਵੱਲੋਂ ਐਗਰੀ ਫੈਸਟ-2026 ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਉਲੀਕੇ ਗਏ 5 ਰੋਜ਼ਾ ਉਕਤ ਪ੍ਰੋਗਰਾਮ ਦੌਰਾਨ ਦੋ ਦਿਨਾਂ ਸਪੋਰਟਸ ਮੀਟ ਅਤੇ ਕਲਚਰਲ ਕਮ ਐਲੂਮਨੀ ਮੀਟ ਵੀ ਕਰਵਾਈ ਗਈ। ਇਸ ਪ੍ਰੋਗਰਾਮ 'ਚ ਮੁੱਖ ਮਹਿਮਾਨ ਵਜੋਂ ਹਾਜ਼ਰ ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦੌਰਾਨ ਐਗਰੀਕਲਚਰ ਦੇ ਬੀ. ਐੱਸਸੀ (ਆਨਰਜ਼) ਅਤੇ ਐੱਮ. ਐਸਸੀ ਦੇ ਵਿਦਿਆਰਥੀਆਂ ਦਰਮਿਆਨ ਅੰਤਰ ਕਲਾਸ ਮੁਕਾਬਲੇ ਕਰਵਾਏ ਗਏ। ਜਿਸ 'ਚ ਕ੍ਰਿਕਟ, ਫੁੱਟਬਾਲ, ਟਗ ਆਫ ਵਾਰ, ਖੋ-ਖੋ, ਸ਼ਤਰੰਜ ਅਤੇ ਕੁਇੱਜ਼ ਵਰਗੀਆਂ ਇਨਡੋਰ ਪ੍ਰਤੀਯੋਗਤਾ ਵਰਗੇ ਵੱਖ-ਵੱਖ ਬਾਹਰੀ ਪ੍ਰੋਗਰਾਮ ਸ਼ਾਮਿਲ ਕੀਤੇ ਗਏ। ਇਸ ਮੌਕੇ ਉਨ੍ਹਾਂ ਐਲੂਮਨੀ ਐਸੋਸੀਏਸ਼ਨ ਦੇ ਸਮਰਥਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਕਤ ਪ੍ਰੋਗਰਾਮ ਦੌਰਾਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਤੋਂ ਸੇਵਾਮੁਕਤ ਖੋਜ ਡਾਇਰੈਕਟਰ ਡਾ. ਨਵਤੇਜ ਸਿੰਘ ਬੈਂਸ ਵੱਲੋਂ 'ਪੰਜਾਬ ਖੇਤੀਬਾੜੀ ਲਈ ਜਲਵਾਯੂ ਪਰਿਵਰਤਨ ਮੁੱਦੇ ਅਤੇ ਰਣਨੀਤੀ' ਵਿਸ਼ੇ 'ਤੇ ਵਿਸ਼ੇਸ਼ ਭਾਸ਼ਣ ਵੀ ਆਯੋਜਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਉਕਤ ਸਮਾਗਮ ਦਾ ਆਯੋਜਨ ਵਿਭਾਗ ਮੁੱਖੀ ਡਾ. ਗੁਰਬਖਸ਼ ਸਿੰਘ, ਡਾ. ਕੰਵਲਜੀਤ ਸਿੰਘ, ਡਾ. ਅਮਰਜੀਤ ਕੌਰ, ਡਾ. ਲਵਲੀਨ ਕੌਰ, ਡਾ. ਨਵਜੋਤ ਸਿੰਘ ਢਿੱਲੋਂ, ਡਾ. ਪ੍ਰਿਯੰਕਾ ਸ਼ਰਮਾ, ਗੁਰਕੀਰਤ ਸਿੰਘ ਅਤੇ ਹੋਰ ਸਟਾਫ ਦੁਆਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੱਭਿਆਚਾਰਕ ਪ੍ਰੋਗਰਾਮ ਤੋਂ ਬਾਅਦ ਐਸੋਸੀਏਸ਼ਨ ਆਫ਼ ਐਗਰੀਕਲਚਰ ਗ੍ਰੈਜੂਏਟਸ (ਏ.ਏ.ਜੀ. ਕੇ. ਸੀ. ਏ. 1960-70) ਦੁਆਰਾ ਸਕਾਲਰਸ਼ਿਪਾਂ ਦੀ ਵੰਡ ਅਤੇ ਇਨਾਮ ਤਕਸੀਮ ਕੀਤੇ ਗਏ। ਉਨ੍ਹਾਂ ਕਿਹਾ ਕਿ ਇਸ ਮੌਕੇ ਉਕਤ ਐਸੋਸੀਏਸ਼ਨ ਨੇ 10 ਖੇਤੀਬਾੜੀ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਪ੍ਰਦਾਨ ਕੀਤੀ। ਉਨ੍ਹਾਂ ਕਿਹਾ ਕਿ ਐਗਰੀਕਲਰ ਦੇ ਬੀ.ਐੱਸਸੀ (ਆਨਰਜ਼) ਅਤੇ ਐੱਮ.ਐੱਸਸੀ ਸੈਸ਼ਨ 2024-25 ਲਈ ਟਾਪਰ ਨੂੰ ਮਹਾਨ ਆਈਕਨ ਬਿਸ਼ਨ ਸਿੰਘ ਸਮੁੰਦਰੀ ਦੇ ਨਾਮ 'ਤੇ 2 ਸੋਨੇ ਦੇ ਤਗਮੇ ਪ੍ਰਦਾਨ ਕੀਤੇ ਗਏ।

# ਪੰਜਾਬ ਯੂਨੀਵਰਸਿਟੀ ਦਾ ਸਾਲਾਨਾ ਖੇਡ ਪੁਰਸਕਾਰ ਵੰਡ ਸਮਾਰੋਹ ਜਿਮਨੇਜ਼ਿਅਮ ਹਾਲ ਵਿੱਚ ਹੋਇਆ



ਚੰਡੀਗੜ੍ਹ , 25 ਮਾਰਚ (ਹਰਦੀਪ ਕੌਰ) :ਪੰਜਾਬ ਯੂਨੀਵਰਸਿਟੀ ਖੇਡ ਮੁਕਾਬਲੇ 2025-2026 ਵਿੱਚ ਜੀਸੀਈ ਸੈਕਟਰ 20-ਡੀ ਚੰਡੀਗੜ੍ਹ ਨੇ ਸੀ ਡਿਵਿਜ਼ਨ ਵਿੱਚ ਪੁਰਸ਼ ਅਤੇ ਮਹਿਲਾ ਵਰਗਾਂ ਵਿੱਚ ਕੁੱਲ ਚੈਂਪੀਅਨ ਬਣ ਕੇ ਹਰ ਵਰਗ ਲਈ 51,000 ਨਕਦ ਇਨਾਮ ਹਾਸਲ ਕੀਤਾ। ਪੰਜਾਬ ਯੂਨੀਵਰਸਿਟੀ ਦਾ ਸਾਲਾਨਾ ਖੇਡ ਪੁਰਸਕਾਰ ਵੰਡ ਸਮਾਰੋਹ 2025-2026 25 ਮਾਰਚ 2026 ਨੂੰ ਯੂਨੀਵਰਸਿਟੀ ਦੇ ਜਿਮਨੇਜ਼ਿਅਮ ਹਾਲ ਵਿੱਚ ਬੜੇ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ।ਗਵਰਨਮੈਂਟ ਕਾਲਜ ਆਫ ਐਜੂਕੇਸ਼ਨ (ਜੀਸੀਈ), ਸੈਕਟਰ 20-ਡੀ, ਚੰਡੀਗੜ੍ਹ ਨੇ ਸੀ ਡਿਵਿਜ਼ਨ ਸ਼੍ਰੇਣੀ ਵਿੱਚ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੁਰਸ਼ ਅਤੇ ਮਹਿਲਾ ਦੋਵੇਂ ਵਰਗਾਂ ਵਿੱਚ ਸ੍ਰੇਸ਼ਠ ਸਥਾਨ ਹਾਸਲ ਕੀਤਾ। ਪੁਰਸ਼ ਵਰਗ ਵਿੱਚ ਕਾਲਜ ਨੇ ਚੈੱਸ, ਖੋ-ਖੋ ਅਤੇ ਐਥਲੈਟਿਕਸ ਵਿੱਚ ਜੇਤੂ ਟ੍ਰਾਫੀਆਂ ਜਿੱਤੀਆਂ, ਜੋ ਖਿਡਾਰੀਆਂ ਦੀ ਮਿਹਨਤ, ਟੀਮ ਭਾਵਨਾ ਅਤੇ ਲਗਨ ਦਾ ਪ੍ਰਤੀਕ ਹੈ।ਮਹਿਲਾ ਵਰਗ ਵਿੱਚ ਜੀਸੀਈ 20-ਡੀ ਨੇ ਆਪਣਾ ਵਧੀਆ ਪ੍ਰਦਰਸ਼ਨ ਜਾਰੀ ਰੱਖਦਿਆਂ ਬਾਸਕਟਬਾਲ, ਬੈਡਮਿੰਟਨ ਅਤੇ ਐਥਲੈਟਿਕਸ ਵਿੱਚ ਜੇਤੂ ਟ੍ਰਾਫੀਆਂ ਹਾਸਲ ਕਰਕੇ ਆਪਣੀ ਬੜ੍ਹਤਗੀ ਸਾਬਤ ਕੀਤੀ।ਇਸ ਸ਼ਾਨਦਾਰ ਉਪਲਬਧੀ ਨੂੰ ਹੋਰ ਮਾਣ ਮਿਲਿਆ, ਜਦੋਂ ਜੀਸੀਈ ਸੈਕਟਰ 20-ਡੀ ਚੰਡੀਗੜ੍ਹ ਨੇ ਸੀ ਡਿਵੀਜ਼ਨ ਵਿੱਚ ਪੁਰਸ਼ ਅਤੇ ਮਹਿਲਾ ਦੋਵੇਂ ਵਰਗਾਂ ਵਿੱਚ ਕੁੱਲ ਜੇਤੂ ਟ੍ਰਾਫੀ ਆਪਣੇ ਨਾਮ ਕੀਤੀ — ਜੋ ਸੰਸਥਾ ਦੀ ਲਗਾਤਾਰ ਕਾਮਯਾਬੀ ਅਤੇ ਖੇਡਾਂ ਵਿੱਚ ਉਤਕ੍ਰਿਸ਼ਟਤਾ ਦਾ ਪ੍ਰਮਾਣ ਹੈ।ਇਹ ਕਾਮਯਾਬੀ ਸ਼ਰੀਰਿਕ ਸਿੱਖਿਆ ਦੀ ਐਸੋਸੀਏਟ ਪ੍ਰੋਫੈਸਰ ਡਾ. ਨੀਲਮ ਪੌਲ ਦੇ ਯੋਗ ਮਾਰਗਦਰਸ਼ਨ ਹੇਠ ਸੰਭਵ ਹੋਈ, ਜਿਨ੍ਹਾਂ ਦੀ ਪ੍ਰੇਰਣਾ ਅਤੇ ਸਹਿਯੋਗ ਨੇ ਖਿਡਾਰੀਆਂ ਨੂੰ ਉੱਚ ਪ੍ਰਦਰਸ਼ਨ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਡਾ. ਸਪਨਾ ਨੰਦਾ ਨੇ ਵਿਦਿਆਰਥੀਆਂ ਅਤੇ ਸਟਾਫ ਦੀਆਂ ਉਪਲਬਧੀਆਂ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਦੀ ਸਰਾਹਨਾ ਕੀਤੀ। ਉਨ੍ਹਾਂ ਨੇ ਪੂਰੀ ਟੀਮ ਨੂੰ ਸੰਸਥਾ ਦਾ ਨਾਮ ਰੌਸ਼ਨ ਕਰਨ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਉਤਕ੍ਰਿਸ਼ਟ ਪ੍ਰਦਰਸ਼ਨ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।ਉਤਕ੍ਰਿਸ਼ਟ ਪ੍ਰਦਰਸ਼ਨ ਲਈ ਕਾਲਜ ਨੂੰ ਪੁਰਸ਼ ਅਤੇ ਮਹਿਲਾ ਦੋਵੇਂ ਵਰਗਾਂ ਵਿੱਚ 51,000-51,000 ਦੀ ਨਕਦ ਰਕਮ ਨਾਲ ਵੀ ਸਨਮਾਨਿਤ ਕੀਤਾ ਗਿਆ।ਇਹ ਮੌਕਾ ਜੀਸੀਈ 20-ਡੀ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਖੇਡ ਕੋਆਰਡੀਨੇਟਰਾਂ ਲਈ ਬਹੁਤ ਮਾਣ ਵਾਲਾ ਰਿਹਾ, ਜਿਨ੍ਹਾਂ ਦੀ ਸਾਂਝੀ ਮਿਹਨਤ ਨਾਲ ਸੰਸਥਾ ਨੇ ਇਹ ਉਪਲਬਧੀ ਹਾਸਲ ਕੀਤੀ।

# ਕਿਸਾਨ ਉਡੀਕ ਰਹੇ ਹਨ ਗੰਨੇ ਦੀ ਫ਼ਸਲ ਦੇ ਬਕਾਇਆ ਰਾਸ਼ੀ :ਸਮਰਾ, ਸੋਹੀਆ



ਗੜ੍ਹਦੀਵਾਲਾ, 25 ਮਾਰਚ (ਗੌਰਵ): ਸ਼ੂਗਰ ਮਿੱਲਾਂ ਵੱਲੋਂ ਇਸ ਸੀਜ਼ਨ ਗੰਨੇ ਦੀ ਪਿੜਾਈ ਤਕਰੀਬਨ ਖ਼ਤਮ ਹੋਣ ਦੇ ਕਿਨਾਰੇ 'ਤੇ ਹੈ, ਪਰ ਹੁਣ ਤੱਕ ਵੀ ਸਰਕਾਰ ਵੱਲੋਂ ਕਿਸਾਨਾਂ ਦੀ ਬਕਾਇਆ ਰਾਸ਼ੀ 68.50ਪੈਸੇ ਦੀ ਅਦਾਇਗੀ ਸਰਕਾਰ ਵੱਲੋਂ ਸ਼ੁਰੂ ਨਹੀਂ ਕੀਤੀ ਗਈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਦੋਆਬਾ ਕਮੇਟੀ ਪੰਜਾਬ ਦੇ ਸਰਕਲ ਪ੍ਰਧਾਨ ਨੰਬਰਦਾਰ ਪਰਮਿੰਦਰ ਸਿੰਘ ਸਮਰਾ ਅਤੇ ਚੇਅਰਮੈਨ ਬਲਵੀਰ ਸਿੰਘ ਸੋਹੀਆ ਵੱਲੋਂ ਪ੍ਰੈੱਸ ਨਾਲ ਕੀਤਾ ਗਿਆ। ਉਹਨਾਂ ਵੱਲੋਂ ਦੱਸਿਆ ਗਿਆ ਕਿ ਪਿਛਲੇ ਸੀਜ਼ਨ ਦੌਰਾਨ ਵੀ ਦੋਆਬਾ ਕਿਸਾਨ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਵੱਲੋਂ ਲਗਾਤਾਰ ਸਰਕਾਰ 'ਤੇ ਦਬਾਅ ਪਾ ਕੇ ਅਦਾਇਗੀ ਕਰਵਾਈ ਗਈ ਸੀ। ਉਹਨਾਂ ਕਿਹਾ ਸਮੂਹ ਕਿਸਾਨ ਭਾਈਚਾਰਾ ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਦੁੱਖੀ ਹੈ। ਉਨ੍ਹਾਂ ਨੇ ਕਿਹਾ ਕਿ ਬਹੁਤ ਦੁੱਖ ਦੀ ਗੱਲ ਹੈ ਕਿ ਸਾਨੂੰ ਸਾਡੀ ਵੇਚੀ ਹੋਈ ਫ਼ਸਲ ਦੀ ਅਦਾਇਗੀ ਲਈ ਸੰਘਰਸ਼ ਕਰਨੇ ਪੈ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਮਾਲਵੇ ਵਿੱਚ ਨਰਮੇ ਦੀਆਂ ਮਿੱਲਾਂ ਬੰਦ ਹੋ ਚੁੱਕੀਆਂ ਹਨ ਜਿਸ ਨਾਲ ਕਿਸਾਨਾਂ ਦਾ ਬਹੁਤ ਨੁਕਸਾਨ ਹੋਇਆ ਹੈ ।ਇੱਕ ਸੂਈ, ਪੈਨਸਿਲ ਬਣਾਉਣ ਵਾਲਾ ਵੀ ਉਸ ਦੀ ਕੀਮਤ ਖੁਦ ਤੈਅ ਕਰਦਾ ਹੈ ਅਤੇ ਵੇਚਣ ਉਪਰੰਤ ਤੁਰੰਤ ਅਦਾਇਗੀ ਦੀ ਆਸ ਰੱਖਦਾ ਹੈ ਅਤੇ ਦੂਜੇ ਪਾਸੇ ਕਿਸਾਨ ਸਾਰਾ ਸਾਲ ਕੁਦਰਤ ਦੀ ਮਾਰ ਨੂੰ ਵੀ ਝੱਲ ਕੇ ਫ਼ਸਲ ਤਿਆਰ ਕਰਦਾ ਹੈ ਜਿਸ ਦੀ ਕੀਮਤ ਵੀ ਸਮੇਂ ਦੀਆਂ ਸਰਕਾਰਾਂ ਵੱਲੋਂ ਤੈਅ ਕੀਤੀ ਜਾਂਦੀ ਹੈ ਅਤੇ ਫਿਰ ਉਸਦੀ ਅਦਾਇਗੀ ਲਈ ਸੰਘਰਸ਼ ਕਰਨੇ ਪੈਂਦੇ ਹਨ। ਵੱਧਦੀ ਮਹਿਗਾਈ ਸਮੇਂ ਆਪਣੀ ਹੀ ਫ਼ਸਲ ਦੇ ਪੈਸੇ ਨਾ ਮਿਲਣ ਕਾਰਨ ਉਸ ਨੂੰ ਮਜਬੂਰਨ ਲੇਬਰ ਨੂੰ ਪੈਸੇ ਦੇਣ, ਅਗਲੀ ਫਸਲ ਦੀ ਬਿਜਾਈ ਲਈ ਅਤੇ ਆਪਣੇ ਪਰਿਵਾਰ ਦੀਆਂ ਲੋੜਾਂ ਪੂਰੀਆਂ ਕਰਨ ਲਈ ਕਰਜ਼ਾ ਚੁੱਕਣਾ ਪੈਂਦਾ ਹੈ ਅਤੇ ਇਹ ਹੀ ਹਾਲਾਤ ਉਸ ਦੀ ਤਾਣੀ ਉਲਝਾ ਦਿੰਦੇ ਹਨ।ਉਹਨਾਂ ਕਿਹਾ ਕਿ ਦੋਆਬਾ ਕਿਸਾਨ ਕਮੇਟੀ ਪੰਜਾਬ ਵੱਲੋਂ ਪੰਜਾਬ ਸਰਕਾਰ ਨੂੰ ਅਪੀਲ ਹੈ ਕਿ ਉਹ ਕਿਸਾਨਾਂ ਦੀ ਬਕਾਇਆ ਰਾਸ਼ੀ ਜਲਦ ਤੋਂ ਜਲਦ ਉਨ੍ਹਾਂ ਦੇ ਖਾਤਿਆਂ ਵਿੱਚ ਪਾਵੇ ਨਹੀਂ ਤਾਂ ਮਜਬੂਰਨ ਸਾਨੂੰ ਸੰਘਰਸ਼ ਦਾ ਰਸਤਾ ਅਪਣਾਉਣਾ ਪਵੇਗਾ। ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਹਰ ਇੱਕ ਦੁੱਖ ਸੁੱਖ ਦੇ ਸਾਥੀ ਹਨ ਰਛਪਾਲ ਸਿੰਘ



ਮੋਗਾ, 25 ਮਾਰਚ (ਨਿਸ਼ੀ ਮਨਚੰਦਾ): ਪੰਜਾਬ ਵਿੱਚ ਚੱਲਦੇ ਚੁਣਾਵੀ ਮਾਹੌਲ ਦੇ ਚੱਲਦਿਆਂ ਜਿੱਥੇ ਸੱਤਾਧਾਰੀ ਸਮੇਤ ਹੋਰ ਵਿਰੋਧੀ ਧਿਰਾਂ ਨੇ ਅਗਾਮੀ ਵਿਧਾਨ ਸਭਾ ਦੀਆਂ 2027 ਵਿਚ ਹੋਣ ਵਾਲੀਆਂ ਚੋਣਾਂ ਨੂੰ ਲੈ ਕੇ ਸਰਗਰਮੀਆਂ ਵਿੱਢ ਦਿੱਤੀਆਂ ਹਨ, ਉੱਥੇ ਹੀ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਲੰਘੀ 8 ਮਾਰਚ ਨੂੰ ਹਲਕੇ ਵਿਚ ਸਰਗਰਮੀ ਨਾਲ ਵਿਚਰ ਰਹੇ ਨੌਜਵਾਨ ਆਗੂ ਰਛਪਾਲ ਸਿੰਘ ਸੋਸ਼ਣ ਨੂੰ ਹਲਕਾ ਇੰਚਾਰਜ਼ ਥਾਪ ਕੇ ਵਿਰੋਧੀ ਧਿਰਾਂ ਨੂੰ ਫ਼ਿਕਰਾਂ ਵਿਚ ਪਾ ਦਿੱਤਾ ਹੈ। ਹਰ ਵੇਲੇ ਕਿਸੇ ਕੰਮ ਨੂੰ ਸ਼ੁਰੂ ਕਰ ਕੇ ਦ੍ਰਿੜਤਾ ਨਾਲ ਨੇਪਰੇ ਚਾੜ੍ਹਨ ਦੀ ਸਮਰੱਥਾ ਰੱਖਦੇ ਇਸ ਨੌਜਵਾਨ ਆਗੂ ਕੋਲ ਉੱਚ ਦਰਜ਼ੇ ਦੀ ਪੜ੍ਹਾਈ ਦਾ ਗਿਆਨ ਤਾਂ ਪ੍ਰਾਪਤ ਹੈ ਹੀ ਸਗੋਂ ਆਮ ਘਰ ਤੋਂ ਉੱਠ ਕੇ ਸਫ਼ਲ ਬਿਜ਼ਨਸਮੈਨ ਅਤੇ ਨੌਕਰੀ ਦੇ ਸਫ਼ਲ ਤਜ਼ਰਬੇ ਹੋਣ ਕਰ ਕੇ ਉਹ ਆਮ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਨੂੰ ਚੰਗੀ ਤਰ੍ਹਾਂ ਜਾਣਦੇ ਹਨ ਅਤੇ ਇਹੋ ਕਾਰਨ ਹੈ ਕਿ ਉਨ੍ਹਾਂ ਦੇ ਹੱਕ ਵਿਚ ਦਿਨੋ ਦਿਨ ਕਾਫ਼ਲਾ ਬਣ ਰਿਹਾ ਹੈ। ਆਪਣੀ ਜਨ ਸੰਪਰਕ ਮੁਹਿੰਮ ਤਹਿਤ ਉਹ ਜਦੋਂ ਪੰਥ ਅਤੇ ਪੰਜਾਬ ਦੀ ਚੜ੍ਹਦੀ ਕਲਾਂ ਦੇ ਨਾਲ ਨਾਲ ਹਲਕੇ ਦੀ ਤਰੱਕੀ ਦਾ ਰੋਡ ਮੈਪ ਲੋਕਾਂ ਤੇ ਖਾਸਕਰ ਪਿੰਡਾਂ ਦੀਆਂ ਸੱਥਾਂ ਵਿਚ ਰੱਖਦੇ ਹਨ ਅਤੇ ਹਾਜ਼ਰ ਲੋਕ ਇਹ ਸੁਣ ਕੇ ਸਚਮੁੱਚ ਭਾਵੁਕ ਹੋ ਜਾਂਦੇ ਹਨ ਕਿ ਉਨ੍ਹਾਂ ਨੇ ਅਜ਼ਾਦੀ ਦੇ ਸਾਢੇ 7 ਦਹਾਕਿਆਂ ਤੋਂ ਉੱਪਰ ਦੇ ਸਮੇਂ ਦੌਰਾਨ ਅਨੇਕਾਂ ਸਰਕਾਰਾਂ ਬਣਾਉਣ ਵੇਲੇ ਵੋਟ ਦਾ ਸਹੀ ਇਸਤੇਮਾਲ ਨਹੀਂ ਕੀਤਾ, ਜਿਸ ਕਰ ਕੇ ਪੰਜਾਬ ਦੇ ਹਾਲਾਤ ਅੱਜ ਇਹ ਹਨ। ਪਿੰਡਾਂ ਦੇ ਲੋਕ ਸ੍ਰੀ ਸੋਸਣ ਦੀ ਹਾਂ ਵਿਚ ਹਾਂ ਮਿਲਾਉਦੇ ਹੋਏ ਉਨ੍ਹਾਂ ਵਲੋਂ ਪੇਸ਼ ਕੀਤੀਆਂ ਜਾਂਦੀਆਂ ਨੀਤੀਆਂ ਨਾਲ ਸਹਿਮਤ ਹੋ ਕੇ ਅੱਗੇ ਤੁਰਦੇ ਹਨ, ਜਿਸ ਕਰ ਕੇ ਉਨ੍ਹਾਂ ਦੀ ਮੁਹਿਮ ਮੁੱਢਲੇ ਪੜ੍ਹਾਅ ਤੇ ਸਫ਼ਲ ਹੁੰਦੀ ਨਜ਼ਰ ਆ ਰਹੀ ਹੈ। ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਛਪਾਲ ਸਿੰਘ ਸੋਸਣ ਨੇ ਕਿਹਾ ਕਿ ਅਕਾਲੀ ਦਲ-ਵਾਰਿਸ ਪੰਜਾਬ ਦੇ ਨੂੰ ਹਲਕੇ ਦੇ ਪਿੰਡਾਂ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿਚ ਆਮ ਲੋਕਾਂ ਵੱਲੋਂ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ, ਕਿਉਂਕਿ ਲੋਕ ਨਸ਼ਿਆਂ, ਬੇਰੁਜ਼ਗਾਰੀ ਅਤੇ ਖਾਸ ਕਰ ਕੇ ਪੰਜਾਬ ਪ੍ਰਤੀ ਸੂਬੇ ਦੀ ਕਿਸੇ ਵੀ ਸਿਆਸੀ ਪਾਰਟੀ ਕੋਲ ਕੋਈ ਖਾਸ ਸੋਚ ਨਾ ਹੋਣ ਕਾਰਨ ਲੋਕ ਰਵਾਇਤੀ ਪਾਰਟੀਆਂ ਤੋਂ ਅੱਕ ਚੁੱਕੇ ਹਨ। ਉਨ੍ਹਾਂ ਕਿਹਾ ਕਿ ਲੋਕ ਧੜਾ-ਧੜ ਪਾਰਟੀ ਨਾਲ ਜੁੜ ਰਹੇ ਹਨ ਅਤੇ ਆਉਣ ਵਾਲੇ ਦਿਨਾਂ ਵਿਚ ਅਕਾਲੀ ਦਲ-ਵਾਰਿਸ ਪੰਜਾਬ ਦੇ ਦਾ ਇੱਕ ਵੱਡਾ ਕਾਫ਼ਲਾ ਲਾਮਬੰਦ ਹੋ ਕੇ ਲੋਕਾਂ ਨੂੰ ਪਾਰਟੀ ਦੀਆਂ ਨੀਤੀਆਂ ਪ੍ਰਤੀ ਜਾਗਰੂਕ ਕਰਨ ਲਈ ਘਰ-ਘਰ ਤੱਕ ਪਹੁੰਚ ਕਰੇਗਾ। ਉਨ੍ਹਾਂ ਨੇ ਨੌਜਵਾਨ ਵਰਗ ਨੂੰ ਸੱਦਾ ਦਿੱਤਾ ਕਿ ਉਹ ਪੰਜਾਬ ਦੇ ਸੁਨਹਿਰੀ ਅਤੇ ਸ਼ਾਨਾਮੱਤੇ ਭਵਿੱਖ ਨੂੰ ਮੁੜ ਸੁਰਜੀਤ ਕਰਨ ਲਈ ਅਕਾਲੀ ਦਲ-ਵਾਰਿਸ ਪੰਜਾਬ ਦੇ ਝੰਡੇ ਹੇਠ ਇੱਕ ਪਲੇਟਫਾਰਮ ਉੱਪਰ ਇਕੱਠੇ ਹੋਣ।

# ਪੰਜਾਬ ਤੇ ਚੰਡੀਗੜ੍ਹ ਦਾ ਰਾਜ ਪੱਧਰੀ ਰਾਸ਼ਟਰੀ ਸੇਵਾ ਯੋਜਨਾ ਸਮਾਗਮ ਸ.ਫਲਤਾਪੂਰਵਕ ਸੰਪੰਨ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 25 ਮਾਰਚ (ਹਰਦੀਪ ਕੌਰ):ਪੰਜਾਬ ਅਤੇ ਚੰਡੀਗੜ੍ਹ ਕੇਂਦਰ ਸ਼ਾਸਿਤ ਪ੍ਰਦੇਸ਼ ਲਈ ਆਯੋਜਿਤ ਦੋ ਦਿਨਾਂ ਰਾਜ ਪੱਧਰੀ ਰਾਸ਼ਟਰੀ ਸੇਵਾ ਯੋਜਨਾ (ਐਨ ਐਸ ਐਸ) ਸਮਾਗਮ ਦਾ ਸਮਾਪਨ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਸ਼ਾਨਦਾਰ ਸਮਾਰੋਹ ਨਾਲ ਸਫਲਤਾਪੂਰਵਕ ਹੋਇਆ। ਇਹ ਸਮਾਗਮ ਨੌਜਵਾਨਾਂ ਦੀ ਭਾਗੀਦਾਰੀ ਅਤੇ ਸਮੁਦਾਇਕ ਸੇਵਾ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਇਆ।ਇਸ ਸਮਾਗਮ ਵਿੱਚ ਪੰਜਾਬ ਅਤੇ ਚੰਡੀਗੜ੍ਹ ਦੇ ਰਾਜ ਐਨ ਐਸ ਐਸ ਅਧਿਕਾਰੀ, ਪ੍ਰੋਗਰਾਮ ਕੋਆਰਡੀਨੇਟਰ, ਪ੍ਰੋਗਰਾਮ ਅਧਿਕਾਰੀ, ਐਨਐਸਐਸ ਇਨਾਮੀ, ਵਲੰਟੀਅਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਸ਼ਾਮਲ ਹੋਏ। ਇਹ ਆਯੋਜਨ ਸੰਵਾਦ, ਸਹਿਯੋਗ ਅਤੇ ਵਧੀਆ ਤਜਰਬਿਆਂ ਦੇ ਆਦਾਨ-ਪ੍ਰਦਾਨ ਲਈ ਇੱਕ ਪ੍ਰਭਾਵਸ਼ਾਲੀ ਮੰਚ ਬਣਿਆ, ਜਿਸ ਦਾ ਉਦੇਸ਼ ਰਾਸ਼ਟਰ ਨਿਰਮਾਣ ਨੂੰ ਨਵੀਂ ਦਿਸ਼ਾ ਦੇਣਾ ਸੀ।ਸਮਾਪਨ ਸਮਾਰੋਹ ਦੇ ਮੁੱਖ ਮਹਿਮਾਨ ਪ੍ਰੋ. (ਡਾ.) ਆਰ. ਐਸ. ਬਾਵਾ, ਸਲਾਹਕਾਰ, ਕੁਲਪਤੀ, ਚੰਡੀਗੜ੍ਹ ਯੂਨੀਵਰਸਿਟੀ ਨੇ ਆਪਣੇ ਸੰਬੋਧਨ ਵਿੱਚ ਰਾਸ਼ਟਰੀ ਸੇਵਾ ਯੋਜਨਾ ਦੀ ਭੂਮਿਕਾ ਨੂੰ ਰੋਸ਼ਨ ਕਰਦਿਆਂ ਕਿਹਾ ਕਿ ਇਹ ਨੌਜਵਾਨਾਂ ਵਿੱਚ ਜ਼ਿੰਮੇਵਾਰ ਨਾਗਰਿਕਤਾ ਦੇ ਗੁਣ ਵਿਕਸਿਤ ਕਰਨ ਦਾ ਇੱਕ ਮਜ਼ਬੂਤ ਮਾਧਿਅਮ ਹੈ। ਉਨ੍ਹਾਂ ਕਿਹਾ ਕਿ ਐਨ ਐਸ ਐਸ ਨੌਜਵਾਨਾਂ ਵਿੱਚ ਨਿਸ਼ਕਾਮ ਸੇਵਾ, ਅਨੁਸ਼ਾਸਨ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦਾ ਹੈ।ਉਨ੍ਹਾਂ ਨੇ ਸਾਂਝੇ ਰਾਜ ਪੱਧਰੀ ਸਮਾਗਮ ਦੀ ਸ਼ਲਾਘਾ ਕਰਦਿਆਂ ਇਸਨੂੰ ਪੰਜਾਬ ਅਤੇ ਚੰਡੀਗੜ੍ਹ ਵਿਚਕਾਰ ਤਾਲਮੇਲ ਅਤੇ ਸਮੂਹਿਕ ਵਿਕਾਸ ਵੱਲ ਇੱਕ ਸਕਾਰਾਤਮਕ ਕਦਮ ਕਰਾਰ ਦਿੱਤਾ। ਉਨ੍ਹਾਂ ਨੌਜਵਾਨਾਂ ਨੂੰ ਵਿਕਸਿਤ ਭਾਰਤ 0 2047 ਦੇ ਟੀਚੇ ਨੂੰ ਹਾਸਲ ਕਰਨ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਅਤੇ ਪ੍ਰੋਗਰਾਮ ਅਧਿਕਾਰੀਆਂ ਅਤੇ ਕੋਆਰਡੀਨੇਟਰਾਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।ਇਸ ਤੋਂ ਪਹਿਲਾਂ ਸਵਾਗਤ ਸੰਬੋਧਨ ਵਿੱਚ ਐਨ ਐਸ ਐਸ ਨੂੰ ਨੌਜਵਾਨ ਸਸ਼ਕਤੀਕਰਨ ਅਤੇ ਰਾਸ਼ਟਰ ਨਿਰਮਾਣ ਦਾ ਇੱਕ ਪ੍ਰਭਾਵਸ਼ਾਲੀ ਮੰਚ ਦੱਸਿਆ ਗਿਆ ਅਤੇ ਯੁਵਾ ਕਾਰਜ ਅਤੇ ਖੇਡ ਮੰਤਰਾਲਾ ਅਤੇ ਰਾਸ਼ਟਰੀ ਸੇਵਾ ਯੋਜਨਾ ਡਾਇਰੈਕਟੋਰੇਟ ਦੇ ਮਾਰਗਦਰਸ਼ਨ ਅਤੇ ਸਹਿਯੋਗ ਲਈ ਧੰਨਵਾਦ ਪ੍ਰਗਟਾਇਆ ਗਿਆ।ਸਮਾਗਮ ਦੌਰਾਨ ਵੱਖ-ਵੱਖ ਮਾਹਿਰ ਸੈਸ਼ਨ, ਵਿਚਾਰ-ਵਟਾਂਦਰੇ, ਗਰੁੱਪ ਚਰਚਾਵਾਂ ਅਤੇ ਪੇਸ਼ਕਾਰੀਆਂ ਕਰਵਾਈਆਂ ਗਈਆਂ, ਜਿਨ੍ਹਾਂ ਰਾਹੀਂ ਭਾਗੀਦਾਰਾਂ ਨੇ ਆਪਣੀਆਂ ਉਪਲਬਧੀਆਂ ਦੀ ਸਮੀਖਿਆ ਕੀਤੀ, ਨਵੇਂ ਵਿਚਾਰ ਸਾਂਝੇ ਕੀਤੇ ਅਤੇ ਜ਼ਮੀਨੀ ਪੱਧਰ 'ਤੇ ਐਨ ਐਸ ਐਸ ਨੂੰ ਹੋਰ ਮਜ਼ਬੂਤ ਬਣਾਉਣ ਲਈ ਮਹੱਤਵਪੂਰਨ ਸੁਝਾਅ ਦਿੱਤੇ।ਸਮਾਪਨ ਮੌਕੇ ਰਾਸ਼ਟਰੀ ਸੇਵਾ ਯੋਜਨਾ ਖੇਤਰੀ ਨਿਰਦਾਸ਼ਾਲਾ, ਚੰਡੀਗੜ੍ਹ ਦੇ ਖੇਤਰੀ ਨਿਰਦੇਸ਼ਕ ਜੈ ਭਗਵਾਨ ਨੇ ਸਮਾਗਮ ਦੀ ਸਫਲਤਾ 'ਤੇ ਸੰਤੁਸ਼ਟੀ ਪ੍ਰਗਟ ਕੀਤੀ।

# ਖ਼ਾਲਸਾ ਕਾਲਜ ਗੜ੍ਹਦੀਵਾਲਾ ਵਿਖੇ ਇੰਟਰਨਲ ਹੈਕਾਥਾਨ ਕਰਵਾਇਆ



ਗੜ੍ਹਦੀਵਾਲਾ, 25 ਮਾਰਚ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ (ਵਿੱਦਿਆ) ਸ. ਸੁਖਮਿੰਦਰ ਸਿੰਘ ਅਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਚੱਲ ਰਹੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਵਿਖੇ ਸਮਾਰਟ ਇੰਡੀਆ ਹੈਕਾਥਾਨ ਸੈੱਲ ਵੱਲੋਂ ਆਈ.ਕਿਊ.ਏ.ਸੀ. ਅਤੇ ਆਈ.ਆਈ.ਸੀ. ਦੇ ਸਹਿਯੋਗ ਨਾਲ ਇੰਟਰਨਲ ਹੈਕਾਥਾਨ ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਹੈਕਾਥਾਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਨਵੀਂ ਸੋਚ, ਤਕਨੀਕੀ ਹੁਨਰ ਅਤੇ ਸਮੱਸਿਆ ਹੱਲ ਕਰਨ ਦੀ ਯੋਗਤਾ ਨੂੰ ਵਿਕਸਿਤ ਕਰਨਾ ਸੀ। ਇਸਦੀ ਅਗਵਾਈ ਕਾਲਜ ਦ ਡਾ. ਕ੍ਰਿਤਿਕਾ ਸ਼ਰਮਾ ਨੇ ਕੀਤੀ। ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਇਸ ਇੰਟਰਨਲ ਹੈਕਾਥਾਨ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀਆਂ ਨਵੀਂ ਸੋਚਾਂ ਅਤੇ ਨਵੀਨਤਮ ਵਿਚਾਰਾਂ ਨੂੰ ਪਾਵਰ ਪੁਆਇੰਟ ਪ੍ਰਜ਼ੇਂਟੇਸ਼ਨ ਰਾਹੀਂ ਪੇਸ਼ ਕੀਤਾ। ਵਿਦਿਆਰਥੀਆਂ ਨੇ ਤਕਨਾਲੋਜੀ ਦੇ ਮਾਧਿਅਮ ਨਾਲ ਵੱਖ-ਵੱਖ ਸਮਾਜਕ ਅਤੇ ਵਿਹਾਰਕ ਸਮੱਸਿਆਵਾਂ ਲਈ ਸੰਭਾਵਿਤ ਹੱਲ ਪੇਸ਼ ਕਰਦੇ ਹੋਏ ਆਪਣੀ ਰਚਨਾਤਮਕਤਾ, ਤਕਨੀਕੀ ਸਮਝ ਅਤੇ ਟੀਮ ਵਰਕ ਦੀ ਬਿਹਤਰੀਨ ਪ੍ਰਦਰਸ਼ਨੀ ਕੀਤੀ। ਇਸ ਦੌਰਾਨ ਵਿਦਿਆਰਥੀਆਂ ਨੂੰ ਹੈਕਾਥਾਨ ਦੇ ਉਦੇਸ਼, ਆਈਡੀਆ ਡਿਵੈਲਪਮੈਂਟ, ਪ੍ਰਾਬਲਮ ਸਟੇਟਮੈਂਟ ਦੀ ਸਮਝ ਅਤੇ ਪ੍ਰੇਜ਼ੇਂਟੇਸ਼ਨ ਸਕਿਲਜ਼ ਬਾਰੇ ਵੀ ਜਾਣਕਾਰੀ ਦਿੱਤੀ ਗਈ।

# ਸੂਬੇ 'ਚ ਹਲਕਾ ਫਤਿਹਗੜ੍ਹ ਸਾਹਿਬ ਨੂੰ ਸਭ ਤੋਂ ਵੱਧ ਕੱਚੇ ਮਕਾਨਾਂ ਦੇ ਪੈਸੇ ਮੁੱਹਈਆ ਹੋਏ : ਵਿਧਾਇਕ ਰਾਏ

## ਬਲਾਕ ਸੰਮਤੀ ਖੇੜਾ ਵਿਖੇ ਚੇਅਰ ਪਰਸਨ ਪਰਮਿੰਦਰ ਕੌਰ ਨੇ ਕਾਰਜ ਭਾਰ ਸੰਭਾਲਿਆ



ਫਤਿਹਗੜ੍ਹ ਸਾਹਿਬ, 25 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਹਲਕਾ ਫਤਿਹਗੜ੍ਹ ਸਾਹਿਬ ਦੇ ਅਧੀਨ ਆਉਂਦੇ ਬਲਾਕ ਖੇੜਾ ਵਿਖੇ ਚੇਅਰ ਪਰਸਨ ਪਰਮਿੰਦਰ ਕੌਰ ਪਤਨੀ ਹਰਮੇਸ਼ ਸਿੰਘ ਪੂਨੀਆ ਨੇ ਆਪਣਾ ਕਾਰਜ ਭਾਰ ਸੰਭਾਲ ਲਿਆ ਹੈ। ਇਸ ਮੌਕੇ ਉਨਾਂ ਦਾ ਸਨਮਾਨ ਕਰਨ ਦੇ ਲਈ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਕਾਰਜ ਤੋਂ ਪਹਿਲਾਂ ਬਲਾਕ ਸੰਮਤੀ ਖੇੜਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ, ਕੀਰਤਨ ਉਪਰੰਤ ਅਟੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਇਲਾਕੇ ਦੇ ਪੰਚ, ਸਰਪੰਚ, ਬਲਾਕ ਸੰਮਤੀ ਮੈਂਬਰਾਂ ਤੋਂ ਇਲਾਵਾ ਮੋਹਤਬਰ ਵਿਅਕਤੀਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਹਾਜ਼ਰੀ ਲਗਵਾਈ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵ ਨਿਯੁਕਤ ਚੇਅਰ ਪਰਸਨ ਪਰਮਿੰਦਰ ਕੌਰ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਸੀਂ ਆਸ ਕਰਦੇ ਹਾਂ ਕਿ ਬਲਾਕ ਸੰਮਤੀ ਵੱਲੋਂ ਜਿਹੜੀ ਨਵੀਂ ਟੀਮ ਚੁਣੀ ਗਈ ਹੈ ਇਹ ਲੋਕਾਂ ਦੀਆਂ ਉਮੀਦਾਂ ਤੇ ਖਰੀ ਉਤਰੇਗੀ। ਉਹਨਾਂ ਕਿਹਾ ਕਿ ਉਹਨਾਂ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਕੀਤਾ ਜਾਵੇਗਾ, ਜਿਸ ਦੇ ਨਾਲ ਹਲਕੇ ਦੇ ਲੋਕਾਂ ਨੂੰ ਵਧੀਆ ਅਤੇ ਸੁਖਾਵਾਂ ਮਾਹੌਲ ਮੁਹੱਈਆ ਕਰਵਾਇਆ ਜਾ ਸਕੇ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਪਿਛਲੇ ਚਾਰ ਸਾਲਾਂ ਤੋਂ ਸੂਬੇ ਦੇ ਲੋਕਾਂ ਦੀ ਸੇਵਾ ਦੇ ਵਿੱਚ ਦਿਨ ਰਾਤ ਕੰਮ ਕਰ ਰਹੀ ਹੈ। ਜਿਸ ਦੀ ਬਦੌਲਤ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਸਰਕਾਰੀ ਹਸਪਤਾਲਾਂ ਦੀ ਹਾਲਤ ਚ ਸੁਧਾਰ ਕੀਤਾ ਗਿਆ ਹੈ। ਆਮ ਲੋਕਾਂ ਨੂੰ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਦੇ ਨਾਲ ਜੋੜਿਆ ਗਿਆ ਹੈ ਹਰ ਪਰਿਵਾਰ ਨੂੰ 300 ਯੂਨਿਟ ਬਿਜਲੀ ਮੁਫਤ ਪ੍ਰਤੀ ਮਹੀਨਾ ਮੁਹੱਈਆ ਕਰਵਾਈ ਜਾ ਰਹੀ ਹੈ। ਨਹਿਰੀ ਪਾਣੀ ਨੂੰ ਵਰਤੋਂ ਯੋਗ ਬਣਾਉਣ ਦੇ ਲਈ ਬਹੁਤ ਸਾਰੇ ਪਿੰਡਾਂ ਦੇ ਵਿੱਚ ਮੋਗੇ ਲਗਾਏ ਗਏ ਹਨ, ਜਿਸ ਦੀ ਬਦੌਲਤ ਸੂਬੇ ਭਰ ਦੇ ਵਿੱਚ 78 ਫੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਹੈ। ਹਲਕਾ ਫਤਿਹਗੜ੍ਹ ਸਾਹਿਬ ਦੀਆਂ 90 ਫੀਸਦੀ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ। ਜਿੱਥੇ ਪਾਣੀ ਦੀ ਨਿਕਾਸੀ ਦੇ ਲਈ ਸੀਵਰੇਜ ਸਿਸਟਮ ਪਾਇਆ ਜਾ ਰਿਹਾ ਹੈ, ਉੱਥੇ ਹੀ ਕੱਚੇ ਰਸਤਿਆਂ ਨੂੰ ਇੰਟਰਲੋਕ ਟਾਈਲਾਂ ਦੇ ਨਾਲ ਪੱਕਾ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸੂਬੇ ਭਰ ਦੇ ਵਿੱਚੋਂ ਹਲਕਾ ਸ੍ਰੀ ਫਤਿਹਗੜ੍ਹ ਸਾਹਿਬ ਨੂੰ ਸਭ ਤੋਂ ਵੱਧ ਕੱਚੇ ਮਕਾਨਾਂ ਦੇ ਲਈ ਪੈਸੇ ਪ੍ਰਾਪਤ ਹੋਏ ਹਨ, ਇਸ ਲਈ ਉਹ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹਨ। ਆਉਣ ਵਾਲੇ ਇੱਕ ਸਾਲ ਦੇ ਵਿੱਚ ਵਿਕਾਸ ਦੀ ਹੋਰ ਵੀ ਹਨੇਰੀ ਲਿਆਂਦੀ ਜਾਵੇਗੀ ਤਾਂ ਜੋ ਹਲਕੇ ਦੀ ਨੁਹਾਰ ਬਦਲੀ ਜਾ ਸਕੇ। ਇਸ ਮੌਕੇ ਚੇਅਰਪਰਸਨ ਪਰਮਿੰਦਰ ਕੌਰ ਨੇ ਕਾਰਜਭਾਰ ਸੰਭਾਲਣ ਉਪਰੰਤ ਕਿਹਾ ਕਿ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਜੀ ਦੇ ਯਤਨਾਂ ਸਦਕਾ ਪੰਜਾਬ ਸਰਕਾਰ ਵੱਲੋਂ ਉਹਨਾਂ ਨੂੰ ਜੋ ਜਿੰਮੇਵਾਰੀ ਸੌਂਪੀ ਗਈ ਹੈ ਉਹ ਇਸ ਨੂੰ ਤਨਦੇਹੀ ਅਤੇ ਇਮਾਨਦਾਰੀ ਦੇ ਨਾਲ ਨਿਭਾਉਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਡੀਪੀਓ ਖੇੜਾ ਝਰਮਲ ਸਿੰਘ, ਬੀਡੀਪੀਓ ਸਰਹਿੰਦ ਦੀਪ ਸ਼ਿਖਾ ਗਰਗ, ਅਮਰਿੰਦਰ ਸਿੰਘ ਮੰਡੋਫਲ, ਜਸਵਿੰਦਰ ਸਿੰਘ, ਰਾਜ ਦਵਿੰਦਰ ਸਿੰਘ ਘੁੰਮਣ, ਬਲਜਿੰਦਰ ਸਿੰਘ ਸੋਢੀ, ਦਿਲਪ੍ਰੀਤ ਭੱਟੀ, ਪ੍ਰਿਤਪਾਲ ਸਿੰਘ ਜੱਸੀ, ਅਤਰ ਸਿੰਘ ਖੇੜਾ, ਬਲਵੀਰ ਚੀਮਾ, ਪ੍ਰਹਲਾਦ ਸਿੰਘ ਦਾਦੂ ਮਜਰਾ, ਜਗਜੋਤ ਸਿੰਘ ਜੋਤੀ, ਅਮਰਜੀਤ ਸਿੰਘ ਦੁਭਾਲੀ, ਸੁਖਬੀਰ ਸਿੰਘ ਜਮੀਤਗੜ੍ਹ, ਸੰਦੀਪ ਸਿੰਘ ਬਲਾੜੀ ਕਲਾਂ, ਨੌਰੰਗ ਸਿੰਘ, ਸਵਰਨਜੀਤ ਸਿੰਘ, ਇੰਦਰਜੀਤ ਸਿੰਘ, ਅਮਨਦੀਪ ਸਿੰਘ, ਕੁਲਦੀਪ ਵੈਦ, ਅਜੈਬ ਸਿੰਘ, ਜੰਗ ਸਿੰਘ, ਕਾਕਾ ਸਿੰਘ ਦਾਦੂ ਮਾਜਰਾ,ਅਮਰਿੰਦਰ ਸਿੰਘ ਮੰਡੋਫਲ, ਜਸਵਿੰਦਰ ਸਿੰਘ, ਰਾਜ ਦਵਿੰਦਰ ਸਿੰਘ ਘੁੰਮਣ, ਬਲਜਿੰਦਰ ਸਿੰਘ ਸੋਢੀ, ਦਿਲਪ੍ਰੀਤ ਭੱਟੀ, ਪ੍ਰਿਤਪਾਲ ਸਿੰਘ ਜੱਸੀ, ਅਤਰ ਸਿੰਘ ਖੇੜਾ, ਬਲਵੀਰ ਚੀਮਾ, ਪ੍ਰਹਲਾਦ ਸਿੰਘ ਦਾਦੂ ਮਜਰਾ, ਜਗਜੋਤ ਸਿੰਘ ਜੋਤੀ, ਅਮਰਜੀਤ ਸਿੰਘ ਦੁਭਾਲੀ, ਸੁਖਬੀਰ ਸਿੰਘ ਜਮੀਤਗੜ੍ਹ, ਸੰਦੀਪ ਸਿੰਘ ਬਲਾੜੀ ਕਲਾਂ, ਨੌਰੰਗ ਸਿੰਘ, ਸਵਰਨਜੀਤ ਸਿੰਘ, ਇੰਦਰਜੀਤ ਸਿੰਘ, ਅਮਨਦੀਪ ਸਿੰਘ, ਕੁਲਦੀਪ ਕੁਲਵੰਤ ਸਿੰਘ ਬਲਾੜੀ ਆਦਿ ਵੀ ਹਾਜ਼ਰ ਸਨ

# ਭਗਵੰਤ ਮਾਨ ਸਰਕਾਰ ਨੇ ਆਪਣੇ ਸਰਕਾਰ ਨੇ 100 ਫ਼ੀਸਦੀ ਚੋਣ ਵਾਅਦੇ ਪੂਰੇ ਕੀਤੇ : ਚੇਅਰਮੈਨ ਰਾਜੀਵ ਸ਼ਰਮਾ



ਗੁਰਦਾਸਪੁਰ, 25 ਮਾਰਚ (ਜਸਵਿੰਦਰ ਸਿੰਘ):ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਤਿਹਾਸ ਰਚਦੇ ਹੋਏ ਆਪਣੇ ਸਾਰੇ ਚੋਣ ਵਾਅਦੇ ਪੂਰੇ ਕੀਤੇ ਹਨ ਅਤੇ ਇਹ ਦੇਸ਼ ਦੀ ਪਹਿਲੀ ਸਰਕਾਰ ਹੈ, ਜਿਸ ਨੇ 100 ਫੀਸਦ ਵਾਧੇ ਜ਼ਮੀਨੀ ਪੱਧਰ 'ਤੇ ਲਾਗੂ ਕੀਤੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਰਾਜੀਵ ਸ਼ਰਮਾ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ ਸਹਿਤ ਬਿਜਲੀ ਰੋਜ਼ਗਾਰ ਅਤੇ ਮਹਿਲਾ ਭਲਾਈ ਵਰਗੇ ਖੇਤਰਾਂ ਵਿੱਚ ਕਈ ਮਹੱਤਵਪੂਰਨ ਫੈਸਲੇ ਕੀਤੇ ਗਏ ਹਨ, ਮੁਫਤ ਬਿਜਲੀ ਸਕੂਲਾਂ ਦੀ ਆਧੁਨਿਕਤਾ ਸਰਕਾਰੀ ਹਸਪਤਾਲਾਂ ਵਿੱਚ ਸੁਧਾਰ ਅਤੇ ਨੌਜਵਾਨਾਂ ਲਈ ਨੌਕਰੀਆਂ ਦੇ ਮੌਕੇ ਪੈਦਾ ਕਰਨ ਵਿੱਚ ਵੱਡੀ ਉਪਲਬਧੀ ਵਜੋਂ ਪੇਸ਼ ਕੀਤਾ ਜਾ ਰਿਹਾ ਹੈ ਉਹਨਾਂ ਅੱਗੇ ਕਿਹਾ ਕਿ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕਰਨਾ ਉਹਨਾਂ ਦੀ ਸਰਕਾਰ ਦੀ ਪਹਿਲ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਦੀ ਰਫਤਾਰ ਜਾਰੀ ਰਹੇਗੀ। ਉਹਨਾਂ ਕਿਹਾ ਕਿ ਸਰਕਾਰ ਦਾ ਮਕਸਦ ਸਿਰਫ ਵਾਅਦਾ ਕਰਨਾ ਨਹੀਂ ਬਿਲਕੁਲ ਉਹਨਾਂ ਨੂੰ ਪੂਰਾ ਕਰਕੇ ਲੋਕਾਂ ਨਾਲ ਭਰੋਸਾ ਜਿਤਨਾ ਹੈ ਅਤੇ 2027 ਵਿੱਚ ਪੰਜਾਬ ਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਾ ਹੈ

## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ

# ਗਰਮੀਆਂ ਵਿੱਚ ਸਰੀਰ ਨੂੰ ਹਾਈਡ੍ਰੇਟ ਰੱਖਣ ਲਈ ਜ਼ਰੂਰ ਪੀਓ ਨਾਰੀਅਲ ਪਾਣੀ

ਗਰਮੀਆਂ ਵਿੱਚ ਤਾਜ਼ਗੀ ਭਰਪੂਰ ਪੀਣ ਵਾਲੇ ਪਦਾਰਥਾਂ ਦੀ ਲੋੜ ਹੁੰਦੀ ਹੈ ਜੋ ਨਾ ਸਿਰਫ਼ ਤੁਹਾਨੂੰ ਠੰਡਾ ਕਰਦੇ ਹਨ ਬਲਕਿ ਤੁਹਾਡੀ ਸਿਹਤ ਦਾ ਵੀ ਧਿਆਨ ਰੱਖਦੇ ਹਨ। ਸਾੜ ਵਿਰੋਧੀ ਪੀਣ ਵਾਲੇ ਪਦਾਰਥ ਸੋਜ ਨੂੰ ਘਟਾਉਣ, ਪ੍ਰਤੀਰੋਧਕ ਸ਼ਕਤੀ



ਵਧਾਉਣ ਅਤੇ ਫ੍ਰੀ ਰੈਡੀਕਲਸ ਨਾਲ ਲੜਨ ਵਿੱਚ ਮਦਦ ਕਰਦੇ ਹਨ।

**ਨਿੰਬੂ ਅਤੇ ਚੀਆ ਸੀਡਜ਼ ਵਾਲਾ ਨਾਰੀਅਲ ਪਾਣੀ:** ਗਰਮੀਆਂ ਵਿੱਚ ਤਾਜ਼ਗੀ ਭਰੇ ਪੀਣ ਲਈ, ਨਾਰੀਅਲ ਪਾਣੀ ਨੂੰ ਨਿੰਬੂ ਦੇ ਰਸ ਅਤੇ ਭਿੱਜੇ ਹੋਏ ਚੀਆ ਸੀਡਜ਼ ਨਾਲ ਮਿਲਾਓ। ਨਾਰੀਅਲ ਪਾਣੀ ਇਲੈਕਟ੍ਰੋਲਾਈਟਸ ਨੂੰ ਭਰਦਾ ਹੈ, ਜਦੋਂ ਕਿ ਚੀਆ ਬੀਜ ਸੋਜ ਨੂੰ ਘਟਾਉਂਦੇ ਹਨ ਅਤੇ ਫਾਈਬਰ ਪ੍ਰਦਾਨ ਕਰਦੇ ਹਨ।

**ਖੀਰਾ-ਪੁਦੀਨੇ ਦਾ ਪੀਣ ਵਾਲਾ ਡਰਿੰਕ:** ਬਾਰੀਕ ਕੱਟੇ ਹੋਏ ਨਾਰੀਅਲ ਦੇ ਟੁਕੜਿਆਂ ਅਤੇ ਤਾਜ਼ੇ ਪੁਦੀਨੇ ਨੂੰ ਠੰਡੇ ਪਾਣੀ ਵਿੱਚ ਭਿਓ ਕੇ ਪੀਣ ਨਾਲ ਇੱਕ ਹਲਕਾ ਅਤੇ ਤਾਜ਼ਗੀ ਭਰਪੂਰ ਪੀਣ ਵਾਲਾ ਡਰਿੰਕਬਣਦਾ ਹੈ। ਖੀਰਾ ਸਰੀਰ ਨੂੰ ਹਾਈਡ੍ਰੇਟ ਕਰਦਾ ਹੈ ਅਤੇ ਸੋਜ ਨੂੰ ਘਟਾਉਂਦਾ ਹੈ, ਜਦੋਂ ਕਿ ਪੁਦੀਨਾ ਸੁਆਦ ਅਤੇ ਠੰਢਕ ਪ੍ਰਭਾਵ ਪ੍ਰਦਾਨ ਕਰਦਾ ਹੈ।

**ਅਨਾਨਾਸ ਹਲਦੀ ਫਜ:** ਨਾਰੀਅਲ, ਕੇਲਾ, ਨਾਰੀਅਲ ਦੇ ਦੁੱਧ ਅਤੇ ਹਲਦੀ ਪਾਊਡਰ ਨਾਲ ਬਣਿਆ, ਇਹ ਗਰਮ ਖੰਡੀ ਫਜ ਡਰਿੰਕ ਕੁਦਰਤੀ ਮਿਠਾਸ ਅਤੇ ਸਾੜ ਵਿਰੋਧੀ ਗੁਣਾਂ ਨਾਲ ਭਰਪੂਰ ਹੈ। ਖੀਰੇ ਵਿੱਚ ਬ੍ਰੋਮੇਲੇਨ ਹੁੰਦਾ ਹੈ, ਜੋ ਸੋਜ ਨੂੰ ਘਟਾਉਂਦਾ ਹੈ, ਜਦੋਂ ਕਿ ਹਲਦੀ ਇਮਿਊਨਿਟੀ ਨੂੰ ਵਧਾਉਂਦੀ ਹੈ।

**ਅਦਰਕ-ਪੁਦੀਨੇ ਦੀ ਆਈਸਡ ਟੀ:** ਅਦਰਕ ਦੀ ਚਾਹ ਨੂੰ ਤਾਜ਼ੇ ਪੁਦੀਨੇ ਦੇ ਪੱਤਿਆਂ ਅਤੇ ਥੋੜ੍ਹਾ ਜਿਹਾ ਸ਼ਹਿਦ ਦੇ ਨਾਲ ਮਿਲਾ ਕੇ ਬਣਾਇਆ ਜਾਣ ਵਾਲਾ ਇੱਕ ਤਾਜ਼ਗੀ ਭਰਪੂਰ ਆਈਸਡ ਡਰਿੰਕ। ਅਦਰਕ ਦੇ ਸਾੜ-ਵਿਰੋਧੀ ਗੁਣ ਪਾਚਨ ਪ੍ਰਣਾਲੀ ਨੂੰ ਸ਼ਾਂਤ ਕਰਦੇ ਹਨ, ਜਦੋਂ ਕਿ ਪੁਦੀਨਾ ਇੱਕ ਠੰਡਕ ਅਤੇ ਤਾਜ਼ਗੀ ਭਰਪੂਰ ਪ੍ਰਭਾਵ ਪ੍ਰਦਾਨ ਕਰਦਾ ਹੈ, ਜੋ ਇਸਨੂੰ ਗਰਮੀਆਂ ਦੇ ਦਿਨਾਂ ਲਈ ਇੱਕ ਤਾਜ਼ਗੀ ਭਰਪੂਰ ਡਰਿੰਕ ਬਣਾਉਂਦਾ ਹੈ।

# ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਸ਼ਾਨਦਾਰ ਖਿਡਾਰੀਆਂ ਦਾ ਸਨਮਾਨ

ਚੰਡੀਗੜ੍ਹ, 25 ਮਾਰਚ (ਅੰਮ੍ਰਿਤਪਾਲ ਸਿੰਘ) : ਚੰਡੀਗੜ੍ਹ ਪ੍ਰਸ਼ਾਸਨ ਦੇ ਖੇਡ ਵਿਭਾਗ ਨੇ ਅੱਜ ਖਿਡਾਰੀਆਂ ਨੂੰ ਸਨਮਾਨਿਤ ਕਰਨ ਲਈ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ। ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਇਸ ਮੌਕੇ ਮੁੱਖ ਮਹਿਮਾਨ ਸਨ। ਸ਼੍ਰੀਮਤੀ ਪ੍ਰੇਰਨਾ ਪੁਰੀ, ਸਕੱਤਰ, ਖੇਡਾਂ, ਚੰਡੀਗੜ੍ਹ ਪ੍ਰਸ਼ਾਸਨ ਨੇ ਪਤਵੰਤਿਆਂ ਦਾ ਸਵਾਗਤ ਕੀਤਾ ਅਤੇ ਸ਼ਹਿਰ ਵਿੱਚ ਖੇਡ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਬਾਰੇ ਸੰਖੇਪ ਜਾਣਕਾਰੀ ਦਿੱਤੀ। ਪ੍ਰੋਗਰਾਮ ਦੌਰਾਨ, ਮਾਨਯੋਗ ਪ੍ਰਸ਼ਾਸਕ ਨੇ 647 ਖਿਡਾਰੀਆਂ ਨੂੰ ਕੁੱਲ 2.56 ਕਰੋੜ ਰੁਪਏ ਦੇ ਵਜ਼ੀਫ਼ੇ ਵੰਡੇ। ਆਪਣੇ ਸੰਬੋਧਨ ਵਿੱਚ, ਪ੍ਰਸ਼ਾਸਕ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਖੇਡਾਂ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਰਾਹੀਂ ਸ਼ਹਿਰ ਦਾ ਨਾਮ ਰੌਸ਼ਨ ਕਰਨ ਲਈ ਵਧਾਈ ਦਿੱਤੀ। ਉਨ੍ਹਾਂ ਖੇਡ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਭਾਗ ਨੌਜਵਾਨ ਪ੍ਰਤਿਭਾ ਨੂੰ ਪਾਲਣ ਅਤੇ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਖੇਡਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕਰਨ ਲਈ ਵੀ ਵਧਾਈ ਦਿੱਤੀ। ਸ਼੍ਰੀ ਕਟਾਰੀਆ ਨੇ ਚੰਡੀਗੜ੍ਹ



ਦੇ ਅਪਾਹਜ ਵਿਦਿਆਰਥੀ ਐਥਲੀਟਾਂ ਦੀਆਂ ਪ੍ਰੇਰਨਾਦਾਇਕ ਉਦਾਹਰਣਾਂ ਦਿੱਤੀਆਂ ਜਿਨ੍ਹਾਂ ਨੇ ਵੱਖ-ਵੱਖ ਪੈਰਾਲੰਪਿਕ ਮੁਕਾਬਲਿਆਂ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸ਼ਹਿਰ ਦੀ ਵਧਦੀ ਖੇਡ ਮੌਜੂਦਗੀ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਨੇ ਹਾਲ ਹੀ ਵਿੱਚ ਸਫਲ ਅੰਤਰਰਾਸ਼ਟਰੀ ਮੈਰਾਥਨ ਦਾ ਜ਼ਿਕਰ ਕੀਤਾ, ਜਿਸ ਨੇ ਚੰਡੀਗੜ੍ਹ ਨੂੰ ਵਿਸ਼ਵ ਪੱਧਰ @ਤੇ ਮਾਨਤਾ ਦਿੱਤੀ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਅਜਿਹੇ ਅੰਤਰਰਾਸ਼ਟਰੀ ਖੇਡ ਸਮਾਗਮ ਆਯੋਜਿਤ ਕੀਤੇ ਜਾਣਗੇ, ਅਤੇ ਖੇਡ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਹਿੱਸੇਦਾਰਾਂ ਤੋਂ ਲਗਾਤਾਰ ਸੁਝਾਅ ਮੰਗੇ ਜਾ ਰਹੇ ਹਨ। ਪ੍ਰਸ਼ਾਸਕ ਨੇ ਕੋਚਾਂ ਦੀ ਸਮਰਪਿਤ ਭੂਮਿਕਾ ਦੀ ਵੀ ਪ੍ਰਸ਼ੰਸਾ ਕੀਤੀ ਜੋ ਐਥਲੀਟਾਂ ਨੂੰ ਸਿਖਲਾਈ ਅਤੇ ਮਾਰਗਦਰਸ਼ਨ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਇੱਕ ਸਿਹਤਮੰਦ ਅਤੇ ਪ੍ਰਗਤੀਸ਼ੀਲ ਸਮਾਜ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਐਥਲੀਟਾਂ ਨੂੰ ਸਨਮਾਨਿਤ ਕਰਨ ਲਈ ਲਗਭਗ 28 ਕਰੋੜ ਦਾ ਸਾਲਾਨਾ ਖਰਚ ਦੇਸ਼ ਵਿੱਚ ਸਭ ਤੋਂ ਵੱਧ ਹੈ। ਉਨ੍ਹਾਂ ਨੇ ਐਥਲੀਟਾਂ ਨੂੰ ਸਨਮਾਨਿਤ ਕਰਨ ਅਤੇ ਉਤਸ਼ਾਹਿਤ ਕਰਨ ਲਈ ਯਤਨ ਜਾਰੀ ਰੱਖਣ ਲਈ ਪ੍ਰਸ਼ਾਸਨ ਦੀ ਵਚਨਬੱਧਤਾ ਨੂੰ ਦੁਹਰਾਇਆ। ਸਮਾਗਮ ਦੌਰਾਨ, ਵਿਦਿਆਰਥੀ ਐਥਲੀਟਾਂ ਨੇ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਕਿਹਾ ਕਿ ਸਕਾਲਰਸ਼ਿਪ ਦੀ ਰਕਮ 5,000 ਰੁਪਏ ਤੋਂ ਵਧਾ ਕੇ 2500 ਰੁਪਏ ਕੀਤੀ ਗਈ ਹੈ। ਨਵੀਂ ਚੰਡੀਗੜ੍ਹ ਖੇਡ ਨੀਤੀ ਤਹਿਤ 48,000 ਰੁਪਏ ਦੀ ਰਾਸ਼ੀ ਨੇ ਉਨ੍ਹਾਂ ਨੂੰ ਬਿਹਤਰ ਪ੍ਰਦਰਸ਼ਨ ਕਰਨ ਲਈ ਬਹੁਤ ਪ੍ਰੇਰਿਤ ਕੀਤਾ ਹੈ। ਖਿਡਾਰੀਆਂ ਦੇ ਮਾਪਿਆਂ ਨੇ ਵੀ ਆਪਣੇ ਬੱਚਿਆਂ ਨੂੰ ਸਨਮਾਨਿਤ ਹੁੰਦੇ ਦੇਖ ਕੇ ਖ਼ੁਸ਼ੀ ਅਤੇ ਮਾਣ ਪ੍ਰਗਟ ਕੀਤਾ। ਇਸ ਮੌਕੇ ’ਤੇ ਖੇਡ ਸਲਾਹਕਾਰ ਪ੍ਰੀਸ਼ਦ ਦੇ ਚੇਅਰਮੈਨ ਸ੍ਰੀ ਸੰਜੇ ਟੰਡਨ; ਖੇਡ ਨਿਰਦੇਸ਼ਕ ਸ੍ਰੀ ਸੌਰਭ ਅਰੋੜਾ; ਸਕੂਲ ਸਿੱਖਿਆ ਨਿਰਦੇਸ਼ਕ ਸ੍ਰੀ ਨਿਤੀਸ਼ ਸਿੰਗਲਾ; ਯੂਟੀ ਦੇ ਸੰਯੁਕਤ ਖੇਡ ਨਿਰਦੇਸ਼ਕ ਡਾ. ਮਹਿੰਦਰ ਸਿੰਘ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਮੌਜੂਦ ਸਨ।

# ਰੂਸੀ ਰਾਜਦੂਤ ਡੇਨਿਸ ਅਲੀਪੋਵ ਵੱਲੋਂ ਪੰਜਾਬ ਦੇ ਰਾਜਪਾਲ ਨਾਲ ਸ਼ਿਸ਼ਟਾਚਾਰ ਮੁਲਾਕਾਤ

ਚੰਡੀਗੜ੍ਹ, 25 ਮਾਰਚ (ਅੰਮ੍ਰਿਤਪਾਲ ਸਿੰਘ) : ਭਾਰਤ ਵਿੱਚ



ਰੂਸ ਦੇ ਰਾਜਦੂਤ ਸ਼੍ਰੀ ਡੇਨਿਸ ਅਲੀਪੋਵ ਨੇ ਅੱਜ ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨਾਲ ਲੋਕ ਭਵਨ, ਪੰਜਾਬ ਵਿਖੇ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਮੀਟਿੰਗ ਇੱਕ ਸੁਹਿਰਦ ਅਤੇ ਨਿੱਘੇ ਮਾਹੌਲ ਵਿੱਚ ਹੋਈ, ਅਤੇ ਆਪਸੀ ਹਿੱਤਾਂ ਦੇ ਕਈ ਮੁੱਦਿਆਂ @ਤੇ ਚਰਚਾ ਕੀਤੀ ਗਈ। ਇਹ ਮੀਟਿੰਗ ਭਾਰਤ ਅਤੇ ਰੂਸ ਵਿਚਕਾਰ ਲੰਬੇ ਸਮੇਂ ਤੋਂ ਚੱਲ ਰਹੇ ਦੋਸਤਾਨਾ ਸਬੰਧਾਂ ਨੂੰ ਦਰਸਾਉਂਦੀ ਹੈ ਅਤੇ ਸਹਿਯੋਗ, ਸਮਝ ਅਤੇ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ? ?ਕਰਨ ਲਈ ਦੋਵਾਂ ਧਿਰਾਂ ਦੀ ਵਚਨਬੱਧਤਾ ਦੀ ਪੁਸ਼ਟੀ ਕਰਦੀ ਹੈ।

# ਓਮ ਬਿਰਲਾ ਨੇ ਰਾਮ ਨੌਮੀ ਦੀ ਪੂਰਵ ਸੰਧਿਆ ਮੌਕੇ ਦਿੱਤੀਆਂ ਸ਼ੁਭਕਾਮਨਾਵਾਂ

ਨਵੀਂ ਦਿੱਲੀ, 25 ਮਾਰਚ (ਅੰਮ੍ਰਿਤਪਾਲ ਸਿੰਘ) : ਆਪਣੇ ਸੰਦੇਸ਼ ਵਿੱਚ, ਸ਼੍ਰੀ ਬਿਰਲਾ ਨੇ ਕਿਹਾ, ÷ਸਾਡੇ ਸਤਿਕਾਰਯੋਗ ਮਰਿਆਦਾ ਪੁਰਸ਼ੋਤਮ ਭਗਵਾਨ ਸ਼੍ਰੀ ਰਾਮ, ਭਾਰਤ ਦੇ ਵਿਸ਼ਵਾਸ, ਸ਼ਰਧਾ ਅਤੇ ਸੱਭਿਆਚਾਰਕ ਆਤਮਾ ਦੇ ਸਦੀਵੀ ਪ੍ਰਤੀਕ, ਜੋ ਕਿ ਪੂਰੇ ਦੇਸ਼ ਨੂੰ ਜਨਤਕ ਭਲਾਈ, ਮਾਣ, ਦਇਆ ਅਤੇ ਧਾਰਮਿਕਤਾ ਦੇ ਬ੍ਰਹਮ ਪ੍ਰਕਾਸ਼ ਨਾਲ ਪ੍ਰਕਾਸ਼ਮਾਨ ਕਰਦੇ ਹਨ, ਦੇ ਸ਼ੁਭ ਜਨਮ ਦਿਵਸ, ਸ਼੍ਰੀ ਰਾਮ ਨੌਮੀ ਦੇ ਸ਼ੁਭ ਮੌਕੇ @ਤੇ ਸਾਰੇ ਦੇਸ਼ ਵਾਸੀਆਂ ਨੂੰ ਹਾਰਦਿਕ ਸ਼ੁਭਕਾਮਨਾਵਾਂ। ਭਗਵਾਨ ਸ਼੍ਰੀ ਰਾਮ ਨੇ ਮਨੁੱਖਤਾ ਨੂੰ ਕੁਰਬਾਨੀ, ਵਚਨਬੱਧਤਾ, ਸਦਭਾਵਨਾ, ਬਹਾਦਰੀ ਅਤੇ ਧਰਮੀ ਜੀਵਨ ਦੇ ਅਜਿਹੇ ਚਮਕਦਾਰ ਆਦਰਸ਼ ਦਿੱਤੇ ਹਨ ਜੋ ਯੁੱਗਾਂ ਤੋਂ



ਭਾਰਤੀ ਚੇਤਨਾ ਦਾ ਮਾਰਗਦਰਸ਼ਕ ਪ੍ਰਕਾਸ਼ ਬਣੇ ਹੋਏ ਹਨ। ਉਨ੍ਹਾਂ ਦਾ ਬ੍ਰਹਮ ਚਰਿੱਤਰ ਚੰਗੇ ਸ਼ਾਸਨ, ਜਨਤਕ ਭਲਾਈ, ਇੱਕ ਨਿਆਂਪੂਰਨ ਪ੍ਰਣਾਲੀ ਅਤੇ ਰਾਮਰਾਜ ਦੇ ਮਹਾਨ ਸੰਕਲਪ ਦਾ ਇੱਕ ਜੀਵਤ ਰੂਪ ਹੈ, ਜਿਸਨੂੰ ਅਸੀਂ ਅਜੇ ਵੀ ਇੱਕ ਮਹਾਨ ਰਾਸ਼ਟਰ ਦੇ ਨਿਰਮਾਣ ਲਈ ਆਦਰਸ਼ ਵਜੋਂ ਦੇਖਦੇ ਹਾਂ। ਇਸ ਸ਼ੁਭ ਮੌਕੇ @ਤੇ, ਮੈਂ ਕਾਮਨਾ ਕਰਦਾ ਹਾਂ ਕਿ ਅਸੀਂ ਸਾਰੇ ਇੱਕਜੁੱਟ ਹੋਈਏ ਅਤੇ ਇੱਕ ਵਿਕਸਤ ਭਾਰਤ ਦੇ ਨਿਰਮਾਣ ਲਈ ਕਰਤੱਵ, ਕਦਰਾਂ-ਕੀਮਤਾਂ ਅਤੇ ਰਾਸ਼ਟਰੀ ਸੇਵਾ ਦੇ ਮਾਰਗ @ਤੇ ਅੱਗੇ ਵਧਣ ਦਾ ਸੰਕਲਪ ਲਈਏ। ਭਗਵਾਨ ਸ਼੍ਰੀ ਰਾਮ ਦਾ ਆਸ਼ੀਰਵਾਦ ਸਾਰੇ ਦੇਸ਼ ਵਾਸੀਆਂ @ਤੇ ਬਣਿਆ ਰਹੇ, ਹਰ ਘਰ ਖੁਸ਼ੀ, ਸ਼ਾਂਤੀ, ਖੁਸ਼ਹਾਲੀ ਅਤੇ ਆਨੰਦ ਨਾਲ ਭਰਿਆ ਰਹੇ, ਅਤੇ ਸਾਡਾ ਦੇਸ਼, ਉਨ੍ਹਾਂ ਦੇ ਬ੍ਰਹਮ ਆਸ਼ੀਰਵਾਦ ਨਾਲ, ਤਰੱਕੀ, ਮਹਿਮਾ ਅਤੇ ਸੱਭਿਆਚਾਰਕ ਸ਼ਾਨ ਦੀਆਂ ਨਵੀਆਂ ਉਚਾਈਆਂ ਨੂੰ ਲਗਾਤਾਰ ਪ੍ਰਾਪਤ ਕਰਦਾ ਰਹੇ।

# ਬੰਗਾਲ ਚੋਣਾਂ ਤੋਂ ਪਹਿਲਾਂ ਟੈਨਿਸ ਦਿੱਗਜ ਲਿਏਂਡਰ ਪੇਸ ਟੀ.ਐਮ.ਸੀ. ਛੱਡ ਬੀ.ਜੇ.ਪੀ. ’ਚ ਹੋ ਸਕਦੈ ਸ਼ਾਮਲ

ਕੋਲਕਾਤਾ, 25 ਮਾਰਚ (ਚ.ਨ.ਸ.): ਪੱਛਮੀ ਬੰਗਾਲ ਵਿੱਚ ਵਿਧਾਨ ਸਭਾ ਚੋਣਾਂ ਦੇ ਨੇੜੇ ਆਉਂਦਿਆਂ ਹੀ ਸਿਆਸੀ ਪਾਰਾ ਲਗਾਤਾਰ ਚੜ੍ਹ ਰਿਹਾ ਹੈ। ਇਸ ਚੋਣ ਹਲਚਲ ਦੇ ਵਿਚਕਾਰ ਹੁਣ ਖੇਡ ਜਗਤ ਤੋਂ ਇੱਕ ਬਹੁਤ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਸੂਤਰਾਂ ਦੇ ਹਵਾਲੇ ਤੋਂ ਪਤਾ ਲੱਗਿਆ ਹੈ ਕਿ ਮਸ਼ਹੂਰ ਟੈਨਿਸ ਦਿੱਗਜ ਅਤੇ ਓਲੰਪਿਕ ਤਮਗਾ ਜੇਤੂ ਲਿਏਂਡਰ ਪੇਸ ਜਲਦੀ ਹੀ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਸਕਦੇ ਹਨ।ਜਾਣਕਾਰੀ ਅਨੁਸਾਰ, ਲਿਏਂਡਰ ਪੇਸ ਨੇ ਹਾਲ ਹੀ ਵਿੱਚ ਕੋਲਕਾਤਾ ਵਿੱਚ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਨਾਲ ਮੁਲਾਕਾਤ ਕੀਤੀ ਹੈ। ਕਿਆਸ ਲਗਾਏ ਜਾ ਰਹੇ ਹਨ ਕਿ ਦਿੱਲੀ ਵਿੱਚ ਇੱਕ ਸ਼ਾਨਦਾਰ ਪ੍ਰੋਗਰਾਮ ਦੌਰਾਨ ਉਹ



ਅਧਿਕਾਰਤ ਤੌਰ ’ਤੇ ਪਾਰਟੀ ਵਿੱਚ ਸ਼ਾਮਲ ਹੋ ਸਕਦੇ ਹਨ। ਭਾਜਪਾ ਦੀ ਰਣਨੀਤੀ ਪੇਸ ਦੀ ਅੰਤਰਰਾਸ਼ਟਰੀ ਪ੍ਰਸਿੱਧੀ ਅਤੇ ਨੌਜਵਾਨਾਂ ਵਿੱਚ ਉਨ੍ਹਾਂ ਦੇ ਪ੍ਰਭਾਵ ਦੀ ਵਰਤੋਂ ਸ਼ਹਿਰੀ ਵੋਟਰਾਂ ਨੂੰ ਆਪਣੇ ਪੱਖ ਵਿੱਚ ਕਰਨ ਦੀ ਹੈ। ਜ਼ਿਕਰਯੋਗ ਹੈ ਕਿ ਪੇਸ ਇਸ ਤੋਂ ਪਹਿਲਾਂ ਅਕਤੂਬਰ 2021 ਵਿੱਚ ਟੀਐਮਸੀ ਵਿੱਚ ਸ਼ਾਮਲ ਹੋਏ ਸਨ, ਪਰ ਹੁਣ ਉਨ੍ਹਾਂ ਦਾ ਝੁਕਾਅ ਭਾਜਪਾ ਵੱਲ ਨਜ਼ਰ ਆ ਰਿਹਾ ਹੈ।

# ਪਟਿਆਲਾ ਵਿਖੇ ਬ੍ਰਹਮ ਗਿਆਨੀ ਬਾਬਾ ਕਰਤਾਰ ਸਿੰਘ ਦੀ ਯਾਦ ਵਿੱਚ ਵਿਸ਼ੇਸ਼ ਗੁਰਮਤਿ ਸਮਾਗਮ 29 ਮਾਰਚ ਨੂੰ

ਰਣਬੀਰਪੁਰਾ (ਪਟਿਆਲਾ), 25 ਮਾਰਚ (ਚ.ਨ.ਸ.) : ਬ੍ਰਹਮ ਗਿਆਨੀ ਸੰਤ ਬਾਬਾ ਕਰਤਾਰ ਸਿੰਘ ਜੀ (ਗੁਰਦੁਆਰਾ ਸ੍ਰੀ ਦਸਮੇਸ਼ਗੜ੍ਹ ਸਾਹਿਬ ਭੈਰੋਮਾਜਰਾ ਵਾਲੇ) ਦੀ ਮਿੱਠੀ ਯਾਦ ਨੂੰ ਸਮਰਪਿਤ ਇੱਕ ਵਿਸ਼ਾਲ ਗੁਰਮਤਿ ਸਮਾਗਮ ਮਿਤੀ 29 ਮਾਰਚ 2026, ਦਿਨ ਐਤਵਾਰ ਨੂੰ ਗੁਰਦੁਆਰਾ ਸ੍ਰੀ ਅਕਾਲਸਰ ਸਾਹਿਬ, ਪਿੰਡ ਕੌਂਜੀਵਾਲਾ (ਰਣਬੀਰਪੁਰਾ), ਪਟਿਆਲਾ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਸ ਧਾਰਮਿਕ ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 9 ਵਜੇ ਸੁਖਮਨੀ ਸੁਸਾਇਟੀ ਬੀਬੀਆਂ ਦੇ ਜਥੇ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਨਾਲ ਕੀਤੀ ਜਾਵੇਗੀ, ਜਿਸ ਉਪਰੰਤ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਵਿਸ਼ੇਸ਼ ਕੀਰਤਨ ਦਰਬਾਰ ਸਜਾਇਆ ਜਾਵੇਗਾ। ਇਸ ਮੌਕੇ ਪੰਥ ਪ੍ਰਸਿੱਧ ਰਾਗੀ, ਢਾਡੀ ਅਤੇ ਪ੍ਰਚਾਰਕ ਸੰਗਤਾਂ ਨੂੰ ਗੁਰਬਾਣੀ ਅਤੇ ਗੁਰਮਤਿ ਵਿਚਾਰਾਂ ਨਾਲ ਨਿਹਾਲ ਕਰਨਗੇ। ਸਮਾਗਮ ਵਿੱਚ ਸੰਤ ਬਾਬਾ ਮਨਮੋਹਨ ਸਿੰਘ ਜੀ ਬਾਰਨ (ਪਟਿਆਲਾ) ਅਤੇ ਬਾਬਾ ਅਮਰ ਸਿੰਘ ਜੀ ਕੌਂਜੀਵਾਲਾ (ਕਾਰ ਸੇਵਾ ਵਾਲੇ) ਵਿਸ਼ੇਸ਼ ਤੌਰ ’ਤੇ ਹਾਜ਼ਰੀ ਭਰ ਕੇ ਸੰਗਤਾਂ ਨੂੰ ਆਸ਼ੀਰਵਾਦ ਦੇਣਗੇ। ਇਸ ਤੋਂ ਇਲਾਵਾ ਇਲਾਕੇ ਦੀਆਂ ਪ੍ਰਮੁੱਖ ਧਾਰਮਿਕ ਸ਼ਖ਼ਸੀਅਤਾਂ ਸਮੇਤ ਸ੍ਰ. ਚੇਤਨ ਸਿੰਘ ਜੌੜਾਮਾਜਰਾ (MLA ਸਮਾਣਾ) ਅਤੇ ਹੋਰ ਸਿਆਸੀ ਆਗੂ ਵੀ ਸ਼ਿਰਕਤ ਕਰਨਗੇ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਟੁੱਟ ਵਰਤੇਗਾ। ਮੁੱਖ ਸੇਵਾਦਾਰ ਬਾਬਾ ਮਹਿੰਦਰ ਸਿੰਘ ਜੀ ਖਾਲਸਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਦੁਆਰਾ ਸਾਹਿਬ ਵੱਲੋਂ ਮਾਤਾ ਕੁਸ਼ੱਲਿਆ ਹਸਪਤਾਲ ਅਤੇ ਟੀ.ਬੀ. ਹਸਪਤਾਲ ਪਟਿਆਲਾ ਵਿਖੇ ਚੱਲ ਰਹੀ ਰੋਜ਼ਾਨਾ ਲੰਗਰ ਸੇਵਾ ਵੀ ਨਿਰੰਤਰ ਜਾਰੀ ਹੈ। ਇਸ ਸਮਾਗਮ ਨੂੰ ਸਫਲ ਬਣਾਉਣ ਲਈ ਦੇਸ਼ ਭਗਤ ਪੋਲੀਟੈਕਨੀਕਲ ਕਾਲਜ ਬਰੜਵਾਲ ਅਤੇ ਦਸਮੇਸ਼ ਐਗਰੀਕਲਚਰ ਇੰਡਸਟਰੀ ਮਲੇਰਕੋਟਲਾ ਵੱਲੋਂ ਵੀ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। ਪ੍ਰਬੰਧਕਾਂ ਨੇ ਸਮੂਹ ਸੰਗਤਾਂ ਨੂੰ ਪਰਿਵਾਰਾਂ ਸਮੇਤ ਇਸ ਸਮਾਗਮ ਵਿੱਚ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ ਹੈ।

# ਇੰਗਲੈਂਡ ’ਚ ਡਰੱਗ ਮਾਫੀਆ ’ਤੇ ਸਖ਼ਤ ਕਾਰਵਾਈ, ਪੰਜਾਬਣ ਸਮੇਤ ਚਾਰ ਦੋਸ਼ੀਆਂ ਨੂੰ 30 ਸਾਲ ਦੀ ਸਜ਼ਾ

ਲੰਡਨ, 25 ਮਾਰਚ (ਚ.ਨ.ਸ.) : ਇੰਗਲੈਂਡ ਵਿੱਚ ਇੱਕ ਵੱਡੇ ਡਰੱਗ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦੇ ਹੋਏ ਅਦਾਲਤ ਨੇ ਇੱਕ ਪੰਜਾਬੀ ਔਰਤ ਸਮੇਤ



ਚਾਰ ਵਿਅਕਤੀਆਂ ਨੂੰ ਕੁੱਲ 30 ਸਾਲ ਤੋਂ ਵੱਧ ਕੈਦ ਦੀ ਸਜ਼ਾ ਸੁਣਾਈ ਹੈ। ਬਰਮਿੰਘਮ ਕਰਾਊਨ ਕੋਰਟ ਨੇ ਸ਼ਾਹਰੁਖ ਹੁਮਾਯੂੰ ਨੂੰ 10 ਸਾਲ 9 ਮਹੀਨੇ, ਗੈਬਰੀਅਲ ਕੁਨਾਈਟ ਨੂੰ 7 ਸਾਲ 8 ਮਹੀਨੇ, ਸਿੰਦੀਜਾ ਵਿਰਸੇ ਨੂੰ 6 ਸਾਲ 8 ਮਹੀਨੇ ਅਤੇ ਰੁਬਨਪ੍ਰੀਤ ਕੌਰ ਨੂੰ 5 ਸਾਲ 4 ਮਹੀਨੇ ਦੀ ਸਜ਼ਾ ਸੁਣਾਈ ਹੈ। ਅਰਵਿੰਦਰ ਬੈਂਸ ਨੂੰ ਪਹਿਲਾਂ ਹੀ ਇਸੇ ਮਾਮਲੇ ਵਿੱਚ ਦਸੰਬਰ 2022 ਵਿਚ 9 ਸਾਲ ਕੈਦ ਦੀ ਸਜ਼ਾ ਸੁਣਾਈ ਜਾ ਚੁੱਕੀ ਹੈ। ਜਾਂਚ ਤੋਂ ਪਤਾ ਲੱਗਿਆ ਹੈ ਕਿ ਇਸ ਗਿਰੋਹ ਨੇ ਅਪ੍ਰੈਲ ਅਤੇ ਅਗਸਤ 2022 ਦੇ ਵਿਚਕਾਰ 170 ਕਿਲੋਗ੍ਰਾਮ ਤੋਂ ਵੱਧ ਕੋਕੀਨ ਸਪਲਾਈ ਕੀਤੀ ਸੀ। ਇਨ੍ਹਾਂ ਨਸ਼ੀਲੇ ਪਦਾਰਥਾਂ ਦੀ ਅਨੁਮਾਨਤ ਕੀਮਤ ਲਗਭਗ 13.6 ਮਿਲੀਅਨ ਪੌਂਡ ਹੋਣ ਦਾ ਅਨੁਮਾਨ ਹੈ। ਪੁਲਿਸ ਦੇ ਅਨੁਸਾਰ, ਗਿਰੋਹ ਨੇ ਆਪਣੇ ਨੈੱਟਵਰਕ ਨੂੰ ਛੁਪਾਉਣ ਲਈ ਪਾਸਵਰਡ, ਕੋਡਨੇਮ ਅਤੇ ਏਨਕ੍ਰਿਪਟਡ ਮੈਸੇਜਿੰਗ ਐਪਸ ਦੀ ਵਰਤੋਂ ਕੀਤੀ। ਇਹ ਲੋਕ ਯੂ.ਕੇ ਦੇ ਵੱਖ-ਵੱਖ ਹਿੱਸਿਆਂ ਵਿੱਚ ਬਹੁਤ ਹੀ ਸੰਗਠਿਤ ਢੰਗ ਨਾਲ ਨਸ਼ੀਲੇ ਪਦਾਰਥ ਸਪਲਾਈ ਕਰਦੇ ਸਨ। 16 ਜੂਨ, 2022 ਨੂੰ, ਅਰਵਿੰਦਰ ਬੈਂਸ ਨੂੰ ਲੰਡਨ ਵਿੱਚ 10 ਕਿਲੋਗ੍ਰਾਮ ਉੱਚ-ਗੁਣਵੱਤਾ ਵਾਲੀ ਕੋਕੀਨ ਨਾਲ ਗ੍ਰਿਫਤਾਰ ਕੀਤਾ ਗਿਆ ਸੀ।ਇਸ ਤੋਂ ਬਾਅਦ ਨੈਸ਼ਨਲ ਕ੍ਰਾਈਮ ਏਜੰਸੀ ਅਤੇ ਮੈਟਰੋਪੋਲੀਟਨ ਪੁਲਿਸ ਦੁਆਰਾ ਕੀਤੀ ਗਈ ਇੱਕ ਸਾਂਝੀ ਜਾਂਚ ਨੇ ਪੂਰੇ ਗਿਰੋਹ ਦਾ ਪਰਦਾਫਾਸ਼ ਕੀਤਾ।

# ਫ਼ੈਡਰਲ ਮਿਨਿਮਮ ਵੇਜ ਵਿੱਚ ਹੋ ਰਿਹੈ ਵਾਧਾ, ਇੱਕ ਅਪ੍ਰੈਲ ਤੋਂ ਲਾਗੂ ਹੋਵੇਗੀ ਨਵੀਂ ਦਰ

ਓਟਵਾ, 25 ਮਾਰਚ (ਚ.ਨ.ਸ.) : ਕੈਨੇਡਾ ਵਿੱਚ ਫ਼ੈਡਰਲ ਮਿਨਿਮਮ ਵੇਜ ਵਿੱਚ ਅਗਲੇ ਹਫ਼ਤੇ ਤੋਂ ਵਾਧਾ ਹੋ ਰਿਹਾ ਹੈ। ਸਰਕਾਰ ਵੱਲੋਂ ਜਾਰੀ ਕੀਤੀ ਜਾਣਕਾਰੀ ਮੁਤਾਬਕ 1 ਅਪ੍ਰੈਲ ਤੋਂ ਇਹ ਘੱਟੋ-ਘੱਟ ਪ੍ਰਤੀ ਘੰਟਾ ਤਨਖ਼ਾਹ



17.75 ਡਾਲਰ ਤੋਂ ਵਧ ਕੇ 18.15 ਡਾਲਰ ਪ੍ਰਤੀ ਘੰਟਾ ਹੋ ਜਾਵੇਗੀ। ਇਹ ਕੁੱਲ 40 ਸੈਂਟ ਦਾ ਵਾਧਾ ਹੈ। ਫ਼ੈਡਰਲ ਮਿਨਿਮਮ ਵੇਜ ਨੂੰ ਹਰ ਸਾਲ ਦੇਸ਼ ਦੇ ਪਿਛਲੇ ਸਾਲ ਦੇ ਔਸਤ ਕੰਜਿ ?ਊਮਰ ਪ੍ਰਾਈਸ ਇੰਡੈਕਸ, ਜੋ ਕਿ ਇੱਕ ਅਹਿਮ ਮਹਿੰਗਾਈ ਸੂਚਕ ਹੁੰਦਾ ਹੈ, ਦੇ ਅਧਾਰ ’ਤੇ ਐਡਜਸਟ ਕੀਤਾ ਜਾਂਦਾ ਹੈ। 2025 ਵਿੱਚ ਇਹ ਦਰ 2.1 ਫ਼ੀਸਦੀ ਸੀ, ਜਿਸ ਦੇ ਆਧਾਰ ’ਤੇ ਨਵੀਂ ਵੇਜ ਨੂੰ ਤੈਅ ਕੀਤਾ ਗਿਆ। ਫ਼ੈਡਰਲ ਮਿਨਿਮਮ ਵੇਜ 2021 ਵਿੱਚ ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਸਰਕਾਰ ਵੱਲੋਂ ਸ਼ੁਰੂ ਕੀਤਾ ਗਿਆ ਸੀ। ਇਹ ਤਨਖ਼ਾਹ ਉਨ੍ਹਾਂ ਕਾਮਿਆਂ ਲਈ ਲਾਗੂ ਹੁੰਦੀ ਹੈ ਜੋ ਟ੍ਰਾਂਸਪੋਰਟ, ਬੈਂਕਿੰਗ ਅਤੇ ਟੈਲੀਕਾਮ ਵਰਗੇ ਫ਼ੈਡਰਲ ਨਿਯੰਤਰਿਤ ਖੇਤਰਾਂ ਵਿੱਚ ਕੰਮ ਕਰਦੇ ਹਨ। ਹਾਲਾਂਕਿ, ਕੈਨੇਡਾ ਵਿੱਚ ਜਿ ?ਆਦਾਤਰ ਮੁਲਾਜ਼ਮ ਸੂਬਾਈ ਜਾਂ ਟੈਰੀਟ੍ਰੀਜ਼ ਦੇ ਮਿਨਿਮਮ ਵੇਜ ਦੇ ਅਧੀਨ ਆਉਂਦੇ ਹਨ। ਇਹ ਦਰਾਂ ਵੱਖ-ਵੱਖ ਸੂਬਿਆਂ ਵਿੱਚ ਵੱਖਰੀਆਂ ਹਨ। ਉਦਾਹਰਨ ਵਜੋਂ, ਸਭ ਤੋਂ ਵੱਧ ਮਿਨਿਮਮ ਵੇਜ ਨੂਨਾਵੂਟ ਵਿੱਚ 19.75 ਡਾਲਰ ਪ੍ਰਤੀ ਘੰਟਾ ਹੈ, ਜਦਕਿ ਸਭ ਤੋਂ ਘੱਟ ਐਲਬਰਟਾ ਵਿੱਚ 15 ਡਾਲਰ ਪ੍ਰਤੀ ਘੰਟਾ ਹੈ।

# ਦਿੱਲੀ ਵਿਖੇ 28 ਮਾਰਚ ਨੂੰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ ‘ਮਾਂ ਯਮੁਨਾ ਜਨਮ ਉਤਸਵ’

ਨਵੀਂ ਦਿੱਲੀ, 25 ਮਾਰਚ (ਅੰਮ੍ਰਿਤਪਾਲ ਸਿੰਘ) : ਉੱਤਰੀ ਭਾਰਤ ਦੀ ਜੀਵਨ ਰੇਖਾ ਮੰਨੀ ਜਾਣ ਵਾਲੀ ਪਵਿੱਤਰ ਯਮੁਨਾ ਨਦੀ ਦੀ ਨਿਰਮਲਤਾ ਅਤੇ ਵਾਤਾਵਰਣ ਦੀ ਸੰਭਾਲ ਦਾ ਸੁਨੇਹਾ ਦੇਣ ਲਈ ਯਮੁਨਾ ਪਰਿਵਾਰ ਕੌਂਸਲ ਵੱਲੋਂ ਆਉਂਦੀ 28 ਮਾਰਚ 2026 ਨੂੰ ਦਿੱਲੀ ਵਿਖੇ ਵਿਸ਼ਾਲ ਮਾਂ ਯਮੁਨਾ ਜਨਮ ਉਤਸਵ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਪਰਮਾਰਥ ਨਿਕੇਤਨ ਰਿਸ਼ੀਕੇਸ਼ ਦੇ ਸਰਪ੍ਰਸਤ ਪੂਜਯ ਸਵਾਮੀ ਚਿਦਾਨੰਦ ਸਰਸਵਤੀ ਮਹਾਰਾਜ ਮੁਨੀ ਜੀ ਦੀ ਅਗਵਾਈ ਹੇਠ ਉਲੀਕਿਆ ਗਿਆ ਹੈ, ਜੋ ਕਿ ਈਸਟ ਆਫ ਕੈਲਾਸ਼ ਸਥਿਤ ਆਰਿਆ ਆਡੀਟੋਰੀਅਮ (ਦੇਸਰਾਜ ਪਰਿਸਰ) ਵਿਖੇ ਦੁਪਹਿਰ 3:30 ਵਜੇ ਤੋਂ ਸ਼ੁਰੂ ਹੋਵੇਗਾ। ਇਸ ਧਾਰਮਿਕ ਤੇ ਸਮਾਜਿਕ ਸਮਾਗਮ ਦੌਰਾਨ ਪੂਜਯ ਵੈਸ਼ਨਵਾਚਾਰੀਆ 108 ਸ਼੍ਰੀ ਯਦੁਨਾਥ ਮਹੋਦਯ ਜੀ ਆਪਣੇ ਮੁਖਾਰਬਿੰਦ ਤੋਂ ਮਾਂ ਯਮੁਨਾ ਦੀ ਦਿਵਯ ਕਥਾ ਦਾ ਗੁਣਗਾਣ ਕਰਨਗੇ ਅਤੇ ਪ੍ਰਸਿੱਧ ਕਲਾਕਾਰ ਵਿੱਕੀ ਉਪਾਧਿਆਏ ਵੱਲੋਂ ਕ੍ਰਿਸ਼ਨ ਕਾਲਿੰਦੀ ਵਿਵਾਹ ਦਾ ਸੁੰਦਰ ਪ੍ਰਸੰਗ ਸੰਗਤਾਂ ਦੇ ਸਨਮੁੱਖ ਪੇਸ਼ ਕੀਤਾ ਜਾਵੇਗਾ। ਯਮੁਨਾ ਪਰਿਵਾਰ ਕੌਂਸਲ ਦੇ ਨਿਰਦੇਸ਼ਕ ਕਪਿਲ ਗਰਗ ਅਤੇ ਕੰਚਨ ਗਰਗ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਪਿਛਲੇ ਛੇ ਸਾਲਾਂ ਤੋਂ ਯਮੁਨਾ ਨਦੀ ਨੂੰ ਪ੍ਰਦੂਸ਼ਣ ਮੁਕਤ ਕਰਨ ਅਤੇ ਇਸ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਨਿਰੰਤਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਇਸ ਉਤਸਵ ਦਾ ਮੁੱਖ ਮਕਸਦ ਉਤਰਾਖੰਡ, ਹਿਮਾਚਲ ਪ੍ਰਦੇਸ਼, ਹਰਿਆਣਾ, ਦਿੱਲੀ ਅਤੇ ਉੱਤਰ ਪ੍ਰਦੇਸ਼ ਦੀਆਂ ਸਰਕਾਰਾਂ ਦੇ ਨਾਲ-ਨਾਲ ਆਮ ਜਨਤਾ ਨੂੰ ਵੀ ਨਦੀਆਂ ਦੀ ਸਵੱਛਤਾ ਪ੍ਰਤੀ ਜਾਗਰੂਕ ਕਰਨਾ ਹੈ। ਇਹ ਸਮਾਗਮ ਨਾ ਸਿਰਫ਼ ਧਾਰਮਿਕ ਆਸਥਾ ਦਾ ਪ੍ਰਤੀਕ ਹੈ, ਸਗੋਂ ਜਲ-ਸੰਭਾਲ ਅਤੇ ਵਾਤਾਵਰਣ ਦੀ ਰਾਖੀ ਲਈ ਇੱਕ ਵੱਡੀ ਜਨ-ਲਹਿਰ ਪੈਦਾ ਕਰਨ ਦਾ ਉਪਰਾਲਾ ਵੀ ਹੈ। ਸਮਾਗਮ ਵਿੱਚ ਦੇਸ਼ ਦੀਆਂ ਕਈ ਪ੍ਰਮੁੱਖ ਸ਼ਖਸੀਅਤਾਂ ਅਤੇ ਵਾਤਾਵਰਣ ਪ੍ਰੇਮੀ ਸ਼ਿਰਕਤ ਕਰਨਗੇ। ਪ੍ਰਬੰਧਕਾਂ ਵੱਲੋਂ ਸਮੂਹ ਮੀਡੀਆ ਅਦਾਰਿਆਂ ਅਤੇ ਸੰਗਤਾਂ ਨੂੰ ਇਸ ਪਵਿੱਤਰ ਕਾਰਜ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਹੈ।

# ਸਿਹਤ ਤੇ ਪਰਿਵਾਰ ਭਲਾਈ ਪੰਜਾਬ ਵਿਖੇ ਵਿਸ਼ਵ ਟੀ.ਬੀ ਦਿਵਸ ਸਬੰਧੀ ਸਹੁੰ ਚੁੱਕ ਸਮਾਗਮ

## ਬਿਮਾਰੀ ਨੂੰ ਖਤਮ ਕਰਨ ਲਈ ਸਾਰਿਆਂ ਦਾ ਸਹਿਯੋਗ ਜਰੂਰੀ : ਡਾ. ਹਿਤਿੰਦਰ ਕੌਰ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਪੰਜਾਬ

ਚੰਡੀਗੜ੍ਹ, 25 ਮਾਰਚ (ਅੰਮ੍ਰਿਤਪਾਲ ਸਿੰਘ) : ਵਿਸ਼ਵ ਟੀ.ਬੀ ਦਿਵਸ ਦੇ ਸਬੰਧ ਵਿੱਚ ਦਫ਼ਤਰ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਪੰਜਾਬ, ਸੈਕਟਰ 34-ਏ, ਚੰਡੀਗੜ੍ਹ ਵਿਖੇ ਡਾ. ਹਿਤਿੰਦਰ ਕੌਰ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਪੰਜਾਬ ਦੀ ਪ੍ਰਧਾਨਗੀ ਹੇਠ ਸਹੁੰ ਚੁੱਕ ਸਮਾਗਮ ਕੀਤਾ ਗਿਆ । ਜਿਸ ਵਿੱਚ ਡਾ. ਅਦਿੱਤੀ ਸਲਾਰੀਆ ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ) ਪੰਜਾਬ, ਡਾ. ਅਨਿਲ ਗੋਇਲ ਡਾਇਰੈਕਟਰ ਸਿਹਤ ਸੇਵਾਵਾਂ (ਈ.ਐਸ.ਆਈ) ਪੰਜਾਬ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ ਅਤੇ ਇਸ ਸਮਾਗਮ ਵਿੱਚ ਸਾਰੇ ਡਿਪਟੀ ਡਾਇਰੈਕਟਰ, ਅਸਿਸਟੈਂਟ ਡਾਇਰੈਕਟਰ, ਦਫ਼ਤਰ ਡੀ.ਐਚ.ਐਸ ਪੰਜਾਬ ਦਾ ਸਾਰੇ ਸਟਾਫ ਨੇ ਭਾਗ ਲਿਆ । ਸਮਾਗਮ ਵਿੱਚ ਸਾਰਿਆ ਵੱਲੋ ਦੇਸ਼ ਵਿੱਚੋ ਟੀ.ਬੀ ਦੀ ਬਿਮਾਰੀ ਨੂੰ ਖਤਮ ਕਰਨ ਲਈ ਸਹੁੰ ਚੁੱਕੀ ਗਈ । ਇਸ ਮੌਕੇ ਡਾ.ਹਿਤਿੰਦਰ ਕੌਰ ਨੇ ਕਿਹਾ ਕਿ ਟੀ.ਬੀ ਦੀ ਬਿਮਾਰੀ ਦਾ ਸਮੇਂ ਸਿਰ ਪਹਿਚਾਣ ਕਰਕੇ ਅਤੇ ਇਲਾਜ



ਕਰਕੇ ਸਮਾਜ ਵਿੱਚੋ ਟੀ.ਬੀ ਖਤਮ ਕੀਤਾ ਜਾ ਸਕਦਾ ਹੈ । ਉਹਨਾ ਕਿਹਾ ਕਿ ਟੀ.ਬੀ ਦੀ ਬਿਮਾਰੀ ਦੀ ਜਾਂਚ ਅਤੇ ਇਲਾਜ ਪੰਜਾਬ ਦੇ ਸਾਰੇ ਹਸਪਤਾਲਾਂ ਅਤੇ ਸਿਹਤ ਕੇਂਦਰਾ ਵਿੱਚ ਮੁਫ਼ਤ ਕੀਤਾ ਜਾਂਦਾ ਹੈ ।

ਟੀ.ਬੀ ਦੀ ਜਲਦੀ ਪਹਿਚਾਣ ਕਰਨ ਲਈ ਰਾਜ ਦੇ ਸਾਰੇ ਮੈਡੀਕਲ ਕਾਲਜਾ, ਜ਼ਿਲ੍ਹਾ ਹਸਪਤਾਲਾਂ ਅਤੇ ਸਬ-ਡਿਵੀਜਨਲ ਹਸਪਤਾਲਾਂ ਵਿੱਚ ਟਰੂ ਨਾਟ ਮਸ਼ੀਨਾ ਲਗਾਈਆ ਗਈਆ ਹਨ । ਜਿੱਥੇ ਟੀ.ਬੀ ਦੀ ਬਿਮਾਰੀ ਦੀ ਮੁੱਢਲੀ ਸਟੇਜ ਵਿੱਚ ਪਹਿਚਾਣ ਕੀਤੀ ਜਾ ਸਕਦੀ ਹੈ । ਉਹਨਾ ਕਿਹਾ ਕਿ ਜੇਕਰ ਟੀ.ਬੀ ਦੇ ਮਰੀਜ਼ਾ ਨੂੰ ਇਲਾਜ ਦੌਰਾਨ ਚੰਗੀ ਖੁਰਾਕ ਦਿੱਤੀ ਜਾਵੇ ਤਾਂ ਟੀ.ਬੀ ਨਾਲ ਹੋਣ ਵਾਲੀਆ ਮੌਤਾਂ ਨੂੰ ਘੱਟ ਕੀਤਾ ਜਾ ਸਕਦਾ ਹੈ। ਇਸ ਲਈ ਸਰਕਾਰ ਵੱਲੋ ਨਿਕਸ਼ੈ ਪੋਰਟਲ ਬਣਾਇਆ ਗਿਆ ਹੈ ਜਿੱਥੇ ਕੋਈ ਵੀ ਵਿਅਕਤੀ ਆਪਣੇ ਆਪ ਨੂੰ ਨਿਕਸ਼ੈ ਮਿਤਰਾ ਰਜਿਸਟਰ ਕਰ ਸਕਦਾ ਹੈ ਅਤੇ ਆਪਣੀ ਸਹੂਲਤ ਅਨੁਸਾਰ ਟੀ.ਬੀ ਦੇ ਮਰੀਜ਼ਾ ਨੂੰ ਸੰਤੁਲਿਤ ਖੁਰਾਕ ਦੀਆ ਕਿੱਟਾ ਦੇਣ ਲਈ ਆਪਣਾ ਯੋਗਦਾਨ ਪਾ ਸਕਦਾ ਹੈ । ਉਹਨਾ ਦਫ਼ਤਰ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਪੰਜਾਬ ਦੇ ਸਾਰੇ ਅਧਿਕਾਰੀਆ ਅਤੇ ਕਰਮਚਾਰੀਆ ਨੂੰ ਨਿਕਸ਼ੈ ਮਿਤਰਾ ਬਣ ਕੇ ਵੱਧ ਤੋਂ ਵੱਧ ਟੀ.ਬੀ ਦੇ ਮਰੀਜ਼ਾ ਨੂੰ ਖੁਰਾਕ ਦੀਆ ਕਿੱਟਾ ਮੁਹੱਈਆ ਕਰਾਉਣ ਲਈ ਅਪੀਲ ਕੀਤੀ ਤਾਂ ਜੋ ਪੰਜਾਬ ਵਿੱਚੋ ਟੀ.ਬੀ ਨਾਲ ਹੋਣ ਵਾਲੀਆ ਮੌਤਾਂ ਨੂੰ ਘੱਟ ਕੀਤਾ ਜਾ ਸਕੇ ਅਤੇ ਟੀ.ਬੀ ਨੂੰ ਖਤਮ ਕੀਤਾ ਜਾ ਸਕੇ। ਇਸ ਮੌਕੇ ਡਾ.ਅਦਿੱਤੀ ਸਲਾਰੀਆ ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ) ਪੰਜਾਬ ਨੇ ਵੀ ਸਾਰੇ ਅਧਿਕਾਰੀਆ ਅਤੇ ਕਰਮਚਾਰੀਆ ਨੂੰ ਪੰਜਾਬ ਵਿੱਚੋ ਟੀ.ਬੀ ਦੀ ਬਿਮਾਰੀ ਨੂੰ ਖਤਮ ਕਰਨ ਲਈ ਆਪਣਾ ਯੋਗਦਾਨ ਪਾਉਣ ਲਈ ਕਿਹਾ । ਇਸ ਮੌਕੇ ਡਾ.ਅਨਿਲ ਗੋਇਲ ਡਾਇਰੈਕਟਰ ਸਿਹਤ ਸੇਵਾਵਾਂ (ਈ.ਐਸ.ਆਈ) ਪੰਜਾਬ ਨੇ ਕਿਹਾ ਕਿ ਪੰਜਾਬ ਵਿੱਚ ਉਦਯੋਗਪਤੀਆ ਨੂੰ ਨਿਕਸ਼ੈ ਮਿਤਰਾ ਬਣ ਕੇ ਉਨ੍ਹਾਂ ਦੀਆ ਉਦਯੋਗਿਕ ਸੰਸਥਾਵਾਂ ਵਿੱਚ ਕੰਮ ਕਰਦੇ ਸਾਰੇ ਟੀ.ਬੀ ਦੇ ਮਰੀਜ਼ਾ ਨੂੰ ਖੁਰਾਕ ਦੀਆ ਕਿੱਟਾ ਮੁਹੱਈਆ ਕਰਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ । ਇਸ ਮੌਕੇ ਡਿਪਟੀ ਡਾਇਰੈਕਟਰ ਡਾ.ਸੁਭਾਸ ਕੁਮਾਰ, ਡਾ ਸੁਰਿੰਦਰ ਕੌਰ, ਡਾ. ਰਸਮੀ ਸ਼ਰਮਾ, ਸਟੇਟ ਪ੍ਰੋਗਰਾਮ ਅਫਸਰ (ਟੀ.ਬੀ) ਡਾ. ਰਾਜੇਸ਼ ਭਾਸਕਰ, ਸਮੂਹ ਸਹਾਇਕ ਡਾਇਰੈਕਟਰ, ਡਾ. ਵਾਸੁਧਾ ਚੌਧਰੀ, ਡਾ. ਸੀਮਾ ਅਗਰਵਾਲ, ਪ੍ਰੋਗਰਾਮ ਅਫ਼ਸਰਜ, ਵਰਲਡ ਹੈਲਥ ਪਾਰਟਨਰ ਐਨ.ਜੀ.ਓ ਤੋ ਅਖਲੇਸ਼ ਸ਼ਰਮਾ, ਡਾ. ਸਤੀਸ਼ ਪੁੰਡੀਰ, ਸੁਖਵਿੰਦਰ ਸਿੰਘ, ਕੇਐਚਪੀਟੀ ਤੋਂ ਡਾ. ਜਸਕੀਰਤ ਸਿੰਘ ਅਤੇ ਮੁੱਖ ਦਫ਼ਤਰ ਡੀ.ਐਚ.ਐਸ ਪੰਜਾਬ ਦੇ ਸਮੂਹ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ ।


ਸਜਣ ਮੇਰੇ ਰੰਗੁਲੇ ਜਾਇ ਸੁਤੇ ਜੀਰਾਣਿ ॥



Preet Mohini Kaur

W/o Lt. Sdr Daljit Singh Kalra

15th June 1938 - 21st March 2026

Antim Ardaas

Thursday, 26th March 2026

Gurudwara Rakab Ganj Sahib (Bhai Lakhishah Vanjara Hall)

Kirtan 3:00pm-4:00pm

Followed By Langar

In Grief:-

Mandeep Singh (son) - Paramejeet Kaur
Chandeep Singh (Son)- Jagjit Kaur
**Harmeet Singh Kalka (Son) - Manpreet Kaur Kalka**
**President DELHI SIKH GURUDWARA MANAGEMENT COMMITTEE**
**Ex-MLA Delhi**

Sdn.& Sdr. Manmohan Singh (Brother in Law)
Sdr. Tejpal Singh (Brother in Law)

Jyotdeep, Simran, Saheb, Ushmeet, Jhujhar, Jasraj
Arneja's, Kalra's, Dhingra's, Tulis, Bhatia's, Arora's, Kohli's, Attariwala's

Kalka Pariwar



# ਮਾਝਾ-ਦੁਆਬਾ

ਆਸ ਪਾਸ



## ਮਾਸਟਰ ਕੇਡਰ ਯੂਨੀਅਨ ਨੇ ਕੀਤਾ ਆਨ ਲਾਈਨ ਸਕਰੀਨਿੰਗ ਪੇਪਰ ਚੈਕਿੰਗ ਦਾ ਵਿਰੋਧ



ਤਰਨਤਾਰਨ, 25 ਮਾਰਚ (ਸਰਬਜੀਤ ਸਿੰਘ ਮੀਆ ਵਿੰਡ) : ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਬਲਜਿੰਦਰ ਧਾਲੀਵਾਲ, ਸੂਬਾ ਜਨਰਲ ਗੁਰਮੀਤ ਸਿੰਘ ਭੁੱਲਰ ,ਸੂਬਾ ਸਰਪ੍ਰਸਤ ਗੁਰਪ੍ਰੀਤ ਸਿੰਘ ਰਿਆੜ, ਹਰਮਿੰਦਰ ਸਿੰਘ ਉੱਪਲ, ਜੁਆਇੰਟ ਸਕੱਤਰ ਦਲਜੀਤ ਸਿੰਘ ਸੱਬਰਵਾਲ, ਸੀਨੀਅਰ ਮੀਤ ਪ੍ਰਧਾਨ ਹਰਬੰਸ ਲਾਲ, ਅਮਰਵੀਰ ਸਿੰਘ, ਇੰਦਰਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸ਼ਾਂਤਪੁਰੀ, ਜਥੇਬੰਦਕ ਸਕੱਤਰ ਹਰਸੇਵਕ ਸਿੰਘ ਸਾਧੂਵਾਲਾ , ਸੁਖਰਾਜ ਸਿੰਘ ਬੁੱਟਰ ਨੇ ਸਾਂਝੇ ਤੌਰ ਤੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਿੱਖਿਆ ਕ੍ਰਾਂਤੀ ਦੇ ਨਾਮ ਤੇ ਪੰਜਾਬ ਸਰਕਾਰ ਪੰਜਾਬ ਦੇ ਅਧਿਆਪਕਾਂ ਤੇ ਨਵੇਂ ਨਵੇਂ ਤਜਰਬੇ ਥੋਪ ਰਹੀ ਹੈ। ਆਮ ਆਦਮੀ ਪਾਰਟੀ ਦੇ ਆਕਾ ਮਨੀਸ਼ ਸਿਸ਼ੋਦੀਆ ਵੱਲੋਂ ਪੰਜਾਬ ਸੂਬੇ ਵਿੱਚ ਆ ਕੇ ਆਪਣੀਆਂ ਮਨ ਮਰਜੀਆਂ ਸਿੱਖਿਆ ਵਿਭਾਗ ਵਿੱਚ ਸਿੱਖਿਆ ਮੰਤਰੀ ਨਾਲ ਮਿਲ ਕੇ ਨਵੇਂ ਨਵੇਂ ਤਜਰਬੇ ਕਰਕੇ ਅਧਿਆਪਕਾਂ ਨੂੰ ਮਾਨਸਿਕ ਪਰੇਸ਼ਾਨ ਕੀਤਾ ਜਾ ਰਿਹਾ ਹੈ। ਜਿਸ ਤਹਿਤ ਪੰਜਾਬ ਦੇ ਸਾਰੇ ਜਿਲ੍ਹਿਆਂ ਦੇ ਸਮਾਜਿਕ ਸਿੱਖਿਆ ਅਧਿਆਪਕਾਂ ਨੂੰ ਦਸਵੀਂ ਜਮਾਤ ਦੇ ਸਮਾਜਿਕ ਦਾ ਪੇਪਰ ਆਨਲਾਈਨ ਚੈੱਕ ਕਰਵਾਉਣ ਲਈ ਦਾ ਨਿਰਦੇਸ ਦਿੱਤਾ ਗਿਆ ਹੈ।ਜਿਸ ਨਾਲ ਸਾਰੇ ਸਮਾਜਿਕ ਸਿੱਖਿਆ ਅਧਿਆਪਕਾਂ ਵਿੱਚ ਰੋਸ ਦੀ ਲਹਿਰ ਪਾਈ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਆਨਲਾਈਨ ਸਕਰੀਨਿੰਗ ਵਿੱਚ ਸਕੂਲਾਂ ਵਿੱਚ ਕਈ ਸਮੇਂ ਨੈੱਟ ਦੀ ਸਮੱਸਿਆ, ਸਾਈਟ ਦਾ ਹੌਲੀ ਹੋ ਜਾਣਾ ,ਨਿਗ੍ਹਾ ਤੇ ਜਿਆਦਾ ਜ਼ੋਰ ਪੈ ਜਾਣਾ ,ਮਾਨਸਿਕ ਤੌਰ 'ਤੇ ਦਬਾਅ ,ਅਧਿਆਪਕਾਂ ਵੱਲੋਂ ਟੈਕਨੀਕਲ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਣਾ ,ਇਸ ਨਾਲ ਸਮੇਂ ਦੀ ਬਰਬਾਦੀ ,ਆਦਿ ਸਮੱਸਿਆਵਾਂ ਕਰਕੇ ਆਨਲਾਈਨ ਸਕਰੀਨਿੰਗ ਦਾ ਤਜਰਬਾ ਅਧਿਆਪਕਾਂ ਨੂੰ ਜਾਣ ਬੁਝ ਕੇ ਮਾਨਸਿਕ ਪਰੇਸ਼ਾਨ ਕਰਨਾ ਹੈ ,ਜਿਸ ਦਾ ਮਾਸਟਰ ਕੇਡਰ ਯੂਨੀਅਨ ਵਿਰੋਧ ਕੀਤਾ ਜਾਂਦਾ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਤਰ੍ਹਾਂ ਦੇ ਤਜਰਬੇ ਅਧਿਆਪਕਾ ਤੇ ਨਾ ਥੋਪ ਕੇ ਸਿੱਖਿਆ ਨੂੰ ਸਹੀ ਦਿਸ਼ਾ ਵੱਲ ਲਿਜਾਇਆ ਜਾਵੇ ਇਸ ਮੌਕੇ ਮਨਜਿੰਦਰ ਸਿੰਘ ਢਿੱਲੋ ,ਇੰਦਰਪਾਲ ਸਿੰਘ ਮੋਗਾ , ਧਰਮਿੰਦਰ ਗੁਪਤਾ ,ਸ਼ਮਸ਼ੇਰ ਸਿੰਘ ਮੋਗਾ ,ਧਰਮਿੰਦਰ ਸਿੰਘ ਫਰੀਦਕੋਟ , ਪ੍ਰਿਤਪਾਲ ਸਿੰਘ ਰਾਣਾ ਰੋਪੜ,ਬਲਵਿੰਦਰ ਸਿੰਘ ਫਾਜ਼ਿਲਕਾ, ਗੁਰਮੀਤ ਬਰਾੜ ਸ੍ਰੀ ਮੁਕਤਸਰ ਸਾਹਿਬ ਵਿਨੇ ਸ਼ਰਮਾ ਨਵਾਂ ਸ਼ਹਿਰ ਅਸ਼ਵਨੀ ਕੁਮਾਰ ਅੰਮ੍ਰਿਤਸਰ, ਹਰਜਿੰਦਰ ਸਿੰਘ ਫਾਜ਼ਿਲਕਾ ਆਦਿ ਹਾਜ਼ਰ ਸਨ।

## ਖ਼ਾਲਸਾ ਕਾਲਜ ਵਿਖੇ 3 ਰੋਜ਼ਾ ਅੰਤਰ-ਰਾਸ਼ਟਰੀ ਕਾਨਫ਼ਰੰਸ ਅੱਜ ਤੋਂ

### ਨਾਮਵਰ ਉਰਦੂ ਸ਼ਾਇਰ ਸ੍ਰੀ ਵਸੀਮ ਬਰੇਲਵੀ ਅਤੇ ਡਾ. ਸਤਿੰਦਰ ਸਰਤਾਜ ਬਣਨਗੇ ਸ਼ਾਮ-ਏ-ਸੁਖ਼ਨ ਦਾ ਸ਼ਿੰਗਾਰ

ਅੰਮ੍ਰਿਤਸਰ, 25 ਮਾਰਚ (ਬਬਲੂ ਮਹਾਜਨ)—ਖਾਲਸਾ ਕਾਲਜ ਵਿਖੇ ਪੰਜਾਬ ਕਲਾ ਪਰਿਸ਼ਦ ਚੰਡੀਗੜ੍ਹ ਅਤੇ ਪੰਜਾਬ ਸਾਹਿਤ ਅਕਾਡਮੀ ਚੰਡੀਗੜ੍ਹ ਵੱਲੋਂ 'ਏ.ਆਈ. ਦੇ ਦੌਰ 'ਚ ਖੋਜ ਅਤੇ ਸਿਰਜਨਾਤਮਕਤਾ: ਨਵੇਂ ਸੰਦ, ਤਕਨੀਕਾਂ ਅਤੇ ਖੋਜ ਵਿਧੀਆਂ' ਵਿਸ਼ੇ 'ਤੇ 28 ਮਾਰਚ ਤੱਕ ਚੱਲਣ ਵਾਲੀ 3-ਰੋਜ਼ਾ ਬਹੁਅਨੁਸ਼ਾਸਨੀ ਕਾਨਫ਼ਰੰਸ ਦਾ ਸ਼ਾਨਦਾਰ ਅਗਾਜ਼ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਵਿਸ਼ੇਸ਼ ਮਹਿਮਾਨ ਵਜੋਂ ਪੁੱਜ ਰਹੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਕਰਮਜੀਤ ਸਿੰਘ, ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਅਤੇ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ ਦੇ ਉੱਪ ਕੁਲਪਤੀ ਪ੍ਰੋਫ਼ੈਸਰ ਸਤਬੀਰ ਸਿੰਘ ਗੋਸਲ ਨਾਲ ਮਿਲ ਕੇ ਕਰਨਗੇ।ਇਸ ਸਬੰਧੀ ਕਾਲਜ ਪ੍ਰਿੰਸੀਪਲ ਅਤੇ ਕਾਨਫ਼ਰੰਸ ਦੇ ਚੀਫ਼ ਕੁਆਰਡੀਨੇਟਰ ਡਾ. ਆਤਮ ਸਿੰਘ ਰੰਧਾਵਾ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਉਕਤ ਕਾਨਫ਼ਰੰਸ ਦੇ ਵੱਖ-ਵੱਖ ਸੈਸ਼ਨਾਂ 'ਚ ਵਿਸ਼ਵ ਭਰ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ ਚਿੰਤਕ ਅਤੇ ਵਿਸ਼ਾ ਮਾਹਿਰ ਹਿੱਸਾ ਲੈ ਰਹੇ ਹਨ। ਉਨ੍ਹਾਂ ਕਿਹਾ ਕਿ 26 ਮਾਰਚ ਨੂੰ ਕਾਨਫ਼ਰੰਸ ਦਾ ਉਦਘਾਟਨੀ ਸੈਸ਼ਨ ਸਵੇਰੇ 10 ਵਜੇ ਸ. ਸੁੰਦਰ ਸਿੰਘ




ਮਜੀਠੀਆ ਹਾਲ 'ਚ ਕਰਵਾਇਆ ਜਾਵੇਗਾ, ਜਿਸ ਦੀ ਪ੍ਰਧਾਨਗੀ ਸ: ਛੀਨਾ ਕਰਨਗੇ। ਉਨ੍ਹਾਂ ਕਿਹਾ ਕਿ ਪ੍ਰਸਿੱਧ ਚਿੰਤਕ ਸ. ਅਮਰਜੀਤ ਸਿੰਘ ਗਰੇਵਾਲ ਕਾਨਸੈਪਟ ਨੋਟ, ਏ.ਆਈ. ਫਿਊਚਰਿਸਟ ਐਂਡ ਔਥਰ ਸ੍ਰੀ ਯੋਗੇਸ਼ ਕੌਂਛਰ ਕੁੰਜੀਵਤ ਭਾਸ਼ਣ ਦੇਣਗੇ ਅਤੇ ਵਿਸ਼ੇਸ਼ ਮਹਿਮਾਨ ਵਜੋਂ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਦੇ ਪ੍ਰਧਾਨ ਸ. ਸਵਰਨਜੀਤ ਸਿੰਘ ਸਵੀ ਸ਼ਾਮਿਲ ਹੋਣਗੇ।ਇਸ ਸਮਾਗਮ 'ਚ 'ਏ.ਆਈ. ਦੇ ਦੌਰ ਵਿਚ ਖੋਜ ਅਤੇ ਸਿਰਜਾਣਾਤਮਕਤਾ : ਨਵੇਂ ਸੰਦ, ਤਕਨੀਕਾਂ ਅਤੇ ਖੋਜ-ਵਿਧੀਆਂ' ਵਿਸ਼ੇ ਨਾਲ ਸੰਬੰਧਿਤ ਵਿਚਾਰਾਂ 'ਤੇ ਗਹਿਨ-ਗੰਭੀਰ ਵਿਚਾਰ-ਚਰਚਾ ਕਰਵਾਈ ਜਾਵੇਗੀ। ਇਸ ਸੈਸ਼ਨ ਦੀ ਪ੍ਰਧਾਨਗੀ ਭਾਰਤੀ ਸਾਹਿਤ ਅਕਾਦਮੀ, ਦਿੱਲੀ ਦੇ ਕਨਵੀਨਰ ਪ੍ਰੋਫ਼ੈਸਰ ਰਵੇਲ ਸਿੰਘ ਕਰਨਗੇ ਅਤੇ ਏ.ਆਈ. ਲੂਮੀਨੇਰੀ ਸ੍ਰੀ ਵਿਦਾਂਤ ਆਹਲੂਵਾਲੀਆ ਅਤੇ ਏ.ਆਈ ਲੂਮੀਨੇਰੀ ਡਾਇਰੈਕਟਰ ਇੰਟਰਨੈਸ਼ਨਲ ਅਫੇਅਰਜ਼ ਤੇ ਪ੍ਰੋਫ਼ੈਸਰ ਮੈਨੇਜਮੈਂਟ, ਗੁਰੂ ਗੋਬਿੰਦ ਸਿੰਘ ਇੰਦਰਪ੍ਰਸਥ ਯੂਨੀਵਰਸਿਟੀ, ਨਵੀਂ ਦਿੱਲੀ ਦੇ ਸ੍ਰੀ ਗਗਨਦੀਪ ਸ਼ਰਮਾ ਮੁੱਖ ਬੁਲਾਰਿਆਂ ਵਜੋਂ ਪੈਨਲ ਚਰਚਾ 'ਚ ਹਿੱਸਾ ਲੈਣਗੇ।ਉਨ੍ਹਾਂ ਕਿਹਾ ਕਿ ਇਸ ਮੌਕੇ ਬਨਸਪਤੀ ਵਿਗਿਆਨ ਵਿਭਾਗ ਵੱਲੋਂ ਫੁੱਲਾਂ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ। ਦੂਜੇ ਅਕਾਦਮਿਕ ਸੈਸ਼ਨ ਦੀ ਪ੍ਰਧਾਨਗੀ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਰਾਜਨੀਤੀ ਵਿਗਿਆਨ ਵਿਭਾਗ ਦੇ ਸਾਬਕਾ ਮੁਖੀ ਅਤੇ ਪ੍ਰੋ. ਡਾ. ਕੁਲਦੀਪ ਸਿੰਘ ਕਰਨਗੇ ਅਤੇ ਵਿਸ਼ਾ ਮਾਹਿਰ ਵਜੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਡੀਨ ਵਿਦਿਆਰਥੀ ਭਲਾਈ ਅਤੇ ਰਾਜਨੀਤੀ ਵਿਗਿਆਨ ਵਿਭਾਗ ਦੇ ਮੁਖੀ ਡਾ. ਸਤਨਾਮ ਸਿੰਘ ਦਿਓਲ ਅਤੇ ਚੰਡੀਗੜ੍ਹ ਦੇ ਸੀ.ਆਰ.ਆਰ.ਆਈ.ਡੀ. ਡਾ. ਜਤਿੰਦਰ ਸਿੰਘ ਆਪਣੇ ਵਿਚਾਰ ਸਾਂਝੇ ਕਰਨਗੇ।ਵੱਖ-ਵੱਖ ਬਹੁਅਨੁਸ਼ਾਸਨੀ ਸਮਾਨਾਂਤਰ ਸੈਸ਼ਨਾਂ ਦੇ ਚਲਦਿਆਂ ਇਹਨਾਂ ਦੀ ਪ੍ਰਧਾਨਗੀ ਐਸ.ਆਈ.ਈ.ਟੀ. ਅੰਮ੍ਰਿਤਸਰ ਦੇ ਡਾਇਰੈਕਟਰ ਪ੍ਰੋ. ਆਰ.ਕੇ. ਬੇਦੀ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਇਲੈਕਟ੍ਰਾਨਿਕਸ ਟੈਕਨਾਲੋਜੀ ਵਿਭਾਗ ਦੇ ਪ੍ਰੋ. ਰਵਿੰਦਰ ਕੁਮਾਰ, ਸਾਹਿਤਯ ਅਕੈਡਮੀ ਦਿੱਲੀ ਦੇ ਪ੍ਰਧਾਨ ਸ਼੍ਰੀ ਮਾਧਵ ਕੌਸ਼ਕ ਜੀ ਕਰਨਗੇ ਅਤੇ ਵਿਸ਼ਾ ਮਾਹਿਰਾਂ ਵਜੋਂ ਡਾ. ਸਰਬਜੀਤ ਸਿੰਘ, ਡਾ. ਵਿਜੇ ਕੁਮਾਰ, ਡਾ. ਸਤਨਾਮ ਸਿੰਘ ਦਿਓਲ, ਡਾ. ਜਤਿੰਦਰ ਸਿੰਘ, ਡਾ. ਅਨੁਪਿੰਦਰ ਸਿੰਘ, ਡਾ. ਰਾਜਨ ਸ਼ਰਮਾ, ਮਿਸਿਜ਼ ਮਿੰਨੀ ਸ਼ਰਮਾ ਆਪਣੇ ਵਿਚਾਰ ਸਾਂਝੇ ਕਰਨਗੇ। ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਡਾ. ਹਰਮਿੰਦਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਸਾਹਿਤਕ ਸ਼ਾਮ ਸਮਾਗਮ ਦੇ ਅੰਤਰਗਤ ਕਾਲਜ ਦੇ ਓਪਨ ਏਅਰ ਥਿਏਟਰ ਵਿੱਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਡਾ. ਮਹਿੰਦਰ ਸਿੰਘ ਰੰਧਾਵਾ ਦੀ ਯਾਦ ਨੂੰ ਸਮਰਪਿਤ ਮੁਸ਼ਾਇਰਾ 'ਸ਼ਾਮ-ਏ-ਸੁਖ਼ਨ ਕਰਵਾਇਆ ਜਾਵੇਗਾ। ਇਸ ਸੈਸ਼ਨ 'ਚ ਨਾਮਵਰ ਉਰਦੂ ਸ਼ਾਇਰ ਸ੍ਰੀ ਵਸੀਮ ਬਰੇਲਵੀ ਮੁੱਖ ਮਹਿਮਾਨ ਅਤੇ ਨਾਮਵਰ ਪੰਜਾਬੀ ਗਾਇਕ ਤੇ ਸ਼ਾਇਰ ਡਾ. ਸਤਿੰਦਰ ਸਰਤਾਜ ਵਿਸ਼ੇਸ਼ ਮਹਿਮਾਨ ਵਜੋਂ ਉਚੇਰੇ ਤੌਰ 'ਤੇ ਸ਼ਿਰਕਤ ਕਰਨਗੇ ਅਤੇ ਪੰਜਾਬੀ, ਉਰਦੂ ਅਤੇ ਹਿੰਦੀ ਭਾਸ਼ਾ 'ਚੋਂ ਸੁਖਵਿੰਦਰ ਅੰਮ੍ਰਿਤ, ਖੁਸ਼ਬੀਰ ਸਿੰਘ ਸ਼ਾਦ, ਪ੍ਰੋ. ਰਾਜੇਸ਼ ਮੋਹਨ, ਤਰਲੋਚਨ ਲੋਚੀ, ਮੁਕੇਸ਼ ਆਲਮ, ਜਤਿੰਦਰ ਸ੍ਰੀਵਾਸਤਵ ਅਤੇ ਅਜੀਤ ਪਾਲ ਆਪਣੇ ਕਲਾਮ ਰਾਹੀਂ ਮਹਿਫਲ ਦਾ ਰੰਗ ਬੰਨਣਗੇ।

## ਲੋਕਾਂ ਦਾ ਮਿਲ ਰਿਹਾ ਪਿਆਰ ਹੀ ਮੇਰੀ ਅਸਲੀ ਤਾਕਤ:ਪ੍ਰੋ.ਹਰਪ੍ਰੀਤ ਸਿੰਘ



ਖਡੂਰ ਸਾਹਿਬ, 25 ਮਾਰਚ (ਸਰਬਜੀਤ ਸਿੰਘ ਮੀਆ ਵਿੰਡ) :ਹਲਕਾ ਖਡੂਰ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿੱਚ ਹਰ ਰੋਜ਼ ਲੋਕਾਂ ਦੇ ਦੁੱਖ ਸੁੱਖ ਵਿੱਚ ਹਾਜ਼ਰ ਹੋਣਾ, ਹਲਕੇ ਦੀ ਹਰ ਸਰਗਰਮੀ ਵਿੱਚ ਹਿੱਸਾ ਲੈਣਾ , ਲੋਕਾਂ ਦੇ ਕੰਮ ਕਰਵਾਉਣੇ ਮੇਰੇ ਜੀਵਨ ਅਤੇ ਰੋਜ਼ਮਰਾ ਦੇ ਕੰਮ ਹਨ। ਹਲਕੇ ਦੀਆਂ ਸੰਗਤ ਵੱਲੋਂ ਮਿਲਦਾ ਪਿਆਰ ਸਤਿਕਾਰ ਹੀ ਮੇਰੀ ਅਸਲੀ ਤਾਕਤ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਮੁੰਹਮਦ ਖਾਂ ਹਲਕਾ ਖਡੂਰ ਸਾਹਿਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਨੇ ਦੱਸਿਆ ਕਿ ਖਡੂਰ ਦੇ ਇਕਲੇ - ਇਕੱਲੇ ਪਿੰਡ ਵਿੱਚ ਮੇਰੀ ਦਿਲੀ ਸਾਂਝ ਹੈ। ਹਲਕਾ ਖਡੂਰ ਸਾਹਿਬ ਮੇਰੇ ਪਰਿਵਾਰ ਦੀ ਤਰ੍ਹਾਂ ਹੈ। ਮੇਰੇ ਦਿਨ ਦੀ ਸ਼ੁਰੂਆਤ ਸੰਗਤ ਦੇ ਦੁੱਖ ਸੁੱਖ ਵਿੱਚ ਹਾਜ਼ਰ ਹੋਣ ਨਾਲ ਹੁੰਦੀ ਹੈ। ਪਿੰਡ- ਪਿੰਡ ਮੀਟਿੰਗਾਂ ਲੋਕ ਮਿਲਣੀ ਕਰਕੇ ਹਰ ਹਲਕਾ ਨਿਵਾਸੀ ਤੱਕ ਪਹੁੰਚ ਕਰ ਰਹੇ ਹਾਂ। ਹਲਕੇ ਦੇ ਲੋਕਾਂ ਨੂੰ ਵਿਸ਼ਵਾਸ਼ ਦਵਾਉਂਦੇ ਹਾਂ ਕਿ ਸਾਡੀ ਟੀਮ ਹਮੇਸ਼ਾ ਲੋਕ ਸੇਵਾ ਵਿੱਚ ਹਾਜ਼ਰ ਹੈ।

## ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਵੱਲੋਂ ਡਿਊਟੀ ਦੀ ਸ਼ੁਰੂਆਤ ਹੁਣ ਗੁਰਮੰਤਰ ਅਤੇ ਅਰਦਾਸ ਨਾਲ



ਅੰਮ੍ਰਿਤਸਰ, 25 ਮਾਰਚ (ਬਬਲੂ ਮਹਾਜਨ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ ਦੇ ਅਦੇਸ਼ਾਂ 'ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਮੈਨੇਜਰ ਸਰਦਾਰ ਭਗਵੰਤ ਸਿੰਘ ਭੰਗੇੜਾ ਅਤੇ ਸਮੂਹ ਮੈਨੇਜਰ ਸਾਹਿਬਾਨ ਅਤੇ ਸਟਾਫ ਵੱਲੋਂ ਆਪਣੀ ਰੋਜ਼ਾਨਾ ਦੀ ਡਿਊਟੀ ਸ਼ੁਰੂ ਕਰਨ ਤੋਂ ਪਹਿਲਾਂ ਸਮੂਹਿਕ ਰੂਪ ਵਿੱਚ ਮੂਲ ਮੰਤਰ ਅਤੇ ਗੁਰਮੰਤਰ ਦਾ ਜਾਪ ਕੀਤਾ ਗਿਆ। ਜਾਪ ਉਪਰੰਤ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ ਕਿ ਉਹ ਸਭ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਸੇਵਾ ਨਿਭਾਉਣ ਦਾ ਬਲ ਬਖਸ਼ਣ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸਰਦਾਰ ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਮਾਨਯੋਗ ਪ੍ਰਧਾਨ ਸਾਹਿਬ ਵੱਲੋਂ ਜਾਰੀ ਕੀਤੇ ਗਏ ਆਦੇਸ਼ਾਂ ਦੀ ਸਮੂਹ ਮੁਲਾਜ਼ਮਾਂ ਵੱਲੋਂ ਪੂਰੀ ਸ਼ਰਧਾ ਨਾਲ ਪਾਲਣਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਦੇ ਸਮੂਹ ਸੇਵਾਦਾਰ ਅਤੇ ਮੁਲਾਜ਼ਮ ਉਸੇ ਦਿਨ ਤੋਂ ਇਸ ਮਰਯਾਦਾ ਨੂੰ ਅਪਣਾ ਚੁੱਕੇ ਹੁਨ ਅਤੇ ਹੁਣ ਹਰ ਰੋਜ਼ ਕੰਮ ਸ਼ੁਰੂ ਕਰਨ ਤੋਂ ਪਹਿਲਾਂ ਪ੍ਰਮਾਤਮਾ ਦਾ ਓਟ-ਆਸਰਾ ਲਿਆ ਜਾਂਦਾ ਹੈ। ਸ. ਧੰਗੇੜਾ ਨੇ ਸਿੱਖ ਸਿਧਾਂਤਾਂ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਮੂਲ ਉਪਦੇਸ਼ 'ਨਾਮ ਜਪੋ, ਕਿਰਤ ਕਰੋ, ਵੰਡ ਛਕੋ' ਸਾਡੇ ਜੀਵਨ ਦਾ ਆਧਾਰ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਇਸ ਪਿਰਤ ਨੂੰ ਪਾ ਰਹੇ ਹਨ, ਉੱਥੇ ਹੀ ਹਰ ਇੱਕ ਸਿੱਖ ਦਾ ਇਹ ਫਰਜ਼ ਬਣਦਾ ਹੈ ਕਿ ਉਹ ਆਪਣੀ ਕਿਰਤ-ਕਮਾਈ ਸ਼ੁਰੂ ਕਰਨ ਤੋਂ ਪਹਿਲਾਂ ਗੁਰਬਾਣੀ ਦਾ ਜਾਪ ਕਰੇ। ਇਸ ਦੇ ਨਾਲ ਹੀ ਉਨ੍ਹਾਂ ਨੇ ਦਸਵੰਧ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਾਨੂੰ ਮਹੀਨੇ ਦੇ ਅਖੀਰ ਵਿੱਚ ਤਨਖਾਹ ਦੇ ਰੂਪ ਵਿੱਚ ਜੋ ਵੀ ਮਾਇਆ ਪ੍ਰਾਪਤ ਹੁੰਦੀ ਹੈ, ਉਸ ਵਿੱਚੋਂ ਗੁਰੂ ਦੀ ਗੋਲਕ ਲਈ ਦਸਵੰਧ ਜ਼ਰੂਰ ਕੱਢਣਾ ਚਾਹੀਦਾ ਹੈ ਤਾਂ ਜੋ ਉਹ ਨੇਕ ਕਾਰਜਾਂ ਲਈ ਵਰਤਿਆ ਜਾ ਸਕੇ। ਅੰਤ ਵਿੱਚ ਉਨ੍ਹਾਂ ਨੇ ਪ੍ਰਧਾਨ ਸਾਹਿਬ ਦੇ ਆਦੇਸ਼ਾਂ ਨੂੰ ਖਿੜੇ ਮੱਥੇ ਪ੍ਰਵਾਨ ਕਰਨ ਲਈ ਸਮੂਹ ਮੁਲਾਜ਼ਮਾਂ ਦਾ ਧੰਨਵਾਦ ਕੀਤਾ ਇਸ ਮੌਕੇ ਤੇ ਮੈਨੇਜਰ ਨਰਿੰਦਰ ਸਿੰਘ ਮਥਰੇਵਾਲ ਮੈਨੇਜਰ ਸਤਨਾਮ ਸਿੰਘ ਝਬਾਲ ਮੈਨੇਜਰ ਗੁਰਪ੍ਰੀਤ ਸਿੰਘ, ਬਿਕਰਮ ਸਿੰਘ, ਯੁਵਰਾਜ ਸਿੰਘ ਬੰਟੀ, ਬਲਵਿੰਦਰ ਸਿੰਘ ਭਾਟੀਆ, ਸਤਿੰਦਰ ਸਿੰਘ ਭਾਟੀਆ, ਗੁਰਵਿੰਦਰ ਸਿੰਘ ਦੇਵੀਦਾਸ ਪੂਰਾ ਹਾਜ਼ਰ ਸਨ।

## ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵਿਖੇ ਸਾਲਾਨਾ ਕਨਵੋਕੇਸ਼ਨ ਭਲਕੇ

### ਸੁਖਮਿੰਦਰ ਸਿੰਘ ਬਤੌਰ ਮੁੱਖ ਮਹਿਮਾਨ ਕਰਨਗੇ ਸ਼ਿਰਕਤ

ਅੰਮ੍ਰਿਤਸਰ, 25 ਮਾਰਚ (ਬਬਲੂ ਮਹਾਜਨ) :ਸਥਾਨਕ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵੱਲੋਂ ਵਿਦਿਆਰਥੀਆਂ ਦੀਆਂ ਵਿਦਿਅਕ ਪ੍ਰਾਪਤੀਆਂ ਨੂੰ ਸਨਮਾਨਿਤ ਕਰਨ ਲਈ ਮਿਤੀ 27-03-2026, ਦਿਨ ਸ਼ੁੱਕਰਵਾਰ ਨੂੰ ਸਾਲਾਨਾ ਕਨਵੋਕੇਸ਼ਨ (ਡਿਗਰੀ ਵੰਡ ਸਮਾਗਮ) ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਦੱਸਿਆ ਕਿ ਇਸ ਵਾਰ ਸਮਾਗਮ ਵਿੱਚ ਸਾਲ 2024 ਅਤੇ ਸਾਲ 2025 ਦੌਰਾਨ ਗਰੈਜੂਏਸ਼ਨ ਅਤੇ ਪੋਸਟ ਗਰੈਜੂਏਸ਼ਨ ਦੀ ਪੜ੍ਹਾਈ ਮੁਕੰਮਲ ਕਰ ਚੁੱਕੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਜਾਣਗੀਆਂ। ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਦੱਸਿਆ ਕਿ ਇਸ



ਵਿਸ਼ੇਸ਼ ਸਮਾਗਮ ਵਿੱਚ ਸ. ਸੁਖਮਿੰਦਰ ਸਿੰਘ (ਡਾਇਰੈਕਟਰ ਕਮ ਸਕੱਤਰ ਵਿਦਿਆ) ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ ਅਤੇ ਵਿਦਿਆਰਥੀਆਂ ਨੂੰ ਆਪਣੇ ਆਸ਼ੀਰਵਾਦ ਅਤੇ ਵਿਚਾਰਾਂ ਨਾਲ ਨਿਵਾਜ਼ਣਗੇ। ਕਾਲਜ ਪ੍ਰਬੰਧਕਾਂ ਵੱਲੋਂ ਸਮਾਗਮ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।ਸਮਾਗਮ ਦੀ ਰੂਪ ਰੇਖਾ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ 27 ਮਾਰਚ ਨੂੰ ਸਵੇਰੇ 10:30 ਵਜੇ ਰਿਹਰਸਲ ਕਰਵਾਈ ਜਾਵੇਗੀ। ਡਿਗਰੀਆਂ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਲਈ ਇਸ ਰਿਹਰਸਲ ਵਿੱਚ ਹਾਜ਼ਰ ਹੋਣਾ ਲਾਜ਼ਮੀ ਹੈ, ਤਾਂ ਜੋ ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਇਸ ਤੋਂ ਬਾਅਦ ਦੁਪਹਿਰ 2:00 ਵਜੇ ਮੁੱਖ ਕਨਵੋਕੇਸ਼ਨ ਸਮਾਗਮ ਦੀ ਆਰੰਭਤਾ ਹੋਵੇਗੀ।ਕਾਲਜ ਪ੍ਰਸ਼ਾਸਨ ਨੇ ਸਮੂਹ ਸਬੰਧਤ ਵਿਦਿਆਰਥੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਮਿੱਥੇ ਸਮੇਂ ਅਨੁਸਾਰ ਕਾਲਜ ਕੈਂਪਸ ਵਿੱਚ ਪਹੁੰਚਣ, ਤਾਂ ਜੋ ਉਹ ਆਪਣੀ ਸਖ਼ਤ ਮਿਹਨਤ ਦੇ ਸਫ਼ਲਤਾ ਰੂਪੀ ਪ੍ਰਮਾਣ ਪੱਤਰ ਪ੍ਰਾਪਤ ਕਰ ਸਕਣ। ਇਹ ਦਿਨ ਵਿਦਿਆਰਥੀਆਂ ਦੇ ਜੀਵਨ ਦਾ ਇੱਕ ਮਹੱਤਵਪੂਰਨ ਪੜਾਅ ਹੋਵੇਗਾ, ਜਿੱਥੇ ਉਹ ਉਚੇਰੀ ਸਿੱਖਿਆ ਦੀਆਂ ਡਿਗਰੀਆਂ ਹਾਸਲ ਕਰਕੇ ਭਵਿੱਖ ਦੀਆਂ ਨਵੀਆਂ ਮੰਜ਼ਿਲਾਂ ਵੱਲ ਕਦਮ ਵਧਾਉਣਗੇ।

## ਚੀਫ਼ ਖ਼ਾਲਸਾ ਦੀਵਾਨ ਦੇ ਮੀਤ ਪ੍ਰਧਾਨ ਜਗਜੀਤ ਸਿੰਘ ਦਾ ਨਿੱਘਾ ਸੁਆਗਤ, ਮੁੜ ਸੰਭਾਲੀਆਂ ਜ਼ਿੰਮੇਵਾਰੀਆਂ



ਅੰਮ੍ਰਿਤਸਰ, 25 ਮਾਰਚ (ਬਬਲੂ ਮਹਾਜਨ) : ਚੀਫ਼ ਖ਼ਾਲਸਾ ਦੀਵਾਨ ਦੇ ਮੀਤ ਪ੍ਰਧਾਨ ਸ੍ਰ.ਜਗਜੀਤ ਸਿੰਘ, ਜੋ ਕਿ ਕੁੱਝ ਸਮੇਂ ਤੋ ਨਿੱਜੀ ਰੁਝੇਵਿਆਂ ਵਿਚ ਰਹੇ, ਵੱਲੋਂ ਬੀਤੇ ਦਿਨ ਦੀਵਾਨ ਮੁੱਖ ਦਫ਼ਤਰ ਵਿਖੇ ਆਪਣੀਆਂ ਜ਼ਿੰਮੇਵਾਰੀਆਂ ਮੁੜ ਸੰਭਾਲੀਆਂ ਗਈਆਂ, ਜਿਸ ਨਾਲ ਦੀਵਾਨ ਦੀ ਸਮੁੱਚੀ ਪ੍ਰਬੰਧਕੀ ਟੀਮ ਅਤੇ ਮੈਂਬਰ ਸਾਹਿਬਾਨ ਵਿਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲੀ। ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਸਮੇਤ ਸਮੂਹ ਮੈਂਬਰ ਸਾਹਿਬਾਨ ਵੱਲੋਂ ਸ੍ਰ.ਜਗਜੀਤ ਸਿੰਘ ਦਾ ਨਿੱਘਾ ਸੁਆਗਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਡਾ.ਨਿੱਜਰ ਨੇ ਕਿਹਾ ਕਿ ਸ੍ਰ.ਜਗਜੀਤ ਸਿੰਘ ਵੱਲੋਂ ਮੀਤ ਪ੍ਰਧਾਨ ਵਜੋਂ ਆਪਣੀ ਜ਼ਿੰਮੇਵਾਰੀ ਮੁੜ ਸੰਭਾਲਣ ਤੇ ਸੰਸਥਾ ਦੇ ਪ੍ਰਬੰਧਕੀ ਢਾਂਚੇ ਨੂੰ ਹੋਰ ਮਜਬੂਤੀ ਮਿਲੇਗੀ ਅਤੇ ਉਹਨਾਂ ਦਾ ਵੱਡਮੂਲਾ ਅਨੁਭਵ ਅਤੇ ਪੰਥਕ ਸੇਵਾਵਾਂ ਪ੍ਰਤੀ ਸਮਰਪਨ ਦੀਵਾਨ ਦੀ ਚੜ੍ਹਦੀ ਕਲਾ ਲਈ ਬਹੁਤ ਮਹੱਤਵਪੂਰਨ ਰਹੇਗਾ। ਉਹਨਾਂ ਨੇ ਕਿਹਾ ਕਿ ਤਜਰਬੇਕਾਰ ਸਾਥੀਆਂ ਦਾ ਸਾਥ ਸੰਸਥਾ ਦੀ ਰੀੜ੍ਹ ਦੀ ਹੱਡੀ ਹੁੰਦਾ ਹੈ। ਸ੍ਰ.ਜਗਜੀਤ ਸਿੰਘ ਦੀ ਯੋਗਤਾ, ਉਹਨਾਂ ਦਾ ਕੰਮ ਪ੍ਰਤੀ ਉਤਸ਼ਾਹ ਸਭਨਾਂ ਲਈ ਪ੍ਰੇਰਨਾਦਾਇਕ ਹੈ ਜਿਸ ਨਾਲ ਦੀਵਾਨ ਦੇ ਵਿਕਾਸ ਪ੍ਰੋਜੈਕਟਾਂ ਨੂੰ ਨਵੀ ਗਤੀ ਤੇ ਦਿਸ਼ਾ ਮਿਲੇਗੀ।ਮੀਤ ਪ੍ਰਧਾਨ ਸ੍ਰ.ਜਗਜੀਤ ਸਿੰਘ ਨੇ ਹਾਜ਼ਰ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਦਿੱਤੇ ਗਏ ਪਿਆਰ ਅਤੇ ਮਾਣ—ਸਤਿਕਾਰ ਦਾ ਧੰਨਵਾਦ ਕੀਤਾ ਅਤੇ ਪਹਿਲਾਂ ਵਾਂਗ ਹੀ ਪੂਰੀ ਤਨਦੇਹੀ, ਇਮਾਨਦਾਰੀ ਅਤੇ ਵੱਚਨਬੱਧਤਾ ਨਾਲ ਦੀਵਾਨ ਦੀ ਚੜ੍ਹਦੀ ਕਲਾ ਲਈ ਨਿਰੰਤਰ ਯਤਨਸ਼ੀਲ ਰਹਿਣ ਦਾ ਭਰੋਸਾ ਦਿੱਤਾ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸ੍ਰ.ਸੰਤੋਖ ਸਿੰਘ ਸੇਠੀ, ਸਥਾਨਕ ਪ੍ਰਧਾਨ ਸ੍ਰ.ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਸ੍ਰ.ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਸ੍ਰ.ਰਮਨੀਕ ਸਿੰਘ, ਐਡੀ.ਆਨਰੇਰੀ ਸਕੱਤਰ ਸ੍ਰ.ਜਸਪਾਲ ਸਿੰਘ ਢਿੱਲੋਂ, ਡਾ.ਆਤਮਜੀਤ ਸਿੰਘ ਬਸਰਾ, ਸ੍ਰ.ਭਗਵੰਤਪਾਲ ਸਿੰਘ ਸੱਚਰ, ਸ੍ਰ.ਤਰਲੋਚਨ ਸਿੰਘ, ਸ੍ਰ.ਗੁਰਭੇਜ ਸਿੰਘ, ਪ੍ਰੋ.ਭੁਪਿੰਦਰ ਸਿੰਘ ਸੇਠੀ, ਸ੍ਰ.ਰਬਿੰਦਰਬੀਰ ਸਿੰਘ ਭੱਲਾ, ਸ੍ਰ.ਸਰਜੋਤ ਸਿੰਘ ਸਾਹਨੀ, ਸ੍ਰ.ਲਖਬੀਰ ਸਿੰਘ ਢਿੱਲੋਂ, ਸ੍ਰ.ਮੋਹਨਜੀਤ ਸਿੰਘ ਭੱਲਾ, ਸ੍ਰ.ਏ.ਪੀ.ਐਸ.ਮਾਨ, ਸ੍ਰ.ਕੁਲਜੀਤ ਸਿੰਘ, ਸ੍ਰ.ਕਮਲਜੀਤ ਸਿੰਘ ਕੋਹਲੀ, ਸ੍ਰ.ਅਮਰਦੀਪ ਸਿੰਘ ਰਾਜੇਵਾਲ, ਸ੍ਰ.ਨਵਜੋਤ ਸਿੰਘ, ਸ੍ਰ.ਰਵਿੰਦਰ ਸਿੰਘ ਆਦਿ ਹਾਜ਼ਰ ਸਨ।

## ਸਵੈ-ਰੋਜ਼ਗਾਰ ਨੂੰ ਉਤਸ਼ਾਹਿਤ ਕਰਨ ਹਿੱਤ ਵੇਰਕਾ ਬੂਥ ਸਾਈਟਾਂ ਦੀ ਅਲਾਟਮੈਂਟ ਲਈ ਅਰਜ਼ੀਆਂ ਦੀ ਮੰਗ

ਦੀਨਾਨਗਰ , 25 ਮਾਰਚ ( ਡਾ.ਰਮੇਸ਼ ਸਰੰਗਲ, ਵਰੁਣ ਸਰੰਗਲ ) ਜਨਰਲ ਮੈਨੇਜਰ ਵੇਰਕਾ ਗੁਰਦਾਸਪੁਰ ਡੇਅਰੀ, ਹਰਮਿੰਦਰ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਵੈ-ਰੋਜ਼ਗਾਰ ਨੂੰ ਉਤਸ਼ਾਹਿਤ ਕਰਨ ਲਈ ਵੇਰਕਾ ਗੁਰਦਾਸਪੁਰ ਡੇਅਰੀ ਅਧੀਨ 13 ਵੇਰਕਾ ਬੂਥ ਸਾਈਟਾਂ ਦੀ ਅਲਾਟਮੈਂਟ ਲਈ ਯੋਗ ਉਮੀਦਵਾਰਾਂ ਤੋਂ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸਾਈਟਾਂ, ਜਿਨ੍ਹਾਂ ਦੇ ਵਿੱਚ ਸਪੋਰਟਸ ਸਟੇਡੀਅਮ ਪਾਹੜਾ ਗੁਰਦਾਸਪੁਰ, ਕਨਾਲ ਬਿੱਜ ਸਠਿਆਲੀ ਕਾਹਨੂੰਵਾਨ, ਰਿਵਰ ਬ੍ਰਿਜ ਅਲੀਵਾਲ ਬਟਾਲਾ, ਵਾਰ ਮੈਮੋਰੀਅਲ ਛੋਟਾ ਘੱਲੂਘਾਰਾ ਸਾਹਿਬ, ਸੀ.ਐੱਚ.ਸੀ ਕਾਹਨੂੰਵਾਨ, ਸੀ.ਐੱਚ.ਸੀ ਨੌਸ਼ਹਿਰਾ ਮੱਝਾ ਸਿੰਘ, ਗੁਰੂ ਨਾਨਕ ਦੇਵ ਰਿਜਨਲ ਕੈਂਪਸ ਗੁਰਦਾਸਪੁਰ, ਜੁਗਿਆਲ ਪਠਾਨਕੋਟ ਨਜ਼ਦੀਕ ਐਸ.ਬੀ.ਆਈ ਬੈਂਕ, ਡਾਇਟ ਸਕੂਲ ਗੁਰਦਾਸਪੁਰ, ਸਰਦਾਰ ਬੇਅੰਤ ਸਿੰਘ ਯੂਨੀਵਰਸਿਟੀ ਗੁਰਦਾਸਪੁਰ, ਐਮ.ਸੀ. ਸੀ. ਤੁਗਲਵਾਲ, ਚੀਮਾ ਫਿਲਿੰਗ ਸਟੇਸ਼ਨ ਡਾਕੀ ਰੋਡ ਪਠਾਨਕੋਟ ਅਤੇ




ਪਿਆਰੇ ਲਾਲ ਐਂਡ ਸੰਨਸ ਡਲਹੌਜੀ ਰੋਡ ਪਠਾਨਕੋਟ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇੱਛੁਕ ਵਿਅਕਤੀ ਵੇਰਕਾ ਗੁਰਦਾਸਪੁਰ ਡੇਅਰੀ ਤੋਂ ਅਰਜ਼ੀ ਫਾਰਮ ਕਿਸੇ ਵੀ ਕੰਮ-ਕਾਜੀ ਦਿਨ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਪ੍ਰਾਪਤ ਕਰ ਸਕਦੇ ਹਨ। ਅਰਜ਼ੀ ਫਾਰਮ ਦੀ ਫੀਸ 500 ਰੁਪਏ (ਜੀਐੱਸਟੀ ਤੋਂ ਇਲਾਵਾ) ਹੋਵੇਗੀ ਅਤੇ ਹਰ ਅਰਜ਼ੀ ਦੇ ਨਾਲ 50,000 ਰੁਪਏ (ਈਐੱਮਡੀ) ਜਮ੍ਹਾਂ ਕਰਵਾਉਣਾ ਲਾਜ਼ਮੀ ਹੋਵੇਗਾ। ਬਿਨੇਕਾਰ ਨੂੰ ਬੂਥ ਅਲਾਟ ਹੋਣ ਤੋਂ ਬਾਅਦ ਸਕਿਊਰਟੀ ਰਕਮ 2,50,000/- ਰੁਪਏ ਹੋਰ ਜਮ੍ਹਾਂ ਕਰਵਾਉਣੀ ਪਵੇਗੀ, ਬਿਨੈਕਾਰ ਦੀ ਵਿੱਦਿਅਕ ਯੋਗਤਾ ਬਾਰ੍ਹਵੀਂ ਪਾਸ ਹੋਈ ਜਰੂਰੀ ਹੈ।ਉਨ੍ਹਾਂ ਦੱਸਿਆ ਕਿ ਅਰਜ਼ੀ ਫਾਰਮ ਪ੍ਰਾਪਤ ਕਰਨ ਦੀ ਆਖਰੀ ਮਿਤੀ 28 ਮਾਰਚ 2026 ਅਤੇ ਅਰਜ਼ੀ ਫਾਰਮ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 30 ਮਾਰਚ 2026 ਹੈ।ਇਹ ਯੋਜਨਾ ਪੰਜਾਬ ਸਰਕਾਰ ਵੱਲੋਂ ਸਵੈ-ਰੋਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਚਲਾਈ ਜਾ ਰਹੀ ਹੈ। ਇਸ ਲਈ ਸਾਰੇ ਇੱਛੁਕ ਅਤੇ ਯੋਗ ਉਮੀਦਵਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਨਿਰਧਾਰਿਤ ਮਿਤੀ ਅੰਦਰ ਆਪਣੀ ਅਰਜ਼ੀ ਜਮ੍ਹਾਂ ਕਰਵਾਉਣ।

## ਸ਼ੇਰੇ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮਨਾਉਣ ਲਈ ਪਾਕਿਸਤਾਨ ਜਾਵੇਗਾ ਜਥਾ

ਅੰਮ੍ਰਿਤਸਰ, 25 ਮਾਰਚ (ਬਬਲੂ ਮਹਾਜਨ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ੇਰੇ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮਨਾਉਣ ਲਈ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਵਾਸਤੇ ਜਾਣ ਵਾਲੇ ਜਥੇ ਲਈ ਸੰਗਤਾਂ ਪਾਸੋਂ ਪਾਸਪੋਰਟਾਂ ਦੀ ਮੰਗ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾ ਨੇ ਦੱਸਿਆ ਕਿ ਸਿੱਖ ਸੰਗਤਾਂ ਹਮੇਸ਼ਾ ਅਰਦਾਸ ਕਰਦੀਆਂ ਹਨ ਕਿ ਉਨ੍ਹਾਂ ਨੂੰ ਵੰਡ ਵੇਲੇ ਵਿਛੜੇ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ-ਦੀਦਾਰ ਨਸੀਬ ਹੋਣ। ਹਾਲਾਂਕਿ ਸਰਕਾਰੀ ਪ੍ਰੋਟੋਕੋਲ ਮੁਤਾਬਕ ਸਾਲ ਵਿੱਚ ਚਾਰ ਜਥੇ ਪਾਕਿਸਤਾਨ ਜਾਂਦੇ ਹਨ, ਜਿਨ੍ਹਾਂ ਵਿੱਚੋਂ ਤੀਜਾ ਜਥਾ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਰਵਾਨਾ ਹੁੰਦਾ ਹੈ।ਸ. ਕਾਹਲਵਾ ਨੇ ਦੱਸਿਆ ਕਿ ਇਸ ਜਥੇ ਦੀ ਰਵਾਨਗੀ 21 ਜੂਨ 2026 ਨੂੰ ਸ੍ਰੀ ਅੰਮ੍ਰਿਤਸਰ ਤੋਂ ਹੋਵੇਗੀ। ਨਿਰਧਾਰਿਤ ਪ੍ਰੋਗਰਾਮ ਅਨੁਸਾਰ ਜਥਾ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਹੁੰਚੇਗਾ। 22 ਜੂਨ ਨੂੰ ਸੰਗਤਾਂ ਗੁਰਦੁਆਰਾ ਸੱਚਾ ਸੌਦਾ (ਮੰਡੀ ਚੂੜਕਾਣਾ) ਦੇ ਦਰਸ਼ਨ ਕਰਕੇ ਵਾਪਸ ਨਨਕਾਣਾ ਸਾਹਿਬ ਪਰਤਣਗੀਆਂ। ਇਸ ਤੋਂ ਬਾਅਦ 23



ਜੂਨ ਨੂੰ ਜਥਾ ਸ੍ਰੀ ਪੰਜਾ ਸਾਹਿਬ ਜਾਵੇਗਾ ਅਤੇ 25 ਜੂਨ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਲਈ ਰਵਾਨਾ ਹੋਵੇਗਾ। 27 ਜੂਨ ਨੂੰ ਗੁਰਦੁਆਰਾ ਰੋੜੀ ਸਾਹਿਬ (ਏਮਨਾਬਾਦ) ਦੇ ਦਰਸ਼ਨ ਕਰਦਿਆਂ ਸ਼ਾਮ ਨੂੰ ਜਥਾ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ, ਲਾਹੌਰ ਪਹੁੰਚੇਗਾ। ਇੱਥੇ 29 ਜੂਨ ਨੂੰ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸ਼ਰਧਾ ਨਾਲ ਮਨਾਈ ਜਾਵੇਗੀ ਅਤੇ 30 ਜੂਨ ਨੂੰ ਜਥਾ ਵਾਪਸ ਭਾਰਤ ਪਰਤ ਆਵੇਗਾ।ਸ਼੍ਰੋਮਣੀ ਕਮੇਟੀ ਦੇ ਸਕੱਤਰ ਨੇ ਦੱਸਿਆ ਕਿ ਕੁੱਲ 500 ਦੇ ਕੋਟੇ ਵਿੱਚੋਂ ਸ਼੍ਰੋਮਣੀ ਕਮੇਟੀ ਲਈ 300 ਜਾਤਰੂਆਂ ਦਾ ਕੋਟਾ ਨਿਰਧਾਰਿਤ ਹੈ। ਉਨ੍ਹਾਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਕਿ ਜਿਹੜੇ ਮਾਈ-ਭਾਈ ਇਸ ਜਥੇ ਵਿੱਚ ਸ਼ਾਮਲ ਹੋਣਾ ਚਾਹੁੰਦੇ ਹਨ, ਉਹ ਆਪਣੇ ਪਾਸਪੋਰਟ 31 ਮਾਰਚ 2026 ਤੱਕ ਹਰ ਹਾਲ ਵਿੱਚ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਜਮ੍ਹਾਂ ਕਰਵਾ ਦੇਣ। ਪਾਸਪੋਰਟ ਦੇ ਨਾਲ ਆਧਾਰ ਕਾਰਡ ਦੀ ਕਾਪੀ ਅਤੇ ਆਪਣੇ ਹਲਕਾ ਮੈਂਬਰ ਦੀ ਤਸਦੀਕ ਕਰਵਾਉਣੀ ਲਾਜ਼ਮੀ ਹੈ, ਤਾਂ ਜੋ ਵੀਜ਼ਾ ਪ੍ਰਕਿਰਿਆ ਅਤੇ ਸੁਰੱਖਿਆ ਏਜੰਸੀਆਂ ਦੀ ਜਾਂਚ ਸਮੇਂ ਸਿਰ ਮੁਕੰਮਲ ਕੀਤੀ ਜਾ ਸਕੇ।

## ਰਮਨਦੀਪ ਕੌਰ ਨੇ ਮਾਸਟਰਜ਼ ਨੈਸ਼ਨਲ ਗੇਮਜ਼ ਵਿਚ ਕੀਤਾ ਵਧੀਆ ਪ੍ਰਦਰਸ਼ਨ,ਚੀਫ਼ ਖ਼ਾਲਸਾ ਦੀਵਾਨ ਵੱਲੋਂ ਸਨਮਾਨਿਤ



ਅੰਮਿਤਸਰ, 25 ਮਾਰਚ (ਬਬਲੂ ਮਹਾਜਨ )ਚੀਫ਼ ਖ਼ਾਲਸਾ ਦੀਵਾਨ ਦੀ ਹੈਡ ਕੋਚ ਰਮਨਦੀਪ ਕੌਰ ਨੇ ਹਾਲ ਹੀ ਵਿਚ ਚੰਡੀਗੜ੍ਹ ਵਿਖੇ ਆਯੋਜਿਤ ਪੰਜਵੀਂ ਖੇਲੋ ਮਾਸਟਰਜ਼ ਨੈਸ਼ਨਲ ਗੇਮਜ਼—2026 ਵਿੱਚ ਪੰਜਾਬ ਦੀ ਹਾਕੀ ਟੀਮ ਦੀ ਖਿਡਾਰਣ ਵਜੋਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਟੀਮ ਨੇ ਵਧੀਆ ਖੇਡ ਕੌਸ਼ਲ ਦਿਖਾਉਂਦਿਆਂ ਸਿਲਵਰ ਮੈਡਲ ਹਾਸਿਲ ਕਰਕੇ ਦੂਸਰਾ ਸਥਾਨ ਹਾਸਲ ਕੀਤਾ। ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸ੍ਰ.ਸੰਤੋਖ ਸਿੰਘ ਸੇਠੀ ਵੱਲੋਂ ਰਮਨਦੀਪ ਕੌਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਪ੍ਰਧਾਨ ਡਾ.ਨਿੱਜਰ ਨੇ ਵਧਾਈ ਦਿੰਦਿਆਂ ਕਿਹਾ ਕਿ ਰਮਨਦੀਪ ਕੌਰ ਦੀ ਪ੍ਰਾਪਤੀ ਉਹਨਾਂ ਦੀ ਮਿਹਨਤ ਅਤੇ ਲਗਨ ਦਾ ਨਤੀਜਾ ਹੈ ਜੋ ਕਿ ਸੰਸਥਾ ਲਈ ਵੀ ਮਾਣ ਵਾਲੀ ਗੱਲ ਹੈ। ਉਹਨਾਂ ਰਮਨਦੀਪ ਕੌਰ ਨੂੰ ਭਵਿੱਖ ਵਿਚ ਸਫਲਤਾ ਦੀਆਂ ਸੁਨਹਿਰੀ ਮੰਜਿਲਾਂ ਤੈਅ ਕਰਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸ੍ਰ.ਸੰਤੋਖ ਸਿੰਘ ਸੇਠੀ, ਸ੍ਰ.ਤਰਲੋਚਨ ਸਿੰਘ, ਸ੍ਰ.ਗੁਰਭੇਜ ਸਿੰਘ, ਡਿਪਟੀ ਡਾਇਰੈਕਟਰ ਸਪੋਰਟਸ ਸ੍ਰ.ਦੀਪਇੰਦਰ ਸਿੰਘ ਆਦਿ ਹਾਜ਼ਰ ਸਨ।

## ਖ਼ਾਲਸਾ ਯੂਨੀਵਰਸਿਟੀ ਵੱਲੋਂ 'ਮੀਡੀਆ ਮੇਲਾ-2026' ਕਰਵਾਇਆ

ਅੰਮ੍ਰਿਤਸਰ, 25 ਮਾਰਚ (ਗੁਰਦਿਆਲ ਸਿੰਘ) :ਖ਼ਾਲਸਾ ਯੂਨੀਵਰਸਿਟੀ ਵੱਲੋਂ ਖ਼ਾਲਸਾ ਕਾਲਜ ਦੇ ਜਰਨਲਿਜ਼ਮ ਵਿਭਾਗ ਦੇ ਸਹਿਯੋਗ ਨਾਲ 'ਮੀਡੀਆ ਮੇਲਾ-2026' ਕਰਵਾਇਆ ਗਿਆ। 'ਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ, ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ ਦੀ ਰਹਿਨੁਮਾਈ ਹੇਠ ਕਰਵਾਏ ਗਏ ਉਕਤ ਪ੍ਰੋਗਰਾਮ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਆਈ. ਐੱਮ. ਸੀ. ਐਂਡ ਐੱਮ. ਟੀ., ਕੁਰੂਕਸ਼ੇਤਰ ਯੂਨੀਵਰਸਿਟੀ ਤੋਂ ਪੁੱਜੇ ਡਾਇਰੈਕਟਰ ਡਾ. ਬਿੰਦੂ ਸ਼ਰਮਾ ਵੱਲੋਂ ਕੀਤਾ ਗਿਆ। ਜਿਸ 'ਚ ਵਿਦਿਆਰਥੀਆਂ ਦੇ ਵੱਖ-ਵੱਖ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਡਾ. ਮਹਿਲ ਸਿੰਘ ਨੇ 'ਵਰਸਿਟੀ ਦੇ ਵਿਭਾਗ ਮੁੱਖੀ ਡਾ. ਸਾਨੀਆ ਮਰਵਾਹਾ ਨੂੰ ਸਮਾਗਮ ਦੀ ਸਫਲਤਾ ਅਤੇ ਸਬੰਧਿਤ ਸਟਾਫ਼ ਦੁਆਰਾ ਕੀਤੇ ਗਏ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ



ਨੂੰ ਆਪਣੀ ਰਚਨਾਤਮਕਤਾ ਦਿਖਾਉਣ ਅਤੇ ਪੇਸ਼ਾਵਰ ਹੁਨਰ ਵਿਕਸਿਤ ਕਰਨ ਲਈ ਮਹੱਤਵਪੂਰਨ ਮੰਚ ਪ੍ਰਦਾਨ ਕਰਦੇ ਹਨ। ਇਸ ਤੋਂ ਪਹਿਲਾਂ ਡਾ. ਮਹਿਲ ਸਿੰਘ ਨੇ ਡਾ. ਸੁਰਿੰਦਰ ਕੌਰ ਅਤੇ ਡਾ. ਮਰਵਾਹਾ ਨਾਲ ਮਿਲ ਕੇ ਡਾ. ਸ਼ਰਮਾ ਅਤੇ ਉਚੇਚੇ ਤੌਰ 'ਤੇ ਪੁੱਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਜਲੰਧਰ, ਰੀਜਨਲ ਕੈਂਪਸ, ਜਰਨਲਿਜ਼ਮ ਵਿਭਾਗ ਮੁੱਖੀ ਡਾ. ਨਮਰਤਾ ਜੋਸ਼ੀ ਦਾ ਸਵਾਗਤ ਕਰਨ ਉਪਰੰਤ ਵਿਦਿਆਰਥੀਆਂ ਨੂੰ ਮੀਡੀਆ ਸਬੰਧੀ ਗਤੀਵਿਧੀਆ 'ਚ ਸਰਗਰਮ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਸ਼ਰਮਾ ਨੇ ਕਿਹਾ ਕਿ ਅਜਿਹੇ ਪਲੇਟਫਾਰਮ ਵਿਦਿਆਰਥੀਆਂ 'ਚ ਰਚਨਾਤਮਕਤਾ, ਆਲੋਚਨਾਤਮਕ ਸੋਚ ਅਤੇ ਪੇਸ਼ਾਵਰ ਨੈਤਿਕਤਾ ਨੂੰ ਮਜ਼ਬੂਤ ਕਰਦੇ ਹਨ। ਜਦ ਕਿ ਡਾ. ਸੁਰਿੰਦਰ ਕੌਰ ਨੇ ਆਯੋਜਕ ਟੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ 'ਮੀਡੀਆ ਮੇਲਾ-2026' ਯੂਨੀਵਰਸਿਟੀ ਦੀ ਸਮਗ੍ਰੀਕ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਇਸ ਮੌਕੇ ਡਾ. ਮਰਵਾਹਾ ਨੇ ਕਿਹਾ ਕਿ ਉਕਤ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਦੇ ਐਡ ਮੈਡ, ਰੇਡੀਓ ਜੌਕੀਇੰਗ, ਫੋਟੋਗ੍ਰਾਫੀ ਅਤੇ ਸ਼ਾਰਟ ਫਿਲਮ ਮੇਕਿੰਗ ਆਦਿ ਮੁਕਾਬਲੇ ਵੀ ਕਰਵਾਏ ਗਏ, ਜਿਸ 'ਚ 15 ਤੋਂ ਵਧੇਰੇ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ 200 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਉਨ੍ਹਾਂ ਕਿਹਾ ਕਿ ਸਟਾਕ ਬਾਜ਼ਾਰ, ਕਾਉ ਬੁਆਏ ਕੈਫੇ, ਹੇਅਰ ਐਨ ਹੱਬ, ਪੰਜਾਬ ਇਮੀਗ੍ਰੇਸ਼ਨ, ਆਈਬੀਟੀ, ਕਿੰਗ ਐਕਸੈਸਰੀਜ਼ ਅਤੇ ਐਕਸਪਰਟ ਵੀਜ਼ਾ ਵੱਲੋਂ ਸਪਾਂਸਰ ਕੀਤੇ ਗਏ ਮੀਡੀਆ ਮੇਲਾ ਦੌਰਾਨ ਖ਼ਾਲਸਾ ਯੂਨੀਵਰਸਿਟੀ ਨੇ ਬੈਸਟ ਕੋਰੀਓਗ੍ਰਾਫ਼ੀ ਐਵਾਰਡ ਅਤੇ ਚੰਡੀਗੜ੍ਹ ਯੂਨੀਵਰਸਿਟੀ ਨੇ ਓਵਰਆਲ ਟਰਾਫ਼ੀ ਦਾ ਖਿਤਾਬ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਇਸ ਮੌਕੇ ਨੇਹਾ ਦਿਆਲ, ਸੁਰਿੰਦਰ ਫਰਿਸ਼ਤਾ, ਅਰਵਿੰਦਰ ਭੱਟੀ ਅਤੇ ਆਰ. ਜੇ. ਐਡੀ ਵਰਗੀਆਂ ਸ਼ਖ਼ਸ਼ੀਅਤਾਂ ਨੇ ਹਾਜ਼ਰੀ ਭਰ ਕੇ ਪ੍ਰੋਗਰਾਮ ਨੂੰ ਚਾਰ ਚੰਨ ਲਗਾਇਆ। ਉਨ੍ਹਾਂ ਕਿਹਾ ਕਿ ਪ੍ਰੋ: ਸੁਰਭੀ ਸ਼ਰਮਾ, ਹਰੀ ਸਿੰਘ, ਭਾਵਨੀ ਖੰਨਾ, ਸੁਸ਼ੀਲ ਕੁਮਾਰ, ਲਵਰੋਜ਼ਪ੍ਰੀਤ ਕੌਰ, ਰਸ਼ਿਤਾ ਨਈਅਰ, ਕੰਵਲਪ੍ਰੀਤ ਕੌਰ ਅਤੇ ਕਾਜਲ ਵੱਲੋਂ ਸਮਾਗਮ ਦਾ ਸਮਾਪਨ ਵੋਟ ਆਫ ਥੈਂਕਸ ਨਾਲ ਕੀਤਾ ਗਿਆ।

## ਅਨਿਲ ਬਿੱਟੂ ਵੱਲੋਂ ਪੰਜਾਬ ਸਰਕਾਰ ਦੇ ਨਵੇਂ ਫੈਸਲੇ ਦੀ ਤਿੱਖੀ ਨਿੰਦਾ

ਤਲਵਾੜਾ, 25 ਮਾਰਚ (ਜਗਮੋਹਨ ਸ਼ਰਮਾ) : ਵਿਧਾਨ ਸਭਾ ਹਲਕਾ ਦਸੂਹਾ ਨਾਲ ਸੰਬੰਧਿਤ ਕਾਂਗਰਸ ਪਾਰਟੀ ਦੇ ਆਗੂ ਅਤੇ ਸਾਬਕਾ ਸੰਮਤੀ ਮੈਂਬਰ ਅਨਿਲ ਬਿੱਟੂ ਨੇ ਤਲਵਾੜਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲਏ ਗਏ ਇੱਕ ਨਵੇਂ ਫੈਸਲੇ ਦੀ ਕੜੀ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਫੈਸਲਾ ਆਮ ਲੋਕਾਂ, ਖਾਸ ਕਰਕੇ ਗਰੀਬ ਅਤੇ ਮਜ਼ਦੂਰ ਵਰਗ ਲਈ ਬਹੁਤ ਹੀ ਨੁਕਸਾਨਦੇਹ ਸਾਬਤ ਹੋਵੇਗਾ।ਅਨਿਲ ਬਿੱਟੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਲੋਕਾਂ ਨੂੰ ਥਾਣਿਆਂ ਵਿੱਚ ਦਰਜ ਐਫਆਈਆਰ (FIR) ਦੀ ਕਾਪੀ ਆਸਾਨੀ ਨਾਲ ਅਤੇ ਮੁਫ਼ਤ ਡਾਊਨਲੋਡ ਕਰਨ ਦੀ ਸਹੂਲਤ ਮਿਲਦੀ ਸੀ। ਪਰ ਹੁਣ ਪੰਜਾਬ ਸਰਕਾਰ ਨੇ ਇੱਕ ਕਾਪੀ ਪ੍ਰਾਪਤ ਕਰਨ ਲਈ 80 ਰੁਪਏ ਦੀ ਫੀਸ ਲਾਗੂ ਕਰ ਦਿੱਤੀ ਹੈ, ਜੋ ਕਿ ਨਿਆਂ ਪ੍ਰਾਪਤੀ ਦੀ ਪ੍ਰਕਿਰਿਆ ਨੂੰ ਮੁਸ਼ਕਲ ਬਣਾਉਂਦੀ ਹੈ।ਉਨ੍ਹਾਂ ਕਿਹਾ ਕਿ ਇਹ ਫੈਸਲਾ ਲੋਕਾਂ ਦੇ ਮੂਲ ਅਧਿਕਾਰਾਂ ਉੱਤੇ ਅਸਰ ਪਾਉਂਦਾ ਹੈ ਅਤੇ ਗਰੀਬ ਵਰਗ ਲਈ ਵਾਧੂ ਆਰਥਿਕ ਬੋਝ ਬਣੇਗਾ। ਖਾਸ ਕਰਕੇ ਮਜ਼ਦੂਰ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਲੋਕਾਂ ਲਈ ਇਹ ਫੀਸ ਭਰਨਾ ਔਖਾ ਹੋਵੇਗਾ, ਜਿਸ ਕਾਰਨ ਉਹ ਆਪਣੇ ਹੱਕਾਂ ਲਈ ਲੜਨ ਵਿੱਚ ਪਿੱਛੇ ਰਹਿ ਸਕਦੇ ਹਨ।ਅਨਿਲ ਬਿੱਟੂ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ



ਕਿ ਇਸ ਫੈਸਲੇ 'ਤੇ ਤੁਰੰਤ ਪੁਨਰਵਿਚਾਰ ਕੀਤਾ ਜਾਵੇ ਅਤੇ ਐਫਆਈਆਰ ਦੀਆਂ ਕਾਪੀਆਂ ਮੁੜ ਤੋਂ ਮੁਫ਼ਤ ਜਾਂ ਘੱਟੋ-ਘੱਟ ਫੀਸ 'ਤੇ ਉਪਲੱਬਧ ਕਰਵਾਈਆਂ ਜਾਣ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਾ ਲਿਆ ਤਾਂ ਕਾਂਗਰਸ ਪਾਰਟੀ ਵੱਲੋਂ ਇਸ ਦੇ ਖ਼ਿਲਾਫ਼ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਨੇ ਅੰਤ ਵਿੱਚ ਕਿਹਾ ਕਿ ਲੋਕਾਂ ਨੂੰ ਸਸਤਾ ਅਤੇ ਆਸਾਨ ਨਿਆਂ ਮਿਲਣਾ ਸਰਕਾਰ ਦੀ ਜ਼ਿੰਮੇਵਾਰੀ ਹੈ ਅਤੇ ਇਸ ਤਰ੍ਹਾਂ ਦੇ ਫੈਸਲੇ ਲੋਕ-ਵਿਰੋਧੀ ਹਨ, ਜਿਨ੍ਹਾਂ ਨੂੰ ਤੁਰੰਤ ਵਾਪਸ ਲਿਆ ਜਾਣਾ ਚਾਹੀਦਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਾ ਲਿਆ ਤਾਂ ਕਾਂਗਰਸ ਪਾਰਟੀ ਵੱਲੋਂ ਇਸ ਦੇ ਖ਼ਿਲਾਫ਼ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਨੇ ਅੰਤ ਵਿੱਚ ਕਿਹਾ ਕਿ ਲੋਕਾਂ ਨੂੰ ਸਸਤਾ ਅਤੇ ਆਸਾਨ ਨਿਆਂ ਮਿਲਣਾ ਸਰਕਾਰ ਦੀ ਜ਼ਿੰਮੇਵਾਰੀ ਹੈ ਅਤੇ ਇਸ ਤਰ੍ਹਾਂ ਦੇ ਫੈਸਲੇ ਲੋਕ-ਵਿਰੋਧੀ ਹਨ, ਜਿਨ੍ਹਾਂ ਨੂੰ ਤੁਰੰਤ ਵਾਪਸ ਲਿਆ ਜਾਣਾ ਚਾਹੀਦਾ ਹੈ।

# ਅਕਾਲੀ ਦਲ (ਬਾਦਲ) ਨੇ ਬੇ-ਦਾਵੇ ਦੇਣ ਦਾ ਰਿਕਾਰਡ ਬਣਾਇਆ : ਗਿ. ਹਰਪ੍ਰੀਤ ਸਿੰਘ



ਬੁਢਲਾਡਾ, 25 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ): ਅਕਾਲੀ ਦਲ (ਪੁਨਰ ਸੁਰਜੀਤੀ) ਵੱਲੋਂ ਪੰਜਾਬ ਮਹਾਂਵੀਰ ਦਲ ਧਰਮਸ਼ਾਲਾ ਵਿੱਖੇ ਵਰਕਰ ਮੀਟਿੰਗ ਬੁਲਾਈ ਗਈ। ਇਸ ਮੀਟਿੰਗ ਨੂੰ ਸੰਬੋਧਿਤ ਕਰਦਿਆਂ ਪਾਰਟੀ ਦੇ ਕੌਮੀ ਪ੍ਰਧਾਨ ਤੇ ਸ੍ਰੀ ਅਕਾਲ ਤਖਤ ਦੇ ਸਾਬਕਾ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਅਕਾਲੀ ਦਲ (ਪੁਨਰ ਸੁਰਜੀਤੀ) ਧਰਮ ਦੀ ਮਰਿਆਦਾ ਨੂੰ ਬਹਾਲ ਰੱਖਣ ਦੀ ਲੜਾਈ ਲੜ ਰਿਹਾ ਹੈ, ਇਸ ਲਈ ਇਸ ਮਰਿਆਦਾ ਨੂੰ ਤੋੜਣ ਵਾਲੇ ਲੋਕਾਂ ਨਾਲ ਉਦੋਂ ਤੱਕ ਕੋਈ ਸਮਝੌਤਾ ਨਹੀ ਕੀਤਾ ਜਾਵੇਗਾ ਜਦੋਂ ਤੱਕ ਉਹ ਧਰਮ ਦੇ ਰਾਹ 'ਤੇ ਵਾਪਸ ਨਹੀਂ ਪਰਤ ਆਉਂਦੇ । ਉਨ੍ਹਾਂ ਕਿਹਾ ਕਿ ਜਿਸ ਮੁਕਤਸਰ ਦੀ ਜਿਸ ਧਰਤੀ 'ਤੇ ਚਾਲੀ ਮੁਕਤਿਆ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਦਿੱਤਾ ਬੇ -ਦਾਵਾ ਪਾੜਿਆ ਸੀ, ਉਸੇ ਧਰਤੀ ਤੇ ਸ੍ਰੀ ਅਕਾਲ ਤਖਤ ਤੋਂ ਭਗੌੜੇ ਹੋਏ ਸੁਖਬੀਰ ਬਾਦਲ ਇਹ ਕਹਿ ਕੇ ਸ੍ਰੀ ਅਕਾਲ ਤਖਤ ਨੂੰ ਬੇਦਾਵਾ ਦਿੱਤਾ ਹੈ ਕਿ ਉਨ੍ਹਾਂ ਅਕਾਲ ਤਖਤ ਦੀ ਫਸੀਲ ਸਾਹਮਣੇ ਕਬੂਲ ਕੀਤੇ ਗੁਨਾਹ ਅਸਲ ਵਿਚ ਕੀਤੇ ਹੀ ਨਹੀ ਹਨ। ਉਨ੍ਹਾਂ ਕਿਹਾ ਕਿ ਭਗੌੜਾ ਦਲ ਦਾ ਪ੍ਰਧਾਨ ਨਿੱਤ ਨਵੇਂ ਬੇਦਾਵੇ ਦੇਣ ਦਾ ਰਿਕਾਰਡ ਬਣਾ ਰਿਹਾ ਹੈ। ਉਨ੍ਹਾਂ ਕਿ ਅਕਾਲੀ ਦੱਲ ਬਾਦਲ ਦੀਆਂ ਪੰਜਾਬ ਬਚਾਓ ਰੈਲੀਆਂ 'ਤੇ ਹੋਣ ਵਾਲਾ ਇੱਕਠ ਬੱਸਾਂ ਰਾਹੀਂ ਢੋਇਆ ਇੱਕਠ ਹੁੰਦਾ ਹੈ ਜਦੋਂ ਕਿ ਅੱਜ ਦਾ ਇੱਕਠ ਅਸਲ ਰੂਪ ਵਿਚ ਹੋਇਆ ਇਕੱਠ ਹੈ। ਉਨ੍ਹਾਂ ਕਿਹਾ ਕਿ ਵੱਡੀਆ ਰੈਲੀਆਂ ਕਰਨ ਵਾਲੇ ਦਲ ਕੋਲ ਰੇਤ ਮਾਫੀਆਂ ਤੇ ਲੋਕਾਂ ਦੀ ਲੁੱਟ ਰਾਹੀਂ ਕਮਾਇਆ ਪੈਸਾ ਹੈ, ਪਰ ਅਸੀਂ ਹੱਕ ਸੱਚ ਦੀ ਕਮਾਈ ਰਾਹੀਂ ਰੈਲੀਆਂ ਦਾ ਪ੍ਰਬੰਧ ਕਰਨਾ ਹੈ। ਉਨ੍ਹਾਂ ਕਿਹਾ ਉਨ੍ਹਾਂ ਦਾ ਅਕਾਲੀ ਦਲ ਸਿੱਖ ਮਰਿਆਦਾ ਤੇ ਸਿੱਖ ਸੰਸਥਾਵਾਂ ਨੂੰ ਬਚਾਉਣ ਦੀ ਲੜਾਈ ਲੜ ਰਿਹਾ ਹੈ ਤੇ ਆਪਣੇ ਮਕਸਦ ਦੀ ਪੂਰਤੀ ਤੱਕ ਆਪਣੀ ਲੜਾਈ ਜਾਰੀ ਰੱਖੇਗਾ। ਪੰਜਾਬ ਦੀ ਵਿਗੜਦੀ ਅਮਨ ਕਾਨੂੰਨ ਦੀ ਸਥਿਤੀ ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿਚ ਜੰਗਲ ਦੇ ਰਾਜ ਵਰਗੇ ਹਲਾਤ ਪੈਦਾ ਹੋ ਗਏ ਹਨ ਤੇ ਸਥਿਤੀ ਦਿਨ-ਬਦਿਨ ਬੱਦ ਤੋਂ ਬੱਦਤਰ ਹੁੰਦੀ ਜਾ ਰਹੀ ਹੈ। ਉਨ੍ਹਾਂ ਇਸ ਮੀਟਿੰਗ ਦੇ ਪ੍ਰਬੰਧ ਲਈ ਪਾਰਟੀ ਦੇ ਵਰਕਿੰਗ ਕਮੇਟੀ ਮੈਂਬਰ ਜੱਥੇਦਾਰ ਮਲਕੀਤ ਸਿੰਘ ਸਮਾਓ ਦੀ ਸਲਾਘਾ ਕੀਤੀ। ਇਸ ਮੀਟਿੰਗ ਨੂੰ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਪੀਆਣਾ, ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਮੈਂਬਰ ਮਿੱਠੂ ਸਿੰਘ ਕਾਹਨੇ ਕੇ, ਬਲਾਕ ਬੁਢਲਾਡਾ ਦੇ ਪ੍ਰਧਾਨ ਰਜਿੰਦਰ ਸਿੰਘ ਰਿਉਂਦ ਕਲਾ, ਬਲਾਕ ਬੁਢਲਾਡਾ (ਦਿਹਾਤੀ) ਦੇ ਪ੍ਰਧਾਨ ਭੀਮ ਸਿੰਘ ਕਣਕਵਾਲ, ਹਰਜੀਤ ਸਿੰਘ ਜੰਡੂ ਤੇ ਗੁਰਜੰਟ ਸਿੰਘ ਫਫੜੇ ਭਾਈ ਨੇ ਵੀ ਸੰਬੋਧਿਤ ਕੀਤਾ।

## ਕਬੱਡੀ ਪ੍ਰਮੋਟਰ ਰਾਣਾ ਬਲਾਚੌਰੀਆ ਕਤਲ ਕਾਂਡ ਦੌਰਾਨ ਚੋਰੀ ਹੋਏ ਪਿਸਤੌਲ ਸਮੇਤ ਇੱਕ ਕਾਬੂ

ਬਠਿੰਡਾ, 25 ਮਾਰਚ (ਦੀਪਕ ਸ਼ਰਮਾ): ਪੁਲਿਸ ਨੇ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਇੱਕ ਵਿਅਕਤੀ ਨੂੰ ਨਾਜਾਇਜ਼ ਅਸਲੇ ਅਤੇ ਖੋਹੇ ਹੋਏ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕੀਤਾ ਹੈ।ਫੜੇ ਗਏ ਮੁਲਜ਼ਮ ਦੀ ਪਛਾਣ ਗੁਰਮੇਲ ਸਿੰਘ ਵਜੋਂ ਹੋਈ ਹੈ, ਜੋ ਪਿਛਲੇ ਕਾਫੀ ਸਮੇਂ ਤੋਂ ਵੱਖ-ਵੱਖ ਅਪਰਾਧਿਕ ਮਾਮਲਿਆਂ ਵਿੱਚ ਪੁਲਿਸ ਦੀ ਰਾਡਾਰ 'ਤੇ ਸੀ।ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਮੁਲਜਮ ਕੋਲੋਂ ਬਰਾਮਦ ਕੀਤਾ ਗਿਆ ਪਿਸਤੌਲ ਪਿਛਲੇ ਸਾਲ ਚਰਚਾ ਵਿੱਚ ਰਹੇ ਕਬੱਡੀ ਪ੍ਰਮੋਟਰ ਰਾਣਾ ਬਲਾਚੋਰੀਆ ਦਾ ਨਿਕਲਿਆ। ਜਿਸ ਸਬੰਧੀ ਅਣਪਛਾਤੇ ਵਿਅਕਤੀ ਖਿਲਾਫ ਅਸਲਾ ਚੋਰੀ ਕਰਨ ਦਾ ਪਰਚਾ ਦਰਜ ਕੀਤਾ ਗਿਆ ਸੀ।



ਦੂਜੇ ਪਾਸੇ ਕਥਿਤ ਦੋਸ਼ੀ ਦੇ ਖਿਲਾਫ ਥਾਣਾ ਨੇਹਿਆਂ ਵਾਲਾ ਵਿਖੇ ਅਸਲੇ ਦੀ ਨੋਕ ਤੇ ਲੁੱਟ ਖੋਹ ਕਰਨ ਦਾ ਕੇਸ ਦਰਜ ਕੀਤਾ ਗਿਆ ਸੀ। ਜਿਸ ਦੇ ਚਲਦਿਆਂ ਪੁਲਿਸ ਕਥਿਤ ਦੋਸ਼ੀ ਤੇ ਉਸ ਦੇ ਸਾਥੀਆਂ ਦੀ ਭਾਲ ਕਰ ਰਹੀ ਸੀ। ਇਸ ਸਬੰਧੀ ਡੀਐਸਪੀ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਮੁਲਜ਼ਮ ਨੇ ਪਿਛਲੇ ਦਿਨੀਂ ਪਿਸਤੌਲ ਦੀ ਨੋਕ 'ਤੇ ਇੱਕ ਰਾਹਗੀਰ ਤੋਂ ਨਕਦੀ, ਮੋਬਾਈਲ ਫੋਨ ਅਤੇ ਮੋਟਰਸਾਈਕਲ ਖੋਹਿਆ ਸੀ। ਇਸ ਸਬੰਧੀ ਥਾਣਾ ਨੇਹੀਆਵਾਲਾ ਵਿਖੇ ਮੁਲਜ਼ਮ ਤੇ ਉਸ ਦੇ ਸਾਥੀ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ। ਜਿਸ ਤੋਂ ਬਾਅਦ ਪੁਲਿਸ ਲਗਾਤਾਰ ਕਥਿਤ ਦੋਸ਼ੀ ਦੀ ਭਾਲ ਕਰ ਰਹੀ ਸੀ। ਇਸ ਦੌਰਾਨ ਇੱਕ ਪੁਖਤਾ ਸੂਚਨਾ ਦੇ ਅਧਾਰ ਤੇ ਪੁਲਿਸ ਨੇ ਜਦੋ ਗੁਰਮੇਲ ਸਿੰਘ ਨੂੰ ਕਾਬੂ ਕੀਤਾ, ਤਾਂ ਉਸ ਕੋਲੋਂ .45 ਬੋਰ ਦਾ ਪਿਸਤੌਲ ਤੇ ਦੋ ਕਾਰਤੂਸ ਬਰਾਮਦ ਹੋਏ। ਇਸ ਤੋਂ ਇਲਾਵਾ ਖੋਹਿਆ ਹੋਇਆ ਮੋਟਰਸਾਈਕਲ ਵੀ ਬਰਾਮਦ ਹੋਇਆ। ਡੀਐਸਪੀ ਅਨੁਸਾਰ ਕਥਿਤ ਦੋਸ਼ੀ ਕੋਲੋਂ ਕੀਤੀ ਗਈ ਮੁੱਢਲੀ ਤਫ਼ਤੀਸ਼ ਦੌਰਾਨ ਇੱਕ ਹੈਰਾਨੀਜਨਕ ਖੁਲਾਸਾ ਹੋਇਆ ਕਿ ਗੁਰਮੇਲ ਸਿੰਘ ਕੋਲੋਂ ਮਿਲਿਆ ਪਿਸਤੌਲ ਪਿਛਲੇ ਸਾਲ ਚਰਚਾ ਵਿੱਚ ਰਹੇ ਕਬੱਡੀ ਪ੍ਰਮੋਟਰ ਰਾਣਾ ਬਲਾਚੌਰੀਆ ਦਾ ਹੈ। ਪੁਲਿਸ ਅਧਿਕਾਰੀ ਨੇ ਦੱਸਿਆ ਹੈ ਕਿ ਜਦੋਂ ਉਕਤ ਕਬੱਡੀ ਪ੍ਰਮੋਟਰ ਦਾ ਕਤਲ ਹੋਇਆ ਸੀ, ਤਾਂ ਹਫੜਾ-ਦਫੜੀ ਵਿੱਚ ਉਸ ਦਾ ਪਿਸਤੌਲ ਉੱਥੇ ਹੀ ਡਿੱਗ ਪਿਆ ਸੀ। ਗੁਰਮੇਲ ਸਿੰਘ ਨੇ ਉਸ ਮੌਕੇ ਦਾ ਫ਼ਾਇਦਾ ਉਠਾਉਂਦਿਆਂ ਉਹ ਪਿਸਤੌਲ ਚੁੱਕ ਲਿਆ ਸੀ। ਇਸ ਸਬੰਧੀ ਪੁਲਿਸ ਵੱਲੋਂ ਪਹਿਲਾਂ ਹੀ ਇੱਕ ਅਣਪਛਾਤੇ ਵਿਅਕਤੀ ਵਿਰੁੱਧ ਰਿਵਾਲਵਰ ਚੋਰੀ ਕਰਨ ਦਾ ਪਰਚਾ ਦਰਜ ਕੀਤਾ ਗਿਆ ਸੀ।

ਡੀਐਸਪੀ ਪ੍ਰਿਤਪਾਲ ਸਿੰਘ ਅਨੁਸਾਰ ਮੁਲਜ਼ਮ ਗੁਰਮੇਲ ਸਿੰਘ 'ਤੇ ਪਹਿਲਾਂ ਵੀ ਕਈ ਸੰਗੀਨ ਮਾਮਲੇ ਦਰਜ ਹਨ। ਉਹ ਇਲਾਕੇ ਵਿੱਚ ਹਵਾਈ ਫਾਇਰਿੰਗ ਕਰਨ ਅਤੇ ਦਹਿਸ਼ਤ ਫੈਲਾਉਣ ਦੇ ਕੇਸਾਂ ਵਿੱਚ ਵੀ ਪੁਲਿਸ ਨੂੰ ਲੋੜੀਂਦਾ ਸੀ। ਪੁਲਿਸ ਹੁਣ ਇਸ ਗੱਲ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਕਿ ਮੁਲਜ਼ਮ ਨੇ ਇਸ ਚੋਰੀ ਕੀਤੇ ਹਥਿਆਰ ਨਾਲ ਹੋਰ ਕਿਹੜੀਆਂ-ਕਿਹੜੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਹੈ। ਪੁਲਿਸ ਇਸ ਐਂਗਲ ਤੇ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਕਥਿਤ ਦੋਸ਼ੀ ਦਾ ਕਬੱਡੀ ਪ੍ਰਮੋਟਰ ਦੇ ਕਤਲ ਨਾਲ ਕੋਈ ਸੰਬੰਧ ਹੈ ਜਾਂ ਨਹੀਂ।ਫਿਲਹਾਲ ਮੁਲਜ਼ਮ ਪੁਲਿਸ ਰਿਮਾਂਡ 'ਤੇ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਕਈ ਅਹਿਮ ਖੁਲਾਸੇ ਹੋਣ ਦੀ ਉਮੀਦ ਹੈ।

# ਯਾਦਗਾਰੀ ਹੋ ਨਿਬੜਿਆ ਧਾਰਮਿਕ ਸਮਾਗਮ

ਭਗਤਾ ਭਾਈ ਕਾ, 25 ਮਾਰਚ (ਸਵਰਨ ਸਿੰਘ ਭਗਤਾ): ਬਾਬਾ ਰੋਡੂ ਰਾਮ ਦੀ ਸਲਾਨਾ ਯਾਦ ਨੂੰ ਸਮਰਪਿਤ ਧਾਰਮਿਕ ਸਮਾਗਮ ਅਤੇ ਵਿਸ਼ਾਲ ਖੂਨਦਾਨ ਕੈਂਪ ਪਿੰਡ ਆਦਮਪੁਰਾ ਵਿਖੇ ਐਨ ਆਰ ਆਈ ਸਪੋਰਟਸ ਕਲੱਬ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਗ੍ਰਾਮ ਪੰਚਾਇਤ , ਬਾਬਾ ਰੋਡੂ ਰਾਮ ਪ੍ਰਬੰਧਕ ਆਦਮਪੁਰਾ ਵੱਲੋਂ ਸੰਤ ਲਾਲ ਮੁਨੀ ਸਮਾਜ ਸੇਵਾ ਸੁਸਾਇਟੀ ਰਾਜਗੜ੍ਹ ਅਤੇ ਬਲੱਡ ਡੋਨਰਜ਼ ਕੌਂਸਲ ਰਾਮਪੁਰਾ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਆਦਮਪੁਰਾ ਵਿਖੇ ਧਾਰਮਿਕ ਸਮਾਗਮ ਦੇ ਨਾਲ ਨਾਲ 22 ਮਾਰਚ ਦਿਨ ਐਤਵਾਰ ਨੂੰ ਵਿਸ਼ਾਲ ਖੂਨਦਾਨ ਕੈਂਪ ਲਾਇਆ ਗਿਆ ਜਿਸ ਦੌਰਾਨ ਡਾਕਟਰ ਆਈ.ਬੀ ਅਗਰਵਾਲ ਮੈਕਸ ਹਸਪਤਾਲ ਬਠਿੰਡਾ ਦੀ ਅਗਵਾਈ ਹੇਠ 36 ਯੂਨਿਟ ਬਲੱਡ ਵੱਖ ਵੱਖ ਖੂਨਦਾਨੀਆਂ ਵੱਲੋਂ ਦਾਨ ਕੀਤਾ ਗਿਆ। ਕੈਂਪ ਦੀ ਸ਼ੁਰੂਆਤ ਗੁਰਦੀਪ ਸਿੰਘ ਸਾਬਕਾ ਸਰਪੰਚ ਵੱਲੋਂ ਪਹਿਲਾਂ ਬਲੱਡ ਦੇ ਕੇ ਕੀਤੀ ਗਈ । ਇਸ ਮੌਕੇ ਐਨ ਆਰ ਆਈ ਵੈਲਫੇਅਰ ਐਂਡ ਸਪੋਰਟਸ ਦੇ ਪ੍ਰਧਾਨ ਬਲਤੇਜ ਖਾਲਸਾ ਅਤੇ ਉਨ੍ਹਾਂ ਦੀ ਧਰਮ ਸੁਪਤਨੀ ਵੱਲੋਂ ਵੀ ਇਕੱਠਿਆਂ ਬਲੱਡ ਦਾਨ ਕੀਤਾ ਇਸ ਦੀ ਸਫਲਤਾ ਲਈ ਵਿਸ਼ੇਸ਼ ਤੌਰ ਤੇ 33% ਬੀਬੀਆਂ ਤੋਂ ਇਲਾਵਾ ਹੋਰ ਨੌਜਵਾਨ ਵਰਗ ਵੱਲੋਂ ਬਹੁਤ ਵੱਡੀ ਗਿਣਤੀ ਵਿੱਚ ਖੂਨਦਾਨ ਕੀਤਾ । ਸੰਤ ਲਾਲ ਮੁਨੀ ਸਮਾਜ ਸੇਵਾ ਸੁਸਾਇਟੀ ਰਾਜਗੜ੍ਹ ਵੱਲੋਂ ਖੂਨਦਾਨੀਆਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਸਨਮਾਨ ਚਿੰਨ੍ਹ ਭੇਂਟ ਕੀਤੇ।ਕੈਂਪ ਦੀ ਸਫਲਤਾ ਤੇ ਪਰਮਜੀਤ ਸਿੰਘ ਰਾਜਗੜ੍ਹ ਪ੍ਰਧਾਨ ਸੰਤ ਲਾਲ ਮੁਨੀ ਸਮਾਜ ਸੇਵਾ ਸੁਸਾਇਟੀ ਅਤੇ ਧਰਮ ਸਿੰਘ ਭੁੱਲਰ ਪ੍ਰਧਾਨ ਬਲੱਡ ਡੋਨਰਜ਼ ਕੌਂਸਲ ਰਾਮਪੁਰਾ ਵੱਲੋਂ ਸਾਂਝੇ ਤੌਰ ਤੇ ਸਮੁੱਚੀ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਆਦਮਪੁਰਾ ਦਾ ਧੰਨਵਾਦ ਕੀਤਾ ਗਿਆ।ਕਮੇਟੀ ਵੱਲੋਂ ਆਏ ਮਹਿਮਾਨਾਂ ਦਾ ਸਿਰੋਪਾਉ ਨਾਲ ਸਨਮਾਨ ਕੀਤਾ,23 ਮਾਰਚ ਦਿਨ ਐਤਵਾਰ ਨੂੰ ਸ੍ਰੀ ਅਖੰਡ ਸਾਹਿਬ ਦੇ ਭੋਗ ਪਾਏ ਗਏ ।ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਪਿੰਡ ਦੀਆਂ ਸਮੁੱਚੀਆਂ ਕੁੜੀਆਂ ਨੂੰ ਮਠਿਆਈ ਨਾਲ ਨਿਵਾਜਿਆ ਗਿਆ। ਇਸ ਸਬੰਧੀ ਜਾਣਕਾਰੀ ਐਨ ਆਰ ਆਈ ਸਪੋਰਟਸ ਕਲੱਬ ਦੇ ਪ੍ਰਧਾਨ ਬਲਤੇਜ ਸਿੰਘ ਖਾਲਸਾ ਵੱਲੋਂ ਸਾਂਝੀ ਕੀਤੀ ਗਈ। ਕੈਂਪ ਦੀ ਸਫਲਤਾ ਲਈ ਬੇਅੰਤ ਸ਼ਰਮਾ ਆਦਮਪੁਰਾ ( ਕੈਨੇਡਾ) ਵੱਲੋਂ ਦਾ ਵਿਸ਼ੇਸ਼ ਸਹਿਯੋਗ ਦਿੱਤਾ।

ਇਸ ਮੌਕੇ ਹਾਜਰ ਕੁਲਵਿੰਦਰ ਸਿੰਘ ਮਾਨ ਵਾਈਸ ਪ੍ਰਧਾਨ, ਸੁਖਮੰਦਰ ਸਿੰਘ ਫ਼ੌਜੀ ਸਰਪੰਚ, ਬੇਅੰਤ ਸਿੰਘ ਖਾਲਸਾ ਮੁੱਖ ਸੇਵਾਦਾਰ, ਨਛੱਤਰ ਸਿੰਘ ਖਾਲਸਾ, ਪਰਮਿੰਦਰ ਸਿੰਘ ਸੰਧੂ, ਨਵਤੇਜ ਸਿੰਘ ਮੈਂਬਰ ਬਲਾਕ ਸੰਮਤੀ, ਭਗਵੰਤ ਸਿੰਘ ਪੰਚ, ਗੁਰਮੇਲ ਸਿੰਘ ਪੰਚ, ਬਾਬਾ ਪ੍ਰਗਟ ਸਿੰਘ, ਛਿੰਦਰ ਸਿੰਘ, ਨਿਰਮਲ ਸਿੰਘ, ਪਰਮਜੀਤ ਸਿੰਘ ਫ਼ੌਜੀ ਖਾਲਸਾ, ਗੁਰਜੰਟ ਸਿੰਘ ਜੰਟਾ, ਗੁਰਮੇਲ ਸਿੰਘ ਪ੍ਰੇਮੀ, ਸ਼ਿੰਦਰਪਾਲ ਕੌਰ, ਨਿਰਮਲਜੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬੀਬੀਆਂ ਵੀ ਹਾਜ਼ਰ ਸਨ।

## ਕਿਲਾ ਮਾਰਕੀਟ ਵੱਲੋਂ ਭਾਜਪਾ ਦੇ ਨਵ-ਨਿਯੁਕਤ ਪ੍ਰਧਾਨ ਸਰਜੀਵਨ ਜਿੰਦਲ ਦਾ ਵਿਸ਼ੇਸ਼ ਸਨਮਾਨ

ਸੰਗਰੂਰ, 25 ਮਾਰਚ (ਹਰਕੰਵਲ ਸਿੰਘ ਹੈਪੀ): ਭਾਰਤੀ ਜਨਤਾ ਪਾਰਟੀ ਦੇ ਨਵ ਨਿਯੁਕਤ ਜ਼ਿਲ੍ਹਾ ਸੰਗਰੂਰ 1 ਦੇ ਪ੍ਰਧਾਨ



ਸਰਜੀਵਨ ਜਿੰਦਲ ਦਾ ਅੱਜ ਕਿਲਾ ਮਾਰਕੀਟ ਦੁਕਾਨਦਾਰਾਂ ਵੱਲੋ. ਵਿਸ਼ੇਸ਼ ਤੌਰ ਤੇ ਸਨਮਾਲ ਕੀਤਾ ਗਿਆ। ਇਸ ਮੌਕੇ ਜਿੰਦਲ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਚਿੰਨ ਤੇ ਸਿਰੋਪਾਓ ਭੇਟ ਕੀਤੇ ਗਏ। ਇਸ ਸਨਮਾਨ ਸਮਾਰੋਹ ਦੀ ਅਗਵਾਈ ਪਵਨ ਕੁਮਾਰ ਗਰਗ ਵੱਲੋਂ ਵਿਸ਼ੇਸ਼ ਤੌਰ ਤੇ ਕੀਤੀ ਗਈ। ਇਸ ਮੌਕੇ ਖੱਤਰੀ ਸਭਾ ਦੇ ਸੂਬਾਈ ਪ੍ਰਧਾਨ ਦਲਜੀਤ ਜ਼ਖਮੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਭਾਜਪਾ ਦੇ ਨਵ ਨਿਯੁਕਤ ਪ੍ਰਧਾਨ ਸਰਜੀਵਨ ਜਿੰਦਲ ਨੇ ਕਿਹਾ ਕਿ ਪਾਰਟੀ ਵੱਲੋਂ ਜਿਹੜੀ ਜਿੰਮੇਵਾਰੀ ਉਨ੍ਹਾਂ ਨੂੰ ਦਿੱਤੀ ਗਈ ਹੈ, ਉਹ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਕਿਲਾ ਮਾਰਕੀਟ ਦੇ ਦੁਕਾਨਦਾਰਾਂ ਵੱਲੋਂ ਜੋ ਅੱਜ ਉਨ੍ਹਾਂ ਦਾ ਸਨਮਾਨ ਕੀਤਾ ਗਿਆ ਹੈ, ਉਸਦਾ ਵਿਸ਼ੇਸ਼ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਅਸੀਂ ਲੋਕਾਂ ਦੇ ਸਹਿਯੋਗ ਨਾਲ ਭਾਜਪਾ ਦੀਆਂ ਨੀਤੀਆਂ ਨੂੰ ਘਰ ਘਰ ਤੱਕ ਪਹੁੰਚਾਉਣ ਵਿੱਚ ਜੀਅ ਤੋੜ ਯਤਨ ਕਰਾਂਗੇ।

ਇਸ ਮੌਕੇ ਰੋਮੀ ਗੋਇਲ, ਰਾਕੇਸ਼ ਕੁਮਾਰ ਗੁੱਡੂ, ਓਮ ਪ੍ਰਕਾਸ਼, ਜੋਸ਼ੀ, ਰੋਹਿਤ ਮਿੱਤਲ, ਅਰੁਣ ਗੋਇਲ, ਦੀਪਕ ਕੁਮਾਰ, ਧਰਮਵੀਰ ਸਿੰਘ, ਅਸ਼ੀਸ਼ ਸਿੰਗਲਾ, ਮਹਿੰਦਰਪਾਲ ਜੋਸ਼ੀ, ਪਰਮਿੰਦਰ, ਬਿੱਟੂ ਜਿੰਦਲ ਤੋਂ ਇਲਾਵਾ ਹੋਰ ਵੀ ਦੁਕਾਨਦਾਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਸ੍ਰੀ ਬਾਲਾਜੀ ਖਾਟੂ ਸ਼ਿਆਮ ਮੰਦਿਰ ਵੱਲੋਂ ਚਾਰ ਧਾਮ ਯਾਤਰਾ ਹੋਈ ਸੰਪੰਨ

ਸੁਨਾਮ 25 ਮਾਰਚ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਸ੍ਰੀ ਬਾਲਾ ਜੀ ਖਾਟੂ ਸ਼ਿਆਮ ਮੰਦਰ ਸੁਨਾਮ ਵੱਲੋਂ ਆਯੋਜਿਤ 'ਚਾਰ ਧਾਮ ਯਾਤਰਾ' ਸ੍ਰੀ ਬਾਲਾਜੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਸਫਲਤਾਪੂਰਵਕ ਸੰਪੰਨ ਹੋਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਬਾਲਾਜੀ ਮੰਦਰ ਕਮੇਟੀ ਤੇ ਯਾਤਰਾ ਦੇ ਪ੍ਰਬੰਧਕ ਗੌਰਵ ਜਨਾਲੀਆ ਨੇ ਦੱਸਿਆ ਕਿ ਸ਼ਰਧਾਲੂਆਂ ਨੂੰ ਸ੍ਰੀ ਵਰਿੰਦਾਵਨ ਧਾਮ, ਸ੍ਰੀ ਮਹਿੰਦੀਪੁਰ ਧਾਮ, ਸ੍ਰੀ ਸਾਲਾਸਰ ਧਾਮ ਤੇ ਸ੍ਰੀ ਖਾਟੂ ਧਾਮ ਦੇ ਦਰਸ਼ਨ ਕਰਵਾਏ ਗਏ। ਗੁਰੂ ਕਿਰਪਾ ਆਸ਼ਰਮ ਵਿਖੇ ਗੁਰੂ ਮਹਾਰਾਜ ਸ੍ਰੀ ਮੋਹਨਪੁਰੀ ਗੋਸਵਾਮੀ ਜੀ ਨੂੰ 'ਸ੍ਰੀ ਬਾਲਾ ਜੀ ਜਨਮੋਤਸਵ' ਦਾ ਸੱਦਾ ਪੱਤਰ ਦਿੱਤਾ ਗਿਆ। ਉੱਥੇ ਸੰਗਤਾਂ ਵੱਲੋਂ ਤਾਲੀ ਸੰਕੀਰਤਨ ਕੀਤਾ ਗਿਆ ਤੇ ਸਾਰੇ ਸ਼ਰਧਾਲੂ ਸ੍ਰੀ ਬਾਲਾਜੀ ਮਹਾਰਾਜ ਦੇ ਰੰਗ ਵਿੱਚ ਰੰਗੇ ਹੋਏ ਨਜ਼ਰ ਆਏ ਅਤੇ ਗੁਰੂ ਮਹਾਰਾਜ ਜੀ ਦਾ ਆਸ਼ੀਰਵਾਦ ਲਿਆ।



ਮੰਦਰ ਕਮੇਟੀ ਵੱਲੋਂ ਪਹਿਲੀ ਵਾਰ ਇਹਨਾਂ ਧਾਰਮਿਕ ਅਸਥਾਨਾਂ 'ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਇਹਨਾਂ ਸਥਾਨਾਂ ਦੇ ਇਤਿਹਾਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਯਾਤਰੀਆਂ ਨੇ ਕਮੇਟੀ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਉਹ ਕਾਮਨਾ ਕਰਦੇ ਹਨ ਕਿ ਮੰਦਰ ਕਮੇਟੀ ਭਵਿੱਖ ਵਿੱਚ ਵੀ ਅਜਿਹੀਆਂ ਯਾਤਰਾਵਾਂ ਦਾ ਆਯੋਜਨ ਕਰਦੀ ਰਹੇ। ਸ੍ਰੀ ਬਾਲਾਜੀ ਮੰਦਰ ਕਮੇਟੀ ਨੇ ਯਾਤਰਾ ਵਿੱਚ ਸ਼ਾਮਲ ਹੋਏ ਸਾਰੇ ਸ਼ਰਧਾਲੂਆਂ ਦਾ ਧੰਨਵਾਦ ਕੀਤਾ ਅਤੇ ਯਾਤਰੀਆਂ ਵੱਲੋਂ ਦਿੱਤੇ ਸਹਿਯੋਗ ਲਈ ਦਿਲੋਂ ਧੰਨਵਾਦ ਕੀਤਾ।

ਇਸ ਮੌਕੇ ਤੇ ਰਾਜੀਵ ਸੀ.ਏ.,ਅਜੇ ਗੁਪਤਾ, ਵਿਮਲ ਜੈਨ, ਸੰਜੀਵ ਨਾਗਰਾ, ਵਿਨੈ ਖੋਸਲਾ, ਰਵੀ ਗਰਗ, ਪ੍ਰਵੇਸ਼ ਅਗਰਵਾਲ, ਕਮਲ ਠੇਕੇਦਾਰ, ਪੰਕਜ ਗਰਗ, ਜਤਿਨ, ਲੱਕੀ, ਸਚਿਨ, ਗੌਤਮ, ਪੂਜਾ ਗੋਇਲ, ਅੰਜੂ ਜਨਾਲੀਆ, ਪ੍ਰੀਤੀ ਜਿੰਦਲ, ਮੀਨੂ ਸਿੰਗਲਾ, ਸ਼ਿਲਪਾ ਜੈਨ ਆਦਿ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਪੈਨਸ਼ਨਰ ਵੈਲਫ਼ੇਅਰ ਐਸੋਸੀਏਸ਼ਨ ਦੀ ਕਾਨਫ਼ਰੰਸ

ਸੁਨਾਮ, 25 ਮਾਰਚ ਮੋਹਨ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਦੀ ਪੈਨਸ਼ਨਰ ਵੈਲਫ਼ੇਅਰ ਐਸੋਸੀਏਸ਼ਨ ਸੁਨਾਮ ਦੀ ਜਥੇਬੰਦਕ ਕਾਨਫਰੰਸ ਤਹਿਸੀਲ ਕੰਪਲੈਕਸ ਪੈਨਸ਼ਨਰ ਭਵਨ ਵਿਖੇ ਹੋਈ। ਕਾਨਫਰੰਸ ਵਿੱਚ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦਾ ਸ਼ਹੀਦੀ ਦਿਹਾੜਾ ਵੀ ਮਨਾਇਆ ਗਿਆ। ਸ਼ਹੀਦਾਂ ਦੀਆਂ ਤਸਵੀਰਾਂ ਤੇ ਫੁੱਲ ਮਲਾਵਾਂ ਭੇਂਟ ਕੀਤੀਆਂ। ਰਾਮ ਸਰੂਪ ਢੈਪਈ, ਬਲਵਿੰਦਰ ਸਿੰਘ ਜਿਲੇਦਾਰ,ਜੀਤ ਸਿੰਘ ਬੰਗਾ, ਭੁਪਿੰਦਰ ਸਿੰਘ ਛਾਜਲੀ,ਪਵਨ ਕੁਮਾਰ ਸ਼ਰਮਾ,ਦਰਸ਼ਨ ਸਿੰਘ ਮੱਟੂ, ਸ਼੍ਰੀਰਾਮ ਗਰਗ,ਬਿਰਜ ਲਾਲ ਧੀਮਾਨ,ਰਾਜ ਕੁਮਾਰ ਖੀਪਲਾ, ਹਰਨੇਕ ਸਿੰਘ ਨੱਢੇ ਨੇ ਸੰਬੋਧਨ ਕਰਦਿਆਂ ਸ਼ਹੀਦਾਂ ਦੀ ਸ਼ਹੀਦੀ ਤੇ ਚਾਨਣਾ ਪਾਇਆ, ਅਤੇ ਨਵੀਂ ਪੀੜ੍ਹੀ ਨੂੰ ਸ਼ਹੀਦਾਂ ਦੇ ਦੱਸੇ ਰਾਹ ਤੇ ਚਲਣ ਅਤੇ ਦੇਸ ਕੌਮ ਪ੍ਰਤੀ ਆਪਣੇ ਫ਼ਰਜ਼ਾਂ ਤੇ ਪਹਿਰਾ ਦੇਣ ਦੀ ਸਲਾਹ ਦਿੱਤੀ। ਕਾਨਫਰੰਸ ਵਿੱਚ ਬਲਵਿੰਦਰ ਸਿੰਘ ਜਿਲੇਦਾਰ ਜਨਰਲ ਸਕੱਤਰ ਨੇ ਪਿਛਲੇ ਦੋ ਸਾਲਾਂ ਦੇ ਕੀਤੇ ਦੋ ਸਾਲਾਂ ਦਾ ਲੇਖਾ ਜੋਖਾ ਪੇਸ਼ ਕੀਤਾ। ਹਰਦੇਵ ਸਿੰਘ ਸੋਹੀ ਸਹਾਇਕ ਖਜਾਨਚੀ ਨੇ ਵਿਤੀ ਰਿਪੋਰਟ ਪੇਸ਼ ਕੀਤੀ ਅਤੇ ਕਿਹਾ ਜਥੇਬੰਦੀ ਦੇ ਹਰ ਮੈਂਬਰ ਨੂੰ ਅਧਿਕਾਰ ਹੈ।ਕਾਨਫਰੰਸ ਵਿੱਚ ਹਾਜ਼ਰ ਇਕੱਠ ਨੇ ਪਿਛਲੇ ਅਹੁਦੇਦਾਰਾਂ ਦੇ ਕੰਮ ਤੇ ਤਸੱਲੀ ਪ੍ਰਗਟ ਕਰਦਿਆਂ ਕੀਤੇ ਕੰਮਾ ਦੀ ਰਿਪੋਰਟ ਵਾਧਿਆਂ ਨਾਲ ਹੱਥ ਖੜ੍ਹੇ ਕਰ ਕੇ ਨਾਅਰਿਆਂ ਦੀ ਗੂੰਜ ਵਿੱਚ ਪਾਸ ਕੀਤੀ।ਇਸ ਉਪਰੰਤ ਐਸੋਸੀਏਸ਼ਨ ਛੱਜੂ ਰਾਮ ਜਿੰਦਲ, ਸ਼੍ਰੀਰਾਮ ਗਰਗ, ਦਰਸਨ ਸਿੰਘ ਮੱਟੂ ਭਰਪੂਰ, ਰਾਜ ਕੁਮਾਰ ਖੀਪਲਾ, ਹਰਨੇਕ ਸਿੰਘ ਨੱਢੇ ਤੇ ਅਧਾਰਿਤ ਬਣਾਈ ਗਈ ਚੋਣ ਕਮੇਟੀ ਵਲੋਂ ਚੋਣ ਅਮਲ ਸ਼ੁਰੂ ਕੀਤਾ ਗਿਆ। ਇਸ ਕਮੇਟੀ ਵਲੋਂ ਚੋਣ ਪੈਨਲ ਪੇਸ਼ ਕੀਤਾ ਗਿਆ।ਜਿਸ ਵਿੱਚ ਆਉਣ ਵਾਲੇ ਦੋ ਸਾਲਾਂ ਲਈ ਪ੍ਰਧਾਨ ਰਾਮ ਸਰੂਪ ਢੈਪਈ, ਜਰਨਲ ਸਕੱਤਰ ਜੀਤ ਸਿੰਘ ਬੰਗਾ, ਖਜਾਨਚੀ ਤਰਸੇਮ ਸਿੰਘ ਮਹਿਰੋਕ ਦਾ ਨਾਂਅ ਪੇਸ਼ ਕੀਤਾ ਗਿਆ। ਜਿਸ ਨੂੰ ਨਾਅਰਿਆਂ ਅਤੇ ਤਾੜੀਆਂ ਦੀ ਗੂੰਜ ਵਿੱਚ ਸਰਵਸੰਮਤੀ ਨਾਲ ਪਾਸ ਕਰਦਿਆਂ ਰਾਮ ਸਰੂਪ ਢੈਪਈ ਪ੍ਰਧਾਨ,ਜੀਤ ਸਿੰਘ ਬੰਗਾ ਜਰਨਲ ਸਕੱਤਰ, ਤਰਸੇਮ ਸਿੰਘ ਮਹਿਰੋਕ ਖਜਾਨਚੀ ਚੁਣੇ ਗਏ। ਸਾਊਂਡ ਆਦਿ ਦਾ ਸ਼ਾਨਦਾਰ ਪ੍ਰਬੰਧ ਤਰਕਸ਼ੀਲ ਸੁਸਾਇਟੀ ਦੀ ਤਰਫੋ ਵਿਸਵਕਾਂਤ ਸ਼ਰਮਾ ਜੀ ਵਲੋਂ ਕੀਤਾ ਗਿਆ।




## ਅਕਾਲ ਕਾਲਜ ਆਫ਼ ਐਜੂਕੇਸ਼ਨ ਵਿਖੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ

ਸੰਗਰੂਰ, 25 ਮਾਰਚ (ਹਰਕੰਵਲ ਸਿੰਘ ਹੈਪੀ): ਆਰਸੀਈਡੀ ਚੰਡੀਗੜ੍ਹ ਦੀ ਟੀਮ ਵੱਲੋਂ ਅਕਾਲ ਕਾਲਜ ਆਫ਼ ਐਜੂਕੇਸ਼ਨ, ਮਸਤੂਆਣਾ ਸਾਹਿਬ ਵਿਖੇ ਸੰਸਥਾ ਦੇ ਪ੍ਰਿੰਸੀਪਲ ਡਾ. ਸੁਖਦੀਪ ਕੌਰ ਦੀ ਨਿਗਰਾਨੀ ਹੇਠ ਇੱਕ ਜਾਗਰੂਕਤਾ ਪ੍ਰੋਗਰਾਮ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਤੇ ਫੈਕਲਟੀ ਵਿੱਚ ਉੱਦਮਤਾ ਅਤੇ ਸਰਕਾਰੀ ਪਹਿਲਕਦਮੀਆਂ ਪ੍ਰਤੀ ਜਾਗਰੂਕਤਾ ਵਧਾਉਣਾ ਸੀ। ਸੈਸ਼ਨ ਦੀ ਮੁੱਖ ਬੁਲਾਰਾ ਆਸ਼ਮਾ ਸਿੰਘ, ਵਿੱਤੀ ਲੇਖਾਕਾਰ ਟ੍ਰੇਨਰ, ਕਨਿਕਾ ਸਿੰਘ ਦੇ ਨਾਲ ਸੀ, ਜਿਨ੍ਹਾਂ ਨੇ ਇਸ ਪ੍ਰੋਗਰਾਮ ਦੀ ਕੋਆਰਡੀਨੇਟਰ ਵਜੋਂ ਸੇਵਾ ਨਿਭਾਈ। ਸੈਸ਼ਨ ਦੌਰਾਨ, ਆਸ਼ਮਾ ਸਿੰਘ ਨੇ ਉੱਦਮਤਾ ਦੇ ਵੱਖ-ਵੱਖ ਮਹੱਤਵਪੂਰਨ ਪਹਿਲੂਆਂ ਨੂੰ ਕਵਰ ਕਰਦੇ ਹੋਏ ਇੱਕ ਸਮਝਦਾਰ ਭਾਸ਼ਣ ਦਿੱਤਾ। ਉਸਨੇ ਉੱਦਮਤਾ ਨੂੰ ਉਤਸ਼ਾਹਿਤ ਕਰਨ ਵਿੱਚ ਸਰਕਾਰ ਦੇ ਦ੍ਰਿਸ਼ਟੀਕੋਣ ਅਤੇ ਉਦੇਸ਼ਾਂ, ਵੱਖ-ਵੱਖ ਉੱਦਮਤਾ ਰਣਨੀਤੀਆਂ ਤੇ ਕਾਰੋਬਾਰ ਸਥਾਪਤ ਕਰਨ ਵਿੱਚ ਸ਼ਾਮਲ ਵੱਖ-ਵੱਖ ਪੜਾਵਾਂ ਬਾਰੇ ਵਿਸਥਾਰ ਵਿੱਚ ਦੱਸਿਆ। ਉਸਨੇ ਅੱਜ ਦੇ ਆਰਥਿਕ ਦ੍ਰਿਸ਼ਟੀਕੋਣ ਵਿੱਚ ਉੱਦਮਤਾ ਦੀ ਮਹੱਤਤਾ 'ਤੇ ਵੀ ਚਾਨਣਾ ਪਾਇਆ ਅਤੇ ਕਾਰੋਬਾਰ ਨੂੰ ਸਫਲਤਾਪੂਰਵਕ ਸ਼ੁਰੂ ਕਰਨ ਦੇ ਵਿਹਾਰਕ ਤਰੀਕਿਆਂ 'ਤੇ ਚਰਚਾ ਕੀਤੀ। ਇਸ ਤੋਂ ਇਲਾਵਾ, ਉਸਨੇ ਹਾਜ਼ਰੀਨ ਨੂੰ ਲਾਗੂ ਕਰਨ ਵਾਲੀਆਂ ਏਜੰਸੀਆਂ ਤੇ ਉੱਦਮ ਪੂੰਜੀ ਫੰਡਾਂ ਬਾਰੇ ਜਾਣਕਾਰੀ ਦਿੱਤੀ ਜੋ ਉੱਭਰ ਰਹੇ ਉੱਦਮੀਆਂ ਦਾ ਸਮਰਥਨ ਕਰਦੇ ਹਨ। ਕਾਲਜ ਦੇ ਫੈਕਲਟੀ ਮੈਂਬਰ ਵੀ ਪ੍ਰੋਗਰਾਮ ਦੌਰਾਨ ਮੌਜੂਦ ਸਨ, ਜਿਸ ਨਾਲ ਇਹ ਇੱਕ ਬਹੁਤ ਹੀ ਦਿਲਚਸਪ ਤੇ ਜਾਣਕਾਰੀ ਭਰਪੂਰ ਸੈਸ਼ਨ ਬਣ ਗਿਆ। ਡਾ. ਹਰਪਾਲ ਕੌਰ, ਐਸੋਸੀਏਟ ਪ੍ਰੋਫੈਸਰ ਨੇ ਮਹਿਮਾਨਾਂ ਤੇ ਭਾਗੀਦਾਰਾਂ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ। ਪ੍ਰੋਗਰਾਮ ਡਾ. ਸੁਖਦੀਪ ਕੌਰ ਦੁਆਰਾ ਦਿੱਤੇ ਗਏ ਧੰਨਵਾਦ ਮਤੇ ਨਾਲ ਸਮਾਪਤ ਹੋਇਆ, ਜਿਨ੍ਹਾਂ ਨੇ ਆਰਸੀਈਡੀ ਚੰਡੀਗੜ੍ਹ ਟੀਮ ਦਾ ਇੰਨਾ ਕੀਮਤੀ ਅਤੇ ਗਿਆਨਵਰਧਕ ਸੈਸ਼ਨ ਆਯੋਜਿਤ ਕਰਨ ਲਈ ਧੰਨਵਾਦ ਕੀਤਾ। ਕੁੱਲ ਮਿਲਾ ਕੇ, ਜਾਗਰੂਕਤਾ ਪ੍ਰੋਗਰਾਮ ਭਾਗੀਦਾਰਾਂ ਲਈ ਬਹੁਤ ਲਾਭਦਾਇਕ ਸਾਬਤ ਹੋਇਆ, ਜਿਸ ਨਾਲ ਉਨ੍ਹਾਂ ਨੂੰ ਉੱਦਮੀ ਮੌਕਿਆਂ ਦੀ ਪੜਚੋਲ ਕਰਨ ਲਈ ਜ਼ਰੂਰੀ ਗਿਆਨ ਅਤੇ ਪ੍ਰੇਰਣਾ ਮਿਲੀ।




# ਅਗਾਂਹਵਧੂ ਕਿਸਾਨ ਜਸਵੰਤ ਸਿੰਘ ਨੂੰ ਪੀ.ਏ.ਯੂ. ਲੁਧਿਆਣਾ ਦੇ ਕਿਸਾਨ ਮੇਲੇ 'ਤੇ ਮਿਲਿਆ ਮੁੱਖ ਮੰਤਰੀ ਐਵਾਰਡ

ਸੰਗਰੂਰ, 25 ਮਾਰਚ (ਹਰਕੰਵਲ ਸਿੰਘ ਹੈਪੀ): ਪੀ.ਏ.ਯੂ. ਦੇ ਕਿਸਾਨ ਮੇਲੇ ਦੇ ਪਹਿਲੇ ਦਿਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅਗਾਂਹਵਧੂ ਤੇ ਵਿਗਿਆਨਕ ਖੇਤੀ ਨਾਲ ਜੁੜੇ ਕਿਸਾਨ ਜਸਵੰਤ ਸਿੰਘ ਨੂੰ ਉਹਨਾਂ ਵੱਲੋਂ ਪਾਏ ਯੋਗਦਾਨ ਲਈ ਪੰਜਾਬ ਰਾਜ ਵਿੱਚ ਖੇਤ ਫ਼ਸਲਾਂ ਦੇ ਸਵੈ-ਕਾਸ਼ਤਕਾਰ ਲਈ "ਮੁੱਖ ਮੰਤਰੀ ਪੁਰਸਕਾਰ-2026" ਨਾਲ ਸਨਮਾਨਿਤ ਕੀਤਾ ਗਿਆ। ਪੀ.ਏ.ਯੂ. ਲੁਧਿਆਣਾ ਦੇ ਵਾਈਸ ਚਾਂਸਲਰ, ਡਾ. ਸਤਿਬੀਰ ਸਿੰਘ ਗੋਸਲ ਤੇ ਨਿਰਦੇਸ਼ਕ ਪਸਾਰ ਸਿੱਖਿਆ, ਡਾ. ਮੱਖਣ ਸਿੰਘ ਭੁੱਲਰ ਨੇ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਤੇ ਕਿਸਾਨ ਜਸਵੰਤ ਸਿੰਘ ਨੂੰ ਵਧਾਈ ਦਿੱਤੀ ਤੇ ਇਸ ਨੂੰ ਸੰਗਰੂਰ ਜ਼ਿਲ੍ਹੇ ਲਈ ਬਹੁਤ ਮਾਣ ਵਾਲੀ ਪ੍ਰਾਪਤੀ ਦੱਸਿਆ। ਇਸ ਬਾਰੇ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਦੇ ਇੰਚਾਰਜ ਤੇ ਸੀਨੀਅਰ ਪਸਾਰ ਵਿਗਿਆਨੀ ਡਾ. ਅਸ਼ੋਕ ਕੁਮਾਰ ਗਰਗ ਨੇ ਦੱਸਿਆ ਕਿ ਜਸਵੰਤ ਸਿੰਘ (43 ਸਾਲ) ਸਪੁੱਤਰ ਬਲਦੇਵ ਸਿੰਘ ਜ਼ਿਲ੍ਹਾ ਸੰਗਰੂਰ ਦੇ ਪਿੰਡ ਭੂੰਦੜ ਭੈਣੀ ਦੇ ਅਗਾਂਹਵਧੂ ਅਤੇ ਵਿਗਿਆਨਕ ਸੋਚ ਵਾਲੇ ਕਿਸਾਨ ਹਨ ਤੇ ਪਿਛਲੇ ਕੁਝ ਸਾਲਾਂ ਤੋਂ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਨਾਲ ਜੁੜੇ ਹੋਏ ਹਨ। ਉਹਨਾਂ ਨੇ ਦਸਵੀਂ ਤੱਕ ਦੀ ਪੜ੍ਹਾਈ ਕਰਨ ਉਪਰੰਤ 8 ਏਕੜ ਮਾਲਕੀ ਵਾਲੀ ਜ਼ਮੀਨ ਦੇ ਨਾਲ ਠੇਕੇ ਉੱਪਰ 7 ਏਕੜ ਜ਼ਮੀਨ ਲੈ ਕੇ ਫ਼ਸਲ ਉਤਪਾਦਨ ਤੇ ਸਹਾਇਕ ਕਿੱਤਿਆਂ ਨੂੰ ਬੜੀ ਸਫਲਤਾ ਨਾਲ ਕੀਤਾ ਹੈ।

ਕੁਦਰਤੀ ਸਰੋਤਾਂ ਦੀ ਸੰਭਾਲ ਪ੍ਰਤੀ ਸੁਚੇਤ ਜਸਵੰਤ ਨੇ ਪੀ.ਏ.ਯੂ. ਦੇ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਨਾਲ ਜੁੜ ਕੇ ਪਰਾਲੀ ਨੂੰ ਬਿਨਾਂ ਅੱਗ ਲਾਏ ਕਣਕ ਦੀ ਬਿਜਾਈ ਕੀਤੀ ਤੇ ਪੀ.ਏ.ਯੂ. ਦੀ ਸਿਫ਼ਾਰਸ਼ ਅਨੁਸਾਰ ਪਾਣੀ ਦੀ ਬੱਚਤ ਲਈ ਖੇਤ ਵਿਚ ਛੋਟੇ ਕਿਆਰੇ ਪਾਉਣੇ



ਸ਼ੁਰੂ ਕਰ ਦਿੱਤੇ। ਝੋਨੇ ਵਿਚ ਪਾਣੀ ਬਚਾਉਣ ਵਾਲੀਆਂ ਕਿਸਮਾਂ ਜਿਵੇਂ ਪੀ ਆਰ 126 ਅਤੇ ਪੂਸਾ ਬਾਸਮਤੀ 1121 ਨੂੰ ਹਮੇਸ਼ਾਂ ਤਰਜੀਹ ਦਿੱਤੀ। ਜਸਵੰਤ ਸਿੰਘ ਨੇ ਡਾ. ਅਸ਼ੋਕ ਨਾਲ ਸਲਾਹ ਕਰਕੇ ਪਿਆਜ਼ ਦੀ ਖੇਤੀ ਸ਼ੁਰੂ ਕੀਤੀ, ਉਹਨਾਂ ਦੁਆਰਾ ਸਮੇਂ-ਸਮੇਂ 'ਤੇ ਖੇਤਾਂ ਵਿੱਚ ਜਾ ਕੇ ਖੇਤੀ ਸਬੰਧੀ ਲੋੜੀਂਦੀ ਸਲਾਹ ਲੈ ਕੇ 2 ਕਿੱਲਿਆਂ 'ਚੋਂ 440 ਕੁਇੰਟਲ ਪਿਆਜ਼ ਪੈਦਾ ਕੀਤੇ ਗਏ।ਪੀ.ਏ.ਯੂ. ਲੁਧਿਆਣਾ ਵਿਖੇ "ਫਲ ਤੇ ਸਬਜ਼ੀ ਸਬੰਧੀ ਵਰਕਸ਼ਾਪ" ਲਈ ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਨਾਲ ਮਿਤੀ 28.01.25 ਨੂੰ ਭਾਗ ਲੈਣ ਵੀ ਗਏ ਅਤੇ ਸਬਜ਼ੀ ਵਿਗਿਆਨੀਆਂ ਤੇ ਮਾਹਿਰਾਂ ਨਾਲ ਸੰਪਰਕ ਕਰਕੇ ਤੋਰੀਆਂ ਦਾ ਖੇਤ ਤਜਰਬਾ ਵੀ ਕੀਤਾ।

ਉਹਨਾਂ ਨੂੰ ਪੀ.ਏ. ਯੂ. ਦੀ "ਫਲ ਤੇ ਸਬਜ਼ੀ ਉਤਪਾਦਨ ਕਮੇਟੀ ਦੇ ਮੈਂਬਰ" ਵਜੋਂ ਸ਼ਾਮਿਲ ਕਰਵਾਇਆ ਗਿਆ। ਸਾਲ 2025 ਵਿੱਚ ਪਹਿਲੀ ਵਾਰ ਖੀਰੇ ਦੀ 2 ਏਕੜ ਰਕਬੇ 'ਤੇ ਬੈਡਾਂ ਤੇ ਮੱਲਚ ਕਰਕੇ ਕਾਸ਼ਤ ਕੀਤੀ ਅਤੇ 245 ਕੁਇੰਟਲ ਪ੍ਰਤੀ ਏਕੜ ਝਾੜ ਲਿਆ। ਲਸਣ ਵੀ ਇੱਕ ਏਕੜ ਝੋਨੇ ਦੀ ਪਰਾਲੀ ਨਾਲ ਮੱਲਚ ਕਰਕੇ ਲਗਾਇਆ। ਖੇਤੀ ਦਾ ਸਾਰਾ ਕੰਮ ਜਸਵੰਤ ਸਿੰਘ ਆਪ ਖੁਦ ਕਰਦੇ ਹਨ ਤੇ ਪਰਿਵਾਰ ਦੇ ਹੋਰ ਮੈਂਬਰ (ਪਤਨੀ, ਬੇਟਾ ਅਤੇ ਦੋਸਤ ਤਰਸੇਮ ਸਿੰਘ) ਵੀ ਨਾਲ ਹੱਥ ਵਟਾ ਦਿੰਦੇ ਹਨ। ਉਹਨਾਂ ਨੇ ਅੱਜ ਤਕ ਕੋਈ ਵੀ ਸਾਂਝੀ ਜਾਂ ਨੌਕਰ ਨਹੀਂ ਰੱਖਿਆ। ਉਪਰੋਕਤ ਪ੍ਰਾਪਤੀਆਂ ਨੂੰ ਮੁੱਖ ਰੱਖਦੇ ਹੋਏ ਪੀ.ਏ.ਯੂ. ਲੁਧਿਆਣਾ ਵਲੋਂ ਜਸਵੰਤ ਸਿੰਘ ਨੂੰ ਪੰਜਾਬ ਰਾਜ ਵਿੱਚ ਖੇਤ ਫ਼ਸਲਾਂ ਦੇ ਸਵੈ-ਕਾਸ਼ਤਕਾਰ ਲਈ "ਮੁੱਖ ਮੰਤਰੀ ਪੁਰਸਕਾਰ-2026" ਨਾਲ ਸਨਮਾਨਿਤ ਕੀਤਾ ਗਿਆ ਹੈ।

## ਗੁਰੂ ਗੋਬਿੰਦ ਸਿੰਘ ਕਾਲਜ ਵਿਖੇ ਦੰਦਾਂ ਤੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ



ਲਹਿਰਾਗਾਗਾ, 25 ਮਾਰਚ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਗੁਰੂ ਗੋਬਿੰਦ ਸਿੰਘ ਕਾਲਜ ਖੋਖਰ ਕਲਾਂ ਵੱਲੋਂ ਵਿਦਿਆਰਥੀਆਂ ਤੇ ਇਲਾਕਾ ਨਿਵਾਸੀਆਂ ਦੀ ਸਿਹਤ ਸੰਭਾਲ ਲਈ ਇੱਕ ਵਿਸ਼ਾਲ ਮੁਫ਼ਤ ਕੈਂਪ ਆਯੋਜਿਤ ਕੀਤਾ ਗਿਆ, ਜਿਸ ਵਿੱਚ ਅੱਖਾਂ ਤੇ ਦੰਦਾਂ ਦੀ ਜਾਂਚ ਕੀਤੀ ਗਈ। ਇਸ ਕੈਂਪ ਵਿੱਚ ਤਜਰਬੇਕਾਰ ਨੇਤ੍ਰ ਵਿਸ਼ੇਸ਼ਗਿਆਨ ਡਾ. ਸੰਦੀਪ ਕੁਮਾਰ ਤਮੰਨਾ ਹਸਪਤਾਲ ਮੂਨਕ ਅਤੇ ਡਾ. ਰਾਹੁਲ ਮਿੱਤਲ ਮਹਿੰਦਰਾ ਹਸਪਤਾਲ ਲਹਿਰਾਗਾਗਾ ਨੇ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ। ਕੈਂਪ ਦੌਰਾਨ ਵੱਖ ਵੱਖ ਪਿੰਡਾਂ ਤੋਂ ਆਏ ਲੋਕਾਂ ਅਤੇ ਸਟਾਫ, ਵਿਦਿਆਰਥੀਆਂ ਨੇ ਆਪਣਾ ਚੈੱਕਅਪ ਕਰਵਾਇਆ ਅਤੇ ਡਾਕਟਰਾਂ ਵੱਲੋਂ ਲੋੜ ਅਨੁਸਾਰ ਮੁਫ਼ਤ ਦਵਾਈਆਂ ਵੰਡੀਆਂ ਗਈਆਂ ਅਤੇ ਅੱਖਾਂ ਲਈ ਚਸ਼ਮੇ ਵੰਡੇ ਗਏ । ਦੰਦਾਂ ਦੇ ਡਾਕਟਰ ਰਾਹੁਲ ਮਿੱਤਲ ਨੇ ਇੱਕ ਵਿਸ਼ੇਸ਼ ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਦੰਦਾਂ ਦੀ ਸਫਾਈ ਅਤੇ ਸੰਭਾਲ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਲਾਕੇ ਭਰ ਵਿੱਚੋਂ ਆਏ ਲੋਕਾਂ ਅਤੇ ਵਿਦਿਆਰਥੀਆਂ ਨੇ ਇਸ ਕੈਂਪ ਦਾ ਪੂਰਾ ਲਾਭ ਪ੍ਰਾਪਤ ਕੀਤਾ।

## ਸਰਦਾਰ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ



ਬਾਜਾਖਾਨਾ, 25 ਮਾਰਚ (ਅਵਤਾਰ ਸਿੰਘ ਮੱਲਾ): ਸਿਹਤ ਕੇਂਦਰ ਬਾਜਾਖਾਨਾ ਵਿਖੇ ਸਿਹਤ ਵਿਭਾਗ ਅਤੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਬਾਜਾਖਾਨਾ ਦੇ ਸਾਥੀਆਂ ਨੇ ਮਿਲ ਕੇ ਸਰਦਾਰ ਸਹੀਦ ਭਗਤ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ ।ਜਿਸ ਵਿੱਚ ਡਾਕਟਰ ਮਨੀਸ ਕੁਮਾਰ ਐਮ ਬੀ ਬੀ ਐੱਸ ਨੇ ਡਾਕਟਰ ਜਸਵਿੰਦਰ ਸਿੰਘ ਬਲਾਕ ਪ੍ਰਧਾਨ ਨਾਲ ਮਿਲ ਕੇ ਸ਼ਹੀਦ ਭਗਤ ਸਿੰਘ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਇਹ ਪ੍ਰਣ ਕੀਤਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਕੇ ਉਹਨਾਂ ਦੇ ਨਕਸ਼ੇ ਕਦਮਾਂ ਤੇ ਚੱਲ ਕੇ ਸਹਿਤ ਸੇਵਾਵਾਂ ਪ੍ਰਦਾਨ ਕਰਨਗੇ। ਇਸ ਮੌਕੇ ਸਿਹਤ ਵਿਭਾਗ ਦੇ ਡਾ. ਮਨੀਸ਼ ਕੁਮਾਰ, ਮਨਪ੍ਰੀਤ ਸਿੰਘ, ਜਲੰਧਰ ਸਿੰਘ, ਅਮਰਜੀਤ ਕੌਰ ਤੇ ਬਲਾਕ ਬਾਜਾਖਾਨਾ ਦੇ ਡਾ. ਸਾਥੀ ਡਾ. ਜਸਵਿੰਦਰ ਸਿੰਘ ਬਲਾਕ ਪ੍ਰਧਾਨ, ਡਾਕਟਰ ਸੁੱਖਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ, ਡਾ. ਜਰਨੈਲ ਸਿੰਘ ਡੋਡ ਸੂਬਾ ਡੇਲੀਕੇਟ, ਡਾ. ਅਮਰਜੀਤ ਸਿੰਘ ਲੰਭਵਾਲੀ ਜ਼ਿਲ੍ਹਾ ਮੀਤ ਪ੍ਰਧਾਨ, ਡਾ. ਮਹਿੰਦਰ ਸਿੰਘ ਘਣੀਆਂ ਖਜ਼ਾਨਚੀ, ਡਾ. ਵਰਿੰਦਰ ਸਿੰਘ ਜ਼ਿਲ੍ਹਾ ਪ੍ਰੈਸ ਸਕੱਤਰ, ਡਾ. ਹਿੰਦਪਾਲ ਸਿੰਘ ਬਾਜਾਖਾਨਾ ਆਦਿ ਹਾਜ਼ਰ ਸਨ।

# "ਜੈ ਸ੍ਰੀ ਰਾਮ" ਦੇ ਗੂੰਜਦਿਆਂ ਜੈਕਾਰਿਆਂ ਨਾਲ ਸ਼ਹਿਰ ਦਾ ਮਾਹੌਲ ਧਾਰਮਿਕ ਰੂਹਾਨੀਅਤ ਨਾਲ ਭਰਿਆ

ਮਲੋਟ, 25 ਮਾਰਚ (ਅਮਨਦੀਪ ਸਿੰਘ ਮਹਿਰਾ): ਮਲੋਟ ਵਿੱਚ ਸ੍ਰੀ ਰਾਮ ਨਵਮੀ ਦੇ ਪਾਵਨ ਦਿਹਾੜੇ ਮੌਕੇ ਸਾਰਾ ਸ਼ਹਿਰ ਭਗਤੀਮਈ ਰੰਗ ਵਿੱਚ ਰੰਗਿਆ ਨਜ਼ਰ ਆਇਆ। "ਜੈ ਸ੍ਰੀ ਰਾਮ" ਦੇ ਗੂੰਜਦਿਆਂ ਜੈਕਾਰਿਆਂ ਨਾਲ ਸ਼ਹਿਰ ਦਾ ਮਾਹੌਲ ਧਾਰਮਿਕ ਰੂਹਾਨੀਅਤ ਨਾਲ ਭਰ ਗਿਆ ਤੇ ਵੱਡੀ ਗਿਣਤੀ ਵਿੱਚ ਰਾਮ ਭਗਤਾਂ ਨੇ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕੀਤੀ। ਇਸ ਧਾਰਮਿਕ ਸਮਾਗਮ ਵਿੱਚ ਸ਼ਹਿਰ ਦੀਆਂ ਪ੍ਰਮੁੱਖ ਸ਼ਖਸ਼ੀਅਤਾਂ ਦੇ ਨਾਲ-ਨਾਲ ਦਿਵਿਆ ਜੋਤੀ ਜਾਗਰਤੀ ਸੰਸਥਾਨ ਵੱਲੋਂ ਵੀ ਭਰਪੂਰ ਭਾਗੀਦਾਰੀ ਕੀਤੀ ਗਈ। ਸ੍ਰੀ ਰਾਮ ਜੀ ਦੇ ਜਨਮ ਉਤਸਵ ਨੂੰ ਸਮਰਪਿਤ ਇਸ ਸ਼ੋਭਾ ਯਾਤਰਾ ਵਿੱਚ ਕਲਸ਼ ਯਾਤਰਾ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਰਹੀ। ਯਾਤਰਾ ਸਵੇਰੇ ਕਰੀਬ 10 ਵਜੇ ਸ੍ਰੀ ਮਹਾਵੀਰ ਗਊਸ਼ਾਲਾ ਤੋਂ ਮੁੱਖ ਪ੍ਰਬੰਧਕ ਪੰਡਿਤ ਸੰਦੀਪ ਜੂਰੀ ਦੀ ਅਗਵਾਈ ਹੇਠ ਸ਼ੁਰੂ ਹੋਈ।

ਸ਼ੋਭਾ ਯਾਤਰਾ ਦੌਰਾਨ ਸ੍ਰੀ ਰਾਮ ਚੰਦਰ ਜੀ ਦੇ ਜੀਵਨ ਨਾਲ ਸਬੰਧਤ ਸੁੰਦਰ ਝਾਕੀਆਂ ਨੇ ਸਭ ਦਾ ਮਨ ਮੋਹ ਲਿਆ। ਝਾਕੀਆਂ ਵਿੱਚ ਸ੍ਰੀ ਹਨੂਮਾਨ ਜੀ ਸਮੇਤ ਹੋਰ ਪੌਰਾਣਿਕ ਪਾਤਰਾਂ ਨੂੰ ਬੜੀ ਸੁੰਦਰਤਾ ਨਾਲ ਪੇਸ਼ ਕੀਤਾ ਗਿਆ। ਇਸ ਮੌਕੇ ਪੰਡਿਤ ਸੰਦੀਪ ਜੂਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਸ੍ਰੀ ਰਾਮ ਚੰਦਰ ਜੀ ਦੇ ਜੀਵਨ ਤੋਂ ਪ੍ਰੇਰਣਾ ਲੈ ਕੇ ਸੱਚਾਈ ਅਤੇ ਧਰਮ ਦੇ ਮਾਰਗ 'ਤੇ ਚੱਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਦਿਹਾੜੇ 'ਤੇ ਹਰ ਵਰਗ ਦੇ ਲੋਕ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਸ੍ਰੀ ਰਾਮ ਨਵਮੀ ਦੀਆਂ ਖੁਸ਼ੀਆਂ ਮਨਾਉਂਦੇ ਹਨ। ਸ਼ੋਭਾ ਯਾਤਰਾ ਸ੍ਰੀ ਮਹਾਵੀਰ ਗਊਸ਼ਾਲਾ ਤੋਂ ਸ਼ੁਰੂ ਹੋ ਕੇ ਮੇਨ ਬਾਜ਼ਾਰ, ਜੀਟੀ ਰੋਡ, ਇੰਦਰਾ ਰੋਡ, ਮੰਡੀ ਹਰਜੀ ਰਾਮ ਤੇ ਕੈਰੋ ਰੋਡ ਰਾਹੀਂ ਗੁਜ਼ਰਦੀ ਹੋਈ ਵਾਪਸ ਜੀਟੀ ਰੋਡ ਤੇ ਸੁਪਰ ਬਾਜ਼ਾਰ ਤੋਂ ਹੁੰਦੀ ਹੋਈ ਦੁਬਾਰਾ ਮਹਾਵੀਰ ਗਊਸ਼ਾਲਾ ਵਿਖੇ ਸੰਪੰਨ ਹੋਈ। ਇਸ ਮੌਕੇ ਦਿਵਿਆ ਜੋਤੀ ਜਾਗਰਤੀ ਸੰਸਥਾਨ ਦੇ ਗਿਆਨਇੰਦਰ ਆਪਣੇ ਸਾਥੀਆਂ ਸਮੇਤ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਹੋਏ।



ਇਸ ਤੋਂ ਇਲਾਵਾ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਤੀਸ਼ ਅਸੀਜਾ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜੋਨੀ ਗਰਗ, ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਹਰਪ੍ਰੀਤ ਸਿੰਘ ਕੋਟਭਾਈ ਤੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਤੇ ਨਗਰ ਕੌਂਸਲ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ ਨੇ ਸੰਗਤਾਂ ਨੂੰ ਵਧਾਈ ਦਿੰਦਿਆਂ ਸ੍ਰੀ ਰਾਮ ਚੰਦਰ ਜੀ ਵੱਲੋਂ ਦਿਖਾਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਮਾਜਿਕ ਵਿਸ਼ਲੇਸ਼ਕ ਅਰਵਿੰਦ ਕੁਮਾਰ ਸ਼ਰਮਾ, ਸ੍ਰੀ ਗੀਤਾ ਭਵਨ ਮਲੋਟ ਦੇ ਪ੍ਰਧਾਨ ਸੁਰਿੰਦਰ ਸ਼ਰਮਾ, ਸਮਾਜ ਸੇਵੀ ਰਾਮ ਕ੍ਰਿਸ਼ਨ ਸ਼ਰਮਾ, ਮਨੋਜ ਅਸੀਜਾ, ਪ੍ਰਵੀਨ ਮੈਦਾਨ, ਸੁਸ਼ੀਲ ਜਲੋਤਰਾ, ਅਮਨ ਮਿੱਡਾ, ਸੀਤਾ ਰਾਮ ਖਟਕ, ਪਿੰਦਰ ਕੰਗ, ਅਸ਼ਵਨੀ ਖੇੜਾ, ਅਸ਼ੋਕ ਖੁੰਗਰ, ਜੁਗਰਾਜ ਖੇੜਾ, ਸ਼ਿਵ ਕੁਮਾਰ ਸ਼ਿਵਾ ਤੇ ਪੰਡਿਤ ਰਜਿੰਦਰ ਸ਼ਾਸਤਰੀ ਸਮੇਤ ਕਈ ਪ੍ਰਮੁੱਖ ਸ਼ਖਸ਼ੀਅਤਾਂ ਮੌਜੂਦ ਰਹੀਆਂ।

## ਸ੍ਰੀ ਦਰਬਾਰ ਸਾਹਿਬ ਵਿਖੇ ਲਗਾਏ ਜਾ ਰਹੇ ਲੰਗਰ ਸਬੰਧੀ ਰਸਦ ਰਵਾਨਾ



ਭਗਤਾ ਭਾਈ ਕਾ ਮਾਰਚ, 25 ਮਾਰਚ (ਸਵਰਨ ਸਿੰਘ ਭਗਤਾ): ਬ੍ਰਹਮਲੀਨ ਸ੍ਰੀ ਮਾਨ ਸੰਤ ਬਾਬਾ ਬਲਵੀਰ ਸਿੰਘ ਅਤੇ ਮਹੰਤ ਕਮਲਜੀਤ ਸਿੰਘ ਸ਼ਾਸਤਰੀ ਡੇਰਾ ਭੋਰੇ ਵਾਲਾ ਸੁਖਾਨੰਦ ਵਾਲਿਆਂ ਦੇ ਅਸ਼ੀਰਵਾਦ ਸਦਕਾ 'ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਭਗਤਾ ਭਾਈ ਕਾ' ਵੱਲੋਂ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪਿਛਲੇ ਕਈ ਸਾਲਾਂ ਤੋਂ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਸਾਲ ਵਿੱਚ ਦੋ ਵਾਰ ਮਿਸ਼ਠਾਨ ਲੰਗਰ ਦੀ ਸੇਵਾ ਤਹਿਤ ਤਿੰਨ ਰੋਜ਼ਾ ਲੰਗਰ ਲਗਾਇਆ ਜਾਂਦਾ ਹੈ, ਇਸੇ ਹੀ ਕੜੀ ਦੇ ਤਹਿਤ 24ਵੇਂ ਮਿਸ਼ਠਾਨ ਲੰਗਰ ਦੀ ਸੇਵਾ ਲਈ ਸਥਾਨਕ ਸ਼ਹਿਰ ਤੋਂ ਟਰੱਕ ਰਾਹੀਂ ਲੰਗਰ ਦੀ ਰਸਦ ਰਵਾਨਾ ਕੀਤੀ ਗਈ ਅਤੇ ਕਾਫੀ ਗਿਣਤੀ ਵਿੱਚ ਸੇਵਾਦਾਰ ਵੀ ਲੰਗਰ ਦੀ ਸੇਵਾ ਨਿਭਾਉਣ ਲਈ ਰਵਾਨਾ ਹੋਏ। ਉਕਤ ਲੰਗਰ 27 ਮਾਰਚ ਤੋਂ 29 ਮਾਰਚ ਤੱਕ ਲਗਾਇਆ ਜਾਵੇਗਾ। ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਦੇ ਸੇਵਾਦਾਰਾਂ ਨੇ ਦੱਸਿਆ ਕਿ ਇਹ ਲੰਗਰ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਲਗਾਇਆ ਜਾਂਦਾ ਹੈ।

# ਸਕੂਲ ਦੇ ਛੋਟੇ ਬੱਚਿਆਂ ਨੇ ਪਿਕਨਿਕ ਦਾ ਆਨੰਦ ਮਾਣਿਆ

ਭਗਤਾ ਭਾਈ ਕਾ, 25 ਮਾਰਚ (ਸਵਰਨ ਸਿੰਘ ਭਗਤਾ): ਕਰਨਲ ਮਹਿੰਦਰ ਸਿੰਘ ਗੁਰੂ ਕਾਸ਼ੀ ਪਬਲਿਕ ਸਕੂਲ ਭਗਤਾ ਭਾਈਕਾ ਵਿਖੇ ਛੋਟੇ ਬੱਚਿਆਂ ਲਈ ਸਕੂਲ ਕੈਂਪਸ ਵਿੱਚ ਇੱਕ ਰੋਜ਼ਾ ਪਿਕਨਿਕ ਦਾ ਪ੍ਰਬੰਧ ਕੀਤਾ ਗਿਆ। ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ। ਬੱਚਿਆਂ ਲਈ ਵੱਖ-ਵੱਖ ਤਰ੍ਹਾਂ ਦੇ ਝੂਲੇ, ਇਲੈਕਟ੍ਰਿਕ ਟ੍ਰੇਨ ,ਪੈਂਡੋਲਮ, ਗਲੋਬ ਰਾਇਡ, ਬੋਟਿੰਗ ,ਕਮਾਂਡੋ ਨੈਟ ,ਬ੍ਰਹਮਾ ਬ੍ਰਿਜ ਆਦਿ ਲੱਗੇ ਹੋਏ ਸਨ। ਇਸ ਤੋਂ ਇਲਾਵਾ ਕਾਰਟੂਨ ਦੇ ਰੂਪ ਵਿੱਚ ਬਣੇ ਹੋਏ ਪਾਤਰਾਂ ਨੇ ਬੱਚਿਆਂ ਨਾਲ ਖੂਬ ਮਸਤੀ ਕੀਤੀ । ਪਿਕਨਿਕ ਗਰਾਉਂਡ ਵਿੱਚ ਮਿਊਜ਼ਿਕ ਸਿਸਟਮ ਉੱਪਰ ਬੱਚਿਆਂ ਨੇ ਨੱਚ ਟੱਪ ਕੇ ਖੂਬ ਆਨੰਦ ਮਾਣਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਜੈ ਸਿੰਘ ਨੇ ਆਖਿਆ ਕਿ ਇਹਨਾਂ ਦਿਨਾਂ ਵਿੱਚ ਬੱਚੇ ਪੜ੍ਹਾਈ ਦੇ ਬੋਝ ਤੋਂ ਥੋੜ੍ਹਾ ਮੁਕਤ ਹੁੰਦੇ ਹਨ। ਕਿਉਂਕਿ ਇਹਨਾਂ ਦਿਨਾਂ ਵਿੱਚ ਵਿਦਿਆਰਥੀਆਂ ਦੇ ਸਲਾਨਾ ਪੇਪਰ ਹੋ ਚੁੱਕੇ ਹੁੰਦੇ ਹਨ। ਇਸੇ ਲਈ ਪਿਕਨਿਕ ਦਾ ਸਮਾਂ ਇਹ ਚੁਣਿਆ ਗਿਆ ਤਾਂ ਜੋ ਵਿਦਿਆਰਥੀ ਬਿਨਾਂ ਕਿਸੇ ਬੋਝ ਤੋਂ ਸਕੂਨ ਭਰੇ ਮਾਹੌਲ ਵਿੱਚ ਪਿਕਨਿਕ ਦਾ ਅਨੰਦ ਮਾਣ ਸਕਣ। ਸਕੂਲ ਦੇ ਪ੍ਰਿੰਸੀਪਲ ਰਮਨ ਕੁਮਾਰ ਨੇ ਆਖਿਆ ਕਿ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਉਹਨਾਂ ਨੂੰ ਜਿਆਦਾ ਲੰਮੇ ਸਫਰ ਤੋਂ ਬਚਾਉਣ ਖਾਤਰ ਸਕੂਲ ਵਿੱਚ ਹੀ ਬਹੁਤ ਵਧੀਆ ਢੰਗ ਨਾਲ ਪਿਕਨਿਕ ਦਾ ਆਯੋਜਨ ਕੀਤਾ ਗਿਆ ਹੈ ਤਾਂ ਜੋ ਵਿਦਿਆਰਥੀ ਬਿਨਾਂ ਕਿਸੇ ਸਮੱਸਿਆ ਅਤੇ ਡਰ ਤੋਂ ਖੇਡ ਕੁੱਦ ਕੇ ਨਵੀਂ ਉਰਜਾ ਤੇ ਨਵੇਂ ਉਤਸ਼ਾਹ ਨਾਲ ਵਿਦਿਅਕ ਸੈਸ਼ਨ 2026-27 ਲਈ ਖੁਸ਼ੀ ਖੁਸ਼ੀ ਸਕੂਲ ਆਉਣ ਲਈ ਤਿਆਰ ਹੋਣ। ਇਸ ਸਮੇਂ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਪੌਸ਼ਟਕ ਤੇ ਸੰਤੁਲਿਤ ਰਿਫਰੈਸ਼ਮੈਂਟ ਵੀ ਦਿੱਤੀ ਗਈ ਅੰਤ ਵਿੱਚ ਇਹ ਪਿਕਨਿਕ ਵਿਦਿਆਰਥੀਆਂ ਲਈ ਇੱਕ ਯਾਦਗਾਰੀ ਪਿਕਨਿਕ ਹੋ ਨਿਬੜੀ। ਵਿਦਿਆਰਥੀਆਂ ਤੋਂ ਇਲਾਵਾ ਸਕੂਲ ਦਾ ਸਟਾਫ ਵੀ ਇਸ ਪਿਕਨਿਕ ਵਿੱਚ ਮੌਜੂਦ ਸੀ।



## ਜਥੇ. ਬਹਿਣੀਵਾਲ ਦੇ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ

ਲਹਿਰਾਗਾਗਾ, 25 ਮਾਰਚ (ਗੁਰਦੀਪ ਸਿੰਘ): ਪਿਛਲੇ ਦਿਨੀ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਵਿਸਥਾਰ ਕਰਦੇ ਹੋਏ ਅਹੁਦੇਦਾਰਾਂ ਦਾ ਐਲਾਨ ਕੀਤਾ ਗਿਆ, ਜਿਸ ਵਿੱਚ ਹੋਰਨਾਂ ਤੋਂ ਇਲਾਵਾ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੂੰ ਜਿਲਾ ਸੰਗਰੂਰ ਦਾ ਪ੍ਰਧਾਨ ਨਿਯੁੱਕਤ ਗਿਆ ਹੈ, ਉਨਾਂ ਦੇ ਜਿਲਾ ਪ੍ਰਧਾਨ ਬਣਨ ਤੇ ਇਲਾਕੇ ਵਿੱਚ ਖੁਸ਼ੀ ਦੀ ਦੌੜ ਗਈ ਹੈ,ਇਥੇ ਇਹ ਦੱਸਣ ਯੋਗ ਹੈ ਕਿ ਜਥੇਦਾਰ ਬਹਿਣੀਵਾਲ ਪਿਛਲੇ ਕਈ ਦਹਾਕਿਆਂ ਤੋਂ ਜਿੱਥੇ ਪਾਰਟੀ ਵਿੱਚ ਸੇਵਾ ਕਰਦੇ ਆ ਰਹੇ ਹਨ ਉੱਥੇ ਪਿਛਲੇ ਲੰਮੇ ਅਰਸੇ ਤੋਂ ਸ਼੍ਰੋਮਣੀ ਕਮੇਟੀ ਦੇ ਵਿੱਚ ਬਤੌਰ ਧਰਮ ਪ੍ਰਚਾਰ ਕਮੇਟੀ ਮੈਂਬਰ ਦੇ ਤੌਰ ਤੇ ਵੀ ਧਾਰਮਿਕ ਖੇਤਰ ਵਿੱਚ ਵੱਡੀ ਪੱਧਰ ਤੇ ਧਰਮ ਪ੍ਰਚਾਰ ਕਰਨ ਦੀ ਸੇਵਾ ਨਿਭਾ ਰਹੇ ਹਨ, ਉਹਨਾਂ ਨੂੰ ਲਹਿਰਾਗਾਗਾ ਇਲਾਕੇ ਤੋਂ ਇਲਾਵਾ ਸਮੁੱਚੇ ਜਿਲਾ ਸੰਗਰੂਰ ਵਿੱਚ ਇੱਕ ਦਰਵੇਸ਼ ਅਤੇ ਇਮਾਨਦਾਰ ਸ਼ਖਸ਼ੀਅਤ ਵਜੋਂ ਜਾਣਿਆ ਜਾਂਦਾ ਹੈ, ਉਨਾਂ ਸਰਦਾਰ ਸੁਖਦੇਵ ਸਿੰਘ ਢੀਂਡਸਾ ਦੀ ਅਗਵਾਈ ਹੇਠ ਪਾਰਟੀ ਸਫਾਂ ਵਿੱਚ ਲੰਮਾਂ ਸਮਾਂ ਕੰਮ ਕੀਤਾ,ਤੇ ਸਰਦਾਰ ਢੀਂਡਸਾ ਨਾਲ ਪੂਰੀ ਇਮਾਨਦਾਰੀ ਨਾਲ ਵਫਾਦਾਰੀ ਨਿਭਾਈ, ਹੁਣ ਵੀ ਜਿੱਥੇ ਉਹ ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਨੂੰ ਤਕੜਾ ਕਰਨ ਲਈ ਦਿਨ ਰਾਤ ਕੰਮ ਕਰ ਰਹੇ ਹਨ ਉੱਥ ਅੱਜ ਵੀ ਉਹ ਪਰਮਿੰਦਰ ਸਿੰਘ ਢੀਂਡਸਾ ਨਾਲ ਚਟਾਂਨ ਵਾਂਗ ਖੜੇ ਹਨ, ਤੇ ਉਹ ਸਮੁੱਚੇ ਢੀਂਡਸਾ ਪਰਿਵਾਰ ਦੇ ਪਰਿਵਾਰਿਕ ਮੈਂਬਰ ਵਜੋਂ ਜਾਣੇ ਜਾਂਦੇ ਹਨ, ਉਹਨਾਂ ਦੀਆਂ ਨਿਸ਼ਕਾਮ ਸੇਵਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪਾਰਟੀ ਪ੍ਰਧਾਨ ਜਥੇਦਾਰ ਹਰਪ੍ਰੀਤ ਸਿੰਘ ਵੱਲੋਂ ਉਨਾਂ ਨੂੰ



ਜਿਲਾ ਸੰਗਰੂਰ ਦਾ ਪ੍ਰਧਾਨ ਨਿਯੁੱਕਤ ਕੀਤਾ ਗਿਆ ਹੈ।

ਉਹਨਾਂ ਦੇ ਪ੍ਰਧਾਨ ਬਣਨ ਤੇ ਸਰਦਾਰ ਪਰਮਿੰਦਰ ਸਿੰਘ ਢੀਂਡਸਾ ਸਾਬਕਾ ਵਿੱਤ ਮੰਤਰੀ, ਭਾਈ ਗੋਬਿੰਦ ਸਿੰਘ ਲੌਂਗੋਵਾਲ ,ਗਗਨਜੀਤ ਸਿੰਘ ਬਰਨਾਲਾ ,ਸੁਖਵੰਤ ਸਿੰਘ ਸਰਾਓ, ਗਿਆਨੀ ਨਿਰੰਜਣ ਸਿੰਘ ਭਟਾਲ, ਜਥੇਦਾਰ ਹਰਦੇਵ ਸਿੰਘ ਰੋਗਲਾ ਮੈਂਬਰ ਸ਼੍ਰੋਮਣੀ ਕਮੇਟੀ, ਮਲਕੀਤ ਸਿੰਘ ਚੰਗਾਲ ਮੈਂਬਰ ਸ਼੍ਰੋਮਣੀ ਕਮੇਟੀ, ਜਸਵੀਰ ਸਿੰਘ ਦਿਉਲ ਸਾਬਕਾ ਚੇਅਰਮੈਨ, ਗੁਰਸੰਤ ਸਿੰਘ ਭਟਾਲ ਸਾਬਕਾ ਚੇਅਰਮੈਨ, ਗੁਰਦੀਪ ਸਿੰਘ ਕੋਟੜਾ ਸਾਬਕਾ ਚੇਅਰਮੈਨ, ਚਮਕੌਰ ਸਿੰਘ ਬਾਦਲਗੜ੍ਹ ਸਾਬਕਾ ਚੇਅਰਮੈਨ, ਪਾਲ ਸਿੰਘ ਗੇਹਲਾ ਸਾਬਕਾ ਚੇਅਰਮੈਨ, ਐਡਵੋਕੇਟ ਹਰਿੰਦਰ ਸਿੰਘ ਚੰਗਾਲੀਵਾਲਾ, ਵਰਿੰਦਰਪਾਲ ਸਿੰਘ ਟੀਟੂ ਪੀ ਏ, ਹਰਜੋਤ ਸਿੰਘ ਓ ਐਸ ਡੀ, ਸਤਿਗੁਰ ਸਿੰਘ ਨਮੋਲ ਸਾਬਕਾ ਚੇਅਰਮੈਨ, ਜਗਦੀਪ ਸਿੰਘ ਨੰਗਲਾ ਸਾਬਕਾ ਚੇਅਰਮੈਨ, ਕਾਬਲ ਸਿੰਘ ਸੇਖੋ, ਗੁਲਜਾਰ ਸਿੰਘ ਜਵੰਦਾ ਭਾਈ ਕੀਪਸ਼ੌਰ, ਦਰਸ਼ਨ ਸਿੰਘ ਸੰਗਤੀਵਾਲਾ, ਬੀਬੀ ਹਰਦੀਪ ਕੌਰ ਰਾਏਧਰਾਣਾ, ਸੁਖਵਿੰਦਰ ਸਿੰਘ ਬਿੱਲੂ ਖੰਡੇਬਾਦ, ਹਰਜਿੰਦਰ ਸਿੰਘ ਜਵਾਹਰਵਾਲਾ, ਜਗਤਾਰ ਸਿੰਘ ਰਾਮਗੜ੍ਹ ਸੰਧੂਆਂ, ਠੇਕੇਦਾਰ ਬਲਵਿੰਦਰ ਸਿੰਘ ਸੰਗਤੀਵਾਲਾ, ਰਜਿੰਦਰ ਸਿੰਘ ਜਵਾਹਰਵਾਲਾ ਸਾਬਕਾ ਸਰਪੰਚ ,ਸੁਖਪਾਲ ਸਿੰਘ ਫੌਜੀ ਜਵਾਹਰਵਾਲਾ, ਸੁਰਿੰਦਰ ਸਿੰਘ ਫੌਜੀ ਅਲੀਸ਼ੇਰ, ਰਣਬੀਰ ਸਿੰਘ ਦੇਹਲਾ ਯੂਥ ਆਗੂ ,ਛੱਜੂ ਸਿੰਘ ਧਾਲੀਵਾਲ, ਹਰਬੰਸ ਸਿੰਘ ਘੋੜਨਾਬ, ਮੇਜਰ ਸਿੰਘ ਬਸਹਿਰਾ, ਅੰਮ੍ਰਿਤਪਾਲ ਸਿੰਘ ਕਾਲੀਆ, ਦਰਬਾਰਾ ਸਿੰਘ ਕੜੈਲ, ਨਰਿੰਦਰ ਸਿੰਘ ਸੰਗਤੀਵਾਲਾ, ਪਰਮਜੀਤ ਸਿੰਘ ਪੰਮੀ ਕੜੈਲ, ਕੁਲਦੀਪ ਸਿੰਘ ਚੂੜਲਕਲਾ, ਗੁਰਮੇਲ ਸਿੰਘ ਚੋਟੀਆਂ, ਪਰਮਜੀਤ ਸਿੰਘ ਰਾਮਪੁਰਾ ਸਾਬਕਾ ਸਰਪੰਚ, ਬਲਵੀਰ ਸਿੰਘ ਨਵਾਂਗਾਓ, ਗੁਰਮੇਲ ਸਿੰਘ ਮੇਲੀ ਬਖੋਰਾ, ਗੁਰਨਾਮ ਸਿੰਘ ਸਾਗੂ, ਜਗਤਾਰ ਸਿੰਘ ਖਾਈ,ਮਨਜੀਤ ਸਿੰਘ ਨੰਗਲਾ ਨੰਬਰਦਾਰ, ਨੇਂ ਖੁਸ਼ੀ ਦਾ ਇਜਹਾਰ ਕਰਦੇ ਹੋਏ ਪਾਰਟੀ ਹਾਈ ਕਮਾਨ ਦਾ ਧੰਨਵਾਦ ਕੀਤਾ।

## ਐਸ.ਡੀ.ਐਚ. ਵਿਖੇ ਮਨਾਇਆ "ਵਿਸ਼ਵ ਤਪਦਿਕ ਦਿਵਸ"

ਬੁਢਲਾਡਾ, 25 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ): ਪੰਜਾਬ ਸਰਕਾਰ ਵੱਲੋਂ ਰਾਜ ਦੇ ਹਰੇਕ ਨਾਗਰਿਕ ਨੂੰ ਮਿਆਰੀ ਤੇ ਮੁਫ਼ਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਇਤਿਹਾਸਕ ਉਪਰਾਲੇ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿਹਤ ਖੇਤਰ ਵਿੱਚ ਵਿਸ਼ਾਲ ਸੁਧਾਰ ਕੀਤੇ ਜਾ ਰਹੇ ਹਨ, ਜਿਨ੍ਹਾਂ ਦਾ ਮੁੱਖ ਉਦੇਸ਼ ਇਹ ਹੈ ਕਿ ਕੋਈ ਵੀ ਵਿਅਕਤੀ ਆਰਥਿਕ ਤੰਗੀ ਕਾਰਨ ਇਲਾਜ ਤੋਂ ਵਾਂਝਾ ਨਾ ਰਹੇ। ਸਿਹਤ ਮੰਤਰੀ ਡਾ ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਰਾਜ ਦੇ ਸਰਕਾਰੀ ਹਸਪਤਾਲਾਂ, ਕਮਿਊਨਿਟੀ ਹੈਲਥ ਸੈਂਟਰਾਂ ਤੇ ਸਬ ਸੈਂਟਰਾਂ ਵਿੱਚ ਗੁਣਵੱਤਾ ਮਾਪਦੰਡਾਂ ਨੂੰ ਲਾਗੂ ਕਰਕੇ ਸੇਵਾਵਾਂ ਵਿੱਚ ਸੁਧਾਰ ਲਿਆਂਦਾ ਜਾ ਰਿਹਾ ਹੈ।ਇਸੇ ਕੜੀ ਤਹਿਤ ਸਿਵਲ ਸਰਜਨ ਮਾਨਸਾ ਡਾ. ਰਣਜੀਤ ਸਿੰਘ ਰਾਏ ਦੇ ਹੁਕਮਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਬੁਢਲਾਡਾ ਡਾ. ਸਰਬਜੀਤ ਸਿੰਘ ਦੀ ਅਗਵਾਈ ਹੇਠ ਐਸ ਡੀ ਐਚ ਬੁਢਲਾਡਾ ਵਿਖੇ ਵਿਸ਼ਵ ਤਪਦਿਕ (ਟੀ.ਬੀ) ਦਿਵਸ ਮਨਾਇਆ ਗਿਆ ਜਿਸ ਦਾ ਮੱਕਸਦ ਲੋਕਾਂ ਨੂੰ ਟੀ.ਬੀ.(ਖੰਘ ਦੀ ਬੀਮਾਰੀ) ਬਾਰੇ ਜਾਣਕਾਰੀ ਦੇਣਾ ਅਤੇ ਇਸ ਬੀਮਾਰੀ ਨੂੰ ਖਤਮ ਕਰਨ ਲਈ ਸਾਂਝੇ ਯਤਨਾਂ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ ।ਇਸ ਮੌਕੇ ਡਾ. ਸਰਬਜੀਤ ਸਿੰਘ ਨੇ ਟੀ.ਬੀ ਸੰਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਟੀ.ਬੀ.(ਟਿਊਬਰਕੁਲੋਸਿਸ) ਜਾਂ ਤਪਦਿਕ ਰੋਗ ਇੱਕ ਛੂਤ ਦੀ ਬਿਮਾਰੀ ਹੈ ਜੋ 'ਮਾਈਕੋਬੈਕਟੀਰੀਅਮ ਟਿਊਬਰਕੁਲੋਸਿਸ' ਨਾਮੀ ਬੈਕਟੀਰੀਆ ਕਾਰਨ ਹੁੰਦੀ ਹੈ। ਇਹ ਬੈਕਟੀਰੀਆ ਆਮ ਤੌਰ 'ਤੇ ਫੇਫੜਿਆਂ ਨੂੰ ਪ੍ਰਭਾਵਿਤ ਕਰਦਾ ਹੈ। ਟੀ.ਬੀ.ਜਦੋਂ ਫੇਫੜਿਆਂ ਨੂੰ ਪ੍ਰਭਾਵਿਤ



ਕਰਦਾ ਹੈ ਤਾਂ ਇਸ ਨੂੰ ਫੇਫੜਿਆਂ ਦੀ ਟੀ.ਬੀ. (ਪਲਮਨਰੀ ਟੀ.ਬੀ.) ਕਿਹਾ ਜਾਂਦਾ ਹੈ। ਉਨਾਂ ਦੱਸਿਆ ਕਿ ਟੀ.ਬੀ. ਸਰੀਰ ਦੇ ਹੋਰ ਹਿੱਸਿਆਂ ਨੂੰ ਵੀ ਪ੍ਰਭਾਵਿਤ ਕਰ ਸਕਦਾ ਹੈ,( ਜਿਵੇਂ ਕਿ ਹੱਡੀਆਂ, ਪਾਚਣ ਪ੍ਰਣਾਲੀ, ਲਿੰਫ ਨੋਡਸ) ਆਦਿ ਜਿਸ ਨੂੰ ਐਕਸਟਰਾਪੁਲਮਨਰੀ ਟੀ.ਬੀ. ਕਿਹਾ ਜਾਂਦਾ ਹੈ। ਉਨਾਂ ਦੱਸਿਆ ਕਿ ਟੀ.ਬੀ. ਦੀ ਬੀਮਾਰੀ ਆਮ ਤੌਰ 'ਤੇ ਹਵਾ ਰਾਹੀਂ ਫੈਲਦੀ ਹੈ। ਜਦੋਂ ਕੋਈ ਵਿਅਕਤੀ ਖੰਘਦਾ ਜਾਂ ਛਿੱਕਦਾ ਹੈ ਤਾਂ ਬੈਕਟੀਰੀਆ ਦੂਜੇ ਵਿਅਕਤੀ ਦੁਆਰਾ ਸਾਹ ਲੈਣ 'ਤੇ ਸਰੀਰ 'ਚ ਜਾ ਸਕਦੇ ਹਨ। ਇਸ ਲਈ ਇਹ ਬਿਮਾਰੀ ਖ਼ਾਸ ਤੌਰ 'ਤੇ ਜਨਤਕ ਥਾਵਾਂ 'ਤੇ ਬਹੁਤ ਜ਼ਿਆਦਾ ਫੈਲਦੀ ਹੈ ਜਿੱਥੇ ਲੋਕਾਂ ਦੀ ਭੀੜ ਹੁੰਦੀ ਹੈ। ਉਨਾਂ ਦੱਸਿਆ ਕਿ ਟੀ.ਬੀ. ਦੇ ਲੱਛਣਾਂ 'ਚ ਖੰਘ(ਦੋ ਹਫ਼ਤਿਆਂ ਤੋਂ ਵੱਧ), ਬੁਖ਼ਾਰ, ਰਾਤ ਨੂੰ ਪਸੀਨਾ ਆਉਣਾ, ਤੇਜ਼ੀ ਨਾਲ ਭਾਰ ਘਟਣਾ ਤੇ ਸਰੀਰ 'ਚ ਥਕਾਵਟ ਆਦਿ ਸ਼ਾਮਿਲ ਹਨ। ਉਹਨਾਂ ਦੱਸਿਆ ਕਿ ਐਨ.ਟੀ.ਈ.ਪੀ. ਅਧੀਨ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਟੀ.ਬੀ. ਦੀ ਬਿਮਾਰੀ ਦੀ ਜਾਂਚ ਦੀਆਂ ਸਹੂਲਤਾਂ, ਬਲਗਮ ਦੀ ਜਾਂਚ ਅਤੇ ਛਾਤੀ ਦਾ ਐਕਸਰੇ ਮੁਫ਼ਤ ਉਪਲੱਬਧ ਹਨ। ਟੀ.ਬੀ. ਦੀ ਸਹੀ ਅਤੇ ਜਲਦੀ ਜਾਂਚ ਲਈ ਸਾਰੇ ਜਿਲ੍ਹਿਆਂ ਵਿੱਚ ਸੀ.ਬੀ.ਨੈਟ ਅਤੇ ਟਰਨੈਟ ਮਸ਼ੀਨਾ ਲਗਾਈਆਂ ਗਈਆਂ ਹਨ। ਹਰ ਕਿਸਮ ਦੀ ਟੀ.ਬੀ. ਦਾ ਇਲਾਜ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਉਪਲੱਬਧ ਹੈ।ਨਿਕਸ਼ੈ ਪੋਸ਼ਣ ਯੋਜਨਾ ਦੇ ਤਹਿਤ ਮਰੀਜ਼ਾਂ ਨੂੰ ਪੋਸ਼ਣ ਲਈ ਆਰਥਿਕ ਸਹਾਇਤਾ ਵੀ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ, ਸਫ਼ਾਈ ਦਾ ਖਾਸ ਧਿਆਨ ਰੱਖੋ ਅਤੇ ਸਮੇਂ-ਸਮੇਂ ਤੇ ਆਪਣੀ ਸਿਹਤ ਜਾਂਚ ਜ਼ਰੂਰ ਕਰਵਾਓ। ਅੰਤ ਵਿੱਚ ਗੁਰਸੇਵਕ ਸਿੰਘ ਵੱਲੋਂ ਸਭ ਨੂੰ ਅਪੀਲ ਕੀਤੀ ਗਈ ਕਿ ਟੀ.ਬੀ. ਖਤਮ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਸਰਕਾਰ ਦੇ ਉਪਰਾਲਿਆਂ ਨੂੰ ਸਫਲ ਬਣਾਉਣ ਵਿੱਚ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ।

# ਹੈਲਥ ਵੈਲਨੈੱਸ ਸੈਂਟਰ ਕੋਟਦੁੱਨਾ ਬਣਿਆ ਰਾਸ਼ਟਰੀ ਗੁਣਵੱਤਾ ਪ੍ਰਾਪਤ ਸੈਂਟਰ



ਬਰਨਾਲਾ, 25 ਮਾਰਚ (ਬਘੇਲ ਸਿੰਘ ਧਾਲੀਵਾਲ) : ਸਿਹਤ ਵਿਭਾਗ ਵਿਭਾਗ ਬਰਨਾਲਾ ਦੀ ਇੱਕ ਹੋਰ ਪ੍ਰਾਪਤੀ, ਹੈਲਥ ਵੈਲਨੈੱਸ ਸੈਂਟਰ ਕੋਟਦੁੱਨਾ (ਧਨੌਲਾ) ਨੇ ਰਾਸ਼ਟਰੀ ਪ੍ਰਮਾਣ ਪੱਤਰ ਪ੍ਰਾਪਤ ਹੈਲਥ ਵੈਲਨੈੱਸ ਸੈਂਟਰ ਹੋਣ ਦਾ ਮਾਣ ਪ੍ਰਾਪਤ ਕੀਤਾ ਹੈ। ਇਸ ਅਨੁਸਾਰ ਸਾਲ 2025 ਦੀ ਰਾਸ਼ਟਰੀ ਪੱਧਰ ਦੀ (ਨੈਸ਼ਨਲ ਕੁਆਲਟੀ ਐਸ਼ੋਰੈਂਸ ਸਟੈਂਡਰਡ) ਜਾਂਚ ਵਿੱਚ 89.15% ਫੀਸਦੀ ਸਕੋਰ ਪ੍ਰਾਪਤ ਕਰਕੇ ਰਾਸ਼ਟਰੀ ਪੱਧਰ ਦਾ ਗੁਣਵੱਤਾ ਸਰਟੀਫਿਕੇਟ ਪ੍ਰਾਪਤ ਕੀਤਾ ਹੈ। ਇਸ ਬਾਰੇ ਟੀਮ ਵੱਲੋਂ ਕੁਝ ਮਹੀਨੇ ਪਹਿਲਾਂ ਕੋਟਦੁੱਨਾ ਸੈਂਟਰ ਦਾ ਦੌਰਾ ਕੀਤਾ ਗਿਆ ਸੀ ਤੇ ਸਿਹਤ ਸੇਵਾਵਾਂ ਦੇ ਵੱਖ ਵੱਖ ਪੈਮਾਨਿਆਂ ਦੀ ਜਾਂਚ ਕੀਤੀ ਗਈ ਸੀ। ਸਿਵਲ ਸਰਜਨ ਬਰਨਾਲਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਸਮੇਂ ਦੇ ਹਾਣ ਦਾ ਬਣਦੇ ਹੋਏ ਕਦਮ ਅੱਗੇ ਵਧਾਏ ਜਾ ਰਹੇ ਹਨ, ਜਿਸ ਦੇ ਸਦਕਾ ਜ਼ਿਲ੍ਹਾ ਬਰਨਾਲਾ ਦੇ ਹੈਲਥ ਵੈਲਨੈੱਸ ਸੈਂਟਰ ਕੋਟਦੁੱਨਾ ਨੇ ਰਾਸ਼ਟਰੀ ਪੱਧਰ ਦੀ ਗੁਣਵੱਤਾ ਜਾਂਚ ਨੂੰ ਪਾਸ ਕੀਤਾ ਹੈ। ਡਾ. ਹਰੀਪਾਲ ਸਿੰਘ ਸਿੱਧੂ ਸਿਵਲ ਸਰਜਨ ਬਰਨਾਲਾ ਨੇ ਇਸ ਮਾਣਮੱਤੀ ਪ੍ਰਾਪਤੀ ਲਈ ਸਿਹਤ ਵਿਭਾਗ ਬਰਨਾਲਾ ਨੂੰ ਮੁਬਾਰਕਬਾਦ ਦਿੰਦਿਆਂ ਆਖਿਆ ਕਿ ਸਿਹਤ ਵਿਭਾਗ ਤਨਦੇਹੀ ਨਾਲ ਸਿਹਤ ਸੇਵਾਵਾਂ ਖੇਤਰ ਵਿੱਚ ਆਪਣਾ ਕੰਮ ਕਰ ਰਿਹਾ ਹੈ, ਜਿਸ ਦਾ ਫ਼ਾਇਦਾ ਆਮ ਲੋਕਾਂ ਨੂੰ ਪਹੁੰਚ ਰਿਹਾ ਹੈ। ਸਿਵਲ ਸਰਜਨ ਬਰਨਾਲਾ ਨੇ ਇਸ ਕੌਮੀ ਪੱਧਰ ਦਾ ਸਰਟੀਫਿਕੇਟ ਮਿਲਣ ਦੀ ਪ੍ਰਾਪਤੀ ਦਾ ਸਿਹਰਾ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਡਾ. ਗੁਰਮਿੰਦਰ ਕੌਰ ਔਜਲਾ ਡਿਪਟੀ ਮੈਡੀਕਲ ਕਮਿਸ਼ਨਰ ਬਰਨਾਲਾ, ਡਾ. ਸਤਵੰਤ ਔਜਲਾ ਸੀਨੀਅਰ ਮੈਡੀਕਲ ਅਫ਼ਸਰ ਧਨੌਲਾ, ਡਾ ਰਿੰਮੀ ਮਾਇਕਰੋਬਾਇਲੋਜਿਸਟ, ਡਾ. ਸਵਦੀਪ ਚਹਿਲ ਜ਼ਿਲ੍ਹਾ ਨੋਡਲ ਅਫ਼ਸਰ, ਡਾ. ਦਿਨੇਸ਼ ਬਾਂਸਲ ਬਲਾਕ ਨੋਡਲ ਅਫ਼ਸਰ, ਜੋਤੀ ਮਿੱਤਲ ਸੀ.ਐਚ.ਓ. , ਇੰਦਰਜੀਤ ਕੌਰ ਏ ਐਨ ਐਮ, ਗੁਰਦੀਪ ਸਿੰਘ ਸਿਹਤ ਵਰਕਰ , ਇੰਦਰਜੀਤ ਕੌਰ ਏ.ਐਨ.ਐਨ,ਅਤੇ ਆਸ਼ਾ ਵਰਕਰਾਂ ਨੂੰ ਦਿੱਤਾ, ਜਿਨ੍ਹਾਂ ਨੇ ਆਪਣੀ ਡਿਊਟੀ ਬੇਹੱਦ ਤਨਦੇਹੀ ਨਾਲ ਨਿਭਾ ਰਹੇ ਹਨ ।

# ਕਾਕੋਰੀ ਕਾਂਡ ਦੇ ਸ਼ਹੀਦਾਂ ਦੇ ਬੁੱਤ ਤੋੜਨ ਦਾ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਤਿੱਖਾ ਵਿਰੋਧ

ਬਰਨਾਲਾ, 25 ਮਾਰਚ (ਬਘੇਲ ਸਿੰਘ ਧਾਲੀਵਾਲ) : ਕਾਕੋਰੀ ਕਾਂਡ ਦੇ ਸ਼ਹੀਦਾਂ ਦੇ ਬੁੱਤ ਤੋੜੇ ਜਾਣ ਦੀ ਘਟਨਾ ਦੀ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਹੈ। ਆਜ਼ਾਦੀ ਸੰਗਰਾਮ ਦੇ ਇਤਿਹਾਸ ਵਿੱਚ 9 ਅਗਸਤ 1925 ਦਾ ਦਿਹਾੜਾ ਕਾਕੋਰੀ ਕਾਂਡ ਕਰਕੇ ਮਹੱਤਵਪੂਰਨ ਮੰਨਿਆ ਜਾਂਦਾ ਹੈ, ਜਿਸ ਨਾਲ ਸੰਬੰਧਤ ਸ਼ਹੀਦਾਂ ਦੀ ਯਾਦ ਵਿੱਚ ਸ਼ਾਹਜਹਾਂਪੁਰ (ਉੱਤਰ ਪ੍ਰਦੇਸ਼) ਦੇ ਇਕ ਪਾਰਕ ਵਿੱਚ ਲੱਗੇ ਬੁੱਤਾਂ ਨੂੰ ਤੋੜ ਕੇ ਮਲਬੇ ਵਿੱਚ ਸੁੱਟਣ ਦੀ ਘਟਨਾ ਸਾਹਮਣੇ ਆਈ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਇਸ ਘਟਨਾ ਨੂੰ ਦੇਸ਼ ਦੇ ਇਨਕਲਾਬੀ ਇਤਿਹਾਸ 'ਤੇ ਹਮਲਾ ਕਰਾਰ ਦਿੰਦਿਆਂ ਕਿਹਾ ਕਿ ਸ਼ਹੀਦ ਅਸ਼ਫ਼ਾਕ ਉੱਲਾ ਖਾਂ, ਰਾਮ ਪ੍ਰਸਾਦ ਬਿਸਮਿਲ ਅਤੇ ਠਾਕੁਰ ਰੌਸ਼ਨ ਸਿੰਘ ਵਰਗੇ ਮਹਾਨ ਦੇਸ਼ਭਗਤਾਂ ਦੀ ਬੇਅਦਬੀ ਕਤਈ ਬਰਦਾਸ਼ਤਯੋਗ ਨਹੀਂ ਹੈ। ਉਨ੍ਹਾਂ ਦੱਸਿਆ ਕਿ 23 ਮਾਰਚ ਨੂੰ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਸਵੇਰੇ ਤੜਕੇ ਬਿਨਾਂ ਕਿਸੇ ਜਨਤਕ ਸੂਚਨਾ ਦੇ ਇਹ ਬੁੱਤ ਤਬਾਹ ਕਰ ਦਿੱਤੇ ਗਏ, ਜਿਸ ਨਾਲ ਲੋਕਾਂ ਵਿੱਚ ਗਹਿਰਾ ਰੋਸ ਪਾਇਆ ਜਾ ਰਿਹਾ ਹੈ। ਸੰਗਠਨ ਦੇ ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਲਹਿਰਾ ਮੁਹੱਬਤ ਅਤੇ ਜਸਵੰਤ ਜੀਰਖ ਨੇ ਦੋਸ਼ ਲਗਾਇਆ ਕਿ ਇਹ ਕਦਮ ਇਤਿਹਾਸਕ ਵਿਰਾਸਤ ਅਤੇ ਇਨਕਲਾਬੀ ਨਿਸ਼ਾਨੀਆਂ ਨੂੰ ਮਿਟਾਉਣ ਦੀ ਸਾਜ਼ਿਸ਼ ਦਾ ਹਿੱਸਾ ਹੈ।

# ਸ੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜ ਵਿਖੇ ਨਸ਼ਿਆਂ 'ਤੇ ਡੀਬੇਟ ਮੁਕਾਬਲੇ ਕਰਵਾਏ



ਬਰਨਾਲਾ, 25 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਸ੍ਰੀ ਲਾਲ ਬਹਾਦੁਰ ਸ਼ਾਸਤਰੀ ਆਰੀਆ ਮਹਿਲਾ ਕਾਲਜ ਦੇ ਪ੍ਰਿੰਸੀਪਲ ਡਾਕਟਰ ਸੁਸ਼ੀਲ ਬਾਲਾ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਐੱਨ.ਐੱਸ.ਐੱਸ ਵਿਭਾਗ ਅਤੇ ਰੈਡ ਰਿਬਨ ਕਲੱਬ ਦੁਆਰਾ ਨਸ਼ਿਆਂ ਉੱਤੇ ਡਿਬੇਟ ਮੁਕਾਬਲੇ ਕਰਵਾਏ ਗਏ। ਜਿਸ ਦੇ ਵਿੱਚ ਵਿਦਿਆਰਥਣਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਪ੍ਰੋਗਰਾਮ ਅਫ਼ਸਰ ਮੈਡਮ ਅਰਚਨਾ ਨੇ ਕਿਹਾ ਕਿ ਇਸ ਵਿੱਚ 20 ਤੋਂ ਵੱਧ ਬੱਚਿਆਂ ਨੇ ਭਾਗ ਲਿਆ। ਇਸ ਮੌਕੇ ਤੇ ਜ਼ਿੰਦਗੀ ਜ਼ਿੰਦਾਬਾਦ ਦੇ ਨੋਡਲ ਅਫ਼ਸਰ ਦਿਲਬੀਰ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਉਹਨਾਂ ਨੇ ਕਿਹਾ ਕਿ ਨਸ਼ੇ ਅਜਿਹੀ ਅਲਾਮਤ ਹੈ, ਜੋ ਮਾਨਸਿਕ ਅਤੇ ਸਰੀਰਕ ਰੂਪ ਦੇ ਵਿੱਚ ਵਿਅਕਤੀ ਨੂੰ ਖਤਮ ਕਰ ਦਿੰਦੀ ਹੈ। ਇਹ ਸਮਾਜ ਉੱਤੇ ਧੱਬਾ ਹੈ। ਇਸਦਾ ਖਾਤਮ ਸਾਰਿਆਂ ਦੇ ਸਾਂਝੇ ਯਤਨਾਂ ਦੁਆਰਾ ਹੋ ਸਕਦਾ ਹੈ ਅਤੇ ਇਸ ਦੇ ਵਿੱਚ ਉਹਨਾਂ ਦੀ ਐਨਜੀਓ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਦੇ ਨਾਲ ਕੰਮ ਕਰ ਰਹੀ ਹੈ। ਇਹ ਮੁਕਾਬਲੇ ਕਾਲਜਾਂ ਦੇ ਵਿੱਚ ਕਰਵਾਏ ਜਾ ਰਹੇ ਹਨ। ਇਹਨਾਂ ਮੁਕਾਬਲਿਆਂ ਦੇ ਵਿੱਚ ਸੁਹਿਰਦ ਪ੍ਰੀਤ ਕੌਰ ਨੇ ਪਹਿਲਾ, ਜਸ਼ਨਪ੍ਰੀਤ ਕੌਰ ਨੇ ਦੂਸਰਾ ਸਥਾਨ ਅਤੇ ਸ਼ਰੂਤੀ ਨੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਤੋਂ ਇਲਾਵਾ ਜੱਜ ਸਾਹਿਬਾਨ ਨੇ ਦੋ ਹੌਸਲਾ ਅਫ਼ਜ਼ਾਈ ਇਨਾਮ ਵੀ ਦਿੱਤੇ, ਜੋ ਕਰਮਵਾਰ ਹੁਸਨਪ੍ਰੀਤ ਅਤੇ ਅਨੂੰ ਨੂੰ ਦਿੱਤੇ ਗਏ।ਇਸ ਮੁਕਾਬਲੇ ਦੀ ਜਜਮੈਂਟ ਡਾਕਟਰ ਜਸਵੀਰ ਕੌਰ ਅਸਿਸਟੈਂਟ ਪ੍ਰੋਫੈਸਰ ਪੰਜਾਬੀ ਵਿਭਾਗ , ਮੋਨਿਕਾ ਬਾਂਸਲ ਅਸਿਸਟੈਂਟ ਪ੍ਰੋਫੈਸਰ ਪੀਪੀ ਆਈ, ਹਰਜਿੰਦਰ ਕੌਰ ਅਸਿਸਟੈਂਟ ਪ੍ਰੋਫੈਸਰ ਫੈਸ਼ਨ ਡਿਜਾਇਨਿੰਗ ਵਿਭਾਗ ਨੇ ਬਾਖੂਬੀ ਕੀਤੀ। ਸਟੇਜ ਸਕੱਤਰ ਦੀ ਭੂਮਿਕਾ ਮੈਡਮ ਦਿਲਪ੍ਰੀਤ ਅਸਿਸਟੈਂਟ ਪ੍ਰੋਫੈਸਰ ਇੰਗਲਿਸ਼ ਵਿਭਾਗ ਨੇ ਕੀਤੀ। ਅੰਤ ਵਿੱਚ ਪ੍ਰਿੰਸੀਪਲ ਡਾਕਟਰ ਸੁਸ਼ੀਲ ਬਾਲਾ ਜੀ ਨੇ ਪ੍ਰੋਗਰਾਮ ਦੀ ਸਫਲਤਾ ਤੇ ਸਾਰਿਆਂ ਨੂੰ ਹੀ ਵਧਾਈ ਦਿੱਤੀ ਅਤੇ ਅਜਿਹੇ ਪ੍ਰੋਗਰਾਮਾਂ ਦੇ ਵਿੱਚ ਵਿਦਿਆਰਥਣਾਂ ਨੂੰ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਵੀ ਕੀਤਾ।

# ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਵਿਖੇ ਅਧਿਆਪਕ-ਮਾਪੇ ਮਿਲਣੀ



ਭਦੌੜ, 25 ਮਾਰਚ (ਸੁਖਵਿੰਦਰ ਪਲਾਹਾ) : ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਭਦੌੜ ਵਿਖੇ ਸ਼ੈਸ਼ਨ 2025-26 ਦੀ ਸਾਲਾਨਾ ਅਧਿਆਪਕ -ਮਾਪੇ ਮਿਲਣੀ ਦਾ ਆਯੋਜਨ ਕੀਤਾ ਗਿਆ ,ਜਿਸ ਵਿੱਚ ਸਾਲਾਨਾ ਨਤੀਜੇ ਐਲਾਨੇ ਗਏ । ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੇ ਬਹੁ-ਗਿਣਤੀ ਵਿੱਚ ਸ਼ਮੂਲੀਅਤ ਕੀਤੀ ਅਤੇ ਆਪਣੇ ਬੱਚਿਆਂ ਦਾ ਨਤੀਜਾ ਪ੍ਰਾਪਤ ਕੀਤਾ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਕੂਲ ਦਾ ਨਤੀਜਾ 100% ਰਿਹਾ ।ਇਸ ਮੌਕੇ ਕਲਾਸਾਂ ਵਿੱਚੋਂ ਪਹਿਲਾ ,ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਪ੍ਰਿੰਸੀਪਲ ਵੱਲੋਂ ਵਿਸ਼ੇਸ਼ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਾਨ ਨਿਰਦੋਸ਼ ਰਲਹੱਨ ਜੀ ਨੇ ਪਹੁੰਚੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹਰ ਵਾਰ ਦੀ ਤਰ੍ਹਾਂ ਇਸ ਨਤੀਜੇ ਦਾ ਸਿਹਰਾ ਵਿਦਿਆਰਥੀਆਂ ,ਮਾਪਿਆਂ ਤੇ ਅਧਿਆਪਕਾਂ ਸਿਰ ਬੱਝਦਾ ਹੈ, ਕਿਉਂਕਿ ਕਿ ਇਹ ਮਾਪਿਆਂ ਤੇ ਅਧਿਆਪਕਾਂ ਦੇ ਸਹਿਯੋਗ ਕਾਰਨ ਹੀਂ ਸੰਭਵ ਹੋ ਸਕਿਆ ਹੈ ਕਿ ਵਿਦਿਆਰਥੀ ਹਰ ਸਾਲ ਆਪਣੇ ਸਕੂਲ ਨੂੰ ਵਧੀਆ ਨਤੀਜੇ ਦਿੰਦੇ ਹਨ। ਜੂਨੀਅਰ ਵਿੰਗ ਦੇ ਬੱਚਿਆਂ ਲਈ ਵਿਸ਼ੇਸ਼ ਝੂਲਿਆਂ ਅਤੇ ਮਾਪਿਆਂ ਲਈ ਚਾਹ ਦਾ ਪ੍ਰਬੰਧ ਉਚੇਚੇ ਤੌਰ 'ਤੇ ਕੀਤਾ ਗਿਆ ।ਇਸ ਮੌਕੇ ਸਕੂਲ ਦਾ ਸਮੁੱਚਾ ਅਧਿਆਪਕ ਵਰਗ ਹਾਜ਼ਰ ਸੀ।

# ਕੁਦਰਤ-ਮਾਨਵ ਕੇਂਦਰਿਤ ਲੋਕ ਲਹਿਰ ਦੀ ਸੂਬਾਈ ਕਾਨਫ਼ਰੰਸ ਵਿੱਚ ਸ਼ਾਮਲ ਹੋਣ ਲਈ ਮੀਟਿੰਗ



ਸ਼ੇਰਪੁਰ, 25 ਮਾਰਚ (ਬਲਜੀਤ ਸਿੰਘ ਟਿੱਬਾ) : ਕੁਦਰਤ:ਮਾਨਵ ਕੇਂਦਰਿਤ ਲੋਕ ਲਹਿਰ ਦੀ ਸਥਾਨਕ ਇਕਾਈ ਵੱਲੋਂ ਗੁਰਦੁਆਰਾ ਗੁਰੂ ਗ੍ਰੰਥ ਸਾਹਿਬ ਵਿਖੇ ਕਨਵੀਨਰ ਸੰਦੀਪ ਸਿੰਘ ਗਰੇਵਾਲ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ, ਜਿਸ ਵਿੱਚ 28 ਅਤੇ 29 ਮਾਰਚ -2026 ਨੂੰ ਮਸਤੂਆਣਾ ਸਾਹਿਬ ਵਿਖੇ ਹੋ ਰਹੀ ਸੂਬਾਈ ਕਾਨਫਰੰਸ ਵਿੱਚ ਸ਼ਾਮਲ ਹੋਣ ਲਈ ਵਿਚਾਰਾਂ ਹੋਈਆਂ। ਆਕਾਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ ਦੇ ਹਾਲ ਵਿਚ ਇਹ ਕਾਨਫਰੰਸ ਉਸ ਸਮੇਂ ਹੋ ਰਹੀ ਹੈ, ਜਦੋਂ ਅਮਰੀਕਾ ਅਤੇ ਇਜ਼ਰਾਈਲ ਨੇ ਮਿਲ ਕੇ ਇਰਾਨ ਉੱਪਰ ਬਗੈਰ ਕਿਸੇ ਭੜਕਾਹਟ ਤੋਂ ਹਮਲਾ ਕੀਤਾ ਹੋਇਆ ਹੈ, ਜਿਸ ਨਾਲ ਜਿੱਥੇ ਇੱਕ ਪਾਸੇ ਸਾਡੇ ਵਾਤਾਵਰਨੀ ਸਰੋਤਾਂ ( ਖ਼ਾਸ ਕਰਕੇ ਪੈਟਰੋਲੀਅਮ ਪਦਾਰਥਾਂ ਅਤੇ ਕੁਦਰਤੀ ਗੈਸ ) ਦਾ ਘਾਣ ਹੋ ਰਿਹਾ ਹੈ , ਉਥੇ ਦੂਜੇ ਪਾਸੇ ਗੋਲਾ-ਬਰੂਦ ਸਾਡੀ ਹਵਾ ਨੂੰ ਪਲੀਤ ਕਰ ਰਿਹਾ ਹੈ। ਜਲਵਾਯੂ ਤਬਦੀਲੀ ਜਦ ਪਹਿਲਾਂ ਹੀ ਆਪਣੇ ਘਾਤਕ ਅਸਰ ਛੱਡ ਰਹੀ ਹੈ। ਜਾਨ-ਮਾਲ ਦਾ ਨੁਕਸਾਨ ਅਤੇ ਪੀਣ ਵਾਲੇ ਪਾਣੀ ਦੇ ਸ੍ਰੋਤਾਂ 'ਤੇ ਹਮਲੇ ਅਮਾਨਵੀਕਰਨ ਦੀ ਪ੍ਰਕਿਰਿਆ ਨੂੰ ਹੋਰ ਵਧਾ ਰਹੇ ਹਨ। ਇਸ ਲਈ ਅਜਿਹੀ ਗੰਭੀਰ ਸਥਿਤੀ ਵਿੱਚ ਸਿਰ ਜੋੜ ਕੇ ਬੈਠਣਾ ਅਤੇ ਵਿਚਾਰ ਚਰਚਾ ਕਰਨਾ ਹੋਰ ਵੀ ਜ਼ਰੂਰੀ ਹੋ ਜਾਂਦਾ ਹੈ, ਤਾਂ ਜੋ ਲੋਕਾਂ ਵਿਚ ਕੁਦਰਤ ਪੱਖੀ ਅਤੇ ਮਨੁੱਖਤਾ ਪੱਖੀ ਦ੍ਰਿਸ਼ਟੀਕੋਣ ਨੂੰ ਉਭਾਰ ਕੇ ਲੋਕ ਲਹਿਰ ਨੂੰ ਖੜ੍ਹਾ ਕੀਤਾ ਜਾ ਸਕੇ। ਸੋ 'ਅਮਰੀਕਾ-ਇਜ਼ਰਾਈਲ' ਧੜੇਬੰਦੀ ਦੀ ਖ਼ਾਸ ਕਰ ਫਲਸਤੀਨ ਅਤੇ ਇਰਾਨ ਵਿੱਚ ਭੂਮਿਕਾ ਅਤੇ ਸਾਡੀ ਹੋਂਦ ਨਾਲ ਜੁੜੇ ਸਰੋਤਾਂ 'ਤੇ ਪੈ ਰਿਹਾ ਅਸਰ' ਵਿਸ਼ੇ ਦੇ ਅਜੰਡੇ ਨੂੰ ਲੈ ਕੇ 28 ਮਾਰਚ ਨੂੰ ਖੁੱਲ੍ਹਾ ਇਜਲਾਸ ਹੋਵੇਗਾ। ਉਪਰੰਤ ਡੈਲੀਗੇਟ ਇਜਲਾਸ 29 ਮਾਰਚ ਨੂੰ ਹੋਵੇਗਾ, ਜਿਸ ਵਿਚ ਖੇਤੀਬਾੜੀ ਕੀ ਹੈ, ਖੇਤੀ-ਕਿਸਾਨੀ ਦਾ ਸੰਕਟ ਅਤੇ ਇਸ ਤੋਂ ਬਾਹਰ ਨਿਕਲਣ ਸੰਬੰਧੀ ਵਿਸ਼ੇਸ਼ ਦਸਤਾਵੇਜ਼ 'ਤੇ ਚਰਚਾ। ਅਤੇ ਨਾਲ ਦੀ ਨਾਲ ਪੰਜਾਬ ਦੀ ਮੌਜੂਦਾ ਸਮਾਜਿਕ - ਆਰਥਿਕ, ਰਾਜਨੀਤਕ ਅਤੇ ਸੱਭਿਆਚਾਰਕ ਸਥਿਤੀ ਅਤੇ ਇਸ ਸਬੰਧੀ ਸਾਡਾ ਨਜ਼ਰੀਆ 'ਤੇ ਵਿਚਾਰ ਚਰਚਾ ਹੋਵੇਗੀ। ਇਸ ਮੀਟਿੰਗ ਵਿੱਚ ਹਰਗੋਬਿੰਦ ਸ਼ੇਰਪੁਰ, ਅਮਰਜੀਤ ਸਿੰਘ ਜੱਸੀ, ਸਰਪੰਚ ਰਣਜੀਤ ਸਿੰਘ ਕਾਲਾਬੂਲਾ, ਕੇਸਰ ਸਿੰਘ ਗਰੇਵਾਲ, ਕਰਮਿੰਦਰ ਸਿੰਘ ਹੇੜੀਕੇ, ਬਹਾਦਰ ਸਿੰਘ ਚੌਧਰੀ, ਸੁਖਜੀਤ ਸਿੰਘ ਰਟੋਲ, ਮਾ. ਨਿਰਮਲ ਸਿੰਘ ਮਾਹਮਦਪੁਰ, ਮਾ. ਈਸ਼ਰ ਸਿੰਘ ਕੁਠਾਲਾ, ਮਾ. ਦਿਆਲ ਸਿੰਘ, ਮਾ. ਰਣਜੀਤ ਸਿੰਘ ਬੜਿੰਗ, ਗੁਰਮੇਲ ਸਿੰਘ ਮੇਘ, ਬਹਾਦਰ ਸਿੰਘ ਢੰਡਾ ਅਤੇ ਬਲਦੇਵ ਸਿੰਘ ਘਨੌਰੀ ਖੁਰਦ ਹਾਜ਼ਰ ਸਨ।

# 'ਬਾਬਾ ਸਾਹਿਬ ਤੁਝੇ ਸਲਾਮ' ਸਾਲਾਨਾ ਪ੍ਰੋਗਰਾਮ 12 ਅਪ੍ਰੈਲ ਨੂੰ



ਬਰਨਾਲਾ , 25 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਦੇਸ਼ ਦੀ ਪ੍ਰਸਿੱਧ ਅਤੇ ਸਰਗਰਮ ਸਮਾਜਿਕ ਜੱਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੱਲੋਂ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ (ਸਾਬਕਾ ਮੈਂਬਰ, ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ, ਚੰਡੀਗੜ੍ਹ) ਦੀ ਅਗਵਾਈ ਹੇਠ ਭਾਰਤ ਦੇ ਪਹਿਲੇ ਕਾਨੂੰਨ ਮੰਤਰੀ ਅਤੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 27ਵਾਂ ਸੂਬਾ ਪੱਧਰੀ ਸਾਲਾਨਾ ਪ੍ਰੋਗਰਾਮ ਬਾਬਾ ਸਾਹਿਬ ਤੁਝੇ ਸਲਾਮ 12 ਅਪ੍ਰੈਲ ਨੂੰ ਸ਼੍ਰੀ ਮਸਤੂਆਣਾ ਸਾਹਿਬ ਵਿਖੇ ਕਰਵਾਇਆ ਜਾਵੇਗਾ। ਇਸ ਸਬੰਧੀ ਸਥਾਨਕ ਰੈਸਟ ਹਾਊਸ ਵਿਖੇ ਹੋਈ ਮੀਟਿੰਗ ਤੋਂ ਬਾਅਦ ਭਾਰਤੀਯ ਅੰਬੇਡਕਰ ਮਿਸ਼ਨ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵੱਖ-ਵੱਖ ਖੇਤਰਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੀਆਂ ਪ੍ਰਸਿੱਧ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ਉਨ੍ਹਾਂ ਕਿਹਾ ਕਿ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਅਤੇ ਮਿਸ਼ਨ ਦੇ ਸਾਰੇ ਆਗੂਆਂ ਤੇ ਵਲੰਟੀਅਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਦਰਸ਼ਨ ਕਾਂਗੜਾ ਨੇ ਕਿਹਾ ਕਿ ਇਸ ਸੂਬਾ ਪੱਧਰੀ ਪ੍ਰੋਗਰਾਮ ਵਿੱਚ ਪੰਜਾਬ ਸਮੇਤ ਹੋਰ ਸੂਬਿਆਂ ਤੋਂ ਵੀ ਸਨਮਾਨਯੋਗ ਸ਼ਖ਼ਸੀਅਤਾਂ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਬਾਬਾ ਸਾਹਿਬ ਦੇ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਡਾ. ਅੰਬੇਡਕਰ ਜੀ ਨੇ ਭਾਰਤ ਦਾ ਸੰਵਿਧਾਨ ਲਿਖ ਕੇ ਦੇਸ਼ ਨੂੰ ਏਕਤਾ ਦੇ ਸੂਤਰ ਵਿੱਚ ਜੋੜਿਆ ਅਤੇ ਹਰ ਵਰਗ ਨੂੰ ਬਰਾਬਰਤਾ ਦੇ ਹੱਕ ਦਿੱਤੇ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦੇ ਸੰਵਿਧਾਨ ਦੀ ਬਦੌਲਤ ਅੱਜ ਹਰ ਵਰਗ ਦੇ ਲੋਕ ਵੱਖ-ਵੱਖ ਖੇਤਰਾਂ ਵਿੱਚ ਉੱਚ ਅਹੁਦਿਆਂ 'ਤੇ ਸੇਵਾ ਨਿਭਾ ਰਹੇ ਹਨ। ਦੱਬੇ-ਕੁਚਲੇ ਅਤੇ ਪੀੜਤ ਵਰਗਾਂ ਦੀ ਜ਼ਿੰਦਗੀ ਸੁਧਾਰਨ ਵਾਲੇ ਅਜਿਹੇ ਮਹਾਨ ਆਗੂ ਨੂੰ ਯਾਦ ਰੱਖਣਾ ਸਾਡੀ ਸਾਰਿਆਂ ਦੀ ਨੈਤਿਕ ਜ਼ਿੰਮੇਵਾਰੀ ਹੈ। ਅੰਤ ਵਿੱਚ ਸ਼੍ਰੀ ਦਰਸ਼ਨ ਕਾਂਗੜਾ ਨੇ ਸਭਨਾਂ ਨੂੰ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਲਈ ਖੁੱਲ੍ਹਾ ਸੱਦਾ ਦਿੱਤਾ ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁਕੇਸ਼ ਰਤਨਾਕਰ (ਸੂਬਾ ਪ੍ਰਧਾਨ), ਕਮਲ ਕੁਮਾਰ ਗੋਗਾ (ਸੂਬਾ ਜਨਰਲ ਸਕੱਤਰ), ਵਿਜੈ ਕੁਮਾਰ ਪਹਿਲਵਾਨ, ਰਾਹੁਲ ਕੁਮਾਰ ਮੁੰਨਾ, ਸਾਜਨ ਕਾਂਗੜਾ, ਮਨੋਜ ਕੁਮਾਰ ਅਤੇ ਕਮਲ ਜੰਡੂ ਆਦਿ ਵੀ ਮੌਜੂਦ ਸਨ। ਪ੍ਰੈੱਸ ਬਿਆਨ ਬਰਨਾਲਾ ਤੋਂ ਸੁਖਵਿੰਦਰ ਸਿੰਘ ਭੰਡਾਰੀ ਨੇ ਜਾਰੀ ਕੀਤਾ।

# ਮਾਤਾ ਗੁਜਰੀ ਪਬਲਿਕ ਹਾਈ ਸਕੂਲ ਭਦੌੜ ਦਾ ਨਤੀਜਾ ਸ਼ਾਨਦਾਰ ਰਿਹਾ




ਭਦੌੜ, 25 ਮਾਰਚ (ਸੁਖਵਿੰਦਰ ਪਲਾਹਾ) : ਮਾਤਾ ਗੁਜਰੀ ਪਬਲਿਕ ਹਾਈ ਸਕੂਲ ਭਦੌੜ ਵਿਖੇ ਨਰਸਰੀ ਜਮਾਤ ਤੋਂ ਲੈ ਕੇ ਦਸਵੀਂ ਤੱਕ ਨਾਨ ਬੋਰਡਿੰਗ ਜਮਾਤਾਂ ਦੇ ਆਏ ਸਾਲਾਨਾ ਨਤੀਜੇ ਸ਼ਾਨਦਾਰ ਰਹੇ। ਪ੍ਰਿੰਸੀਪਲ ਸੁਖਵੀਰ ਕੌਰ ਧਾਲੀਵਾਲ ਨੇ ਦੱਸਿਆ ਕਿ ਹਰਨੂਰ ਕੌਰ ਨਰਸਰੀ ਕਲਾਸ ,ਸੀਰਤ ਕੌਰ ਅਤੇ ਸਹਿਜਲ ਕੇ.ਜੀ ਕਲਾਸ ,ਏਕਮ ਸਿੰਘ ਫਸਟ ਕਲਾਸ ,ਗੁਰਵੀਰ ਸਿੰਘ ਦੂਜੀ ਕਲਾਸ ,ਜਸਨੀਤ ਕੌਰ ਤੀਜੀ ਕਲਾਸ , ਸੁਖਮਨੀ ਚੌਥੀ ਕਲਾਸ , ਛੇਵੀਂ ਕਲਾਸ ਰੋਸ਼ਨੀ ਕੁਮਾਰੀ, ਸੱਤਵੀਂ ਕਲਾਸ ਪਰਮਿੰਦਰ ਕੌਰ,ਨੌਂਵੀਂ ਕਲਾਸ ਪ੍ਰਤੀਕ ਕੁਮਾਰ,ਨਵਦੀਪ ਕੌਰ ਤੋਂ ਇਲਾਵਾ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ ਤੌਰ 'ਤੇ ਸਰਟੀਫਿਕੇਟ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ।ਸਕੂਲ ਦੇ ਐਮ.ਡੀ.ਐਡਵੋਕੇਟ ਇਕਬਾਲ ਸਿੰਘ ਗਿੱਲ ਤੇ ਪ੍ਰਧਾਨ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਅਜਿਹੇ ਨਤੀਜਿਆਂ ਤੋਂ ਸਾਫ ਨਜ਼ਰ ਆਉਂਦਾ ਹੈ ਕਿ ਵਿਦਿਆਰਥੀ ਤੇ ਅਧਿਆਪਕ ਸਖਤ ਮਿਹਨਤ ਕਰ ਰਹੇ ਹਨ। ਇਸ ਸਮੇਂ ਉਹਨਾਂ ਸਿੱਖਿਆ ਦੇ ਹੋਰ ਖੇਤਰਾਂ ਚ ਵੀ ਵਧਣ ਦਾ ਹੌਸਲਾ ਦਿੰਦੇ ਹੋਏ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹਰਮਨਪ੍ਰੀਤ ਸਿੰਘ, ਝਰਮਲ ਸਿੰਘ ਜੰਗੀਆਣਾ, ਸੰਦੀਪ ਕੁਮਾਰ ਦਈਏ, ਮੈਡਮ ਪ੍ਰਭਜੋਤ ਕੌਰ, ਪਵਨਪ੍ਰੀਤ ਕੌਰ, ਹਰਪ੍ਰੀਤ ਕੌਰ, ਸਰਬਜੀਤ ਕੌਰ, ਕੰਚਨ ਗਰਗ, ਦਲਜੀਤ ਸਿੰਘ ਜਗਸੀਰ ਸਿੰਘ ਸਮੇਤ ਸਟਾਫ਼ ਹਾਜ਼ਰ ਸੀ।

# ਵਾਈ.ਐੱਸ. ਕਾਲਜ ਵੱਲੋਂ ਬਰਨਾਲਾ ਪੁਲਿਸ ਦੇ ਸਹਿਯੋਗ ਨਾਲ ਨਸ਼ਿਆਂ ਨੂੰ ਨਾਂਹ, ਜ਼ਿੰਦਗੀ ਨੂੰ ਹਾਂ ਸੰਪਰਕ ਮੀਟਿੰਗ



ਬਰਨਾਲਾ, 25 ਮਾਰਚ (ਹਮੀਰ ਸਿੰਘ) : ਵਾਈ.ਐੱਸ. ਕਾਲਜ, ਜਿਸਨੂੰ ਸਾਲ ਦਾ ਸਭ ਤੋਂ ਉਭਰਦਾ ਸਿਖਰ ਸੰਸਥਾਨ ਦਾ ਸਨਮਾਨ ਪ੍ਰਾਪਤ ਹੈ, ਸਮਾਜਿਕ ਜ਼ਿੰਮੇਵਾਰੀ ਅਤੇ ਲੋਕ ਭਲਾਈ ਪ੍ਰਤੀ ਆਪਣੀ ਅਟੱਲ ਵਚਨਬੱਧਤਾ ਨੂੰ ਲਗਾਤਾਰ ਦਰਸਾ ਰਿਹਾ ਹੈ। 25 ਮਾਰਚ ਦਾ ਦਿਨ ਸੰਸਥਾ ਲਈ ਵਿਸ਼ੇਸ਼ ਰਿਹਾ, ਜਦੋਂ ਬਰਨਾਲਾ ਪੁਲਿਸ ਦੇ ਸਹਿਯੋਗ ਨਾਲ ਨਸ਼ਿਆਂ ਨੂੰ ਨਾ, ਜ਼ਿੰਦਗੀ ਨੂੰ ਹਾਂ ਸੰਪਰਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਹ ਪਹਿਲ ਸਮਾਜ ਦੀ ਇੱਕ ਗੰਭੀਰ ਸਮੱਸਿਆ ਨਸ਼ਿਆਂ ਦੀ ਲਤ ਨਾਲ ਨਜਿੱਠਣ ਲਈ ਜਾਗਰੂਕਤਾ, ਜ਼ਿੰਮੇਵਾਰੀ ਅਤੇ ਸਾਂਝੇ ਯਤਨਾਂ ਨੂੰ ਉਤਸ਼ਾਹਿਤ ਕਰਦੀ ਹੈ। ਇਸ ਸਮਾਗਮ ਵਿੱਚ ਮਾਣਯੋਗ ਮਹਿਮਾਨਾਂ ਦੀ ਸ਼ਿਰਕਤ ਰਹੀ, ਜਿਨ੍ਹਾਂ ਵਿੱਚ ਕੁਲਦੀਪ ਸਿੰਘ ਚਾਹਲ (ਡੀ.ਆਈ.ਜੀ., ਪਟਿਆਲਾ ਰੇਂਜ), ਮੁਹੰਮਦ ਸਰਫਰਾਜ਼ ਆਲਮ (ਐਸ.ਐਸ.ਪੀ., ਬਰਨਾਲਾ), ਅਸ਼ੋਕ ਕੁਮਾਰ (ਐਸ.ਪੀ.-ਡੀ), ਸਤਵੀਰ ਸਿੰਘ ਬੈਂਸ (ਡੀ.ਐਸ.ਪੀ., ਬਰਨਾਲਾ) ਅਤੇ ਰਾਜਿੰਦਰ ਪਾਲ (ਡੀ.ਐਸ.ਪੀ., ਬਰਨਾਲਾ) ਸ਼ਾਮਲ ਸਨ। ਉਨ੍ਹਾਂ ਦੀ ਮੌਜੂਦਗੀ ਨੇ ਸਮਾਗਮ ਨੂੰ ਵਿਸ਼ੇਸ਼ ਮਹੱਤਵ ਦਿੱਤਾ ਅਤੇ ਨਸ਼ਿਆਂ ਦੇ ਖ਼ਿਲਾਫ਼ ਲੜਾਈ ਵਿੱਚ ਸੰਸਥਾਵਾਂ ਅਤੇ ਪ੍ਰਸ਼ਾਸਨਿਕ ਸਹਿਯੋਗ ਦੀ ਮਹੱਤਤਾ ਨੂੰ ਉਭਾਰਿਆ। 250 ਤੋਂ ਵੱਧ ਸਥਾਨਕ ਲੋਕਾਂ ਦੀ ਹਾਜ਼ਰੀ ਨੇ ਸਮਾਜਿਕ ਜਾਗਰੂਕਤਾ ਅਤੇ ਸਾਂਝੀ ਚਿੰਤਾ ਨੂੰ ਦਰਸਾਇਆ। ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਕਿਹਾ ਕਿ ਸਿੱਖਿਆ ਸੰਸਥਾਵਾਂ ਨੂੰ ਸਿਰਫ਼ ਪਾਠਕ੍ਰਮ ਤੱਕ ਸੀਮਿਤ ਨਹੀਂ ਰਹਿਣਾ ਚਾਹੀਦਾ, ਸਗੋਂ ਜ਼ਿੰਮੇਵਾਰ ਨਾਗਰਿਕ ਤਿਆਰ ਕਰਨ ਵਿੱਚ ਭੂਮਿਕਾ ਨਿਭਾਉਣੀ ਚਾਹੀਦੀ ਹੈ। ਡਾਇਰੈਕਟਰ ਵਰੁਣ ਭਾਰਤੀ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਜਾਗਰੂਕਤਾ, ਸਮੇਂ ਸਿਰ ਦਖਲਅੰਦਾਜ਼ੀ ਅਤੇ ਸਮੂਹਕ ਭਾਗੀਦਾਰੀ ਨਸ਼ਿਆਂ ਦੀ ਸਮੱਸਿਆ ਨੂੰ ਰੋਕਣ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ ਨੇ ਯੁਵਾਂ ਨੂੰ ਜਾਗਰੂਕਤਾ ਫੈਲਾਉਣ ਅਤੇ ਬਦਲਾਅ ਦੇ ਦੂਤ ਬਣਨ ਦੀ ਅਪੀਲ ਕੀਤੀ। ਇਸ ਮੌਕੇ @ਤੇ ਵਿਦਿਆਰਥੀਆਂ ਨੇ ਵੀ ਸਰਗਰਮ ਭਾਗ ਲਿਆ। ਨੁੱਕੜ ਨਾਟਕ ਰਾਹੀਂ ਨਸ਼ਿਆਂ ਦੇ ਨੁਕਸਾਨ ਦਰਸਾਏ ਗਏ। ਪੇਂਟਿੰਗ ਵਾਕ ਰਾਹੀਂ ਕਲਾ ਦੇ ਜ਼ਰੀਏ ਮਜ਼ਬੂਤ ਸੰਦੇਸ਼ ਦਿੱਤੇ ਗਏ, ਜਦਕਿ ਸੰਗੀਤਮਈ ਪ੍ਰਦਰਸ਼ਨਾਂ ਨੇ ਉਮੀਦ ਅਤੇ ਸਕਾਰਾਤਮਕਤਾ ਦਾ ਮਾਹੌਲ ਬਣਾਇਆ। ਵਾਈਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਨੇ ਵਿਦਿਆਰਥੀਆਂ ਦੀ ਭਾਗੀਦਾਰੀ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਜ਼ਮੀਨੀ ਪੱਧਰ @ਤੇ ਜਾਗਰੂਕਤਾ ਵਧਾਉਣ ਵਿੱਚ ਮਦਦਗਾਰ ਹੁੰਦੇ ਹਨ। ਅੰਤ ਵਿੱਚ ਸਮਾਗਮ ਇੱਕ ਸਾਂਝੇ ਸੰਕਲਪ ਨਾਲ ਸਮਾਪਤ ਹੋਇਆ ਕਿ ਸਾਰੇ ਮਿਲ ਕੇ ਨਸ਼ਿਆਂ ਦੇ ਖ਼ਿਲਾਫ਼ ਖੜੇ ਹੋਵਾਂਗੇ ਅਤੇ ਇੱਕ ਸਿਹਤਮੰਦ ਤੇ ਨਸ਼ਾ-ਮੁਕਤ ਸਮਾਜ ਦੀ ਸਥਾਪਨਾ ਕਰਾਂਗੇ।

# ਗਰੀਨ ਫ਼ੀਲਡ ਕਾਨਵੈਂਟ ਸਕੂਲ ਵਿਖੇ ਕਰੀਅਰ ਕੌਂਸਲਿੰਗ ਸੈਸ਼ਨ ਕਰਵਾਇਆ



ਧਨੌਲਾ, 25 ਮਾਰਚ (ਚਮਕੌਰ ਸਿੰਘ ਗੱਗੀ) : ਗਰੀਨ ਫ਼ੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਵਿਖੇ ਦਸਵੀਂ ਜਮਾਤ ਦੇ ਪੇਪਰ ਦੇ ਰਹੇ ਵਿਦਿਆਰਥੀਆਂ ਨੂੰ ਉਹਨਾਂ ਦੀ ਅਗਲੀ ਪੜ੍ਹਾਈ ਲਈ ਕਿਹੜੀ ਸਟ੍ਰੀਮ ਦੀ ਚੋਣ ਕੀਤੀ ਜਾਵੇ ਬਾਰੇ ਜਾਗਰੂਕ ਕਰਨ ਲਈ ਕਰੀਅਰ ਕੌਂਸਲਿੰਗ ਸੈਸ਼ਨ ਕਰਵਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਤੇ ਉਹਨਾਂ ਦੇ ਮਾਪਿਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਪ੍ਰੀਤ ਕਮਲ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਸੈਸ਼ਨ ਕਰਵਾਉਣ ਦਾ ਮਕਸਦ ਸੀ ਕਿ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਲਈ ਸਹੀ ਦਿਸ਼ਾ ਚੁਣਨ ਵਿੱਚ ਮੱਦਦ ਮਿਲ ਸਕੇ। ਉਹਨਾਂ ਕਿਹਾ ਕਿ ਸਭ ਤੋਂ ਪਹਿਲਾਂ ਇਹ ਸਮਝੋ ਕਿ ਤੁਹਾਨੂੰ ਕੀ ਕਰਨਾ ਪਸੰਦ ਹੈ, ਜਿਵੇਂ ਪੜ੍ਹਾਉਣਾ, ਡਾਕਟਰ ਬਣਨਾ, ਖੇਡਾਂ, ਕਲਾ ਆਦਿ ਅਤੇ ਆਪਣੀਆਂ ਯੋਗਤਾਵਾਂ ਪਛਾਣੋ, ਆਪਣੀਆਂ ਮਜ਼ਬੂਤੀਆਂ ਅਤੇ ਕਮਜ਼ੋਰੀਆਂ ਨੂੰ ਜਾਣੋ ਜਿਵੇਂ ਕਿ ਕਮਿਊਨੀਕੇਸ਼ਨ ਸਕਿਲਜ਼, ਗਣਿਤ, ਲੀਡਰਸ਼ਿਪ ਆਦਿ। ਇਸ ਤੋਂ ਇਲਾਵਾ ਵੱਖ-ਵੱਖ ਖੇਤਰਾਂ ਬਾਰੇ ਜਾਣਕਾਰੀ ਇਕੱਠੀ ਕਰੋ ਜਿਵੇਂ ਕਿ ਇੰਜੀਨੀਅਰਿੰਗ, ਮੈਡੀਕਲ, ਟੀਚਿੰਗ, ਆਈ.ਟੀ. ਆਦਿ। ਪ੍ਰਿੰਸੀਪਲ ਮੈਡਮ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਹਮੇਸ਼ਾ ਸਹੀ ਮਾਰਗਦਰਸ਼ਨ ਲਵੋ, ਅਧਿਆਪਕਾਂ, ਮਾਪਿਆਂ ਜਾਂ ਪ੍ਰੋਫੈਸ਼ਨਲ ਕਾਊਂਸਲਰ ਨਾਲ ਗੱਲਬਾਤ ਕਰੋ ਅਤੇ ਉਹ ਤੁਹਾਨੂੰ ਸਹੀ ਰਸਤਾ ਦਿਖਾ ਸਕਦੇ ਹਨ। ਨਾਲ ਹੀ ਉਨ੍ਹਾਂ ਕਿਹਾ ਕਿ ਹਮੇਸ਼ਾ ਆਪਣਾ ਟੀਚਾ ਨਿਰਧਾਰਿਤ ਕਰੋ, ਛੋਟਾ ਅਤੇ ਵੱਡਾ ਟੀਚਾ ਤੈਅ ਕਰੋ, ਜਿਵੇਂ 12ਵੀਂ ਪਾਸ ਕਰਨੀ, ਫਿਰ ਡਿਗਰੀ ਕਰਨੀ, ਕੰਪਿਊਟਰ, ਭਾਸ਼ਾ ਜਾਂ ਹੋਰ ਸਕਿਲਜ਼ ਸਿੱਖੋ। ਇਹ ਤੁਹਾਡੇ ਕਰੀਅਰ ਨੂੰ ਮਜ਼ਬੂਤ ਬਣਾਉਂਦੇ ਹਨ ਅਤੇ ਆਪਣਾ ਸਮਾਂ ਠੀਕ ਤਰੀਕੇ ਨਾਲ ਵਰਤੋ । ਪੜ੍ਹਾਈ ਅਤੇ ਹੋਰ ਗਤੀਵਿਧੀਆਂ ਲਈ ਸਮਾਂ ਨਿਯਤ ਕਰੋ। ਇਸ ਮੌਕੇ ਚੇਅਰਮੈਨ ਸ. ਸੁਖਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਅਜਿਹੇ ਕਰੀਅਰ ਕਾਊਂਸਲਿੰਗ ਸੈਸ਼ਨ ਵਿਦਿਆਰਥੀਆਂ ਲਈ ਬਹੁਤ ਸਹਾਈ ਹੁੰਦੇ ਹਨ, ਕਿਉਂਕਿ ਵਿਦਿਆਰਥੀਆਂ ਨੂੰ ਪਤਾ ਨਹੀਂ ਚੱਲ ਰਿਹਾ ਹੁੰਦਾ ਹੈ ਕਿ ਉਹ ਉਚੇਰੀ ਪੜ੍ਹਾਈ ਲਈ ਕਿਹੜੀ ਲਾਇਨ ਚੁਣਨ, ਜਿਸ ਕਰਕੇ ਕਰੀਅਰ ਕਾਊਂਸਲਿੰਗ ਸੈਸ਼ਨਾਂ ਦੌਰਾਨ ਮਾਹਿਰਾਂ ਵੱਲੋਂ ਆਪਣੇ ਤਜ਼ਰਿਆਂ ਨੂੰ ਸਾਂਝਾ ਕਰਕੇ ਵਿਦਿਆਰਥੀਆਂ ਨੂੰ ਸਚੁੱਜੀ ਜਾਣਕਾਰੀ ਦਿੱਤੀ ਜਾਂਦੀ ਹੈ। ਹੁਣ ਇਸ ਸੈਸ਼ਨ ਨਾਲ ਵਿਦਿਆਰਥੀਆਂ ਨੂੰ ਆਪਣੀ ਪਸੰਦੀ ਦੀ ਲਾਈਨ ਚੁਣਨ ਵਿੱਚ ਸੌਖ ਹੋ ਜਾਵੇਗੀ। ਇਸ ਮੌਕੇ ਵਾਈਸ ਪ੍ਰਿੰਸੀਪਲ ਜਸਵੀਰ ਕੌਰ, ਡਾ. ਮਨਪ੍ਰੀਤ ਕੌਰ, ਇੰਚਾਰਜ ਅਜਿੰਦਰਪਾਲ ਟਿਵਾਣਾ, ਕੋਆਰਡੀਨੇਟਰ ਸੰਜੀਤ ਕੌਰ ਅਤੇ ਅਸਿਸਟੈਂਟ ਕੋਆਡੀਨੇਟਰ ਨੌਵਲਪ੍ਰੀਤ ਆਦਿ ਹਾਜ਼ਰ ਸਨ।

# 'ਆਪ' ਸਰਕਾਰ ਲੋਕਾਂ ਦੇ ਮੁੱਦੇ ਹੱਲ ਕਰਨ 'ਚ ਨਾਕਾਮ : ਰਾਜਵਿੰਦਰ ਸੀਤਲ



ਤਪਾ ਮੰਡੀ 25 ਮਾਰਚ (ਭੂਸ਼ਨ ਘੜੈਲਾ) : ਵਿਧਾਨ ਸਭਾ ਹਲਕਾ ਭਦੌੜ ਦੇ ਸੀਨੀਅਰ ਕਾਂਗਰਸੀ ਆਗੂ ਰਾਜਵਿੰਦਰ ਸਿੰਘ ਸ਼ੀਤਲ ਨੇ ਕਿਹਾ ਕਿ ਮੌਜੂਦਾ ਸਰਕਾਰ ਹਰ ਮੋਰਚੇ 'ਤੇ ਫੇਲ੍ਹ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮੁੱਢਲੀਆਂ ਸਹੂਲਤਾਂ ਤੋਂ ਵੀ ਵਾਂਝਾ ਰੱਖਿਆ ਜਾ ਰਿਹਾ ਹੈ ਅਤੇ ਕਿਸਾਨਾਂ, ਨੌਜਵਾਨਾਂ ਅਤੇ ਆਮ ਵਰਗ ਦੇ ਮੁੱਦਿਆਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿਚ ਕਾਨੂੰਨ-ਵਿਵਸਥਾ ਦੀ ਸਥਿਤੀ ਵੀ ਬਦ ਤੋਂ ਬਦਤਰ ਹੋ ਰਹੀ ਹੈ ਅਤੇ ਮਹਿੰਗਾਈ ਕਾਰਨ ਆਮ ਲੋਕ ਪਰੇਸ਼ਾਨ ਹਨ। ਸ਼ੀਤਲ ਨੇ ਕਿਹਾ ਕਿ ਸਰਕਾਰ ਦੇ ਵਾਅਦੇ ਸਿਰਫ਼ ਕਾਗਜ਼ਾਂ ਤੱਕ ਹੀ ਸੀਮਿਤ ਰਹਿ ਗਏ ਹਨ ਅਤੇ ਜ਼ਮੀਨੀ ਹਕੀਕਤ ਬਿਲਕੁਲ ਵੱਖਰੀ ਹੈ। ਸ਼ੀਤਲ ਨੇ ਕਿਹਾ ਕਿ ਵਿਕਾਸ ਦੇ ਨਾਮ 'ਤੇ ਸਿਰਫ਼ ਐਲਾਨ ਕੀਤੇ ਜਾ ਰਹੇ ਹਨ, ਜਦਕਿ ਜ਼ਮੀਨੀ ਪੱਧਰ 'ਤੇ ਕੋਈ ਵੱਡਾ ਬਦਲਾਅ ਨਜ਼ਰ ਨਹੀਂ ਆ ਰਿਹਾ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਦੀਆਂ ਗ਼ਲਤ ਨੀਤੀਆਂ ਕਾਰਨ ਪੰਜਾਬ ਦਾ ਵਿਕਾਸ ਰੁਕ ਗਿਆ ਹੈ। ਉਨ੍ਹਾਂ ਕਾਂਗਰਸੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਵਿਚ ਜਾ ਕੇ ਸਰਕਾਰ ਦੀਆਂ ਨਾਕਾਮੀਆਂ ਬਾਰੇ ਜਾਗਰੂਕ ਕਰਨ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ। ਇਸ ਦੌਰਾਨ ਮੀਟਿੰਗ ਵਿਚ ਹਲਕੇ ਦੇ ਵੱਖ-ਵੱਖ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਵਰਕਰਾਂ ਨੇ ਆਪਣੇ ਸੁਝਾਅ ਸਾਂਝੇ ਕੀਤੇ।ਇਸ ਮੌਕੇ ਰਾਜਵਿੰਦਰ ਸਿੰਘ ਸੀਤਲ ਨੇ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੇ ਨਾਲ ਖੜ੍ਹੇ ਰਹਿਣਗੇ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸੰਘਰਸ਼ ਕਰਦੇ ਰਹਿਣਗੇ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਕਾਂਗਰਸ ਪਾਰਟੀ ਲੋਕਾਂ ਦੀ ਆਵਾਜ਼ ਬਣ ਕੇ ਉਨ੍ਹਾਂ ਦੇ ਹੱਕਾਂ ਲਈ ਲੜਦੀ ਰਹੇਗੀ। ਇਸ ਮੌਕੇ ਨਾਲ ਕਈ ਹੋਰ ਕਾਂਗਰਸੀ ਵਰਕਰ ਹਾਜ਼ਰ ਸਨ।

# ਸਾਮਰਾਜਵਾਦੀ ਨੀਤੀਆਂ ਦਾ ਜ਼ੋਰਦਾਰ ਵਿਰੋਧ ਕਰਕੇ ਸ਼ਹੀਦਾਂ ਨੂੰ ਸਿਜਦਾ ਕੀਤਾ



ਤਪਾ ਮੰਡੀ, 25 ਮਾਰਚ (ਭੂਸ਼ਨ ਘੜੈਲਾ/ਰਾਜੂ ਮਹਿਰਾ) : ਸਥਾਨਕ ਪੁਰਾਣੀ ਅਨਾਜ਼ ਮੰਡੀ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਵੱਖ-ਵੱਖ ਜਥੇਬੰਦੀਆਂ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਾਮਰਾਜਵਾਦ ਵਿਰੋਧੀ ਵਿਸ਼ਾਲ ਕਨਵੈਨਸ਼ਨ ਕੀਤੀ ਗਈ। ਬੀਕੇਯੂ ਡਕੌਂਦਾ ਬੁਰਜਗਿੱਲ ਦੇ ਆਗੂ ਦਰਸ਼ਨ ਸਿੰਘ ਮਹਿਤਾ, ਟ੍ਰੇਡ ਯੂਨੀਅਨ ਸੈਂਟਰ ਆਫ਼ ਇੰਡੀਆ ਦੇ ਆਗੂ ਲਾਭ ਸਿੰਘ ਅਕਲੀਆ, ਗੁਰਜੰਟ ਸਿੰਘ ਮਾਨਸਾ ਪੰਜਾਬ ਕਿਸਾਨ ਯੂਨੀਅਨ, ਮਜ਼ਦੂਰ ਮੁਕਤੀ ਮੋਰਚਾ ਦੇ ਆਗੂ ਗੁਰਪ੍ਰੀਤ ਸਿੰਘ ਰੂੜੇਕੇ , ਮੋਹਨ ਸਿੰਘ ਰੂੜੇਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਆਦਿ ਆਗੂਆਂ ਨੇ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿ ਸ਼ਹੀਦ ਭਗਤ ਅਤੇ ਉਸਦੇ ਸਾਥੀਆਂ ਨੇ ਭਾਰਤ ਨੂੰ ਆਜ਼ਾਦ ਕਰਵਾਉਣ ਲਈ ਆਪਣੀਆਂ ਸੂਰ ਵਰਗੀਆਂ ਜਵਾਨੀਆਂ ਵਾਰ ਦਿੱਤੀਆਂ। ਅੱਜ ਉਹਨਾਂ ਨੂੰ ਦੇਸ਼ - ਵਿਦੇਸ਼ ਵਿੱਚ ਸ਼ਰਧਾ ਦੇ ਫੁੱਲ ਭੇਟ ਕੀਤੇ ਜਾ ਰਹੇ ਹਨ। ਆਗੂਆਂ ਨੇ ਕਿਹਾ ਕਿ ਮਹਾਨ ਸ਼ਹੀਦਾਂ ਨੇ ਬਹੁਤ ਵੱਡੀਆਂ ਕੁਰਬਾਨੀਆਂ ਕਰਕੇ ਦੇਸ਼ ਨੂੰ ਆਜ਼ਾਦ ਕਰਵਾਇਆ ਸੀ, ਪਰ ਅੱਜ ਮੁੜ ਭਾਰਤ ਸਾਮਰਾਜੀਆਂ ਦੇ ਪੂਰੀ ਤਰ੍ਹਾਂ ਗੁਲਾਮ ਬਣ ਗਿਆ ਹੈ। ਹਰ ਖੇਤਰ ਦਾ ਭਗਵਾਂਕਰਨ ਕੀਤਾ ਜਾ ਰਿਹਾ ਹੈ। ਅੱਜ ਦੇਸ਼ ਵਿੱਚ ਸਾਮਰਾਜਵਾਦੀਆਂ ਅਤੇ ਵੱਡੇ ਕਾਰਪੋਰੇਟਾਂ ਦੇ ਇਸ਼ਾਰੇ 'ਤੇ ਵੱਡੇ ਪੂੰਜੀਪਤੀਆਂ ਨੂੰ ਫਾਇਦਾ ਪਹੁੰਚਾਉਣ ਲਈ ਕਾਨੂੰਨਾਂ ਵਿੱਚ ਸੋਧਾਂ ਕੀਤੀਆਂ ਜਾ ਰਹੀਆਂ ਹਨ। ਮੋਦੀ ਸਰਕਾਰ ਵਿੱਦਿਆ ਦਾ ਭਗਵਾਂਕਰਨ ਕਰ ਰਹੀ ਹੈ, ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਾਗੂ ਹੋ ਗਏ ਹਨ, ਕਿਸਾਨ ਵਿਰੋਧੀ ਖੇਤੀ ਕਾਨੂੰਨ ਪਾਸ ਕਰਕੇ ਕਿਸਾਨਾਂ ਤੋਂ ਜ਼ਮੀਨਾਂ ਖੋਹੀਆਂ ਜਾਂ ਰਹੀਆਂ ਹਨ। ਅੱਜ ਦੇ ਇਕੱਠ ਵਿੱਚ ਵੱਡੇ ਪੱਧਰ ਤੇ ਕਿਸਾਨਾਂ ਮਜ਼ਦੂਰਾਂ ਅਤੇ ਔਰਤਾਂ ਸ਼ਾਮਲ ਹੋਈਆਂ, ਜਿਨ੍ਹਾਂ ਨੇ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਜੰਮਕੇ ਨਾਹਰੇਬਾਜੀ ਕੀਤੀ। ਆਗੂਆਂ ਨੇ ਮੰਗ ਕੀਤੀ ਕਿ ਮਨਰੇਗਾ ਦਾ ਕਾਨੂੰਨ ਮੁੜ ਬਹਾਲ ਕੀਤਾ ਜਾਵੇ, ਨਵਾਂ ਬਿਜਲੀ ਐਕਟ 2025 ਅਤੇ ਨਵਾਂ ਬੀਜ਼ ਐਕਟ ਤੁਰੰਤ ਰੱਦ ਕਰੋ। ਮਹਿੰਗਾਈ ਅਤੇ ਬੇਰੁਜ਼ਗਾਰੀ ਉੱਪਰ ਰੋਕ ਲਗਾਓ। ਅੱਜ ਦੀ ਕਨਵੈਨਸ਼ਨ ਨੂੰ ਨਰਿੰਦਰ ਕੌਰ ਮਾਨਸਾ, ਨਛੱਤਰ ਸਿੰਘ ਰਾਮਨਗਰ, ਗੁਰਮੇਲ ਸ਼ਰਮਾ, ਸੁਖਦੇਵ ਸਿੰਘ ਭਦੌੜ, ਹਰਜਿੰਦਰ ਸਿੰਘ ਚੀਮਾ, ਲਖਵੀਰ ਸਿੰਘ ਦੁੱਲਮਸਰ, ਨਇਬ ਸਿੰਘ ਟੱਲੇਵਾਲ, ਸ਼ਿੰਦਰ ਕੌਰ ਹਰੀਗੜ੍ਹ, ਹਰਚਰਨ ਸਿੰਘ ਸੁਖਪੁਰਾ, ਜੱਗਾ ਸਿੰਘ ਬਦਰਾ ਆਦਿ ਆਗੂਆਂ ਨੇ ਕਨਵੈਨਸ਼ਨ ਨੂੰ ਸੰਬੋਧਨ ਕੀਤਾ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਜਗਸੀਰ ਸਿੰਘ ਸ਼ਹਿਣਾ ਨੇ ਬਾਖੂਬੀ ਨਿਭਾਈ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 510 ਕਾਰਡ ਬਣਾ ਕੇ ਰਿਕਾਰਡ ਕਾਇਮ ਕੀਤਾ



ਬਰਨਾਲਾ, 25 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਸਰਕਾਰ ਦੀ ਮਹੱਤਵਪੂਰਨ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ, ਵੱਖ-ਵੱਖ ਸੰਸਥਾਵਾਂ ਨੇ ਗੁਰਦੁਆਰਾ ਰਵਿਦਾਸੀਆ ਸਿੰਘ ਸਭਾ, ਬਰਨਾਲਾ ਵਿਖੇ ਜੌੜਾ ਦਰਵਾਜ਼ਾ, ਜੰਡਾ ਵਾਲਾ ਰੋਡ 'ਤੇ ਇੱਕ ਕੈਂਪ ਲਗਾਇਆ, ਜਿਸ ਵਿੱਚ 510 ਕਾਰਡ ਬਣਾ ਕੇ ਰਿਕਾਰਡ ਕਾਇਮ ਕੀਤਾ ਗਿਆ। ਪ੍ਰੈਸ ਨਾਲ ਗੱਲਬਾਤ ਕਰਦਿਆਂ, ਆੜ੍ਹਤੀਆ ਐਸੋਸੀਏਸ਼ਨ, ਬਰਨਾਲਾ ਦੇ ਚੇਅਰਮੈਨ ਧੀਰਜ ਕੁਮਾਰ ਦੱਧਾਹੂਰ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ ਦੀ ਅਗਵਾਈ ਹੇਠ, ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਲਾਭਾਂ ਨੂੰ ਉਤਸ਼ਾਹਿਤ ਕਰਨ ਲਈ ਸ਼ਹਿਰ ਦੇ ਵੱਖ-ਵੱਖ ਥਾਵਾਂ 'ਤੇ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਕਾਰਡ ਬਣਾਉਣ ਵਾਲੇ ਸਾਰੇ ਪਰਿਵਾਰਕ ਮੈਂਬਰਾਂ ਨੂੰ ਜਲਦੀ ਹੀ ਇਸ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਦਾ ਲਾਭ ਮਿਲੇਗਾ। ਇਸ ਮੌਕੇ ਮਨੋਹਰ ਸਹੌਰੀਆ, ਸੁਖਦੇਵ ਲੋਟਾਵਾ, ਹੈਪੀ ਸ਼ਰਮਾ, ਪ੍ਰਗਟ ਸਿੰਘ, ਜਗਤਾਰ ਸਿੰਘ, ਮਨੀ ਗਿੱਲ, ਗੋਪਾਲ ਮਿੱਤਲ, ਅਤੇ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

# ਐਸ.ਐਚ.ਓ. ਨੂੰ ਮੁਅੱਤਲ ਕਰਨ ਦੀ ਕਾਰਵਾਈ ਮਨਜ਼ੂਰ ਨਹੀਂ, ਮਾਮਲਾ ਦਰਜ ਹੋਣ ਤੱਕ ਸੰਘਰਸ਼ ਕਰਾਂਗੇ : ਵਿਧਾਇਕ ਢਿੱਲੋਂ



ਬਰਨਾਲਾ, 25 ਮਾਰਚ, (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹੇ ਦੇ ਪਿੰਡ ਰਾਜਗੜ੍ਹ ਵਿੱਚ ਪਿਛਲੇ ਦਿਨੀ ਵਾਪਰੇ ਇਕ ਘਟਨਾਕ੍ਰਮ ਵਿੱਚ ਜ਼ਿਲ੍ਹੇ ਦੇ ਉੱਚ ਪੁਲਿਸ ਅਧਿਕਾਰੀਆਂ ਵੱਲੋਂ ਥਾਣਾ ਧਨੌਲਾ ਦੇ ਐਸਐਚਓ ਨੂੰ ਬਚਾਉਣ ਦੇ ਯਤਨਾਂ ਦੀ ਸਖ਼ਤ ਨਿਖੇਧੀ ਕਰਦੇ ਹੋਏ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਕਿਹਾ ਕਿ ਐਸਐਚਓ ਵੱਲੋਂ ਇੱਕ ਪਰਿਵਾਰ ਦੀਆਂ ਔਰਤਾਂ ਨਾਲ ਕੀਤੀ ਬਦਸਲੂਕੀ ਅਤੇ ਮਾੜੇ ਵਿਵਹਾਰ ਦੀ ਪੂਰੀ ਕਾਰਵਾਈ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋਈ ਹੈ ਪ੍ਰੰਤੂ ਇਸ ਦੇ ਬਾਵਜੂਦ ਵੀ ਉੱਚ ਪੁਲਿਸ ਅਧਿਕਾਰੀਆਂ ਵੱਲੋਂ ਐਸਐਚਓ ਨੂੰ ਮੁਅੱਤਲ ਕਰਕੇ ਲਾਈਨ ਹਾਜ਼ਰ ਕਰਨ ਦੀ ਕਾਰਵਾਈ ਕੀਤੀ ਗਈ ਹੈ ਜਦ ਕਿ ਇਸ ਮਾਮਲੇ ਚ ਐਸਐਚਓ ਤੇ FIR ਦਰਜ ਹੋਣੀ ਚਾਹੀਦੀ ਹੈ। ਸਥਾਨਕ ਰੈਸਟ ਹਾਊਸ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਵਿਧਾਇਕ ਕਾਲਾ ਢਿੱਲੋਂ ਨੇ ਕਿਹਾ ਕਿ ਪਿੰਡ ਰਾਜਗੜ੍ਹ ਵਿੱਚ ਇੱਕ ਗਲੀ ਬਣਾਉਣ ਦੇ ਝਗੜੇ ਸਬੰਧੀ ਮੌਕੇ ਤੇ ਸਿਵਲ ਵਰਦੀ ਵਿੱਚ ਪੁੱਜੇ ਥਾਣਾ ਧਨੌਲਾ ਦੇ ਐਸਐਚਓ ਲਖਬੀਰ ਸਿੰਘ ਨੇ ਆਤਮ ਹੱਤਿਆ ਦੀ ਯਤਨ ਕਰਨ ਵਾਲੇ ਨੌਜਵਾਨ ਮਨਜਿੰਦਰ ਸਿੰਘ ਦੀਆਂ ਪਰਿਵਾਰਕ ਔਰਤਾਂ ਨੂੰ ਅਸ਼ਲੀਲ ਸ਼ਬਦਾਂ ਦੀ ਵਰਤੋਂ ਕੀਤੀ ਜਿਸ ਤੋਂ ਖ਼ਫ਼ਾ ਹੋ ਕੇ ਮਨਜਿੰਦਰ ਸਿੰਘ ਨੇ ਸਪਰੇ ਪੀਤੀ ਜੋ ਅਜੇ ਤੱਕ ਵੀ ਜੇਰੇ ਇਲਾਜ ਹੈ। ਉਹਨਾਂ ਕਿਹਾ ਕਿ ਪੁਲਿਸ ਨੇ ਸਿਰਫ ਪਿੰਡ ਦੀ ਇੱਕ ਪੰਚਾਇਤ ਮੈਂਬਰ ਤੇ ਐਫਆਈਆਰ ਦਰਜ ਕਰਕੇ ਗੋਂਗਲੂਆਂ ਤੋਂ ਮਿੱਟੀ ਝਾੜਨ ਦੀ ਗੱਲ ਕੀਤੀ ਹੈ ਜਦੋਂ ਕਿ ਮਨਜਿੰਦਰ ਸਿੰਘ ਨੇ ਮੌਕੇ ਤੇ ਪੁੱਜੇ ਐਸ ਐਚ ਓ ਲਖਬੀਰ ਸਿੰਘ ਦੇ ਵਿਵਹਾਰ ਤੋਂ ਤੰਗ ਆ ਕੇ ਆਪਣੀ ਜੀਵਨ ਲੀਲਾ ਖਤਮ ਕਰਨ ਸਬੰਧੀ ਖਤਰਨਾਕ ਕਦਮ ਚੁੱਕਿਆ ਪ੍ਰੰਤੂ ਪਰਿਵਾਰਕ ਮੈਂਬਰਾਂ ਵੱਲੋਂ ਮੌਕੇ ਤੇ ਉਸ ਨੂੰ ਦਾਖਲ ਕਰਵਾਏ ਜਾਣ ਕਰਕੇ ਉਸ ਦੀ ਜਾਨ ਬਚ ਗਈ। ਉਹਨਾਂ ਕਿਹਾ ਕਿ ਐਸ ਐਚ ਓ ਧਨੌਲਾ ਵੱਲੋਂ ਇਸ ਤੋਂ ਪਹਿਲਾਂ ਵੀ ਕਈ ਪਿੰਡਾਂ ਵਿੱਚ ਲੋਕਾਂ ਨਾਲ ਧੱਕੇਸ਼ਾਹੀ ਦੀਆਂ ਖ਼ਬਰਾਂ ਸਾਹਮਣੇ ਆ ਚੁੱਕੀਆਂ ਹਨ ਜਿਹੜੀਆਂ ਕਿ ਜ਼ਿਲ੍ਹਾ ਪੁਲਿਸ ਮੁਖੀ ਦੇ ਵੀ ਧਿਆਨ ਵਿੱਚ ਹਨ ਇਸ ਦੇ ਬਾਵਜੂਦ ਵੀ ਪਤਾ ਨਹੀਂ ਕਿਹੜੀ ਮਜਬੂਰੀਵੱਸ ਜ਼ਿਲ੍ਹਾ ਪੁਲਿਸ ਮੁਖੀ ਵੱਲੋਂ ਐਸਐਚਓ ਦੇ ਖ਼ਿਲਾਫ਼ ਸਿਰਫ਼ ਮੁਅੱਤਲ ਕਰਨ ਦੀ ਕਾਰਵਾਈ ਕੀਤੀ ਗਈ ਹੈ ਜਦਕਿ ਰਾਜਗੜ੍ਹ ਦਾ ਘਟਨਾਕਰਮ ਸਪੱਸ਼ਟ ਕਰਦਾ ਹੈ ਕਿ ਐਸਐਚਓ ਦੇ ਖ਼ਿਲਾਫ਼ ਸਖ਼ਤ ਧਾਰਾਵਾਂ ਤਹਿਤ ਮੁਕੱਦਮਾ ਦਰਜ ਹੋਣਾ ਚਾਹੀਦਾ ਹੈ। ਵਿਧਾਇਕ ਢਿੱਲੋਂ ਨੇ ਪੰਜਾਬ ਦੇ ਮਹਿਲਾ ਕਮਿਸ਼ਨ ਅਤੇ ਐਸਸੀ ਕਮਿਸ਼ਨ ਦੀ ਕਾਰਜਕੁਸ਼ਲਤਾ ਤੇ ਵੀ ਸਵਾਲ ਚੁੱਕਦੇ ਹੋਏ ਕਿਹਾ ਕਿ ਹੁਣ ਮਹਿਲਾ ਕਮਿਸ਼ਨ ਨੂੰ ਰਾਜਗੜ੍ਹ ਦੀਆਂ ਔਰਤਾਂ ਦੇ ਹੰਝੂ ਕਿਉਂ ਨਹੀਂ ਦਿਸ ਰਹੇ। ਉਹਨਾਂ ਕਿਹਾ ਕਿ ਸੂਬਾ ਮਹਿਲਾ ਕਮਿਸ਼ਨ ਅਤੇ ਐਸਸੀ ਕਮਿਸ਼ਨ ਸੱਤਾਧਾਰੀਆਂ ਦੀ ਕਠਪੁਤਲੀ ਬਣੇ ਹੋਏ ਹਨ, ਜਿਹੜੇ ਸੱਤਾ ਦੇ ਇਸ਼ਾਰੇ ਤੇ ਹੀ ਕੰਮ ਕਰ ਰਹੇ ਹਨ । ?ਵਿਧਾਇਕ ਢਿੱਲੋਂ ਨੇ ਇਹਨਾਂ ਸੱਤਾਧਾਰੀ ਆਗੂਆਂ ਨੂੰ ਵੀ ਚੇਤਾਵਨੀ ਦਿੱਤੀ ਕਿ ਸਰਕਾਰ ਦੇ ਸਿਰਫ ਛੇ ਕੁ ਮਹੀਨਿਆਂ ਦਾ ਸਮਾਂ ਬਚਿਆ ਹੈ, ਜਿਸ ਤੋਂ ਬਾਅਦ ਇਹ ਲੈਣੇ ਦੇ ਦੇਣੇ ਵੀ ਪੈ ਸਕਦੇ ਹਨ। ਵਿਧਾਇਕ ਢਿੱਲੋ ਨੇ ਚੇਤਾਵਨੀ ਦਿੱਤੀ ਕਿ ਜੇਕਰ ਦੋ ਦਿਨਾਂ ਦੇ ਵਿੱਚ ਸਬੰਧਿਤ ਐਸਐਚਓ ਦੇ ਖ਼ਿਲਾਫ਼ ਪੁਲਿਸ ਨੇ ਐਫ ਆਈ ਆਰ ਦਰਜ ਨਾ ਕੀਤੀ ਤਾਂ ਕਾਂਗਰਸ ਪਾਰਟੀ ਸੜਕਾਂ ਤੇ ਉਤਰੇਗੀ ਅਤੇ ਸਖ਼ਤ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।



# ਪਟਿਆਲਾ-ਆਸ/ਪਾਸ



## ਮਹਿਮਦਪੁਰ ਬਣੇਗਾ 'ਆਲੂ ਮੰਡੀ ਹੱਬ', ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਨਵੀਂ ਸਬਜ਼ੀ ਮੰਡੀ ਦਾ ਉਦਘਾਟਨ



ਸਮਾਣਾ, 25 ਮਾਰਚ (ਵਿਜੇ ਕੁਮਾਰ/ਸੁਖਜਿੰਦਰ/ਜਵੰਦਾ) : ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਅੱਜ ਮੰਡੀ ਮਹਿਮਦਪੁਰ ਵਿਖੇ ਨਵੀਂ ਸਬਜ਼ੀ ਮੰਡੀ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨੇ ਆਲੂ, ਮਟਰ ਅਤੇ ਪਿਆਜ ਦੀ ਖਰੀਦ ਸ਼ੁਰੂ ਕਰਵਾਈ। ਇਸ ਦੌਰਾਨ ਸ. ਬਰਸਟ ਨੇ ਇਸ ਮੰਡੀ ਨੂੰ 'ਆਲੂ ਮੰਡੀ ਹੱਬ'ਵਜੋਂ ਵਿਕਸਤ ਕਰਨ ਦਾ ਐਲਾਨ ਕੀਤਾ। ਇਸਦੇ ਨਾਲ ਹੀ ਚੇਅਰਮੈਨ ਵੱਲੋਂ 9.50 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ 16.05 ਕਿਲੋਮੀਟਰ ਲੰਬਾਈ ਵਾਲੀ ਲਿੰਕ ਸੜਕ ਦੇ ਨਿਰਮਾਣ ਕਾਰਜ ਦਾ ਵੀ ਉਦਘਾਟਨ ਕੀਤਾ ਗਿਆ, ਜੋ ਕਿ ਪਟਿਆਲਾ-ਸੰਗਰੂਰ ਹਾਈਵੇ (ਮਹਿਮਦਪੁਰ) ਤੋਂ ਨਾਭਾ ਵਾਇਆ ਬਰਸਟ, ਸੌਂਜਾ, ਰੌਹਟੀ, ਬਸਤਾ ਨੂੰ ਜਾਂਦੀ ਹੈ। ਸਮੂਹ ਇਲਾਕਾ ਨਿਵਾਸੀਆਂ ਵੱਲੋਂ ਸ. ਹਰਚੰਦ ਸਿੰਘ ਬਰਸਟ ਦਾ ਸਵਾਗਤ ਕੀਤਾ ਗਿਆ। ਸਮਾਗਮ ਦੌਰਾਨ ਸ. ਹਰਚੰਦ ਸਿੰਘ ਬਰਸਟ ਨੇ ਇਲਾਕਾ ਨਿਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਮੰਡੀ ਇਸ ਖੇਤਰ ਦੇ ਆਰਥਿਕ ਵਿਕਾਸ ਵਿੱਚ ਮੀਲ ਪੱਥਰ ਸਾਬਤ ਹੋਵੇਗੀ। ਇਸ ਹੱਬ ਦੇ ਬਣਨ ਨਾਲ ਇਲਾਕੇ ਵਿੱਚ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਇਸ ਮੰਡੀ ਦੇ ਸ਼ੁਰੂ ਹੋਣ ਨਾਲ ਆਲੇ-ਦੁਆਲੇ ਦੇ ਕਰੀਬ 25 ਕਿਲੋਮੀਟਰ ਦੇ ਰੇਡੀਅਸ ਦੇ ਕਿਸਾਨਾਂ ਨੂੰ ਬਹੁਤ ਲਾਭ ਹੋਵੇਗਾ। ਹੁਣ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਦੂਰ-ਦੁਰਾਡੇ ਦੀਆਂ ਮੰਡੀਆਂ ਵਿੱਚ ਨਹੀਂ ਜਾਣਾ ਪਵੇਗਾ, ਜਿਸ ਨਾਲ ਉਨ੍ਹਾਂ ਦੇ ਟਰਾਂਸਪੋਰਟ ਖਰਚੇ ਦੀ ਬਚਤ ਹੋਵੇਗੀ ਅਤੇ ਖੱਜਲ-ਖੁਆਰੀ ਖਤਮ ਹੋਵੇਗੀ। ਸ. ਬਰਸਟ ਨੇ ਵਿਸ਼ੇਸ਼ ਤੌਰ 'ਤੇ ਮਹਿਮਦਪੁਰ ਦੀ ਪੰਚਾਇਤ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਪਹਿਲਾਂ ਇੱਥੇ ਸਿਰਫ 4 ਏਕੜ ਵਿੱਚ ਸੀਜ਼ਨਲ ਮੰਡੀ ਲੱਗਦੀ ਸੀ, ਪਰ ਉਨ੍ਹਾਂ ਦੇ ਕਹਿਣ ਤੇ ਪੰਚਾਇਤ ਵੱਲੋਂ ਮੰਡੀ ਬੋਰਡ ਨੂੰ ਮੰਡੀ ਬਣਾਉਣ ਲਈ ਜਮੀਨ ਦਿੱਤੀ ਗਈ। ਉਨ੍ਹਾਂ ਕਿਹਾ ਕਿ 20 ਏਕੜ ਵਿੱਚ ਫੈਲੀ ਇਹ ਮੰਡੀ ਇੱਕ ਆਧੁਨਿਕ ਮੰਡੀ ਵਜੋਂ ਉਭਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਚੱਲ ਰਹੀ ਹੈ। ਇਸ ਮੌਕੇ ਅਸ਼ੋਕ ਕੁਮਾਰ ਸਿਰਸਵਾਲ ਚੇਅਰਮੈਨ ਮਾਰਕਿਟ ਕਮੇਟੀ ਪਟਿਆਲਾ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਜਸਬੀਰ ਸਿੰਘ ਤਰੈਂ ਮੈਂਬਰ ਜ਼ਿਲ੍ਹਾ ਪਰਿਸ਼ਦ, ਬਲਜਿੰਦਰ ਸਿੰਘ ਪਹਾੜਪੁਰ ਬਲਾਕ ਸਮੰਤੀ ਮੈਂਬਰ, ਦਰਬਾਰਾ ਸਿੰਘ ਤੁੱਲੇਵਾਲ ਬਲਾਕ ਸੰਮਤੀ ਮੈਂਬਰ, ਇੰਦਰਜੀਤ ਸਿੰਘ ਬਲਾਕ ਸੰਮਤੀ ਮੈਂਬਰ, ਬਲਕਾਰ ਸਿੰਘ ਰਾਜਗੜ੍ਹ ਵਾਇਸ ਚੇਅਰਮੈਨ ਬਲਾਕ ਸਮੰਤੀ ਮੈਂਬਰ, ਗੁਰਮੇਲ ਸਿੰਘ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਸਤਵੰਤ ਸਿੰਘ ਬਲਾਕ ਪ੍ਰਧਾਨ, ਅਸਲਮ ਮੁਹੰਮਦ ਜ਼ਿਲ੍ਹਾ ਮੰਡੀ ਅਫ਼ਸਰ, ਅੰਮ੍ਰਿਤਪਾਲ ਸਿੰਘ ਕਾਰਜਕਾਰੀ ਇੰਜੀਨੀਅਰ, ਰਾਮ ਸਿੰਘ ਸਰਪੰਚ ਫਤਿਹਪੁਰ, ਜਗਦੀਪ ਸਿੰਘ ਸਰਪੰਚ ਪਹਾੜਪੁਰ, ਪਰਗਟ ਸਿੰਘ ਸਰਪੰਚ ਢਕੜੱਬਾ, ਜਸਵੰਤ ਸਿੰਘ ਸਰਪੰਚ ਚੂਹੜਪੁਰ, ਸੁਖਚੈਨ ਸਿੰਘ ਸਰਪੰਚ ਖੂੰਟੀ ਛੰਨਾ, ਰਾਜਿੰਦਰ ਸਿੰਘ ਸਰਪੰਚ ਸਾਹਿਬਪੁਰਾ, ਅਮਰਜੀਤ ਸਿੰਘ ਸਰਪੰਚ ਭੇਡਪੁਰਾ, ਸੋਮ ਚੰਦ ਸੋਮੀ ਸਰਪੰਚ ਤਰਖਾਣ ਮਾਜਰਾ, ਨਰਿੰਦਰ ਸਿੰਘ ਸਰਪੰਚ ਬਰਸਟ, ਭਰਪੂਰ ਸਿੰਘ ਨੰਬਰਦਾਰ, ਯਾਦਵਿੰਦਰ ਸਿੰਘ ਸਰਪੰਚ ਪਸਿਆਣਾ, ਪ੍ਰੇਮ ਸਰਪੰਚ ਖੇੜੀ ਮੁਸਲਮਾਨੀਆਂ, ਅਕਾਸ਼ਦੀਪ ਸਿੰਘ ਸਰਪੰਚ ਬਨੇਰਾ, ਜਗਦੀਪ ਸਿੰਘ ਸਰਪੰਚ ਛੰਨਾ, ਭੁਪਿੰਦਰ ਸਿੰਘ ਸਰਪੰਚ ਖੇੜੀ ਗੌੜੀਆਂ, ਸਤਗੁਰ ਸਿੰਘ ਸਰਪੰਚ ਤਰੌੜਾ, ਅਮਰੀਕ ਸਿੰਘ ਸਰਪੰਚ ਭਾਨਰੀ, ਹਰਪਾਲ ਸਿੰਘ ਫਤਿਹਪੁਰ, ਹਰਦੀਪ ਸਿੰਘ ਸੇਖੂਪੁਰ, ਗੁਰਸੇਵਕ ਸਿੰਘ ਪੰਚ ਦਦਹੇੜਾ, ਗੁਰਸੇਵਕ ਸਿੰਘ ਪੰਚ ਰੱਖੜਾ, ਗੁਲਜਾਰ ਸਿੰਘ ਦੁਘਾਟ, ਬਲਕਾਰ ਡਕਾਲਾ, ਹੇਮਇੰਦਰ ਸਿੰਘ ਮਾਲੋਮਾਜਰਾ, ਗੁਰਜੀਤ ਸਿੰਘ ਗ੍ਰੀਨ ਪਾਰਕ, ਹਰਪਿੰਦਰ ਸਿੰਘ ਰਾਠੀ, ਲਖਵਿੰਦਰ ਸਿੰਘ ਸਾਬਕਾ ਸਰਪੰਚ ਲਲੋਛੀ, ਭਰਪੂਰ ਸਿੰਘ ਸਵਾਜਪੁਰ, ਮਨਦੀਪ ਸਿੰਘ ਗਿੰਨੀ ਤਰੌੜਾ, ਸੋਨੂੰ ਕੋਰਜੀਵਾਲ, ਪਰਗਟ ਸਿੰਘ ਜਾਹਲਾ, ਜਗਤਾਰ ਸਿੰਘ ਸ਼ੇਖੂਪੁਰ, ਜਗਰੂਪ ਸਿੰਘ ਯੂਪੀ ਸਾਬਕਾ ਸਰਪੰਚ ਫਤਿਹਪੁਰ, ਚਰਨਜੀਤ ਸਿੰਘ ਮਹਿਮਦਪੁਰ, ਦਰਸ਼ਨ ਸਿੰਘ ਨੰਬਰਦਾਰ ਧਬਲਾਨ, ਹਰਮੀਤ ਸਿੰਘ ਧਬਲਾਨ, ਕਰਮਜੀਤ ਸਿੰਘ ਸੌਂਜਾ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

### ਨਗਰ ਨਿਗਮ ਵੱਲੋਂ ਸਫਾਈ 'ਚ ਨਵਾਂ ਕਦਮ

## 'ਵੈਟ ਐਂਡ ਡ੍ਰਾਈ ਵੇਸਟ ਲਿਟਰ ਪਿਕਰ ਮਸ਼ੀਨ' ਦੀ ਸ਼ੁਰੂਆਤ

>ਆਧੁਨਿਕ ਤਕਨਾਲੋਜੀ ਨਾਲ ਸ਼ਹਿਰ ਹੋਵੇਗਾ ਹੋਰ ਸਾਫ਼-ਸੁਥਰਾ : ਮੇਅਰ, ਕਮਿਸ਼ਨਰ



ਪਟਿਆਲਾ, 25 ਮਾਰਚ (ਚ.ਨ.ਸ.) : ਸ਼ਹਿਰ ਦੀ ਸਫਾਈ ਪ੍ਰਣਾਲੀ ਨੂੰ ਹੋਰ ਮਜ਼ਬੂਤ ਅਤੇ ਆਧੁਨਿਕ ਬਣਾਉਣ ਲਈ ਨਗਰ ਨਿਗਮ ਪਟਿਆਲਾ ਵੱਲੋਂ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪਰਮਜੀਤ ਸਿੰਘ ਵੱਲੋਂ ਸ਼ਹਿਰ ਵਿੱਚ 'ਵੈਟ ਐਂਡ ਡ੍ਰਾਈ ਵੇਸਟ ਲਿਟਰ ਪਿਕਰ ਮਸ਼ੀਨ' ਦੀ ਸ਼ੁਰੂਆਤ ਕੀਤੀ ਗਈ, ਜੋ ਸਫਾਈ ਪ੍ਰਬੰਧ ਵਿੱਚ ਨਵੀਂ ਤਕਨਾਲੋਜੀ ਦੀ ਮਿਸਾਲ ਹੈ।ਇਸ ਮੌਕੇ 'ਤੇ ਗੱਲਬਾਤ ਕਰਦਿਆਂ ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪਰਮਜੀਤ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਨਗਰ ਨਿਗਮ ਦਾ ਮੁੱਖ ਉਦੇਸ਼ ਪਟਿਆਲਾ ਨੂੰ ਸਾਫ਼-ਸੁਥਰਾ ਅਤੇ ਪ੍ਰਦੂਸ਼ਣ-ਮੁਕਤ ਸ਼ਹਿਰ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਇਹ ਨਵੀਂ ਮਸ਼ੀਨ ਸੜਕਾਂ, ਬਾਜ਼ਾਰਾਂ ਅਤੇ ਹੋਰ ਜਨਤਕ ਥਾਵਾਂ 'ਤੇ ਕੂੜਾ ਇਕੱਠਾ ਕਰਨ ਵਿੱਚ ਬਹੁਤ ਪ੍ਰਭਾਵਸ਼ਾਲੀ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਪਹਿਲਾਂ ਸਫਾਈ ਕਰਮਚਾਰੀਆਂ ਨੂੰ ਕੂੜਾ ਇਕੱਠਾ ਕਰਨ ਲਈ ਕਾਫ਼ੀ ਮਿਹਨਤ ਕਰਨੀ ਪੈਂਦੀ ਸੀ, ਪਰ ਇਸ ਮਸ਼ੀਨ ਦੇ ਆਉਣ ਨਾਲ ਉਹਨਾਂ ਦਾ ਕੰਮ ਕਾਫ਼ੀ ਹੱਦ ਤੱਕ ਆਸਾਨ ਹੋ ਜਾਵੇਗਾ। ਮਸ਼ੀਨ ਵਿੱਚ ਲੱਗੇ ਆਧੁਨਿਕ ਸਕਸ਼ਨ ਸਿਸਟਮ ਰਾਹੀਂ ਕੂੜਾ ਤੇਜ਼ੀ ਨਾਲ ਚੁੱਕਿਆ ਜਾਂਦਾ ਹੈ ਅਤੇ ਮਸ਼ੀਨ ਦੇ ਅੰਦਰ ਇਕੱਠਾ ਕੀਤਾ ਜਾਂਦਾ ਹੈ, ਜਿਸ ਨਾਲ ਸਫਾਈ ਦੀ ਗੁਣਵੱਤਾ ਵਿੱਚ ਵੱਡਾ ਸੁਧਾਰ ਆਵੇਗਾ। ਉਹਨਾਂ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਤਰ੍ਹਾਂ ਦੀਆਂ ਮਸ਼ੀਨਾਂ ਨਾਲ ਨਾ ਸਿਰਫ ਸਫਾਈ ਦਾ ਕੰਮ ਤੇਜ਼ ਹੋਵੇਗਾ, ਸਗੋਂ ਮਨੁੱਖੀ ਮਿਹਨਤ ਵਿੱਚ ਵੀ ਕਮੀ ਆਵੇਗੀ ਅਤੇ ਸ਼ਹਿਰ ਦੀਆਂ ਸੜਕਾਂ ਹੋਰ ਵੀ ਸਾਫ਼-ਸੁਥਰੀਆਂ ਨਜ਼ਰ ਆਉਣਗੀਆਂ। ਉਨ੍ਹਾਂ ਕਿਹਾ ਕਿ ਨਗਰ ਨਿਗਮ ਵੱਲੋਂ ਆਉਣ ਵਾਲੇ ਸਮੇਂ ਵਿੱਚ ਵੀ ਹੋਰ ਆਧੁਨਿਕ ਮਸ਼ੀਨਾਂ ਲਿਆਂਦੀਆਂ ਜਾਣਗੀਆਂ ਤਾਂ ਜੋ ਸਫਾਈ ਪ੍ਰਣਾਲੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਇਸ ਮੌਕੇ 'ਤੇ ਨਗਰ ਨਿਗਮ ਦੇ ਅਧਿਕਾਰੀਆਂ ਅਤੇ ਸਫਾਈ ਕਰਮਚਾਰੀਆਂ ਨੇ ਵੀ ਇਸ ਨਵੀਂ ਮਸ਼ੀਨ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਇਸ ਨਾਲ ਸ਼ਹਿਰ ਵਿੱਚ ਸਫਾਈ ਪ੍ਰਣਾਲੀ ਨੂੰ ਨਵੀਂ ਦਿਸ਼ਾ ਮਿਲੇਗੀ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਪਟਿਆਲਾ ਹੋਰ ਵੀ ਸਾਫ਼-ਸੁਥਰਾ ਅਤੇ ਸੁੰਦਰ ਸ਼ਹਿਰ ਬਣ ਕੇ ਸਾਹਮਣੇ ਆਵੇਗਾ।

## ਘੱਗਰ ਦੇ ਪਾੜ ਤੇ ਨਾਜਾਇਜ਼ ਮਾਈਨਿੰਗ ਖ਼ਿਲਾਫ਼ 28 ਮਾਰਚ ਨੂੰ ਮੰਜੋਲੀ 'ਚ ਸਰਬ ਸਾਂਝਾ ਇਕੱਠ, ਸਾਰੀਆਂ ਪਾਰਟੀਆਂ ਤੇ ਯੂਨੀਅਨਾਂ ਨੂੰ ਸੱਦਾ



ਘਨੌਰ, 25 ਮਾਰਚ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਵਿਚ ਘੱਗਰ ਦਰਿਆ ਵਿੱਚ ਪੈ ਰਹੇ ਪਾੜਾਂ ਅਤੇ ਨਾਜਾਇਜ਼ ਮਾਈਨਿੰਗ ਦੇ ਮਸਲੇ ਨੂੰ ਲੈ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਗੁਰਸੇਵਕ ਸਿੰਘ ਅੰਟਾਲ ਵੱਲੋਂ ਪ੍ਰੈਸ ਕਾਨਫਰੰਸ ਕਰਕੇ 28 ਮਾਰਚ ਨੂੰ ਘਨੌਰ ਨੇੜਲੇ ਪਿੰਡ ਮੰਜੋਲੀ ਵਿਖੇ ਸਰਬ ਸਾਂਝਾ ਇਕੱਠ ਕਰਨ ਦਾ ਐਲਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਇਕੱਠ ਵਿੱਚ ਸਾਰੀਆਂ ਰਾਜਨੀਤਿਕ ਪਾਰਟੀਆਂ, ਕਿਸਾਨ ਯੂਨੀਅਨਾਂ ਅਤੇ ਸਮਾਜ ਸੁਧਾਰਕ ਕਲੱਬਾਂ ਨੂੰ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਹੈ ਤਾਂ ਜੋ ਘੱਗਰ ਦੇ ਬੰਨਾਂ ਦੇ ਮਸਲੇ ਦਾ ਪੱਕਾ ਹੱਲ ਲੱਭਿਆ ਜਾ ਸਕੇ।ਪ੍ਰੈਸ ਕਾਨਫਰੰਸ ਦੌਰਾਨ ਗੁਰਸੇਵਕ ਸਿੰਘ ਅੰਟਾਲ ਨੇ ਦੱਸਿਆ ਕਿ ਰਾਮਪੁਰ ਦੇ ਪੁਲ ਨੇੜੇ ਕਰੀਬ 70 ਤੋਂ 80 ਫੁੱਟ ਚੌੜਾ ਵੱਡਾ ਪਾੜ ਜੇ.ਸੀ.ਬੀ. ਮਸ਼ੀਨਾਂ ਨਾਲ ਪੁੱਟਿਆ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਘੱਗਰ ਦੀ ਸਫਾਈ ਦੌਰਾਨ ਨਿਕਲ ਰਹੀ ਮਿੱਟੀ ਨੂੰ ਵੇਚਣ ਦੀ ਬਜਾਏ ਦਰਿਆ ਦੇ ਕਿਨਾਰਿਆਂ 'ਤੇ ਲਗਾ ਕੇ ਬੰਨਾਂ ਨੂੰ ਮਜ਼ਬੂਤ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਹੜਾਂ ਤੋਂ ਬਚਾਅ ਹੋ ਸਕੇ।ਉਨ੍ਹਾਂ ਦੱਸਿਆ ਕਿ ਧੰਨਾ ਭਗਤ ਗੁਰਦੁਆਰਾ ਸਾਹਿਬ ਨੇੜੇ ਇੱਕ ਕਿਸਾਨ ਦੀ ਆਪਣੀ ਜ਼ਮੀਨ ਵਿੱਚ ਸਰਕਾਰੀ ਠੱਡੀਆਂ ਲਗਾ ਦਿੱਤੀਆਂ ਗਈਆਂ ਹਨ। ਉਸ ਕਿਸਾਨ ਦੀ ਮੰਗ ਹੈ ਕਿ ਉਹ ਆਪਣੀ ਦੂਜੀ ਜ਼ਮੀਨ ਵਿੱਚੋਂ ਮਿੱਟੀ ਪੁੱਟ ਕੇ ਨੀਵੀਂ ਜ਼ਮੀਨ ਨੂੰ ਉੱਚਾ ਕਰ ਲਵੇ, ਪਰ ਸਰਕਾਰ ਵੱਲੋਂ ਉਸ ਨੂੰ ਮਨਜ਼ੂਰੀ ਨਹੀਂ ਦਿੱਤੀ ਜਾ ਰਹੀ।ਗੁਰਸੇਵਕ ਸਿੰਘ ਅੰਟਾਲ ਨੇ ਕਿਹਾ ਕਿ ਇਲਾਕੇ ਦੀ ਬਦਕਿਸਮਤੀ ਹੈ ਕਿ ਹੜਾਂ ਨਾਲ ਨੁਕਸਾਨ ਲੋਕਾਂ ਦਾ ਹੁੰਦਾ ਹੈ, ਪਰ ਮਿੱਟੀ ਵੇਚ ਕੇ ਫ਼ਾਇਦਾ ਸਰਕਾਰ ਅਤੇ ਉਸ ਦੇ ਨੁਮਾਇੰਦਿਆਂ ਨੂੰ ਮਿਲਦਾ ਹੈ।ਇਸ ਸਬੰਧੀ ਜਦੋਂ ਘਨੌਰ ਹਲਕੇ ਦੇ ਵਿਧਾਇਕ ਗੁਰਲਾਲ ਘਨੌਰ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਵਾਰ-ਵਾਰ ਫੋਨ ਕਰਨ ਦੇ ਬਾਵਜੂਦ ਉਨ੍ਹਾਂ ਨਾਲ ਗੱਲ ਨਹੀਂ ਹੋ ਸਕੀ।

## ਜ਼ਿਲ੍ਹਾ ਪ੍ਰੀਸ਼ਦ ਮੈਂਬਰ ਵੱਲੋਂ ਪਿੰਡ ਡਰੌਲਾ ਵਿਖੇ ਵਿਕਾਸ ਕਾਰਜਾਂ ਬਾਰੇ ਮੀਟਿੰਗ



ਸਮਾਣਾ, 25 ਮਾਰਚ (ਜਵੰਦਾ) : ਹਲਕਾ ਸਮਾਣਾ ਤੋਂ ਆਮ ਆਦਮੀ ਪਾਰਟੀ ਦੀ ਮਹਿਲਾ ਵਿੰਗ ਇੰਚਾਰਜ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਨਜੀਤ ਕੌਰ ਚੌਹਠ ਵੱਲੋਂ ਅੱਜ ਪਿੰਡ ਡਰੌਲਾ ਵਿਖੇ ਪਿੰਡ ਦੀ ਪੰਚਾਇਤ ਅਤੇ ਵਾਸੀਆਂ ਨਾਲ ਇਕ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਸਰਕਾਰ ਦੇ ਪਿਛਲੇ 4 ਸਾਲਾਂ ਦੇ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਮੀਟਿੰਗ ਦੌਰਾਨ ਮਨਜੀਤ ਕੌਰ ਚੌਹਠ ਨੇ ਕਿਹਾ ਕਿ ਵਿਧਾਇਕ ਸ੍ਰੀ ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਹਲਕਾ ਸਮਾਣਾ ਅਤੇ ਮੈਣ ਜ਼ੋਨ ਦੇ ਪਿੰਡਾਂ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਭਰੋਸਾ ਦਿੱਤਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਕਾਰਜ ਜਾਰੀ ਰਹਿਣਗੇ। ਉਨ੍ਹਾਂ ਨੇ ਭਗਵੰਤ ਮਾਨ ਸਰਕਾਰ ਵੱਲੋਂ ਪਿੰਡਾਂ ਦੇ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਬਾਰੇ ਵੀ ਪਿੰਡ ਵਾਸੀਆਂ ਨੂੰ ਜਾਣਕਾਰੀ ਦਿੱਤੀ ਅਤੇ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਉਜਾਗਰ ਕੀਤਾ।

## ਸੱਤਵੇਂ ਨਵਰਾਤਰੇ ਤੱਕ ਸ੍ਰੀ ਕਾਲੀ ਦੇਵੀ ਮੰਦਰ 'ਚ ਕਰੀਬ 4 ਲੱਖ ਸ਼ਰਧਾਲੂਆਂ ਨੇ ਦਰਸ਼ਨ ਕੀਤੇ

ਪਟਿਆਲਾ, 25 ਮਾਰਚ (ਚ.ਨ.ਸ) : ਪਟਿਆਲਾ ਦੇ ਇਤਿਹਾਸਕ ਤੇ ਪੁਰਾਤਨ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ ਚੱਲ ਰਹੇ ਚੇਤ ਦੇ ਨਵਰਾਤਰਿਆਂ ਦੌਰਾਨ ਸਤਵੇਂ ਨਰਾਤੇ ਤੱਕ ਕਰੀਬ ਚਾਰ ਲੱਖ ਸ਼ਰਧਾਲੂਆਂ ਨੇ ਮਾਤਾ ਰਾਣੀ ਦੇ ਦਰਸ਼ਨ ਕੀਤੇ ਹਨ। ਸਤਵੇਂ ਨਰਾਤੇ ਮੌਕੇ ਸ਼ਰਧਾਲੂ ਪੁੱਜੇ ਤੇ ਸ਼ਰਧਾ ਨਾਲ ਮੰਦਿਰ ਵਿਖੇ ਨਤਮਸਤਕ ਹੋਏ। ਮੰਦਿਰ ਵਿਖੇ ਵੱਡੀ ਗਿਣਤੀ ਵਿਚ ਪੁੱਜ ਰਹੇ ਸ਼ਰਧਾਲੂਆਂ ਦੀ ਸਹੂਲਤ ਲਈ ਮੰਦਿਰ ਦੀ ਐਡਵਾਇਜਰੀ ਮੈਨੇਜਿੰਗ ਕਮੇਟੀ ਵੱਲੋਂ ਵਿਆਪਕ ਪ੍ਰਬੰਧ ਕੀਤੇ ਗਏ ਹਨ, ਇਨ੍ਹਾਂ ਪ੍ਰਬੰਧਾਂ ਦੀ ਸ਼ਰਧਾਲੂਆਂ ਵੱਲੋਂ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ। ਸ਼ਰਧਾਲੂਆਂ ਨੇ ਦੱਸਿਆ ਕਿ ਮੰਦਿਰ 'ਚ ਤਿੰਨ ਸਮੇਂ ਦਾ ਲੰਗਰ ਵਰਤਾਇਆ ਜਾਂਦਾ ਹੈ। ਆਪਣੇ ਪਰਿਵਾਰ ਸਮੇਤ ਮੰਦਿਰ ਪੁੱਜੇ ਸ਼ਰਧਾਲੂਆਂ ਨੇ ਕਿਹਾ ਕਿ ਉਹ ਪਿਛਲੇ ਕਈ ਸਾਲਾਂ ਤੋਂ ਮੰਦਿਰ ਆ ਰਹੇ ਹਨ ਪਰੰਤੂ ਇਸ ਵਾਰ ਦੇ ਪ੍ਰਬੰਧਾਂ ਦੀ ਸਚਮੁੱਚ ਸ਼ਲਾਘਾ ਕਰਨੀ ਬਣਦੀ ਹੈ। ਉਨ੍ਹਾਂ ਕਿਹਾ ਕਿ ਸੇਵਾਦਾਰ ਤੇ ਸੁਰੱਖਿਆ ਮੁਲਾਜ਼ਮ ਸ਼ਰਧਾਲੂਆਂ ਨੂੰ ਪੂਰਾ ਗਾਇਡ ਕੀਤਾ ਜਾਂਦਾ ਹੈ। ਉਨ੍ਹਾਂ ਦਸਿਆ ਕਿ ਦਿਵਿਆਂਗ ਹੋਣ ਕਰਕੇ ਕਈ ਵਿਅਕਤੀ ਚੱਲ ਨਹੀਂ ਸਕਦੇ ਤੇ ਉਨ੍ਹਾਂ ਲਈ ਸੇਵਾਦਾਰਾਂ ਨੇ ਤੁਰੰਤ ਵੀਲ੍ਹਚੇਅਰ ਦਾ ਪ੍ਰਬੰਧ ਕਰਕੇ ਉਨ੍ਹਾਂ ਨੂੰ ਮਾਤਾ ਦੇ ਦਰਸ਼ਨ ਕਰਵਾਏ। ਇਸੇ ਦੌਰਾਨ ਸਲਾਹਕਾਰੀ ਮੈਨੇਜਿੰਗ ਕਮੇਟੀ ਦੇ ਮੈਂਬਰ ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜਨ ਗੁਪਤਾ ਨੇ ਦੱਸਿਆ ਕਿ ਮੰਦਿਰ 'ਚ ਸ਼ਰਧਾਲੂਆਂ ਵੱਲੋਂ ਦਰਸ਼ਨ ਕਰਨ ਲਈ ਲਾਇਨਾਂ, ਧਾਰਮਿਕ ਭਜਨ, ਹਵਨ, ਸੁਰੱਖਿਆ, ਲੰਗਰ, ਵੀਲ੍ਹ ਚੇਅਰ, 2 ਹੈਲਪ ਡੈਸਕ, ਸਾਫ਼-ਸਫ਼ਾਈ, ਸ਼ਰਧਾਲੂਆਂ ਲਈ ਲੋੜੀਂਦੀ ਜਾਣਕਾਰੀ ਦੀ ਅਨਾਊਂਸਮੈਂਟ, ਮੈਡੀਕਲ ਟੀਮ, ਲੋੜਵੰਦ ਸ਼ਰਧਾਲੂਆਂ ਲਈ ਵੀਲ੍ਹਚੇਅਰ ਦੇ ਵੀ ਪ੍ਰਬੰਧ ਹਨ। ਉਨ੍ਹਾਂ ਦਸਿਆ ਕਿ ਮੰਦਿਰ 'ਚ ਸੇਵਾਦਾਰ ਤੋਂ ਬਿਨ੍ਹਾਂ ਮੰਦਿਰ ਦੀ ਬਾਹਰੀ ਸੁਰੱਖਿਆ ਲਈ ਪਟਿਆਲਾ ਪੁਲਿਸ ਤੇ ਸੀ.ਆਰ.ਪੀ.ਐਫ਼ ਦੇ ਜਵਾਨ ਵੀ ਤਾਇਨਾਤ ਹਨ ਤੇ ਮੰਦਿਰ ਦੇ ਹਰ ਕੋਨੇ 'ਚ ਪੁਰਸ਼ ਤੇ ਮਹਿਲਾ ਪੁਲਿਸ ਮੁਲਾਜ਼ਮਾਂ ਦੀ ਵਿਸ਼ੇਸ਼ ਤਾਇਨਾਤੀ ਕੀਤੀ ਗਈ ਹੈ।

## ਮੁੱਖ ਮੰਤਰੀ ਮਾਨ ਦੀ ਰੈਲੀ ਲਈ ਸਨੌਰ ਦੇ ਯੂਥ 'ਚ ਭਾਰੀ ਉਤਸ਼ਾਹ : ਸੰਘੇੜਾ



ਸਨੌਰ, 25 ਮਾਰਚ (ਪ੍ਰਥਮ ਕੁਮਾਰ) : ਹਲਕਾ ਸਨੌਰ ਵਿੱਚ ਹੋਣ ਜਾ ਰਹੀ ਮੁੱਖ ਮੰਤਰੀ ਭਗਵੰਤ ਮਾਨ ਦੀ 30 ਮਾਰਚ ਵਿਸ਼ਾਲ ਰੈਲੀ ਨੂੰ ਲੈ ਕੇ ਯੂਥ ਵਿੱਚ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਯੂਥ ਪ੍ਰਧਾਨ ਅਮਰਦੀਪ ਸਿੰਘ ਅਮਰ ਸੰਘੇੜਾ ਨੇ ਕਿਹਾ ਕਿ ਹਲਕੇ ਦਾ ਨੌਜਵਾਨ ਵਰਗ ਇਸ ਰੈਲੀ ਨੂੰ ਸਫਲ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਵਿਕਾਸ ਦੇ ਨਵੇਂ ਮਿਆਰ ਸਥਾਪਿਤ ਹੋ ਰਹੇ ਹਨ, ਜਿਸ ਕਾਰਨ ਨੌਜਵਾਨਾਂ ਵਿੱਚ ਸਰਕਾਰ ਪ੍ਰਤੀ ਭਰੋਸਾ ਵਧਿਆ ਹੈ। ਯੂਥ ਪ੍ਰਧਾਨ ਨੇ ਦੱਸਿਆ ਕਿ ਰੈਲੀ ਲਈ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ ਅਤੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਵਿੱਚ ਯੂਥ ਟੀਮਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਉਹਨਾਂ ਕਿਹਾ ਕਿ ਇਹ ਵਿਸ਼ਾਲ ਰੈਲੀ ਹਲਕਾ ਇੰਚਾਰਜ ਰਣਜੋਧ ਹਡਾਣਾ ਦੀ ਰੂਹਨੁਮਾਈ ਹੇਠ ਸਫਲ ਰਹੇਗੀ।

## ਪੀ.ਆਰ. ਅਪਲਾਈ ਕਰਾਉਣ ਦਾ ਝਾਂਸਾ ਦੇ ਕੇ ਮਾਰੀ ਠੱਗੀ

ਪਟਿਆਲਾ, 25 ਮਾਰਚ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਕੋਲ ਜਗਸੀਪ ਕੌਰ ਪਤਨੀ ਇਕਬਾਲ ਸਿੰਘ ਵਾਸੀ ਅਨੰਦ ਨਗਰ-ਬੀ ਦੀਪ ਨਗਰ ਪਟਿਆਲਾ ਨੇ ਕਥਿਤ ਦੋਸ਼ੀਆਂ ਸੁਰਿੰਦਰ ਕੌਰ, ਜਗਦੀਪ ਸਿੰਘ ਵਾਸੀ ਸੈਫਲਪੁਰ ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਕੁਲਦੀਪ ਸਿੰਘ ਮਾਲਕ, ਸਟਾਫ ਮੈਂਬਰ ਸੁਖਦੀਪ ਕੌਰ ਮੈਸ ਪਾਰਥ ਵੀਜਾ ਸਰਵਿਸ ਐਸ.ਓ ਨੰ. 4 ਲੀਲਾ ਭਵਨ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਕਥਿਤ ਦੋਸ਼ੀਆਂ ਨੇ ਉਸ ਕੈਨੇਡਾ ਦੀ ਪੀ.ਆਰ. ਅਪਲਾਈ ਕਰਾਉਣ ਦਾ ਝਾਂਸਾ ਦੇ ਕੇ 5,73,875 ਰੁਪਏ ਲੈ ਲਏ, ਪਰ ਬਾਅਦ ਵਿੱਚ ਨਾ ਤਾਂ ਪੀ.ਆਰ ਅਪਲਾਈ ਕੀਤੀ ਅਤੇ ਨਾ ਹੀ ਪੈਸੇ ਵਾਪਿਸ ਕੀਤੇ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਪਬਲਿਕ ਕਾਲਜ ਦੀ ਜੌਗਰਫੀ ਟੀਮ ਨੇ ਸਟੇਟ ਲੈਵਲ 'ਚ ਦੂਜਾ ਸਥਾਨ ਹਾਸਲ ਕੀਤਾ



ਸਮਾਣਾ, 25 ਮਾਰਚ (ਵਿਜੇ ਕੁਮਾਰ) : ਖਾਲਸਾ ਕਾਲਜ ਪਟਿਆਲਾ ਵਿਖੇ ਕਰਵਾਏ ਗਏ ਜੋਨਲ ਲੈਵਲ ਜੌਗਰਾਫੀਕਲ ਕੁਇੱਜ ਮੁਕਾਬਲੇ 'ਚ ਪਬਲਿਕ ਕਾਲਜ ਨੇ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸ ਉਪਰੰਤ ਪਬਲਿਕ ਕਾਲਜ ਸਮਾਣਾ ਦੀ ਜੌਗਰਫੀ ਟੀਮ ਨੇ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਅਤੇ ਪ੍ਰੋਫੈਸਰ ਦਵਿੰਦਰ ਸਿੰਘ ਜੌਗਰਫੀ ਵਿਭਾਗ ਦੀ ਯੋਗ ਅਗਵਾਈ ਹੇਠ ਡਾ. ਜੇ. ਪੀ. ਸਿੰਘ ਮੈਮੋਰੀਅਲ ਸਟੇਟ ਲੈਵਲ ਜੌਗਰਫੀ ਕੁਇੱਜ 2026 ਵਿੱਚ ਦੂਜਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੋਸ਼ਨ ਕੀਤਾ ਹੈ। ਹਰਕੀਰਤ ਕੌਰ ਬੀ.ਏ.ਭਾਗ ਦੂਜਾ, ਲਛਮੀ ਬੀ.ਏ.ਭਾਗ ਤੀਜਾ ਅਤੇ ਹੁਸਨਪ੍ਰੀਤ ਕੌਰ ਬੀ.ਏ.ਭਾਗ ਤੀਜਾ ਨੇ ਇਸ ਮੁਕਾਬਲੇ ਵਿਚ ਭਾਗ ਲਿਆ ਅਤੇ ਦੂਜਾ ਸਥਾਨ ਪ੍ਰਾਪਤ ਕਰਕੇ ਇੰਟਰ ਸਟੇਟ ਜੌਗਰਫੀ ਕੁਇੱਜ ਕੰਟੈਸਟ ਲਈ ਕੁਆਲੀਫਾਈ ਕੀਤਾ ਹੈ। ਇਸ ਪ੍ਰਾਪਤੀ ਲਈ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਨੇ ਜੇਤੂ ਵਿਦਿਆਰਥੀਆਂ ਅਤੇ ਜੌਗਰਫੀ ਵਿਭਾਗ ਨੂੰ ਮੁਬਾਰਕਾਂ ਦਿੱਤੀਆਂ।

## ਭਾਜਪਾ ਨੇ ਲਾਲਜੀਤ ਸਿੰਘ ਭੁੱਲਰ ਦਾ ਪੁਤਲਾ ਫੂਕਿਆ



ਪਾਤੜਾਂ, 25 ਮਾਰਚ (ਹਰਮਿੰਦਰ ਕਰਤਾਰਪੁਰ): ਵਿਧਾਨ ਸਭਾ ਹਲਕਾ ਸ਼ੁਤਰਾਣਾ ਭਾਜਪਾ ਦੇ ਇੰਚਾਰਜ ਨਰਾਇਣ ਸਿੰਘ ਨਰਸੋਤ ਦੀ ਅਗਵਾਈ 'ਚ ਬੀਤੇ ਕੱਲ ਭਾਜਪਾ ਆਗੂਆਂ ਵੱਲੋਂ ਸ਼ਹੀਦ ਭਗਤ ਸਿੰਘ ਚੌਕ ਪਾਤੜਾਂ ਵਿੱਚ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਪੁਤਲਾ ਫੂਕਿਆ ਗਿਆ। ਗੱਲਬਾਤ ਕਰਦਿਆਂ ਭਾਜਪਾ ਆਗੂ ਨਰਾਇਣ ਸਿੰਘ ਨਰਸੋਤ ਨੇ ਕਿਹਾ ਕਿ ਲਾਲਜੀਤ ਸਿੰਘ ਭੁੱਲਰ ਵੱਲੋਂ ਆਪਣੇ ਅਹੁਦੇ ਦੀ ਦੁਰਵਰਤੋਂ ਕਰਦਿਆਂ ਵੇਅਰ ਹਾਊਸ ਦੇ ਐਮ.ਡੀ ਗਗਨਦੀਪ ਸਿੰਘ ਰੰਧਾਵਾ ਨੂੰ ਆਤਮ ਹੱਤਿਆ ਕਰਨ ਲਈ ਮਜਬੂਰ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਚਾਹੇ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਉਸ ਦੇ ਪੀਏ ਦੀ ਗ੍ਰਿਫ਼ਤਾਰੀ ਹੋ ਚੁੱਕੀ ਪਰ ਪੁਲਿਸ ਨੇ ਅਜੇ ਤੱਕ ਉਨ੍ਹਾਂ ਦੇ ਪਿਤਾ ਦੀ ਗ੍ਰਿਫ਼ਤਾਰੀ ਨਹੀਂ ਕੀਤੀ। ਇਸ ਮੌਕੇ ਉਨ੍ਹਾਂ ਨਾਲ ਭਾਜਪਾ ਜ਼ਿਲ੍ਹਾ ਪਟਿਆਲਾ ਦੇ ਜਨਰਲ ਸਕੱਤਰ ਲਾਲ ਚੰਦ ਲਾਲੀ, ਯੂਥ ਆਗੂ ਨਿਰੰਕਾਰ ਸਿੰਘ ਸੰਧੂ ਸ਼ੁਤਰਾਣਾ, ਪ੍ਰਧਾਨ ਸਤੀਸ਼ ਗਰਗ, ਰਮੇਸ਼ ਕੁਮਾਰ ਕੁੱਕੂ ਸੂਬਾ ਕਾਰਜਕਾਰੀ ਮੈਂਬਰ ਭਾਜਪਾ, ਮੁਖਤਿਆਰ ਸਿੰਘ ਮੋਖਾ ਸੂਬਾ ਕਾਰਜਕਾਰੀ ਮੈਂਬਰ ਭਾਜਪਾ, ਪ੍ਰੇਮ ਚੰਦ ਕਾਂਸਲ ਸਰਕਲ ਪ੍ਰਧਾਨ, ਸੰਤ ਰਾਮ ਓਡ ਸਰਕਲ ਪ੍ਰਧਾਨ, ਰੂਡ ਸਿੰਘ ਜ਼ਿਲ੍ਹਾ ਸਕੱਤਰ, ਦੇਵ ਕੁਮਾਰ ਬਲਾਕ ਸੰਮਤੀ ਮੈਂਬਰ, ਨਰਿੰਦਰ ਸਿੰਘ ਬੌਂਕਸਰ, ਪ੍ਰਸ਼ੋਤਮ ਸਿੰਗਲਾ ਵਾਇਸ ਕਨਵੀਨਰ ਟਰਾਂਸਪੋਰਟ ਸੈਲ, ਸਰਦੂਲ ਸਿੰਘ ਸੰਧੂ ਭਾਜਪਾ ਆਗੂ, ਗਿਆਨ ਸਿੰਘ ਧਾਲੀਵਾਲ ਭਾਜਪਾ ਆਗੂ, ਮਨਿੰਦਰ ਸਿੰਘ ਢਿੱਲੋਂ, ਜਗਤਾਰ ਸਿੰਘ ਦਫ਼ਤਰੀ ਵਾਲਾ,ਸੱਤਿਆਵਾਨ, ਵਿੱਕੀ ਕੁਮਾਰ,ਜਾਨਪਾਲ ਸਿੰਘ,ਅਮਰੀਕ ਸਿੰਘ, ਜਗਦੀਸ਼ ਚੰਦ ਪੰਛੀ, ਸਚਿਨ ਅਜ਼ਾਦ, ਜਸਕਰਨ ਸਿੰਘ ਵਿਰਕ , ਬਾਸੂ ਸਿੰਘ ਠਾਕੁਰ ਸਿੰਘ, ਸੁਭਾਸ਼ ਹਮਝੇੜੀ, ਸੁਭਾਸ਼ ਗੋਇਲ, ਡਾ ਰਾਜ ਕੁਮਾਰ,ਸੋਹਣ ਸਾਬਕਾ ਐਮ ਸੀ, ਹਰਭਜਨ ਸਿੰਘ ਅਤੇ ਹੋਰ ਕਈ ਭਾਜਪਾ ਮੈਂਬਰ ਮੌਜੂਦ ਸਨ।

## ਅਗਰਵਾਲ ਧਰਮਸ਼ਾਲਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਨਿਸ਼ਾਂਤ ਸਿੰਗਲਾ ਮੈਂਬਰੀ ਲਈ ਉਮੀਦਵਾਰ ਵਜੋਂ ਮੈਦਾਨ 'ਚ ਆਏ



ਸਮਾਣਾ, 25 ਮਾਰਚ (ਜਵੰਦਾ) : ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੀਆਂ ਹੋਣ ਵਾਲੀਆਂ ਚੋਣਾਂ ਲਈ ਸਰ ਗੰਗਾਰਾਮ ਜ਼ੋਨ ਕੇ ਤੋਂ ਨਿਸ਼ਾਂਤ ਸਿੰਗਲਾ ਮੈਂਬਰੀ ਲਈ ਉਮੀਦਵਾਰ ਵਜੋਂ ਮੈਦਾਨ ਵਿੱਚ ਆਏ ਹਨ। ਨਿਸ਼ਾਂਤ ਸਿੰਗਲਾ ਸਮਾਜ ਸੇਵਾ ਖੇਤਰ ਵਿੱਚ ਇੱਕ ਜਾਣਿਆ-ਪਹਿਚਾਣਿਆ ਨਾਮ ਹਨ। ਉਹ ਆਪਣੀ ਮਿਲਣਸਾਰ ਸ਼ਖਸੀਅਤ ਅਤੇ ਹਰ ਕਿਸੇ ਦੇ ਦੁੱਖ-ਸੁੱਖ ਵਿੱਚ ਸਾਥ ਦੇਣ ਲਈ ਮਸ਼ਹੂਰ ਹਨ। ਉਹ ਕਾਫੀ ਸਮੇਂ ਤੋਂ ਵੱਖ-ਵੱਖ ਸਮਾਜਿਕ ਗਤੀਵਿਧੀਆਂ ਵਿੱਚ ਆਪਣਾ ਯੋਗਦਾਨ ਪਾਉਂਦੇ ਆ ਰਹੇ ਹਨ। ਇਸ ਮੌਕੇ ਨਿਸ਼ਾਂਤ ਸਿੰਗਲਾ ਨੇ ਕਿਹਾ ਕਿ ਜੇਕਰ ਜ਼ੋਨ ਦੇ ਲੋਕ ਉਨ੍ਹਾਂ ਨੂੰ ਸੇਵਾ ਕਰਨ ਦਾ ਮੌਕਾ ਦਿੰਦੇ ਹਨ ਤਾਂ ਉਹ ਪੂਰੀ ਇਮਾਨਦਾਰੀ ਅਤੇ ਨਿਸ਼ਠਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣਗੇ। ਉਨ੍ਹਾਂ ਨੇ ਦਾਅਵਾ ਕੀਤਾ ਕਿ ਉਹ ਬਹੁਮਤ ਨਾਲ ਜਿੱਤ ਦਰਜ ਕਰਨਗੇ।

## ਹਿੰਦੂ ਸੁਰੱਖਿਆ ਸੰਮਤੀ ਨੇ ਭੁਨਰਹੇੜੀ 'ਚ ਦਫ਼ਤਰ ਖੋਲ੍ਹਿਆ



ਭੁਨਰਹੇੜੀ, 25 ਮਾਰਚ (ਗੁਰਜੀਤ ਸਿੰਘ ਢੌਟ) : ਅਖਿਲ ਭਾਰਤੀ ਹਿੰਦੂ ਸੁਰੱਖਿਆ ਸਮਿਤੀ ਅਤੇ ਸ਼੍ਰੀ ਹਿੰਦੂ ਤਖ਼ਤ ਵੱਲੋਂ ਪਿੰਡ ਭੁਨਰਹੇੜੀ (ਬਲਾਕ ਭੂੱਨਰਹੇੜੀ) ਵਿਖੇ ਦਫ਼ਤਰ ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਮੌਕੇ ਸਮਿਤੀ ਦੇ ਪ੍ਰਮੁੱਖ ਰਾਜੇਸ਼ ਕੇਹਰ ਵੱਲੋਂ ਦਫ਼ਤਰ ਦਾ ਉਦਘਾਟਨ ਕੀਤਾ ਗਿਆ। ਸਮਿਤੀ ਦੇ ਸੰਰਕਸ਼ਕ ਸ਼ੰਕਰਾ ਨੰਦ ਗਿਰੀ ਜੀ ਮਹਾਰਾਜ ਵੱਲੋਂ ਵਿਸ਼ੇਸ਼ ਪੂਜਾ ਅਰਚਨਾ ਕਰਕੇ ਨਾਰੀਅਲ ਤੋੜ ਕੇ ਦਫ਼ਤਰ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਪੁਰਸ਼ੋਤਮ ਗੋਸਵਾਮੀ ਨੂੰ ਪੰਜਾਬ ਉਪ ਪ੍ਰਧਾਨ ਅਤੇ ਜ਼ਿਲ੍ਹਾ ਦੇਹਾਤੀ ਪ੍ਰਮੁੱਖ ਅਤੇ ਦਫ਼ਤਰ ਸਕੱਤਰ ਨਿਯੁਕਤ ਕੀਤਾ ਗਿਆ, ਜਦਕਿ ਕੁਲਦੀਪ ਭੰਬੂਆਂ ਨੂੰ ਦੇਵੀਗੜ੍ਹ ਪ੍ਰਮੁੱਖ ਦੇ ਨਾਲ ਜ਼ਿਲ੍ਹਾ ਦਿਹਾਤੀ ਪ੍ਰਮੁੱਖ ਵੀ ਬਣਾਇਆ ਗਿਆ।ਇਸ ਮੌਕੇ ਨਜ਼ਦੀਕੀ ਪਿੰਡਾਂ ਦੇ ਵਸਨੀਕਾਂ ਦੀ ਸੇਵਾ ਲਈ ਮੁਫ਼ਤ ਅੱਖਾਂ ਦੀ ਜਾਂਚ ਕੈਂਪ ਹੰਦਾ ਆਈ ਹਸਪਤਾਲ ਅਤੇ ਮੈਡੀਕਲ ਕੈਂਪ ਪਾਰਕ ਹਸਪਤਾਲ ਦੇ ਸੀਨੀਅਰ ਡਾਕਟਰਾਂ ਵੱਲੋਂ ਲਗਾਇਆ ਗਿਆ। ਸੈਂਕੜਿਆਂ ਪਿੰਡ ਵਾਸੀਆਂ ਨੇ ਇਸ ਕੈਂਪ ਦਾ ਲਾਭ ਲਿਆ। ਸਮਿਤੀ ਦੇ ਉਪ ਪ੍ਰਧਾਨ ਰਾਜੇਸ਼ ਕੌਸ਼ਿਕ (ਗੱਗੀ ਪੰਡਿਤ) ਨੇ ਕਿਹਾ ਕਿ ਸਮਿਤੀ ਜਲਦੀ ਹੀ ਪਟਿਆਲਾ ਜ਼ਿਲ੍ਹੇ ਦੇ ਹਰ ਹਲਕੇ ਵਿੱਚ ਦਫ਼ਤਰ ਖੋਲ੍ਹ ਕੇ ਲੋਕ ਸੇਵਾ ਦੇ ਕੰਮ ਕਰੇਗੀ ਅਤੇ ਅਗਲਾ ਦਫ਼ਤਰ ਜਲਦੀ ਹੀ ਦੇਵੀਗੜ੍ਹ ਵਿੱਚ ਖੋਲ੍ਹਿਆ ਜਾਵੇਗਾ। ਇਸ ਮੌਕੇ ਸਮਿਤੀ ਅਤੇ ਤਖ਼ਤ ਦੇ ਨੇਤਾ ਗੁਰਮੁਖ ਸਿੰਘ, ਰੋਹਿਤ ਅਟਵਾਲ, ਅਸ਼ੋਕ ਖਤਰੀ, ਰਜਨੀਸ਼ ਢਿੰਘੀ, ਕੁਲਦੀਪ ਭੰਬੂਆ, ਸੰਦੀਪ ਸ਼ਰਮਾ, ਵਿਸ਼ਾਲ ਪੁਰੀ, ਯੋਗੇਸ਼ ਬਾਵਾ, ਗਗਨਦੀਪ ਗੋਰਾ ਆਦਿ ਮੌਜੂਦ ਸਨ।

## ਚਮਨ ਲਾਲ ਕਲਵਾਨੂੰ ਸਰਬਸੰਮਤੀ ਨਾਲ ਆੜ੍ਹਤੀ ਐਸੋਸੀਏਸ਼ਨ ਘੱਗਾ ਦੇ ਪ੍ਰਧਾਨ ਚੁਣੇ



ਪਾਤੜਾਂ, 25 ਮਾਰਚ (ਹਰਮਿੰਦਰ ਕਰਤਾਰਪੁਰ): ਕਸਬਾ ਘੱਗਾ ਦੇ ਆੜਤੀਆਂ ਵੱਲੋਂ ਅੱਜ ਸਮਾਧ ਬਾਬਾ ਚੇਤਨ ਦਾਸ ਘੱਗਾ ਵਿਖੇ ਆੜਤੀ ਐਸੋਸੀਏਸ਼ਨ ਘੱਗਾ ਦੀ ਸਲਾਨਾ ਮੀਟਿੰਗ ਕੀਤੀ ਗਈ, ਮੀਟਿੰਗ ਵਿੱਚ ਪਿਛਲੇ ਸਾਲ 2025-26 ਦਾ ਹਿਸਾਬ ਪ੍ਰਧਾਨ ਚਮਨ ਲਾਲ ਕਲਵਾਨੂੰ ਵੱਲੋਂ ਪੇਸ਼ ਕੀਤਾ ਗਿਆ।ਆੜਤੀ ਐਸੋਸੀਏਸ਼ਨ ਘੱਗਾ ਦੇ ਸਰਪ੍ਰਸਤ ਨਾਹਰ ਸਿੰਘ ਬੱਲ ਵੱਲੋਂ ਸਾਲ 2026-27 ਲਈ ਐਸੋਸੀਏਸ਼ਨ ਦੀ ਨਵੀਂ ਚੋਣ ਸਬੰਧੀ ਇਕੱਤਰ ਹੋਏ ਆੜਤੀਆਂ ਸਾਹਮਣੇ ਪ੍ਰਸਤਾਵ ਰੱਖਿਆ ਗਿਆ ਜਿਸ ਤੋਂ ਬਾਅਦ ਕਸਬਾ ਘੱਗਾ ਦੇ ਸਮੁੱਚੇ ਆੜਤੀ ਭਾਈਚਾਰੇ ਵੱਲੋਂ ਸਰਬਸੰਮਤੀ ਨਾਲ ਚਮਨ ਲਾਲ ਕਲਵਾਨੂੰ ਨੂੰ ਆੜਤੀ ਐਸੋਸੀਏਸ਼ਨ ਘੱਗਾ ਦਾ ਪ੍ਰਧਾਨ ਚੁਣਿਆ ਲਿਆ ਗਿਆ ਜਦ ਕਿ ਜਤਿੰਦਰ ਪਾਲ ਬਿੱਟੂ ਮੈਣੀ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਐਸੋਸੀਏਸ਼ਨ ਦੇ ਬਾਕੀ ਅਹੁੱਦੇਦਾਰਾਂ ਵਜੋਂ ਸੁਰੇਸ਼ ਕੁਮਾਰ ਬਾਂਸਲ ਨੂੰ ਖ਼ਜ਼ਾਨਚੀ, ਸੁਰਿੰਦਰ ਪਾਲ ਸ਼ਰਮਾ ਅਤੇ ਪ੍ਰਿੰਸ ਸ਼ਰਮਾ ਨੂੰ ਸਕੱਤਰ, ਰੂਪ ਚੰਦ ਸ਼ਰਮਾ ਅਤੇ ਨਾਹਰ ਸਿੰਘ ਬੱਲ ਨੂੰ ਸਰਪ੍ਰਸਤ,ਬੁੱਧ ਸਿੰਘ, ਗਿਰਧਾਰੀ ਲਾਲ ਅਤੇ ਅਮਨਦੀਪ ਸਿੰਘ ਨੂੰ ਮੈਂਬਰ ਨਿਯੁਕਤ ਕੀਤਾ ਗਿਆ। ਕਸਬਾ ਘੱਗਾ ਦੇ ਆੜਤੀਆਂ ਵੱਲੋਂ ਆੜਤੀ ਐਸੋਸੀਏਸ਼ਨ ਦੇ ਪ੍ਰਧਾਨ ਚਮਨ ਲਾਲ ਕਲਵਾਨੂੰ ਅਤੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ।

## ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬੀਆਂ ਦੇ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਲਈ ਵਰਦਾਨ ਸਾਬਤ ਹੋਈ : ਡਾ. ਬਲਬੀਰ ਸਿੰਘ



ਪਟਿਆਲਾ, 25 ਮਾਰਚ (ਰੁਪਾਣਾ/ਅਮਰਜੀਤ) : ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਨਿਵੇਕਲੀ ਸਕੀਮ 'ਮੁੱਖ ਮੰਤਰੀ ਸਿਹਤ ਯੋਜਨਾ' ਪੰਜਾਬੀਆਂ ਲਈ ਵਰਦਾਨ ਸਾਬਤ ਹੋ ਰਹੀ ਹੈ। ਅੱਜ ਇੱਥੇ ਪੰਜਾਬ ਸਰਕਾਰ ਦੀਆਂ ਸਿਹਤ ਖੇਤਰ 'ਚ 4 ਸਾਲਾਂ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਸਿਹਤ ਮੰਤਰੀ ਨੇ ਦੱਸਿਆ ਕਿ ਇਸ ਸਕੀਮ ਤਹਿਤ ਹੁਣ ਤੱਕ 1.60 ਲੱਖ ਲੋਕਾਂ ਨੇ 191 ਕਰੋੜ ਰੁਪਏ ਦਾ ਮੁਫ਼ਤ ਇਲਾਜ ਕਰਵਾਇਆ ਹੈ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਅੱਜ ਪੰਜਾਬ ਦੇ ਸਿਹਤ ਮਾਡਲ ਦੀ ਦੇਸ਼ ਦੇ ਬਾਕੀ ਰਾਜਾਂ 'ਚ ਕਾਪੀ ਹੋਣ ਲੱਗੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚਾਰ ਸਾਲਾਂ 'ਚ ਸਿਹਤ, ਸਿੱਖਿਆ ਤੇ ਰੋਜ਼ਗਾਰ ਨੂੰ ਪਹਿਲ ਦਿੱਤੀ, ਜਿਸ ਦੇ ਨਤੀਜੇ ਸਭ ਦੇ ਸਾਹਮਣੇ ਹਨ। ਉਨ੍ਹਾਂ ਕਿਹਾ ਕਿ ਆਪ ਦੇ ਕੌਮੀ ਕਨਵੀਨਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਟਿਆਲਾ ਦੇ ਸਰਕਾਰੀ ਰਾਜਿੰਦਰਾ ਹਸਪਤਾਲ ਤੇ ਮਾਤਾ ਕੌਸ਼ੱਲਿਆ ਹਸਪਤਾਲ ਦੀ ਕਾਇਆ ਕਲਪ ਕਰਨ ਨਾਲ ਸੂਬੇ ਵਿੱਚ ਸਿਹਤ ਕ੍ਰਾਂਤੀ ਦਾ ਆਗਾਜ਼ ਕੀਤਾ ਸੀ ਅਤੇ ਪਿਛਲੇ ਚਾਰ ਸਾਲਾਂ 'ਚ ਆਪ ਦੀ ਸਰਕਾਰ ਨੇ ਸਿਹਤ ਖੇਤਰ 'ਚ ਲਾਮਿਸਾਲ ਪ੍ਰਾਪਤੀਆਂ ਹਾਸਲ ਕੀਤੀਆਂ ਹਨ। ਸਿਹਤ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 65 ਲੱਖ ਪਰਿਵਾਰਾਂ ਤੇ 3 ਕਰੋੜ ਲੋਕਾਂ ਦੇ ਸਿਹਤ ਕਾਰਡ ਬਣਨੇ ਹਨ, ਜਿਨ੍ਹਾਂ 'ਚੋਂ ਹੁਣ ਤੱਕ 25 ਲੱਖ ਕਾਰਡ ਬਣ ਚੁੱਕੇ ਹਨ ਤੇ ਉਹ ਸਭ ਲੋਕਾਂ ਨੂੰ ਅਪੀਲ ਕਰਦੇ ਹਨ ਕਿ ਉਹ ਕਿਸੇ ਬਿਮਾਰੀ ਦੀ ਉਡੀਕ ਕਰਨ ਦੀ ਬਜਾਇ ਪਹਿਲਾਂ ਹੀ ਆਪਣੇ ਇਹ ਕਾਰਡ ਬਣਵਾ ਲੈਣ। ਮੈਡੀਕਲ ਸਿੱਖਿਆ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਰਾਜ ਅੰਦਰ 9 ਹੋਰ ਨਵੇਂ ਮੈਡੀਕਲ ਕਾਲਜ ਬਣ ਰਹੇ ਹਨ, ਜਿਨ੍ਹਾਂ 'ਚੋਂ ਪਹਿਲਾਂ ਹੀ ਚਾਲੂ ਰਿਮਟ ਫ਼ਤਿਹਗੜ੍ਹ ਸਾਹਿਬ, ਈਐਸਆਈ ਲੁਧਿਆਣਾ ਸਮੇਤ ਹੁਸ਼ਿਆਰਪੁਰ, ਕਪੂਰਥਲਾ, ਸੰਗਰੂਰ, ਸ਼ਹੀਦ ਭਗਤ ਸਿੰਘ ਨਗਰ, ਲਹਿਰਾਗਾਗਾ, ਮਲੇਰਕੋਟਲਾ ਤੇ ਲੁਧਿਆਣਾ ਵਿਖੇ ਬਣਨ ਵਾਲੇ ਮੈਡੀਕਲ ਕਾਲਜਾਂ 'ਚ 600 ਨਵੀਂਆਂ ਐਮਬੀਬੀਐਸ ਸੀਟਾਂ ਸ਼ਾਮਲ ਹੋਣਗੀਆਂ। ਜਦਕਿ ਮੈਡੀਕਲ ਸਿੱਖਿਆ ਵਿਭਾਗ ਵਿੱਚ ਮਨੁਖੀ ਸਰੋਤ ਦੀ ਕਮੀ ਦੂਰ ਕੀਤੀ ਗਈ ਹੈ ਤੇ ਪ੍ਰੋਫੈਸਰਾਂ ਨੂੰ ਤਰੱਕੀਆਂ ਦਿੱਤੀਆਂ ਗਈਆਂ ਹਨ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਦਿਆਂ ਸਾਰੇ ਸਰਕਾਰੀ ਮੈਡੀਕਲ ਕਾਲਜਾਂ ਚ 200 ਕਰੋੜ ਰੁਪਏ ਦਾ ਸਾਜ਼ੋ ਸਮਾਨ ਖਰੀਦਿਆ ਜਾ ਰਿਹਾ ਹੈ ਤੇ ਰਾਜ ਦੇ ਸਾਰੇ ਜ਼ਿਲ੍ਹਿਆਂ 'ਚ 50-50 ਬੈਡਾਂ ਦੀ ਸਹੂਲਤ ਵਾਲੇ 22 ਕ੍ਰਿਟੀਕਲ ਕੇਅਰ ਬਲਾਕ ਬਣਾਏ ਜਾ ਰਹੇ ਹਨ। ਸਿਹਤ ਮੰਤਰੀ ਨੇ ਦੱਸਿਆ ਕਿ ਮੁਫ਼ਤ ਦਵਾਈਆਂ ਪਹਿਲਾਂ ਹੀ ਦੇਣ ਸਮੇਤ ਡਾਇਗਨੋਸਟਿਕ ਸੇਵਾਵਾਂ ਦਾ ਵਿਸਥਾਰ ਕਰਦੇ ਹੋਏ ਸਾਰੇ ਜ਼ਿਲ੍ਹਾ ਹਸਪਤਾਲਾਂ 'ਚ ਇਸ ਸਾਲ 'ਚ ਐਮ.ਆਰ.ਆਈ, 8 ਹੋਰ ਹਸਪਤਾਲਾਂ 'ਚ ਸੀ.ਟੀ ਸਕੈਨ ਸਹੂਲਤ ਤੋਂ ਇਲਾਵਾ 250 ਬੈਡਾਂ ਵਾਲੇ 7 ਜੱਚਾ-ਬੱਚਾ ਹਸਪਤਾਲ ਚਾਲੂ ਕੀਤੇ ਜਾਣਗੇ ਤੇ ਐਕਸਰੇ ਤੇ ਅਲਟਰਸਾਊਂਡ ਲਈ ਸੂਚੀਬੱਧ 200 ਤੋਂ ਵੱਧ ਪ੍ਰਾਈਵੇਟ ਡਾਇਗੋਸਟਿਕ ਸੈਂਟਰ ਵੀ ਚੱਲ ਰਹੇ ਹਨ। ਉਨ੍ਹਾਂ ਅੱਗੇ ਦੱਸਿਆ ਕਿ 5 ਜ਼ਿਲ੍ਹਿਆਂ 'ਚ ਬ੍ਰੈਸਟ ਕੈਂਸਰ ਤੇ ਸਰਵੀਕਲ ਕੈਂਸਰ ਦੀ ਏ.ਆਈ. ਇਨੇਬਲਡ ਸਕਰੀਨਿੰਗ ਤਹਿਤ 9294 ਔਰਤਾਂ ਦੀ ਜਾਂਚ 'ਚ ਛਾਤੀ ਦੇ ਕੈਂਸਰ ਦੇ 8 ਮਾਮਲੇ ਤੇ 43 ਸਰਵੀਕਲ ਕੈਂਸਰ ਦੇ ਮਾਮਲੇ ਸਾਹਮਣੇ ਆਏ ਜਦਕਿ ਏ ਆਈ ਇਨੇਬਲਡ ਅੱਖਾਂ ਦੀ ਜਾਂਚ 'ਚ 1 ਲੱਖ 7 ਹਜ਼ਾਰ ਲੋਕਾਂ ਦੀ ਜਾਂਚ 'ਚ 21 ਹਜ਼ਾਰ 660 ਨੂੰ ਨਜ਼ਰ ਦੀ ਸਮੱਸਿਆ ਸਾਹਮਣੇ ਆਈ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਰਾਜ ਅੰਦਰ 883 ਆਮ ਆਦਮੀ ਕਲੀਨਿਕਾਂ ਨੇ 5 ਕਰੋੜ ਓਪੀਡੀ ਕਰਕੇ 1.69 ਕਰੋੜ ਲੋਕਾਂ ਦਾ ਮੁਫ਼ਤ ਇਲਾਜ ਕਰਕੇ ਵੱਡਾ ਮਾਅਰਕਾ ਮਾਰਿਆ ਹੈ ਜਦੋਂਕਿ ਸੀ.ਐਮ. ਦੀ ਯੋਗਸ਼ਾਲਾ ਪ੍ਰਾਜੈਕਟ ਨੇ ਵੀ ਸਿਹਤ ਖੇਤਰ 'ਚ ਨਵੀਂ ਕ੍ਰਾਂਤੀ ਲਿਆਂਦੀ ਹੈ ਤੇ 8000 ਯੋਗਾ ਸ਼ੈਸ਼ਨਾਂ ਦਾ 2 ਲੱਖ ਲੋਕ ਰੋਜ਼ਾਨਾ ਲਾਭ ਲੈ ਰਹੇ ਹਨ। ਇਸ ਤੋਂ ਬਿਨ੍ਹਾਂ ਪੰਜਾਬ ਸਰਕਾਰ ਨੇ 948 ਜਨਰਲ ਡਾਕਟਰ ਤੇ 627 ਸੁਪਰ ਸਪੈਸ਼ਲਿਸਟ ਡਾਕਟਰਾਂ ਦੀ ਭਰਤੀ ਕਰਕੇ ਪੰਜਾਬ ਦੇ ਇਤਿਹਾਸ ਦੀ ਸਭ ਤੋਂ ਵੱਡੀ ਮੈਡੀਕਲ ਭਰਤੀ ਕੀਤੀ ਹੈ, ਜਦਕਿ ਪੈਰਾਮੈਡੀਕਲ ਪ੍ਰੋਫੈਸ਼ਨਲਜ ਦੀ ਭਰਤੀ 'ਚ 300 ਨਰਸਿੰਗ ਸਟਾਫ ਤੇ 250 ਫਾਰਮਾਸਿਸਟ ਭਰਤੀ ਕਰਨ ਸਮੇਤ 672 ਨਰਸਾਂ ਦੀ ਹੋਰ ਭਰਤੀ ਚੱਲ ਰਹੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਦੀ ਫਰਿਸ਼ਤੇ ਸਕੀਮ ਨੇ ਹੁਣ ਤੱਕ 600 ਤੋਂ ਵੱਧ ਕੀਮਤੀ ਜਾਨਾਂ ਬਚਾਈਆਂ ਹਨ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਜਲਦੀ ਹੀ ਪਟਿਆਲਾ, ਅੰਮ੍ਰਿਤਸਰ ਤੇ ਫਰੀਦਕੋਟ ਦੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਆਈ.ਵੀ.ਐਫ਼ ਸਮੇਤ ਮੋਹਾਲੀ 'ਚ ਵੀ ਪੈਟ ਸਕੈਨ ਸਹੂਲਤ ਵੀ ਸ਼ੁਰੂ ਕੀਤੀ ਜਾਵੇਗੀ, ਜਦੋਂਕਿ ਕੋਕਲੀਅਰ ਇੰਪਲਾਂਟ, ਲਿਵਰ ਤੇ ਗੁਰਦਾ ਟਰਾਂਸਪਲਾਂਟ ਸਮੇਤ ਦਿਲ, ਦਿਮਾਗ ਅਤੇ ਰੀੜ ਦੀ ਹੱਡੀ ਦੇ ਉਪਰੇਸ਼ਨ ਵੀ ਇਨ੍ਹਾਂ ਹਸਪਤਾਲਾਂ 'ਚ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰੀ ਰਜਿੰਦਰਾ ਹਸਪਤਾਲ ਦੇ ਸਾਰੇ ਉਪਰੇਸ਼ਨ ਮੌਡੂਲਰ ਉਪਰੇਸ਼ਨ ਥੀਏਟਰ ਬਣ ਗਏ ਹਨ ਤੇ ਇੱਥੇ ਟਰੌਮਾ ਸੈਂਟਰ ਵੀ ਬਣ ਰਿਹਾ ਹੈ, ਜੋ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦੀ ਬਹੁਤ ਵੱਡੀ ਉਪਲੱਬਧੀ ਹੈ। ਉਨ੍ਹਾਂ ਨੇ ਕਿਹਾ ਕਿ ਆਪ ਸਰਕਾਰ ਦਾ ਮੁੱਖ ਮਕਸਦ ਹੈ ਕਿ ਰਾਜ ਦੇ 3 ਕਰੋੜ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮਿਲਣ ਅਤੇ ਸਾਡੇ ਸਰਕਾਰੀ ਹਸਪਤਾਲ ਕਿਸੇ ਪ੍ਰਾਈਵੇਟ ਹਸਪਤਾਲ ਤੋਂ ਘੱਟ ਨਾ ਰਹਿਣ, ਜਿਸ 'ਚ ਅਸੀਂ ਪਿਛਲੇ ਚਾਰ ਸਾਲਾਂ ਅੰਦਰ ਕਾਮਯਾਬ ਵੀ ਹੋਏ ਹਾਂ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪੰਜਾਬ 'ਚ ਦਿਲ ਦੇ ਦੌਰੇ ਦੇ ਮਰੀਜਾਂ ਨੂੰ ਸਮੇਂ ਸਿਰ ਇਲਾਜ ਦੇਣ ਲਈ 23 ਜ਼ਿਲ੍ਹਿਆਂ 'ਚ ਮਿਸ਼ਨ ਅੰਮ੍ਰਿਤ ਸਟੈਮੀ ਪ੍ਰਾਜੈਕਟ ਸ਼ੁਰੂ ਕੀਤਾ ਗਿਆ, ਇਸ ਤਹਿਤ 29000 ਲੋਕਾਂ ਨੂੰ ਛਾਤੀ ਦੇ ਦਰਦ ਨਾਲ ਇਨਰੋਲ ਕੀਤਾ ਗਿਆ ਤੇ ਇਨ੍ਹਾਂ 'ਚੋਂ 800 ਲੋਕਾਂ ਦਾ ਐਮਰਜੈਂਸੀ ਕਾਰਡੀਅਕ ਕੇਅਰ ਤਹਿਤ ਇਲਾਜ ਕੀਤਾ ਗਿਆ, ਜਦਕਿ ਪੰਜਾਬ ਸਟਰੋਕ ਪ੍ਰਾਜੈਕਟ ਤਹਿਤ ਸਿਹਤ ਵਿਭਾਗ ਨੇ ਸੀ.ਐਮ.ਸੀ. ਤੇ ਮੇਡੀਟ੍ਰੋਨਿਕ ਦਰਮਿਆਨ ਸਮਝੌਤਾ ਕਰਵਾਕੇ ਏ.ਆਈ. ਇਨੇਬਲਡ ਸਟ੍ਰੋਕ ਪ੍ਰਾਜੈਕਟ ਸ਼ੁਰੂ ਕੀਤਾ ਤੇ ਹੱਬ ਐਂਡ ਸਪੋਕ ਮਾਡਲ ਸ਼ੁਰੂ ਕਰਕੇ 100 ਮਰੀਜਾਂ ਨੂੰ ਲਾਭ ਦਿੱਤਾ ਤੇ 40 ਮਰੀਜ਼ਾਂ ਦਾ ਇਲਾਜ ਕੀਤਾ ਹੈ।

## ਵਿਸ਼ਵ ਤਪਦਿਕ ਦਿਵਸ ਮੌਕੇ ਜਾਗਰੂਕਤਾ ਸੈਮੀਨਾਰ ਕਰਵਾਇਆ



ਪਟਿਆਲਾ, 25 ਮਾਰਚ (ਚ.ਨ.ਸ.) : ਹੈਲਥ ਅਵੇਅਰਨੈਸ ਸੁਸਾਇਟੀ ਬਾਰਾਂਦਰੀ ਗਾਰਡਨਜ਼ ਪਟਿਆਲਾ ਵੱਲੋਂ ਗੌਰਮਿੰਟ ਪੌਲੀਟੈਕਨੀਕਲ ਕਾਲਜ ਪਟਿਆਲਾ ਵਿਖੇ ਜਗਦੇਵ ਸਿੰਘ ਕਾਲੇਕਾ ਪ੍ਰਿੰਸੀਪਲ ਦੀ ਰਹਿਨੁਮਾਈ ਹੇਠ ਵਿਸ਼ਵ ਤਪਦਿਕ ਦਿਵਸ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਡਾ.ਕਰਾਂਤੀ ਗਰਗ ਪ੍ਰੋਫੈਸਰ ਟੀ.ਬੀ. ਹਸਪਤਾਲ ਤੋਂ ਨੇ ਟੀ.ਬੀ. ਬਿਮਾਰੀਆਂ ਬਾਰੇ ਫਾਰਮੇਸੀ ਵਿਦਿਆਰਥੀ/ਬੱਚਿਆਂ ਨੂੰ ਜਾਣਕਾਰੀ ਦਿੱਤੀ। ਇਸ ਨੂੰ ਗੰਭੀਰ ਬਿਮਾਰੀ ਐਲਾਨਿਆ ਪਰ ਇਸ ਦਾ ਸੰਪੂਰਨ ਇਲਾਜ ਬਾਰੇ ਵੀ ਜਿਕਰ ਕੀਤਾ। ਪੰਜਾਬ ਸਰਕਾਰ ਇਸ ਬਿਮਾਰੀ ਨੂੰ ਜੜੋਂ ਦੂਰ ਕਰਨ ਲਈ ਵਚਨਬੱਧ ਹੈ। ਫਾਰਮੇਸੀ ਦੇ ਬੱਚਿਆਂ ਨੇ ਡਾ. ਕ੍ਰਾਂਤੀ ਗਰਗ ਵੱਲੋਂ ਜਾਰੀ ਕੀਤਾ ਲੈਕਚਰ 'ਤੇ ਹੋਰ ਜਾਣਕਾਰੀ ਲੈਣ ਲਈ ਸਵਾਲ ਵੀ ਕੀਤੇ। ਜੋ ਕਿ ਤਸੱਲੀਬਖਸ਼ ਪਾਏ ਗਏ।ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਕੌਲੀ ਨੇ ਸੁਸਾਇਟੀ ਦੇ ਕੀਤੇ ਜਾਂਦੇ ਕਾਰਜਾਂ ਬਾਰੇ ਚਾਨਣਾ ਪਾਇਆ। ਸੀਨੀਅਰ ਮੀਤ ਪ੍ਰਧਾਨ ਇੰਜ: ਹਰਬੰਸ ਸਿੰਘ ਕੁਲਾਰ, ਜਨਰਲ ਸਕੱਤਰ ਤਾਰਾ ਸਿੰਘ ਭਾਮਰਾ, ਇੰਦਰਜੀਤ ਕੌਰ ਪੀ.ਆਰ.ਓ. ਅਤੇ ਡਾ. ਜੀ.ਐਸ. ਆਨੰਦ ਸਲਾਹਕਾਰ ਨੇ ਟੀ.ਬੀ. ਬਿਮਾਰੀ ਦੇ ਲਛਣ ਅਤੇ ਪ੍ਰਹੇਜ਼ ਬਾਰੇ ਜਾਣਕਾਰੀ ਦਿੱਤੀ। ਇਸ ਸੈਮੀਨਾਰ ਨੂੰ ਸਹੀ ਰੂਪ ਵਿੱਚ ਸੰਪੂਰਨ ਕਰਨ ਲਈ ਲੈਕਚਰਾਰ ਜ਼ਸਪ੍ਰੀਤ ਸਿੰਘ, ਮੀਨੂੰ ਗੋਇਲ ਲੈਕਚਰਾਰ, ਨੀਨਾ ਦੇਵੀ ਲੈਬ ਸਹਾਇਕ ਆਦਿ ਨੇ ਬਾਖੂਬੀ ਕਿਰਦਾਰ ਨਿਭਾਇਆ।